ਵੀਰਵਾਰ, 9 ਅਪ੍ਰੈਲ, 2026
27 ਚੇਤ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 308

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 9 APRIL, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਨਿਰਮਲ ਧਾਲੀਵਾਲ ਸੀ ਪੀ ਆਈ ਪੰਜਾਬ ਦੇ ਨਵੇਂ ਸਕੱਤਰ

### ਪਾਰਟੀ ਪੰਜਾਬ ਅਸੈਂਬਲੀ ਚੋਣਾਂ ਪੂਰੀ ਤਾਕਤ ਨਾਲ ਲੜੇਗੀ : ਡੀ ਰਾਜਾ, ਹਾੜ੍ਹੀ ਸੀਜ਼ਨ ਮੁੱਕਣ ਤੋਂ ਬਾਅਦ ਲੋਕ ਮੁੱਦਿਆਂ 'ਤੇ ਵਿਸ਼ੇਸ਼ ਮੁਹਿੰਮ ਚਲਾਵਾਂਗੇ : ਧਾਲੀਵਾਲ






**ਚੰਡੀਗੜ੍ਹ, (ਗਿਆਨ ਸੈਦਪੁਰੀ)**
ਇੱਥੇ ਸਥਿਤ ਪਾਰਟੀ ਦਫ਼ਤਰ ਵਿੱਚ ਬੁੱਧਵਾਰ ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਇਕਾਈ ਦੀ ਸੂਬਾ ਕੌਂਸਲ ਦੀ ਮੀਟਿੰਗ ਵਿੱਚ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੂੰ ਸੂਬਾ ਸਕੱਤਰ ਚੁਣ ਲਿਆ ਗਿਆ। ਉਨ੍ਹਾ ਦਾ ਨਾਂਅ ਪਹਿਲੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਨੇ ਪੇਸ਼ ਕੀਤਾ। ਕੌਂਸਲ ਮੈਂਬਰਾਂ ਨੇ ਸਰਬ-ਸੰਮਤੀ ਨਾਲ ਇਸ ਪੇਸ਼ਕਸ਼ ਨੂੰ ਸਵੀਕਾਰ ਕਰ ਲਿਆ। ਮੈਂਬਰਾਂ ਨੇ ਨਾਅਰੇ ਲਾ ਕੇ ਕਾਮਰੇਡ ਧਾਲੀਵਾਲ ਦਾ ਸਕੱਤਰ ਵਜੋਂ ਚੁਣੇ ਜਾਣ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਕਾਮਰੇਡ ਬੰਤ ਸਿੰਘ ਬਰਾੜ ਨੇ ਸਾਥੀ ਨਿਰਮਲ ਸਿੰਘ ਧਾਲੀਵਾਲ ਦੀ ਸ਼ਖ਼ਸੀਅਤ ਦੇ ਵੱਖ-ਵੱਖ ਮਾਣਮੱਤੇ ਪਹਿਲੂਆਂ ਦਾ ਜ਼ਿਕਰ ਕੀਤਾ। ਉਨ੍ਹਾ ਕਿਹਾ ਕਿ ਧਾਲੀਵਾਲ ਜਿੱਥੇ ਵੱਡੇ ਟਰੇਡ ਯੂਨੀਅਨ ਆਗੂ ਹਨ, ਉੱਥੇ ਉਹ ਸੀ ਪੀ ਆਈ ਦੇ ਸੰਜੀਦਾ ਆਗੂਆਂ ਵਿੱਚ ਸ਼ੁਮਾਰ ਕੀਤੇ ਜਾਂਦੇ ਹਨ। ਉਨ੍ਹਾ ਕਿਹਾ ਕਿ ਬੀਤੇ ਸਾਲ ਦੇ ਅਖੀਰ ਵਿੱਚ ਜਲੰਧਰ ਵਿੱਚ ਹੋਈ ਬੇਹੱਦ ਸਫ਼ਲ ਪਾਰਟੀ ਕਾਂਗਰਸ ਵਿੱਚ ਕਾਮਰੇਡ ਧਾਲੀਵਾਲ ਦੀ ਸ਼ਾਨਦਾਰ ਭੂਮਿਕਾ ਹਮੇਸ਼ਾ ਯਾਦ ਰੱਖੀ ਜਾਵੇਗੀ। ਉਨ੍ਹਾ ਦੱਸਿਆ ਕਿ ਉਹ ਟ੍ਰਾਂਸਪੋਰਟ ਕਾਮਿਆਂ ਦੀ ਨੈਸ਼ਨਲ ਫੈਡਰੇਸ਼ਨ ਦੇ ਲੰਮਾ ਸਮਾਂ ਮੋਹਰੀ ਆਗੂ ਰਹੇ। ਬਰਾੜ ਨੇ ਇਹ ਵੀ ਦੱਸਿਆ ਕਿ ਕਾਮਰੇਡ ਧਾਲੀਵਾਲ ਨੇ ਵਕਾਲਤ ਕੀਤੀ ਹੋਈ ਹੈ। ਉਨ੍ਹਾ ਵਕਾਲਤ ਦਾ ਕਿੱਤਾ ਅਪਣਾਉਣ ਦੀ ਥਾਂ ਆਮ ਲੋਕਾਂ ਦੇ ਹਿੱਤਾਂ ਲਈ ਜੂਝਣ ਨੂੰ ਪਹਿਲ ਦਿੱਤੀ। ਮੀਟਿੰਗ ਦੀ ਪ੍ਰਧਾਨਗੀ ਕਾਮਰੇਡ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਕੀਤੀ।

ਇਸ ਦੌਰਾਨ ਸੂਬਾ ਐਗਜ਼ੈਕਟਿਵ ਚੁਣੀ ਗਈ। ਇਸ ਵਿੱਚ ਬੰਤ ਸਿੰਘ ਬਰਾੜ, ਨਿਰਮਲ ਸਿੰਘ ਧਾਲੀਵਾਲ, ਹਰਦੇਵ

• ਬਾਕੀ ਸਫ਼ਾ 2 'ਤੇ

## ਪਾਕਿਸਤਾਨ ਦੀ ਅਪੀਲ 'ਤੇ ਟਰੰਪ ਵੱਲੋਂ ਜੰਗਬੰਦੀ ਦਾ ਐਲਾਨ

**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮੰਗਲਵਾਰ ਦੇਰ ਰਾਤ ਈਰਾਨ 'ਤੇ ਵਿਨਾਸ਼ਕਾਰੀ ਹਮਲੇ ਕਰਨ ਦੀਆਂ ਆਪਣੀਆਂ ਧਮਕੀਆਂ ਵਾਪਸ ਲੈ ਲਈਆਂ। ਅਮਰੀਕਾ ਅਤੇ ਈਰਾਨ ਦੋ ਹਫਤਿਆਂ ਦੀ ਜੰਗਬੰਦੀ ਲਈ ਸਹਿਮਤ ਹੋ ਗਏ ਹਨ, ਜਿਸ ਵਿੱਚ ਹਾਰਮੁਜ਼ ਜਲਮਾਰਗ ਨੂੰ ਮੁੜ ਖੋਲ੍ਹਣਾ ਵੀ ਸ਼ਾਮਲ ਹੈ।

ਟਰੰਪ ਨੇ ਈਰਾਨ ਨੂੰ ਦਿੱਤੀ ਗਈ ਡੈੱਡਲਾਈਨ ਖਤਮ ਹੋਣ ਤੋਂ ਦੋ ਘੰਟੇ ਪਹਿਲਾਂ ਜੰਗ ਨੂੰ ਰੋਕਣ ਦਾ ਫੈਸਲਾ ਕੀਤਾ। ਈਰਾਨ ਦੀ ਸੁਪਰੀਮ ਨੈਸ਼ਨਲ ਸਕਿਉਰਿਟੀ ਕੌਂਸਲ ਨੇ ਜੰਗਬੰਦੀ ਨੂੰ ਸਵੀਕਾਰ ਕਰਦਿਆਂ ਕਿਹਾ ਕਿ ਉਹ ਸ਼ੁੱਕਰਵਾਰ ਤੋਂ ਪਾਕਿਸਤਾਨ ਵਿੱਚ ਅਮਰੀਕਾ ਨਾਲ ਗੱਲਬਾਤ ਸ਼ੁਰੂ ਕਰੇਗੀ। ਹਾਲਾਂਕਿ, ਬੁੱਧਵਾਰ ਸਵੇਰੇ ਵੀ ਇਜ਼ਰਾਈਲ, ਈਰਾਨ ਅਤੇ ਖਾੜੀ ਖੇਤਰ ਵਿੱਚ ਹਮਲੇ ਜਾਰੀ ਰਹੇ।

ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਕਿਹਾ ਕਿ ਇਜ਼ਰਾਈਲ ਇਸ ਜੰਗਬੰਦੀ ਦਾ ਸਮਰਥਨ ਕਰਦਾ ਹੈ, ਪਰ ਇਹ ਸਮਝੌਤਾ ਲਿਬਨਾਨ ਵਿੱਚ ਹਿਜ਼ਬੁੱਲ੍ਹਾ ਵਿਰੁੱਧ ਲੜਾਈ 'ਤੇ ਲਾਗੂ ਨਹੀਂ ਹੁੰਦਾ। ਇਜ਼ਰਾਈਲ ਨੇ ਸ਼ਰਤ ਰੱਖੀ ਹੈ ਕਿ ਈਰਾਨ ਤੁਰੰਤ ਹਾਰਮੁਜ਼ ਜਲਮਾਰਗ ਖੋਲ੍ਹੇ ਅਤੇ ਹਮਲੇ ਬੰਦ ਕਰੇ। ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ ਅਨੁਸਾਰ, ਇਸ ਜੰਗਬੰਦੀ ਵਿੱਚ ਇਜ਼ਰਾਈਲ ਅਤੇ ਹਿਜ਼ਬੁੱਲ੍ਹਾ ਵਿਚਕਾਰ ਲੜਾਈ ਰੋਕਣ ਦੀ ਅਪੀਲ ਵੀ ਸ਼ਾਮਲ ਹੈ। ਇਸ ਪ੍ਰਕਿਰਿਆ ਦੌਰਾਨ ਈਰਾਨ ਦੀ 10-ਨੁਕਾਤੀ ਯੋਜਨਾ ਦੇ ਫਾਰਸੀ ਅਤੇ ਅੰਗਰੇਜ਼ੀ ਸੰਸਕਰਣਾਂ ਵਿੱਚ ਫਰਕ ਕਾਰਨ ਕੁਝ ਭੁਲੇਖਾ ਵੀ

• ਬਾਕੀ ਸਫ਼ਾ 2 'ਤੇ

### ਜੰਗਬੰਦੀ ਤੋਂ ਬਾਅਦ ਧਿਆਨ ਈਰਾਨੀ ਨੁਕਤਿਆਂ 'ਤੇ

**ਨਵੀਂ ਦਿੱਲੀ** : ਜੰਗਬੰਦੀ ਦੇ ਐਲਾਨ ਤੋਂ ਬਾਅਦ ਦੁਨੀਆ ਦਾ ਹੁਣ ਸਾਰਾ ਧਿਆਨ ਇਰਾਨ ਵੱਲੋਂ ਪੇਸ਼ ਕੀਤੇ ਗਏ 10-ਨੁਕਾਤੀ ਢਾਂਚੇ ਦੀ ਰੂਪ-ਰੇਖਾ 'ਤੇ ਟਿਕ ਗਿਆ ਹੈ, ਜਿਸ ਨੂੰ ਅਮਰੀਕਾ ਨੇ ਗੱਲਬਾਤ ਲਈ ਇੱਕ ਆਧਾਰ ਦੱਸਿਆ ਹੈ। ਜੇ ਇਹ ਸ਼ਰਤਾਂ ਪੂਰੀਆਂ ਹੁੰਦੀਆਂ ਹਨ, ਤਾਂ ਇਹ ਦੁਨੀਆ ਦੀਆਂ ਸਭ ਤੋਂ ਪੁਰਾਣੀਆਂ ਭੂ-ਰਾਜਨੀਤਕ ਦੁਸ਼ਮਣੀਆਂ ਵਿੱਚੋਂ ਇੱਕ ਵਿੱਚ ਇੱਕ ਵੱਡਾ ਬਦਲਾਅ ਲਿਆ ਸਕਦੀਆਂ ਹਨ, ਜਿਸ ਦੇ ਪ੍ਰਭਾਵ ਸੁਰੱਖਿਆ, ਪ੍ਰਮਾਣੂ ਨੀਤੀ ਅਤੇ ਵਿਸ਼ਵ ਊਰਜਾ

• ਬਾਕੀ ਸਫ਼ਾ 2 'ਤੇ



ਭੋਗ ਅਤੇ ਅੰਤਿਮ ਅਰਦਾਸ
ਸਰਦਾਰ ਲਾਲ ਸਿੰਘ ਜੀ
(ਸਾਬਕਾ ਕੈਬਨਿਟ ਮੰਤਰੀ, ਪੰਜਾਬ ਸਰਕਾਰ)
ਮਿਤੀ: 10 ਅਪ੍ਰੈਲ 2026, ਦਿਨ ਸ਼ੁੱਕਰਵਾਰ
ਸਮਾਂ: ਸਵੇਰੇ 12:00 ਵਜੇ ਤੋਂ ਦੁਪਹਿਰ 1:00 ਵਜੇ ਤੱਕ
ਸਥਾਨ:
ਗੁਰਦੁਆਰਾ ਮੋਤੀ ਬਾਗ ਸਾਹਿਬ, ਪਟਿਆਲਾ
ਆਪ ਜੀ ਨੂੰ ਅੰਤਿਮ ਅਰਦਾਸ ਵਿਚ ਸ਼ਾਮਿਲ ਹੋਣ ਲਈ ਬੇਨਤੀ ਕੀਤੀ ਜਾਂਦੀ ਹੈ।
ਗੋਪਾਲ ਸਿੰਘ ਅਸਰਪੁਰ, ਸਤਬੀਰ ਸਿੰਘ (ਓ.ਐਸ.ਡੀ.), ਸੰਦੀਪ ਸਿੰਘ ਸੋਨੀ (ਰਾਜਸੀ ਸਕੱਤਰ)
ਮੋਬਾਇਲ ਨੰਬਰ: 99147-90084, 98152-06698

## ਸੁਪਰੀਮ ਕੋਰਟ ਕੋਲ ਧਰਮ 'ਚ ਅੰਧਵਿਸ਼ਵਾਸੀ ਪ੍ਰਥਾ ਤੈਅ ਕਰਨ ਦਾ ਅਧਿਕਾਰ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਬੁੱਧਵਾਰ ਨੂੰ ਟਿੱਪਣੀ ਕੀਤੀ ਕਿ ਉਸ ਕੋਲ ਇਹ ਤੈਅ ਕਰਨ ਦਾ ਅਧਿਕਾਰ ਅਤੇ ਅਧਿਕਾਰ ਖੇਤਰ ਹੈ ਕਿ ਕਿਸੇ ਧਰਮ ਵਿੱਚ ਅੰਧਵਿਸ਼ਵਾਸੀ ਪ੍ਰਥਾ ਕੀ ਹੈ। ਇਹ ਟਿੱਪਣੀ ਕੇਂਦਰ ਦੀ ਉਸ ਦਲੀਲ ਦੇ ਜਵਾਬ ਵਿੱਚ ਆਈ ਹੈ, ਜਿਸ ਵਿੱਚ ਕਿਹਾ ਗਿਆ ਸੀ ਕਿ ਇੱਕ ਧਰਮ ਨਿਰਪੱਖ ਅਦਾਲਤ ਇਸ ਮੁੱਦੇ ਦਾ ਫੈਸਲਾ ਨਹੀਂ ਕਰ ਸਕਦੀ, ਕਿਉਂਕਿ ਜੱਜ ਕਾਨੂੰਨ ਦੇ ਖੇਤਰ ਵਿੱਚ ਮਾਹਰ ਹੁੰਦੇ ਹਨ, ਧਰਮ ਵਿੱਚ ਨਹੀਂ। ਚੀਫ ਜਸਟਿਸ ਸੂਰੀਆ ਕਾਂਤ ਦੀ ਅਗਵਾਈ ਵਾਲੀ ਨੌਂ ਜੱਜਾਂ ਦੀ ਸੰਵਿਧਾਨਕ ਬੈਂਚ ਧਾਰਮਿਕ ਸਥਾਨਾਂ 'ਤੇ ਔਰਤਾਂ ਨਾਲ ਹੁੰਦੇ ਵਿਤਕਰੇ ਨਾਲ ਸੰਬੰਧਤ ਪਟੀਸ਼ਨਾਂ 'ਤੇ ਸੁਣਵਾਈ ਕਰ ਰਹੀ ਹੈ, ਜਿਸ ਵਿੱਚ ਕੇਰਲਾ ਦਾ ਸਬਰੀਮਾਲਾ ਮੰਦਰ ਅਤੇ ਵੱਖ-ਵੱਖ ਧਰਮਾਂ ਵੱਲੋਂ ਮਾਣੀ ਜਾਣ ਵਾਲੀ ਧਾਰਮਿਕ ਆਜ਼ਾਦੀ ਦਾ ਦਾਇਰਾ ਅਤੇ ਸੀਮਾ ਸ਼ਾਮਲ ਹੈ।

ਸ਼ੁਰੂਆਤ ਵਿੱਚ ਕੇਂਦਰ ਵੱਲੋਂ ਪੇਸ਼ ਹੋਏ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਸਵਾਲ ਕੀਤਾ ਕਿ ਅਦਾਲਤ ਇਹ ਕਿਵੇਂ ਤੈਅ ਕਰਦੀ ਹੈ ਕਿ ਅੰਧਵਿਸ਼ਵਾਸੀ ਪ੍ਰਥਾ ਕੀ ਹੈ। ਉਨ੍ਹਾ ਕਿਹਾ, "ਜੇ ਇਹ ਮੰਨ ਵੀ ਲਿਆ ਜਾਵੇ ਕਿ ਕੋਈ ਅੰਧਵਿਸ਼ਵਾਸੀ ਪ੍ਰਥਾ ਮੌਜੂਦ ਹੈ, ਤਾਂ ਇਹ ਤੈਅ ਕਰਨਾ ਅਦਾਲਤ ਦਾ ਕੰਮ ਨਹੀਂ ਹੈ ਕਿ ਇਹ ਅੰਧਵਿਸ਼ਵਾਸ ਹੈ। ਸੰਵਿਧਾਨ ਦੀ ਧਾਰਾ 25(2)(ਬੀ) ਦੇ ਤਹਿਤ ਇਹ ਵਿਧਾਨਪਾਲਿਕਾ ਦਾ ਕੰਮ ਹੈ ਕਿ ਉਹ ਦਖਲ ਦੇਵੇ ਅਤੇ ਸੁਧਾਰ ਕਾਨੂੰਨ ਬਣਾਵੇ।" ਮਹਿਤਾ ਨੇ ਬੈਂਚ ਨੂੰ ਦੱਸਿਆ, "ਵਿਧਾਨਪਾਲਿਕਾ ਕਹਿ ਸਕਦੀ ਹੈ ਕਿ ਕੋਈ ਖਾਸ ਪ੍ਰਥਾ ਅੰਧਵਿਸ਼ਵਾਸ ਹੈ ਅਤੇ ਇਸ ਵਿੱਚ ਸੁਧਾਰ ਦੀ ਲੋੜ ਹੈ। ਕਾਲੇ ਜਾਦੂ ਅਤੇ ਅਜਿਹੀਆਂ ਹੋਰ ਪ੍ਰਥਾਵਾਂ ਦੀ ਰੋਕਥਾਮ ਲਈ ਕਈ ਅਜਿਹੇ ਕਾਨੂੰਨ ਮੌਜੂਦ ਹਨ।" ਸੁਣਵਾਈ ਕਰ ਰਹੀ ਬੈਂਚ ਵਿੱਚ ਜਸਟਿਸ ਬੀਵੀ ਨਾਗਰਤਨਾ, ਐੱਮ ਐੱਮ ਸੁੰਦਰੇਸ਼, ਅਹਿਸਾਨੁਦੀਨ ਅਮਾਨੁੱਲਾ, ਅਰਵਿੰਦ ਕੁਮਾਰ, ਆਗਸਟੀਨ ਜਾਰਜ ਮਸੀਹ, ਪ੍ਰਸੰਨਾ ਬੀ ਵਰਾਲੇ, ਆਰ ਮਹਾਦੇਵਨ ਅਤੇ ਜੋਇਮਾਲਿਆ ਬਾਗਚੀ ਵੀ ਸ਼ਾਮਲ ਸਨ। ਮਹਿਤਾ ਦੀ ਦਲੀਲ ਦਾ ਜਵਾਬ ਦਿੰਦੇ ਹੋਏ ਜਸਟਿਸ ਅਮਾਨੁੱਲਾ ਨੇ ਕਿਹਾ ਕਿ ਇਹ ਬਿਆਨ ਬਹੁਤ ਸਰਲ ਹੈ, ਕਿਉਂਕਿ ਅਦਾਲਤ ਕੋਲ ਇਹ ਮੰਨਣ ਦਾ ਅਧਿਕਾਰ ਅਤੇ ਅਧਿਕਾਰ ਖੇਤਰ ਹੈ ਕਿ ਕੋਈ ਚੀਜ਼ ਅੰਧਵਿਸ਼ਵਾਸ ਹੈ ਜਾਂ ਨਹੀਂ। ਉਨ੍ਹਾ ਕਿਹਾ, "ਇਸ ਤੋਂ ਬਾਅਦ ਕੀ ਹੋਵੇਗਾ, ਉਹ ਵਿਧਾਨਪਾਲਿਕਾ ਦੇ ਨਜਿੱਠਣ ਲਈ ਹੈ, ਪਰ ਅਦਾਲਤ ਵਿੱਚ ਤੁਸੀਂ ਇਹ ਨਹੀਂ ਕਹਿ ਸਕਦੇ ਕਿ ਵਿਧਾਨਪਾਲਿਕਾ ਜੋ ਵੀ ਫੈਸਲਾ ਲੈਂਦੀ ਹੈ, ਉਹ ਆਖਰੀ ਸ਼ਬਦ ਹੈ। ਅਜਿਹਾ ਨਹੀਂ ਹੋ ਸਕਦਾ।"

### ਕਾਂਗਰਸ ਨੇ ਭਾਰਤੀ ਕੂਟਨੀਤੀ 'ਤੇ ਸਵਾਲ ਉਠਾਇਆ

**ਨਵੀਂ ਦਿੱਲੀ** : ਜੰਗਬੰਦੀ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਕਾਂਗਰਸ ਦੇ ਸੀਨੀਅਰ ਆਗੂ ਜੈਰਾਮ ਰਮੇਸ਼ ਨੇ ਕਿਹਾ ਕਿ ਇਸ ਘਟਨਾਕ੍ਰਮ ਦਾ ਦੁਨੀਆ ਭਰ ਵਿੱਚ ਸਾਵਧਾਨੀ ਨਾਲ ਸਵਾਗਤ ਕੀਤਾ ਜਾਵੇਗਾ, ਪਰ ਉਨ੍ਹਾ ਇਸ ਸੰਕਟ ਵਿੱਚ ਭਾਰਤ ਦੀ ਭੂਮਿਕਾ ਅਤੇ ਸਥਿਤੀ 'ਤੇ ਚਿੰਤਾ ਪ੍ਰਗਟਾਈ। ਉਨ੍ਹਾ ਗਾਜ਼ਾ ਦੀ ਸਥਿਤੀ ਅਤੇ ਪੱਛਮੀ ਕੰਢੇ ਦੇ ਘਟਨਾਕ੍ਰਮ 'ਤੇ ਸਰਕਾਰ ਦੇ ਜਵਾਬ ਦੀ ਘਾਟ ਦੀ ਆਲੋਚਨਾ ਕੀਤੀ। ਉਨ੍ਹਾ ਜੰਗਬੰਦੀ ਕਰਵਾਉਣ ਵਿੱਚ ਪਾਕਿਸਤਾਨ ਦੀ ਕਥਿਤ ਭੂਮਿਕਾ ਵੱਲ ਵੀ ਇਸ਼ਾਰਾ ਕੀਤਾ ਅਤੇ ਇਸ ਨੂੰ ਭਾਰਤ ਦੀ ਕੂਟਨੀਤਕ ਪਹੁੰਚ ਲਈ ਇੱਕ ਝਟਕਾ ਕਰਾਰ ਦਿੱਤਾ। ਉਨ੍ਹਾ ਕਿਹਾ ਕਿ ਪਾਕਿਸਤਾਨ ਨੂੰ ਵਿਸ਼ਵ ਪੱਧਰ 'ਤੇ ਅਲੱਗ-ਥਲੱਗ ਕਰਨ ਦੀਆਂ ਕੋਸ਼ਿਸ਼ਾਂ ਦੇ ਲੋੜੀਂਦੇ ਨਤੀਜੇ ਨਹੀਂ ਨਿਕਲੇ। ਉਨ੍ਹਾ ਇਸ ਦੀ ਤੁਲਨਾ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੇ ਕਾਰਜਕਾਲ ਦੌਰਾਨ ਮੁੰਬਈ ਅੱਤਵਾਦੀ ਹਮਲਿਆਂ ਤੋਂ ਬਾਅਦ ਦੀ ਕੂਟਨੀਤਕ ਪਹੁੰਚ ਨਾਲ ਕੀਤੀ। ਉਨ੍ਹਾ ਕਿਹਾ, 'ਜੰਗਬੰਦੀ ਕਰਵਾਉਣ ਵਿੱਚ ਪਾਕਿਸਤਾਨ ਵੱਲੋਂ ਨਿਭਾਈ ਗਈ ਭੂਮਿਕਾ ਸਰਕਾਰ ਦੀ ਰਣਨੀਤੀ 'ਤੇ ਸਵਾਲ ਖੜ੍ਹੇ ਕਰਦੀ ਹੈ। ਗੰਭੀਰ ਆਰਥਕ ਤਣਾਅ ਦਾ ਸਾਹਮਣਾ ਕਰ ਰਿਹਾ ਦੇਸ਼ ਅਜਿਹੀ ਭੂਮਿਕਾ ਨਿਭਾਉਣ ਦੇ ਯੋਗ ਹੋਇਆ ਹੈ, ਜੋ ਭਾਰਤ ਦੀ ਕੂਟਨੀਤਕ ਸਥਿਤੀ ਬਾਰੇ ਗੰਭੀਰ ਚਿੰਤਾਵਾਂ ਪੈਦਾ ਕਰਦਾ ਹੈ।' ਕਾਂਗਰਸੀ ਆਗੂ ਨੇ ਮਈ 2025 ਵਿੱਚ ਅਪ੍ਰੇਸ਼ਨ ਸਿੰਧੂਰ ਨੂੰ ਅਚਾਨਕ ਰੋਕਣ ਬਾਰੇ ਵੀ ਸਰਕਾਰ ਤੋਂ ਸਵਾਲ ਪੁੱਛੇ ਅਤੇ ਨੋਟ ਕੀਤਾ ਕਿ ਇਸ ਦਾ ਪਹਿਲਾ ਐਲਾਨ ਅਮਰੀਕਾ ਵੱਲੋਂ ਆਇਆ ਸੀ ਅਤੇ ਇਸ ਕਦਮ ਦੀ ਅਜੇ ਤੱਕ ਸਹੀ ਵਿਆਖਿਆ ਨਹੀਂ ਕੀਤੀ ਗਈ ਹੈ।

### ਟਰੰਪ ਦੀ ਇੱਕ ਹੋਰ ਧਮਕੀ

**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਦੁਨੀਆ ਭਰ ਦੇ ਦੇਸ਼ਾਂ ਨੂੰ ਸਖਤ ਚਿਤਾਵਨੀ ਦਿੰਦਿਆਂ ਕਿਹਾ ਹੈ ਕਿ ਜਿਹੜਾ ਵੀ ਦੇਸ਼ ਈਰਾਨ ਨੂੰ ਹਥਿਆਰਾਂ ਦੀ ਸਪਲਾਈ ਕਰੇਗਾ, ਅਮਰੀਕਾ ਉਸ 'ਤੇ ਤੁਰੰਤ ਪ੍ਰਭਾਵ ਨਾਲ 50 ਫੀਸਦੀ ਟੈਰਿਫ ਲਗਾ ਦੇਵੇਗਾ। ਇਹ ਫੈਸਲਾ ਬਿਨਾਂ ਕਿਸੇ ਦੇਰੀ ਦੇ ਲਾਗੂ ਕੀਤਾ ਜਾਵੇਗਾ ਅਤੇ ਇਸ ਮਾਮਲੇ ਵਿੱਚ ਕਿਸੇ ਵੀ ਦੇਸ਼ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਰਿਆਇਤ ਜਾਂ ਛੋਟ ਨਹੀਂ ਦਿੱਤੀ ਜਾਵੇਗੀ।

ਉਨ੍ਹਾ ਦਾ ਮੰਨਣਾ ਹੈ ਕਿ ਈਰਾਨ ਦੀ ਫੌਜੀ ਤਾਕਤ ਨੂੰ ਰੋਕਣ ਲਈ ਉਨ੍ਹਾਂ ਦੇ ਸਹਿਯੋਗੀਆਂ 'ਤੇ ਆਰਥਕ ਦਬਾਅ ਬਣਾਉਣਾ ਬਹੁਤ ਜ਼ਰੂਰੀ ਹੈ।

## ਅਮਰੀਕੀ ਜੱਜ ਵੱਲੋਂ ਅਡਾਨੀ ਦੀ ਬੇਨਤੀ ਮਨਜ਼ੂਰ

**ਨਿਊ ਯਾਰਕ** : ਇੱਕ ਅਮਰੀਕੀ ਜੱਜ ਨੇ ਭਾਰਤੀ ਅਰਬਪਤੀ ਗੌਤਮ ਅਡਾਨੀ ਦੀ ਉਸ ਬੇਨਤੀ ਨੂੰ ਪ੍ਰਵਾਨ ਕਰ ਲਿਆ ਹੈ, ਜਿਸ ਵਿੱਚ ਉਸ ਨੇ ਅਮਰੀਕੀ ਪ੍ਰਤੀਭੂਤੀ ਅਤੇ ਐਕਸਚੇਂਜ ਕਮਿਸ਼ਨ (ਐੱਸ ਈ ਸੀ) ਵੱਲੋਂ ਦਰਜ ਕੀਤੇ ਗਏ ਧੋਖਾਧੜੀ ਦੇ ਕੇਸ ਨੂੰ ਖਾਰਜ ਕਰਨ ਲਈ ਸੁਣਵਾਈ ਦੀ ਮੰਗ ਕੀਤੀ ਸੀ। ਨਿਊਯਾਰਕ ਦੀ ਈਸਟਰਨ ਡਿਸਟ੍ਰਿਕਟ ਅਦਾਲਤ ਨੇ ਆਪਣੇ ਹੁਕਮ ਵਿੱਚ ਦੋਵਾਂ ਧਿਰਾਂ ਨੂੰ ਪ੍ਰੀ-ਮੋਸ਼ਨ ਕਾਨਫਰੰਸ ਤੈਅ ਕਰਨ ਦੇ ਨਿਰਦੇਸ਼ ਦਿੱਤੇ ਹਨ। ਅਡਾਨੀ ਅਤੇ ਉਸ ਦੇ ਭਤੀਜੇ ਸਾਗਰ ਅਡਾਨੀ ਦੇ ਵਕੀਲਾਂ ਵੱਲੋਂ ਦਾਇਰ ਕੀਤੀ ਗਈ ਇਸ ਪਟੀਸ਼ਨ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਇਸ ਕੇਸ ਵਿੱਚ ਅਮਰੀਕੀ ਅਦਾਲਤ ਕੋਲ ਲੋੜੀਂਦਾ ਅਧਿਕਾਰ ਖੇਤਰ ਨਹੀਂ ਹੈ ਅਤੇ ਇਹ ਕੇਸ ਕਈ ਕਾਨੂੰਨੀ ਅਧਾਰਾਂ 'ਤੇ ਟਿਕਣਯੋਗ ਨਹੀਂ ਹੈ। ਅਡਾਨੀ ਦੇ ਕਾਨੂੰਨੀ ਮਾਹਰਾਂ ਨੇ ਅਦਾਲਤ ਵਿੱਚ ਦਲੀਲ ਦਿੱਤੀ ਹੈ ਕਿ ਕਥਿਤ ਰਿਸ਼ਵਤਖੋਰੀ ਦੀ ਯੋਜਨਾ ਦਾ ਸਮਰਥਨ ਕਰਨ ਵਾਲਾ ਕੋਈ ਵੀ ਭਰੋਸੇਯੋਗ ਸਬੂਤ ਮੌਜੂਦ ਨਹੀਂ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਐੱਸ ਈ ਸੀ ਜਿਨ੍ਹਾਂ ਬਿਆਨਾਂ ਨੂੰ ਗੁੰਮਰਾਹਕੁੰਨ ਦੱਸ ਰਿਹਾ ਹੈ, ਉਹ ਸਿਰਫ ਆਮ ਕਾਰਪੋਰੇਟ ਆਸ਼ਾਵਾਦ ਹਨ, ਜਿਨ੍ਹਾਂ ਨੂੰ ਨਿਵੇਸ਼ਕਾਂ ਲਈ ਗਰੰਟੀ ਵਜੋਂ ਨਹੀਂ ਦੇਖਿਆ ਜਾ ਸਕਦਾ। ਵਕੀਲਾਂ ਅਨੁਸਾਰ ਸ਼ਿਕਾਇਤ ਵਿੱਚ ਅਜਿਹਾ ਕੋਈ ਵੀ ਸਬੂਤ ਨਹੀਂ ਦਿੱਤਾ ਗਿਆ ਕਿ ਗੌਤਮ ਅਡਾਨੀ ਨੇ ਕਿਸੇ ਗਲਤ ਦਸਤਾਵੇਜ਼ ਨੂੰ

• ਬਾਕੀ ਸਫ਼ਾ 2 'ਤੇ

## 12 ਨੂੰ ਪਠਾਨਕੋਟ 'ਚ ਰਾਜ ਪੱਧਰੀ ਹਿੰਦੂ ਨਵ ਵਰਸ਼ ਮਹੋਤਸਵ




**ਚੰਡੀਗੜ੍ਹ, (ਗੁਰਜੀਤ ਬਿੱਲਾ)**
ਪੰਜਾਬ ਦੇ ਸੱਭਿਆਚਾਰ ਅਤੇ ਸੈਰ-ਸਪਾਟਾ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਐਲਾਨ ਕੀਤਾ ਹੈ ਕਿ ਸਨਾਤਨ ਸੇਵਾ ਸਮਿਤੀ ਪੰਜਾਬ ਵੱਲੋਂ 12 ਅਪ੍ਰੈਲ ਨੂੰ ਪਠਾਨਕੋਟ ਦੇ ਰਾਮਲੀਲ੍ਹਾ ਮੈਦਾਨ ਵਿੱਚ ਇੱਕ ਵਿਸ਼ਾਲ ਹਿੰਦੂ ਨਵ ਵਰਸ਼ ਮਹੋਤਸਵ ਕਰਵਾਇਆ ਜਾਵੇਗਾ, ਜਿਸ ਵਿੱਚ ਪੰਜਾਬ ਸਰਕਾਰ ਅਤੇ ਮੰਤਰੀ ਸ਼ਮੂਲੀਅਤ ਕਰਨਗੇ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਜਿਸ ਵਿੱਚ ਸਨਾਤਨ ਸੇਵਾ ਸਮਿਤੀ ਦੇ ਰਾਸ਼ਟਰੀ ਪ੍ਰਧਾਨ ਵਿਜੇ ਕੁਮਾਰ ਸ਼ਰਮਾ, ਮਾਝਾ ਜ਼ੋਨ ਦੇ ਇੰਚਾਰਜ ਪ੍ਰਣਵ ਧਵਨ ਅਤੇ ਪਠਾਨਕੋਟ ਤੋਂ ਰੋਹਿਤ ਸਿਆਲ ਵੀ ਸ਼ਾਮਲ ਸਨ, ਦੀਪਕ ਬਾਲੀ ਨੇ ਕਿਹਾ ਕਿ ਅਧਿਆਤਮਿਕਤਾ ਅਤੇ ਧਾਰਮਿਕ ਕਦਰਾਂ-ਕੀਮਤਾਂ ਜੀਵਨ ਦਾ ਅਨਿੱਖੜਵਾਂ ਅੰਗ ਹਨ ਅਤੇ ਸਨਾਤਨ ਸੇਵਾ ਸਮਿਤੀ ਵਰਗੀਆਂ ਸਮਾਜਿਕ ਸੰਸਥਾਵਾਂ ਇਸ ਅਮੀਰ ਵਿਰਸੇ ਨੂੰ ਸੰਭਾਲਣ ਅਤੇ ਆਉਣ ਵਾਲੀਆਂ

• ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਪੌਣਾ ਸਾਲ ਜਦ ਚੋਣ ਵਿੱਚ ਰਿਹਾ ਬਾਕੀ,
ਡਿੱਠੀ ਹੁੰਦੀ ਸਰਗਰਮੀ ਆ ਤੇਜ਼ ਬੇਲੀ।
ਦਾਅਵੇ ਜਿੱਤਣ ਦੇ ਅੱਗੇ ਤੋਂ ਵਧੀ ਜਾਂਦੇ,
ਆਗੂ ਕਰਦੇ ਆ ਪਰਜਾ ਦਾ ਹੇਜ ਬੇਲੀ।
ਬੁੱਕ ਚਿੱਕੜ ਦਾ ਸੁੱਟਣ ਦੀ ਬਾਤ ਨਾਹੀਂ,
ਟੋਕਰਾ ਸੁੱਟਣ ਦਾ ਨਹੀਂ ਪਰਹੇਜ਼ ਬੇਲੀ।
ਸਾਡੇ ਲੋਕੀਂ ਵੀ ਓਸੇ ਦਾ ਸੁਣਨ ਭਾਸ਼ਣ,
ਜਿਹੜਾ ਬਾਤ ਆਖੇ ਸਨਸਨੀਖੇਜ਼ ਬੇਲੀ।
ਬੱਚੇ ਉਹੋ ਜਿਹੇ, ਜਿਹੋ ਜਿਹੀ ਹੋਏ ਕੋਕੋ,
ਆਖਿਆ ਬਾਬਿਆਂ ਦਾ ਜਾਪੇ ਸੱਚ ਬੇਲੀ।
ਮੋਂਹਦੀ ਮਨ ਨੂੰ ਚਮਕਦੀ ਚੀਜ਼ ਜਿਹੜੀ,
ਨਿਕਲਦੀ ਅੰਤ ਨੂੰ ਸਿਰੇ ਦਾ ਕੱਚ ਬੇਲੀ।

-ਤੀਸ ਮਾਰ ਖਾਂ

## ਭਗਤ ਸਿੰਘ ਤੇ ਸਾਥੀਆਂ ਦੇ ਵਿਚਾਰਾਂ ਦੀ ਸਾਰਥਕਤਾ ਉਭਾਰੀ



**ਜਲੰਧਰ (ਕੇਸਰ)**
ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਪਬਲਿਕ ਸੇਫ਼ਟੀ ਬਿੱਲ ਅਤੇ ਟ੍ਰੇਡ ਡਿਸਪਿਊਟ ਬਿੱਲ ਵਰਗੇ ਮਜ਼ਦੂਰ ਅਤੇ ਲੋਕ ਵਿਰੋਧੀ ਕਾਲ਼ੇ ਕਾਨੂੰਨਾਂ ਖ਼ਿਲਾਫ਼ ਕੇਂਦਰੀ ਅਸੈਂਬਲੀ ਦਿੱਲੀ ਵਿੱਚ ਚਿੰਨਾਤਮਕ ਬੰਬ ਧਮਾਕੇ ਕਰਕੇ ਅਤੇ 'ਬੋਲਿਆਂ ਨੂੰ ਸੁਣਾਉਣ ਲਈ ਧਮਾਕੇ ਦੀ ਲੋੜ ਹੁੰਦੀ ਹੈ' ਵਰਗੇ ਬੋਲ ਹਵਾ ਦੇ ਪਰਾਂ 'ਤੇ ਲਿਖ ਕੇ ਭਗਤ ਸਿੰਘ ਅਤੇ ਬੀ ਕੇ ਦੱਤ ਵੱਲੋਂ 8 ਅਪ੍ਰੈਲ 1929 ਨੂੰ ਸਿਰਜੇ ਬੋਲਾਂ ਦੀ ਇਤਿਹਾਸਕ ਮਹੱਤਤਾ ਅਤੇ ਪ੍ਰਸੰਗਿਕਤਾ ਉਭਾਰਨ ਵਿੱਚ ਸਫ਼ਲ ਰਿਹਾ ਦੇਸ਼ ਭਗਤ ਯਾਦਗਾਰ ਹਾਲ 'ਚ ਹੋਇਆ ਬੁੱਧਵਾਰ ਦਾ ਵਿਚਾਰ-ਚਰਚਾ ਸਮਾਗਮ।

ਇਸ ਵਿਚਾਰ-ਚਰਚਾ ਨੂੰ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ, ਉਦੇਸ਼ਾਂ ਅਤੇ ਅਜੋਕੇ ਭਖ਼ਦੇ ਸਰੋਕਾਰਾਂ ਨੂੰ ਕੇਂਦਰ 'ਚ ਰੱਖ ਕੇ ਸਾਰਥਕ ਬਣਾਉਣ ਉਪਰ ਜ਼ੋਰ ਦਿੰਦਿਆਂ ਕਮੇਟੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ ਨੇ ਇਸ ਦਾ ਆਗਾਜ਼ ਕੀਤਾ। ਉਹਨਾ ਦੱਸਿਆ ਕਿ ਅਜਿਹੀਆਂ ਵਿਚਾਰ-ਚਰਚਾ ਮਿਲਣੀਆਂ ਦਾ ਆਪਣਾ ਮਹੱਤਵ ਅਤੇ ਲੋੜ ਹੈ। ਵਿਚਾਰ-ਚਰਚਾ ਦਾ ਮੁੱਢ ਬੰਨ੍ਹਦਿਆਂ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਅਤੇ ਲਾਇਬ੍ਰੇਰੀ ਕਮੇਟੀ ਦੇ ਕਨਵੀਨਰ ਹਰਵਿੰਦਰ ਭੰਡਾਲ ਨੇ ਕਿਹਾ ਕਿ ਸਾਡੇ ਲੋਕਾਂ ਦੇ ਭਗਤ ਸਿੰਘ ਨੂੰ ਹਾਕਮ ਜਮਾਤੀ ਸੰਸਥਾਵਾਂ ਅਤੇ

• ਬਾਕੀ ਸਫ਼ਾ 2 'ਤੇ

ਕੇਲ ਕਰੇਦੇ ਹੰਝ ਨੋ ਅਚਿੰਤੇ ਬਾਜ ਪਏ ॥
ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸਾਡੇ
ਸਰਦਾਰ ਲਾਲ ਸਿੰਘ ਜੀ
(ਸਾਬਕਾ ਕੈਬਨਿਟ ਮੰਤਰੀ, ਪੰਜਾਬ ਸਰਕਾਰ)
ਮਿਤੀ 28 ਮਾਰਚ, 2026 ਨੂੰ ਆਪਣੀ ਸੰਸਾਰਕ ਯਾਤਰਾ ਨੂੰ ਪੂਰੀ ਕਰ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ,
ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸਧਾਰਨ ਪਾਠ ਦੇ ਭੋਗ ਉਪਰੰਤ ਅੰਤਿਮ ਅਰਦਾਸ
10 ਅਪ੍ਰੈਲ 2026 ਦਿਨ ਸ਼ੁੱਕਰਵਾਰ ਨੂੰ ਦੁਪਹਿਰ 12:00 ਤੋਂ ਦੁਪਹਿਰ 1:00 ਵਜੇ
ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ, ਪਟਿਆਲਾ ਵਿਖੇ ਹੋਵੇਗੀ।
ਆਪ ਜੀ ਨੂੰ ਅੰਤਿਮ ਅਰਦਾਸ ਵਿਚ ਸ਼ਾਮਿਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।
ਭਾਣੇ ਵਿਚ:-
ਰਵਿੰਦਰ ਕੌਰ (ਸਾਬਕਾ ਮੈਂਬਰ, PPSC): ਮੋ.: 94651-07548
ਰੁਪਿੰਦਰ ਕੌਰ ਅਤੇ ਡਾ. ਅਸਦੀਪ ਸਿੰਘ
ਗੋਪਾਲ ਸਿੰਘ, ਦਮੋਦਰ ਸਿੰਘ, ਸੋਮਪਾਲ ਸਿੰਘ, ਤਮਨ ਰਾਜ ਸਿੰਘ, ਜੈਸਮੀਨ, ਰੁਕਮਣ ਬਾਜਵਾ, ਡਾ. ਸੂਰਜ ਬਾਜਵਾ, ਰੇਆਨਵੀਰ ਸਿੰਘ, ਰਾਹਿਬਵੀਰ ਸਿੰਘ, ਨਵਕਰਨ, ਅੰਕੁਸ਼,
ਰਾਜਿੰਦਰ ਸਿੰਘ (ਸਾਬਕਾ ਐਮ.ਐਲ.ਏ., ਸਮਾਣਾ)
ਮੋਬ.: 97793-50003

# ਨਾਜਾਇਜ ਪਿਸਤੌਲ ਸਮੇਤ ਇੱਕ ਕਾਬੂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**- ਸਥਾਨਕ ਪੁਲਸ ਵਲੋਂ ਨਾਜਾਇਜ ਪਿਸਤੌਲ ਸਮੇਤ ਇੱਕ ਵਿਅਕਤੀ ਰਾਹੁਲ ਸ਼ਰਮਾ ਵਾਸੀ ਜ਼ੀਰਾ, ਮੁਹੱਲਾ ਕੰਬੋਆ ਨੂੰ ਕਾਬੂ ਕੀਤਾ ਹੈ। ਥਾਣਾ ਮੁਖੀ ਪਵਿੱਤਰ ਸਿੰਘ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਪੁਲਸ ਪਾਰਟੀ ਵਲੋਂ ਸਰਹਿੰਦ ਨਹਿਰ ਦੇ ਗੜ੍ਹੀ ਪੁਲ ਤੋਂ ਪਵਾਤ ਪੁਲ ਵੱਲ ਗਸ਼ਤ ਕੀਤੀ ਜਾ ਰਹੀ ਸੀ ਤਾਂ ਇੱਕ ਮੋਨਾ ਵਿਅਕਤੀ ਪੈਦਲ ਜਾਂਦਾ ਦਿਖਾਈ ਦਿੱਤਾ। ਇਸ ਵਿਅਕਤੀ ਨੇ ਇੱਕ ਪਿੱਠੂ ਬੈਗ ਆਪਣੇ ਹੱਥ ਵਿਚ ਫੜਿਆ ਸੀ ਅਤੇ ਪੁਲਸ ਪਾਰਟੀ ਤੋਂ ਘਬਰਾ ਕੇ ਇਹ ਸੜਕ ਦੇ ਦੂਜੇ ਪਾਸੇ ਚਲਾ ਗਿਆ। ਪੁਲਸ ਪਾਰਟੀ ਵਲੋਂ ਸ਼ੱਕ ਦੇ ਅਧਾਰ 'ਤੇ ਇਸਨੂੰ ਜਾਂਚ ਲਈ ਰੋਕਿਆ ਜਿਸ ਨੇ ਆਪਣਾ ਨਾਂਅ ਰਾਹੁਲ ਸ਼ਰਮਾ ਦੱਸਿਆ। ਤਲਾਸ਼ੀ ਦੌਰਾਨ ਉਸਦੇ ਪਿੱਠੂ ਬੈਗ 'ਚੋਂ 32 ਬੋਰ ਦਾ ਪਿਸਤੌਲ ਬਰਾਮਦ ਹੋਇਆ ਜਿਸ ਦਾ ਮੈਗਜ਼ੀਨ ਖੋਲ੍ਹਣ 'ਤੇ ਉਸ ਵਿਚ ਕੋਈ ਕਾਰਤੂਸ ਨਾ ਮਿਲਿਆ। ਪੁਲਸ ਵਲੋਂ ਰਾਹੁਲ ਸ਼ਰਮਾ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ। ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਕਿ ਉਕਤ ਵਿਅਕਤੀ ਨੂੰ ਜੇਲ੍ਹ 'ਚੋਂ ਫੋਨ ਆਇਆ ਸੀ ਕਿ ਇਹ ਪਿਸਤੌਲ ਮੋਹਾਲੀ ਵਿਖੇ ਕਿਸੇ ਵਿਅਕਤੀ ਨੂੰ ਦੇਣਾ ਹੈ ਜਿਸ ਸਬੰਧੀ ਉਸ ਨੂੰ ਉੱਥੇ ਪਹੁੰਚਣ 'ਤੇ ਫੋਨ ਰਾਹੀਂ ਸੂਚਿਤ ਕੀਤਾ ਜਾਵੇਗਾ। ਥਾਣਾ ਮੁਖੀ ਅਨੁਸਾਰ ਮੁਲਜ਼ਮ ਨੂੰ ਅਦਾਲਤ ਵਿਚ ਪੇਸ਼ ਕਰ ਰਿਮਾਂਡ 'ਤੇ ਲਿਆਂਦਾ ਗਿਆ ਹੈ ਅਤੇ ਇਸ ਮਾਮਲੇ ਦੇ ਤਾਰ ਜੇਲ੍ਹ ਨਾਲ ਜੁੜੇ ਹਨ, ਇਸ ਲਈ ਜਿਸ ਵਿਅਕਤੀ ਨੇ ਜੇਲ੍ਹ 'ਚੋਂ ਫੋਨ ਕੀਤਾ ਉਸ ਤੋਂ ਵੀ ਪੁੱਛਗਿੱਛ ਕਰਕੇ ਮਾਮਲੇ ਦੇ ਖੁਲਾਸੇ ਹੋਣਗੇ।



# ਲੋਕ ਸੇਵਾ ਸੁਸਾਇਟੀ ਨੇ ਕੰਪਿਊਟਰ ਕੋਰਸ ਮੁਕੰਮਲ ਹੋਣ 'ਤੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ

**ਜਗਰਾਉਂ (ਸੰਜੀਵ ਅਰੋੜਾ)** ਜਗਰਾਉਂ ਦੀ ਸਮਾਜ ਸੇਵੀ ਸੰਸਥਾ ਲੋਕ ਸੇਵਾ ਸੁਸਾਇਟੀ ਵੱਲੋਂ ਚਲਾਏ ਜਾ ਰਹੇ ਕੰਪਿਊਟਰ ਸੈਂਟਰ ਦੇ ਦੂਸਰੇ ਬੈਂਚ ਵਿੱਚ ਕੋਰਸ ਮੁਕੰਮਲ ਕਰਨ ਵਾਲੇ 22 ਵਿਦਿਆਰਥੀਆਂ ਨੂੰ ਸਰਟੀਫਿਕੇਟ ਤਕਸੀਮ ਕੀਤੇ ਗਏ। ਚੇਅਰਮੈਨ ਗੁਲਸ਼ਨ ਅਰੋੜਾ,



ਪ੍ਰਧਾਨ ਮਦਨ ਲਾਲ ਅਰੋੜਾ, ਸੈਕਟਰੀ ਡਾਕਟਰ ਕਲਭੂਸ਼ਨ ਗੁਪਤਾ ਅਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਵਿਦਿਆਰਥੀਆਂ ਨੂੰ ਮੁਫ਼ਤ ਵਿੱਚ ਕੰਪਿਊਟਰ ਸਿਖਲਾਈ ਦੇਣ ਲਈ ਪਿਛਲੇ ਕਈ ਮਹੀਨਿਆਂ ਤੋਂ ਚਲਾਏ ਜਾ ਰਹੇ ਕੰਪਿਊਟਰ ਸੈਂਟਰ ਵਿੱਚ ਦੂਸਰੇ ਬੈਂਚ ਦੇ 22 ਵਿਦਿਆਰਥੀਆਂ ਨੂੰ ਅੱਜ ਸਰਟੀਫਿਕੇਟ ਤਕਸੀਮ ਕੀਤੇ ਗਏ, ਜਿੰਨ੍ਹਾਂ ਵਿਦਿਆਰਥੀਆਂ ਨੇ ਆਪਣਾ ਕੋਰਸ ਮੁਕੰਮਲ ਕੀਤਾ ਸਥਾਨਕ ਰੇਲਵੇ ਲਿੰਕ ਰੋਡ ਅਰੋੜਾ ਪ੍ਰਾਪਰਟੀ ਐਡਵਾਈਜ਼ਰ ਰੇਲਵੇ ਜਗਰਾਉਂ ਵਿਖੇ ਚੱਲ ਰਹੇ ਕੰਪਿਊਟਰ ਸੈਂਟਰ ਵਿਖੇ ਹੋਏ ਸਰਟੀਫਿਕੇਟ ਵੰਡ ਸਮਾਰੋਹ ਦੇ ਮੁੱਖ ਮਹਿਮਾਨ ਏ ਪੀ ਰਿਫੈਂਡਰੀ ਦੇ ਡਾਇਰੈਕਟਰ ਭੁਵਨ ਗੋਇਲ ਨੇ ਆਪਣੇ ਕਰ ਕਮਲਾਂ ਨਾਲ ਵਿਦਿਆਰਥੀਆਂ ਨੂੰ ਸਰਟੀਫਿਕੇਟ ਤਕਸੀਮ ਕਰਦਿਆਂ ਵਧਾਈ ਦਿੱਤੀ। ਇਸ ਮੌਕੇ ਚੇਅਰਮੈਨ ਗੁਲਸ਼ਨ ਅਰੋੜਾ ਤੇ ਪ੍ਰਧਾਨ ਮਦਨ ਲਾਲ ਅਰੋੜਾ ਨੇ ਦੱਸਿਆ ਕਿ ਕੰਪਿਊਟਰ ਸੈਂਟਰ ਵਿੱਚ ਇਸ ਵੇਲੇ ਸਮੇਂ 16 ਕੰਪਿਊਟਰ ਕੰਮ ਕਰ ਰਹੇ ਹਨ ਅਤੇ ਜਲਦ ਹੀ ਇੰਨ੍ਹਾਂ ਕੰਪਿਊਟਰਾਂ ਦੀ ਗਿਣਤੀ ਵਿੱਚ ਵਾਧਾ ਕਰਕੇ ਬੱਚਿਆਂ ਦੀਆਂ ਕਲਾਸਾਂ ਦੇ ਬੈਂਚ ਵੀ ਵਧਾਏ ਜਾਣਗੇ। ਇਸ ਮੌਕੇ ਸੁਸਾਇਟੀ ਦੇ ਵਾਈਸ ਚੇਅਰਮੈਨ ਕੰਵਲ ਕੱਕੜ ਤੇ ਸੁਖਜਿੰਦਰ ਸਿੰਘ ਢਿੱਲੋਂ, ਬਿਕਰਮ ਬਾਂਸਲ, ਜਸਵੰਤ ਸਿੰਘ, ਕਰ ਭਲਾ ਹੋ ਭਲਾ ਸੁਸਾਇਟੀ ਦੇ ਚੇਅਰਮੈਨ ਰੋਹਿਤ ਅਰੋੜਾ, ਆਰ. ਕੇ. ਗੋਇਲ, ਜਗਦੀਪ ਸਿੰਘ, ਕੈਪਟਨ ਨਰੇਸ਼ ਵਰਮਾ, ਮੁਕੇਸ਼ ਗੁਪਤਾ, ਯੋਗਰਾਜ ਗੋਇਲ , ਪ੍ਰੋਜੈਕਟ ਚੇਅਰਮੈਨ ਮਨੋਹਰ ਸਿੰਘ ਟੱਕਰ, ਪ੍ਰੋਜੈਕਟ ਕੈਸ਼ੀਅਰ ਰਾਜੀਵ ਗੁਪਤਾ ਤੇ ਪ੍ਰਸ਼ੋਤਮ ਅਗਰਵਾਲ ਆਦਿ ਹਾਜ਼ਰ ਸਨ।

# ਹਮੀਦੀ ਦੀ ਜਸਪ੍ਰੀਤ ਕੌਰ ਦਿਉਲ ਧੀਆਂ ਲਈ ਪ੍ਰੇਰਨਾਸਰੋਤ ਬਣੀ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਪਿੰਡ ਹਮੀਦੀ (ਬਰਨਾਲਾ) ਦੀ ਜੰਮਪਲ ਜਸਪ੍ਰੀਤ ਕੌਰ ਦਿਉਲ ਨੇ ਪੰਜਾਬ ਸਰਕਾਰ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵਿੱਚ ਬਤੌਰ ਸੁਪਰਡੈਂਟ ਹੋਮ ਆਪਣਾ ਅਹੁਦਾ ਸੰਭਾਲ ਕੇ ਪੰਜਾਬ ਦਾ ਮਾਣ ਵਧਾਇਆ ਹੈ। ਪਿੰਡ ਪੱਧਰ ਤੋਂ ਉੱਠ ਕੇ ਰਾਜ ਪੱਧਰ ਦੇ ਮਹੱਤਵਪੂਰਨ ਸਰਕਾਰੀ ਅਹੁਦੇ ਤੱਕ ਪਹੁੰਚਣ ਦੀ ਇਹ ਉਪਲਬਧੀ ਮਾਲਵਾ ਖੇਤਰ ਸਮੇਤ ਪੂਰੇ ਸੂਬੇ ਲਈ ਖ਼ੁਸ਼ੀ ਅਤੇ ਗੌਰਵ ਦਾ ਮੌਕਾ ਬਣੀ ਹੈ। ਜਸਪ੍ਰੀਤ ਕੌਰ ਦਿਉਲ ਸੇਵਾ ਮੁਕਤ ਜ਼ਿਲ੍ਹਾ ਸਿੱਖਿਆ ਅਫਸਰ ਧੰਨਾ ਸਿੰਘ ਦਿਉਲ ਵਾਸੀ ਹਮੀਦੀ ਦੀ ਹੋਣਹਾਰ ਧੀ ਹਨ ਅਤੇ ਸਿੱਖਿਆ ਤੇ ਸਮਾਜ ਸੇਵਾ ਦੀ ਵਿਰਾਸਤ ਨੂੰ ਅੱਗੇ ਵਧਾਉਂਦਿਆਂ ਉਨ੍ਹਾਂ ਨੇ ਇਹ ਮਾਣਯੋਗ ਸਫਲਤਾ ਹਾਸਲ ਕੀਤੀ ਹੈ। ਉਨ੍ਹਾਂ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਵੱਲੋਂ ਲਏ ਗਏ ਸੁਪਰਡੈਂਟ ਹੋਮ ਦੇ ਕਠਿਨ ਮੁਕਾਬਲੇ ਦੀ ਪ੍ਰੀਖਿਆ ਪਾਸ ਕਰਕੇ ਯੋਗਤਾ ਸੂਚੀ 'ਚ ਆਪਣੀ ਥਾਂ ਬਣਾਈ। ਇਸ ਤੋਂ ਬਾਅਦ ਉਨ੍ਹਾਂ ਦਾ ਨਾਂਅ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਪੰਜਾਬ ਨੂੰ ਨਿਯੁਕਤੀ ਲਈ ਭੇਜਿਆ ਗਿਆ ਅਤੇ ਸਾਰੀ ਸਰਕਾਰੀ ਕਾਰਵਾਈ ਪੂਰੀ ਹੋਣ ਉਪਰੰਤ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੀ ਪੱਕੀ ਨਿਯੁਕਤੀ ਜਾਰੀ ਕਰਦਿਆਂ ਲੁਧਿਆਣਾ ਵਿਖੇ ਤਾਇਨਾਤ ਕੀਤਾ ਗਿਆ। ਸਰਕਾਰੀ ਹੁਕਮਾਂ ਦੀ ਪਾਲਣਾ ਕਰਦਿਆਂ ਉਨ੍ਹਾਂ ਨੇ ਜਮਾਲਪੁਰ ਸਥਿਤ ਸਰਕਾਰੀ ਸੰਸਥਾ ਵਿੱਚ ਬਤੌਰ ਸੁਪਰਡੈਂਟ ਹੋਮ ਆਪਣਾ ਅਹੁਦਾ ਸੰਭਾਲ ਕੇ ਜ਼ਿੰਮੇਵਾਰੀਆਂ ਨਿਭਾਉਣ ਦੀ ਸ਼ੁਰੂਆਤ ਕਰ ਦਿੱਤੀ ਹੈ। ਇਹ ਅਹੁਦਾ ਮਹਿਲਾਵਾਂ ਅਤੇ ਬੱਚਿਆਂ ਦੀ ਸੁਰੱਖਿਆ, ਪੁਨਰਵਾਸ ਅਤੇ ਸਮਾਜਿਕ ਭਲਾਈ ਨਾਲ ਜੁੜੀਆਂ ਸੰਵੇਦਨਸ਼ੀਲ ਜ਼ਿੰਮੇਵਾਰੀਆਂ ਨਾਲ ਸੰਬੰਧਿਤ ਹੈ, ਜਿਸ ਕਾਰਨ ਇਸ ਨੂੰ ਸਮਾਜ ਸੇਵਾ ਦੇ ਖੇਤਰ ਵਿੱਚ ਬਹੁਤ ਮਹੱਤਵਪੂਰਨ ਮੰਨਿਆ ਜਾਂਦਾ ਹੈ।



# ਗੁਰੂ ਕਾਸ਼ੀ ਸਾਹਿਤ ਅਕਾਦਮੀ ਨੇ ਮਨਾਇਆ ਅਕਾਦਮਿਕ ਸਾਹਿਤ ਉਤਸਵ

**ਤਲਵੰਡੀ ਸਾਬੋ (ਜਗਦੀਪ ਗਿੱਲ)** ਗੁਰੂ ਕਾਸ਼ੀ ਸਾਹਿਤ ਅਕਾਦਮੀ ਦਮਦਮਾ ਸਾਹਿਬ ਵੱਲੋਂ ਅਕਾਦਮਿਕ ਸਾਹਿਤ ਉਤਸਵ 2026 ਦਾ ਆਯੋਜਨ ਉਚ ਕੋਟੀ ਦੇ ਵਿਦਵਾਨਾ ਦੀ ਸ਼ਮੂਲੀਅਤ ਦੌਰਾਨ ਕੀਤਾ ਗਿਆ।ਅਕਾਦਮੀ ਦੇ ਸਕੱਤਰ ਕੰਵਰਜੀਤ ਸਿੰਘ ਨੇ ਦੱਸਿਆ ਕਿ ਇਸ ਸਹਿਤ ਉਤਸਵ ਸਮਾਗਮ ਦੀ ਪ੍ਰਧਾਨਗੀ ਮੰਡਲ 'ਚ ਅਕਾਦਮੀ ਦੇ ਚੇਅਰਮੈਨ ਬਲਵੀਰ ਸਿੰਘ ਸਨੇਹੀ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਵੀ ਪ੍ਰੀਤ ਸਿੰਘ ਸਿੱਧੂ, ਅਕਾਦਮੀ ਪ੍ਰਧਾਨ ਮਾਸਟਰ ਸੁਰਿੰਦਰ ਪਾਲ ਸਿੰਘ, ਸਲਾਹਕਾਰ ਭੁਪਿੰਦਰ ਪੰਨੀਵਾਲੀਆ, ਕਵੀਸ਼ਰ ਰੇਵਤੀ ਪ੍ਰਸਾਦ ਸ਼ਰਮਾਂ, ਸਹਿਤਕਾਰ ਸੁਰਿੰਦਰਪ੍ਰੀਤ ਘਣੀਆ ਅਤੇ ਜੱਸ ਬਠਿੰਡਾ ਸਨ।ਸਮਾਗਮ ਦੇ ਪਹਿਲੇ ਸ਼ੈਸ਼ਨ ਦੌਰਾਨ ਅਕਾਦਮੀ ਵੱਲੋਂ ਨਾਵਲਕਾਰ ਪਰਗਟ ਸਿੰਘ ਸਤੌਜ ਦੀ ਪੁਸਤਕ 'ਮੌਸਮ ਠੀਕ ਨਹੀ' ਨੂੰ ਨਾਵਲ/ਕਹਾਣੀ ਅਵਾਰਡ, ਸ਼ਾਇਰ ਰਾਮਪਾਲ ਸ਼ਾਹਪੁਰੀ ਦੀ ਪੁਸਤਕ ਬੀਜ ਅੰਦਰਲਾ ਜੰਗਲ ਨੂੰ ਕਾਵਿ ਅਵਾਰਡ, ਲੇਖਿਕਾ ਮੀਨਾ ਨਵੀਨ ਦੀ ਪੁਸਤਕ ਉੱਚੀਆਂ ਉਡਾਰੀਆਂ ਨੂੰ ਬਾਲ-ਸਾਹਿਤ ਅਵਾਰਡ, ਮਾਲਵਾ ਵੈਲਫੇਅਰ ਕਲੱਬ ਨੂੰ ਸਿਹਤ ਸਮਾਜ ਸੇਵਾ ਅਵਾਰਡ ਦੇ ਨਾਲ ਹੀ ਉੱਭਰਦੇ ਸ਼ਾਇਰ ਕੁਲਵਿੰਦਰ ਸਿੰਘ ਪਾਲਣਾ ਦਾ ਪਲੇਠਾ ਕਾਵਿ ਸੰਗ੍ਰਹਿ ਕਜਲਾ ਡਾਕੂ ਦਾ ਲੋਕ ਅਰਪਣ ਵੀ ਕੀਤਾ ਗਿਆ।ਇਸ ਮੌਕੇ ਸਮਾਗਮ ਦੇ ਮੁੱਖ ਮਹਿਮਾਨ ਰਵੀਪ੍ਰੀਤ ਸਿੰਘ ਸਿੱਧੂ ਅਤੇ ਵਿਸ਼ੇਸ਼ ਮਹਿਮਾਨਾਂ ਸਮੇਤ ਸਾਰੇ ਵਿਦਵਾਨਾਂ ਤੇ ਕਵੀਆ ਨੂੰ ਅਕਾਦਮੀ ਵੱਲੋਂ ਸਨਮਾਨਿਤ ਕੀਤਾ ਗਿਆ।ਸਮਾਗਮ ਦੇ ਕਵੀ ਦਰਬਾਰ ਵਿੱਚ ਮਾ.ਰੇਵਤੀ ਪ੍ਰਸ਼ਾਦ ਸ਼ਰਮਾ, ਗੁਰੀ ਆਦੀਵਾਲ, ਸੁਰਿੰਦਰਪ੍ਰੀਤ ਘਣੀਆ, ਜੱਸ ਬਠਿੰਡਾ, ਕੁਲਦੀਪ ਸਿੰਘ ਬੰਗੀ, ਡਾ.ਦੇਵਿੰਦਰ ਬੀਬੀਪੁਰੀਆ ਕੁਰੂਕਸ਼ੇਤਰ, ਪ੍ਰਿੰ: ਬਲਵੀਰ ਸਿੰਘ ਸਨੇਹੀ, ਸੁਖਰਾਜ ਮੰਡੀ ਕਲਾਂ, ਗੁਰਤੇਜ ਸਿੰਘ ਮੱਖਣ, ਰਿੱਕਵੀਰ ਸਿੰਘ ਰਿੱਕੀ, ਹਰਗੋਬਿੰਦ ਸਿੰਘ ਦੇਸੂ, ਕਰਮ ਮਹਿਮੀ, ਵਤਨਵੀਰ ਸਿੰਘ ਜ਼ਖ਼ਮਮੀ, ਰਾਜਿੰਦਰ ਰਾਣੀ, ਸੰਦੀਪ ਸੋਖਲ, ਡਾ.ਰਾਜਬੀਰ ਕੌਰ ਗਰੇਵਾਲ, ਜਗਦੀਪ ਗਿੱਲ, ਦਰਸ਼ਨ ਸਿੰਘ ਚੱਠਾ ਅਤੇ ਕੁਲਵਿੰਦਰ ਸਿੰਘ ਪਾਲਣਾ ਸਮੇਤ ਇਲਾਕੇ ਦੇ ਕਵੀਆਂ ਨੇ ਕਾਵਿਕ ਰੰਗ ਬੰਨਿਆ। ਸਮਾਗਮ ਦੇ ਅੰਤ ਵਿਚ ਅਕਾਦਮੀ ਦੇ ਪ੍ਰਧਾਨ ਮਾ: ਸੁਰਿੰਦਰ ਪਾਲ ਸਿੰਘ ਵਲੋ ਸਾਰੇ ਮਹਿਮਾਨਾ ਦਾ ਸਮਾਗਮ ਦੀ ਸਫਲਤਾ ਹਿਤ ਵਿਸੇਸ਼ ਧੰਨਵਾਦ ਕੀਤਾ ਗਿਆ।





# ਵਿਧਾਇਕ ਰਾਏ ਨੇ ਬਹਿਲੋਲਪੁਰ ਦੀ ਸੜਕ ਤੇ ਪੁਲ ਦਾ ਨੀਂਹ ਪੱਥਰ ਰੱਖਿਆ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਹਲਕਾ ਫਤਿਹਗੜ੍ਹ ਸਾਹਿਬ ਦੇ ਲੋਕਾਂ ਦੀ ਚਿਰੋਕਣੀ ਮੰਗ ਨੂੰ ਪੂਰਾ ਕਰਦਿਆਂ ਆਮ ਆਦਮੀ ਪਾਰਟੀ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਪਿੰਡ ਬਹਿਲੋਲਪੁਰ ਤੋਂ ਰਿਉਣਾ ਨੀਵਾਂ ਮੁੱਖ ਸੜਕ ਤੱਕ ਬਣਨ ਵਾਲੀ 800 ਮੀਟਰ ਲੰਮੀ ਸੜਕ ਅਤੇ ਇੱਕ 12 ਮੀਟਰ ਲੰਬੇ ਅਤੇ 7.9 ਮੀਟਰ ਚੌੜੇ ਪੁਲ ਦਾ ਨੀਹ ਪੱਥਰ ਰੱਖਿਆ ਗਿਆ। ਇਸ ਕਾਰਜ ਦੇ ਪੂਰਾ ਹੋਣ ਨਾਲ ਕਰੀਬ ਦਰਜਨ ਪਿੰਡਾਂ ਨੂੰ ਫਾਇਦਾ ਮਿਲੇਗਾ। ਇਸ ਕਾਰਜ ਨੂੰ ਪੂਰਾ ਕਰਨ ਦੇ ਲਈ ਕਰੀਬ ਇਕ ਕਰੋੜ ਰੁਪਿਆ ਖਰਚਿਆ ਜਾ ਰਿਹਾ ਹੈ। ਵਿਧਾਇਕ ਰਾਏ ਨੇ ਕਿਹਾ ਕਿ ਰਾਜਪੁਰਾ ਅਤੇ ਘਨੌਰ ਤੋਂ ਆਉਣ ਵਾਲੇ ਬਹੁਤ ਸਾਰੇ ਲੋਕ ਇਸੇ ਰਸਤੇ ਆਉਂਦੇ ਹਨ। ਪਿਛਲੇ ਲੰਮੇ ਸਮੇਂ ਤੋਂ ਇਲਾਕਾ ਨਿਵਾਸੀ ਇਸ ਰਸਤੇ ਨੂੰ ਪੱਕਾ ਕਰਨ ਅਤੇ ਪੁਲ ਦੀ ਉਸਾਰੀ ਦੀ ਮੰਗ ਕਰ ਰਹੇ ਸਨ ਜਿਸ ਨੂੰ ਹੁਣ ਅਮਲੀ ਜਾਮਾ ਪਹਿਨਾਇਆ ਗਿਆ ਹੈ। ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਪੇਂਡੂ ਖੇਤਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਉਹਨਾਂ ਦੀ ਮੁੱਖ ਤਰਜੀਹ ਹੈ। ਪਿੰਡ ਦੇ ਸਰਪੰਚ ਸਿਕੰਦਰ ਸਿੰਘ ਨੇ ਕਿਹਾ ਕਿ ਉਹ ਵਿਧਾਇਕ ਲਖਵੀਰ ਸਿੰਘ ਰਾਏ ਦੇ ਧੰਨਵਾਦੀ ਹਨ ਜਿਨਾਂ ਨੇ ਹਮੇਸ਼ਾ ਹੀ ਉਹਨਾਂ ਦੇ ਪਿੰਡ ਵੱਲ ਧਿਆਨ ਦਿੱਤਾ ਹੈ ਅਤੇ ਜਿਹੜੀ ਵੀ ਮੰਗ ਉਹਨਾਂ ਦੇ ਧਿਆਨ ਚ ਲਿਆਂਦੀ ਗਈ ਹੈ ਉਸ ਨੂੰ ਪੂਰਾ ਕੀਤਾ ਗਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਣਵੀਰ ਸਿੰਘ, ਸਲਿੰਦਰ ਸਿੰਘ, ਸੁਖਵਿੰਦਰ ਕੌਰ, ਸੁਖਦੀਪ ਸਿੰਘ, ਰਾਜ ਦਵਿੰਦਰ ਸਿੰਘ ਘੁੰਮਣ, ਮਨਦੀਪ ਪੋਲਾ, ਸਰਪੰਚ ਦਲੇਰ ਸਿੰਘ, ਅਵਤਾਰ ਸਿੰਘ ਪੰਜੋਲਾ ਸਰਪੰਚ, ਸੁਖਵਿੰਦਰ ਸਿੰਘ, ਬੇਅੰਤ ਸਿੰਘ ਕੋਟਲਾ, ਜਗਜੀਤ ਸਿੰਘ, ਸੱਜਣ ਸਿੰਘ, ਸੰਤੋਖ ਸਿੰਘ, ਲਵਪ੍ਰੀਤ ਸਿੰਘ, ਭੀਮ ਸਿੰਘ, ਜਸਵੰਤ ਸਿੰਘ, ਬੂਟਾ ਸਿੰਘ, ਐਸਡੀਓ ਕ੍ਰਿਸ਼ਨ ਕੁਮਾਰ, ਜੇਈ ਹਰਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।



## ਈ ਐਸ ਆਈ ਸੀ ਨੇ ਸ੍ਰੀ ਮੁਕਤਸਰ ਸਾਹਿਬ ਵਿਖੇ ਨਵੇਂ ਬ੍ਰਾਂਚ ਦਫ਼ਤਰ ਦਾ ਕੀਤਾ ਉਦਘਾਟਨ

**ਮੁਕਤਸਰ (ਕੁਲ ਭੂਸ਼ਨ ਚਾਵਲਾ)** ਭਾਰਤ ਸਰਕਾਰ ਦੇ ਕਿਰਤ ਅਤੇ ਰੁਜ਼ਗਾਰ ਮੰਤਰਾਲੇ ਦੇ ਅਧੀਨ ਕਰਮਚਾਰੀ ਰਾਜ ਬੀਮਾ ਨਿਗਮ (ਈ ਐਸ ਆਈ ਸੀ) ਨੇ ਸ੍ਰੀ ਮੁਕਤਸਰ ਸਾਹਿਬ ਵਿਖੇ ਇੱਕ ਨਵੇਂ ਬ੍ਰਾਂਚ ਦਫ਼ਤਰ ਦੇ ਉਦਘਾਟਨ ਨਾਲ ਪੰਜਾਬ ਵਿੱਚ ਆਪਣੀ ਸਥਿਤੀ ਦਾ ਵਿਸਥਾਰ ਕੀਤਾ ਹੈ।ਨਵੇਂ ਬ੍ਰਾਂਚ ਦਫ਼ਤਰ ਦਾ ਉਦਘਾਟਨ ਡਾ. ਹੇਮੰਤ ਗਰਗ, ਡਿਪਟੀ ਡਾਇਰੈਕਟਰ-ਕਮ-ਰਿਕਵਰੀ ਅਫ਼ਸਰ, ਪੰਜਾਬ ਨੇ ਕੀਤਾ।ਡਾ. ਗਰਗ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਆਪਕ ਦ੍ਰਿਸ਼ਟੀਕੋਣ ਦੇ ਅਨੁਸਾਰ, ਜਿਸਦਾ ਉਦੇਸ਼ ਸਾਰਿਆਂ ਦਾ ਵਿਕਾਸ, ਕਾਮਿਆਂ ਦੀ ਭਲਾਈ ਅਤੇ 'ਵਿਕਸਿਤ ਭਾਰਤ 2047' ਦ੍ਰਿਸ਼ਟੀਕੋਣ ਦੇ ਤਹਿਤ ਮਜ਼ਬੂਤ ਸੰਸਥਾਗਤ ਢਾਂਚਾ ਬਣਾਉਣਾ ਹੈ, ਈ ਐਸ ਆਈ ਸੀ 15 ਕਰੋੜ ਤੋਂ ਵੱਧ ਲਾਭਪਾਤਰੀਆਂ ਦੀ ਸੇਵਾ ਕਰਨ ਵਾਲੀ ਇੱਕ ਵੱਡੀ, ਏਕੀਕ੍ਰਿਤ ਸਮਾਜਿਕ ਸੁਰੱਖਿਆ ਅਤੇ ਸਿਹਤ ਸੰਭਾਲ ਸੰਸਥਾਨ ਵਿੱਚ ਬਦਲ ਰਿਹਾ ਹੈ।ਡਾ. ਗਰਗ ਨੇ ਭਾਰਤ ਦੇ ਸਮਾਜਿਕ ਸੁਰੱਖਿਆ ਵਾਤਾਵਰਣ ਨੂੰ ਮਜ਼ਬੂਤ ਕਰਨ ਵਿੱਚ ਉਨ੍ਹਾਂ ਦੇ ਸਮਰਪਿਤ ਯਤਨਾਂ ਲਈ ਮਾਨਯੋਗ ਕੇਂਦਰੀ ਕਿਰਤ ਅਤੇ ਰੁਜ਼ਗਾਰ ਮੰਤਰੀ, ਮਨਸੁਖ ਮਾਂਡਵੀਆ ਦੀ ਦੂਰਦਰਸ਼ੀ ਅਗਵਾਈ ਦੀ ਸ਼ਲਾਘਾ ਕੀਤੀ।



## ਸਰਕਾਰ ਸੁਣ ਨਹੀਂ ਰਹੀ ਧਰਨਾਕਾਰੀਆਂ ਦੀ ਗੱਲ : ਧੂੜਕੋਟ





**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**- ਐਨ ਐਚ 254 ਪੱਤੋ ਜਵਾਹਰ ਸਿੰਘ ਵਾਲਾ ਰੋਡ 'ਤੇ ਚੱਲ ਰਿਹਾ ਅੱਠ ਮਹੀਨਿਆਂ ਤੋਂ ਧਰਨਾ ਪਰ ਸਰਕਾਰ ਨਹੀਂ ਸੁਣ ਰਹੀ ਧਰਨਾਕਾਰੀਆਂ ਦੀ ਗੱਲ। ਤੇਜ਼ ਮੀਂਹ ਵਿੱਚ ਪਹੁੰਚੇ ਸ਼ੇਰ ਏ ਪੰਜਾਬ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਭੰਗੂ ਅਤੇ ਮੋਗਾ ਜ਼ਿਲ੍ਹਾ ਦੇ ਪ੍ਰਧਾਨ ਆਤਮਾ ਸਿੰਘ ਧੂੜਕੋਟ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਿੰਡਾਂ ਵਿੱਚੋਂ ਚੱਲਣ ਵਾਲੀ ਸਰਕਾਰ ਹੁਣ ਸੁਣ ਨਹੀਂ ਰਹੀ ਧਰਨਾਕਾਰੀਆਂ ਦੀ ਗੱਲ ਅਤੇ ਟੱਸ ਤੋਂ ਮੱਸ ਨਹੀਂ ਹੋ ਰਹੀ। ਸਰਕਾਰ ਨੇ ਕਿਹਾ ਸੀ ਕੇ ਸਾਡੀ ਸਰਕਾਰ ਵਿੱਚ ਕੋਈ ਵੀ ਧਰਨਾ ਨਹੀ ਲੱਗੂਗਾ ਪਰ ਇਹ ਸਭ ਕੁੱਝ ਉਲਟ ਹੋ ਰਿਹਾ ਹੈ। ਉਸ ਤੋਂ ਇਲਾਵਾ ਸ਼ੇਰ ਏ ਪੰਜਾਬ ਯੂਨੀਅਨ ਮੋਗਾ ਦੇ ਪ੍ਰਧਾਨ ਆਤਮਾ ਸਿੰਘ ਧੂੜਕੋਟ ਨੇ ਕਿਹਾ ਕਿ ਇਸ ਸਮੱਸਿਆ ਦਾ ਜਲਦੀ ਹੱਲ ਨਾ ਕੱਢਿਆ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਮੀਤ ਪ੍ਰਧਾਨ ਗਗਨਦੀਪ ਸਿੰਘ ਡੀਪੀ, ਤੋਤਾ ਸਿੰਘ ਜ਼ਿਲ੍ਹਾ ਵਿੱਤ ਸਕੱਤਰ ਮੋਗਾ, ਮੁੱਖ ਬੁਲਾਰਾ ਹਰਜਿੰਦਰ ਸਿੰਘ ਗਿੱਲ, ਬਲਾਕ ਪ੍ਰਧਾਨ ਇਕਬਾਲ ਸਿੰਘ ਰਣਸੀਹ ਖੁਰਦ, ਇਕਾਈ ਪ੍ਰਧਾਨ ਹਰਜਿੰਦਰ ਸਿੰਘ ਜਵਾਹਰ ਸਿੰਘ ਵਾਲਾ ਤੋਂ ਇਲਾਵਾ ਸੇਰੇ ਏ ਪੰਜਾਬ ਯੂਨੀਅਨ ਦੇ ਸਮੂਹ ਕਿਸਾਨ ਆਗੂ ਅਤੇ ਔਰਤਾਂ ਹਾਜ਼ਰ ਸਨ।

# ਲਾਇਨਜ਼ ਕਲੱਬ ਨੂੰ ਐਵਾਰਡਾਂ ਨਾਲ ਸਨਮਾਨਿਆ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**- ਲਾਇਨਜ਼ ਕਲੱਬ 321 ਐੱਫ ਦੀ ਰੀਜ਼ਨ ਚੇਅਰਮੈਨ ਲਾਇਨ ਆਸ਼ੀਸ਼ ਸ਼ਰਮਾ ਦੀ ਅਗਵਾਈ ਹੇਠ ਫਿਰੋਜ਼ਪੁਰ ਵਿਖੇ ਮੀਟਿੰਗ ਹੋਈ ਜਿਸ ਵਿੱਚ ਲਾਇਨਜ਼ ਕਲੱਬ 321 ਐੱਫ.ਦੇ ਡਿਸਟ੍ਰਿਕ ਗਵਰਨਰ ਲਾਇਨ ਅੰਮ੍ਰਿਤਪਾਲ ਸਿੰਘ ਜੰਡੂ ਅਤੇ ਮਲਟੀਪਲ ਕੌਂਸ਼ਲ ਚੇਅਰਪਰਸਨ ਲਾਇਨ ਰਜਿੰਦਰ ਸੱਘਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਦੌਰਾਨ ਲਾਇਨਜ਼ ਕਲੱਬ ਨਿਹਾਲ ਸਿੰਘ ਵਾਲਾ ਨੂੰ ਇਲਾਕੇ ਵਿੱਚ ਕੀਤੇ ਗਏ ਸਮਾਜ ਸੇਵਾ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਦੇਖਦੇ ਹੋਏ ਕਈ ਐਵਾਰਡਾਂ ਨਾਲ ਸਨਮਾਨ ਮਿਲਿਆ। ਇਸ ਮੌਕੇ ਲਾਇਨਜ਼ ਕਲੱਬ 321 ਐੱਫ ਦੇ ਡਿਸਟ੍ਰਿਕ ਗਵਰਨਰ ਅੰਮ੍ਰਿਤਪਾਲ ਸਿੰਘ ਜੰਡੂ ਅਤੇ ਮਲਟੀਪਲ ਕੌਂਸ਼ਲ ਲਾਇਨ ਰਜਿੰਦਰ ਸੱਘਰ ਵੱਲੋਂ ਲਾਇਨਜ਼ ਕਲੱਬ ਨਿਹਾਲ ਸਿੰਘ ਵਾਲਾ ਦੇ ਪ੍ਰਧਾਨ ਵਿਸ਼ਾਲ ਮਿੱਤਲ, ਸੈਕਟਰੀ ਪ੍ਰਦੀਪ ਗੋਇਲ, ਕੈਸੀਅਰ ਦੀਸ਼ਦੀਪਕ, ਪੀ. ਆਰ. ਓ. ਬਲਜਿੰਦਰ ਬਾਂਸਲ, ਕੈਬਨਿਟ ਮੈਂਬਰ ਪਵਨ ਗੋਇਲ, ਕੈਬਨਿਟ ਮੈਂਬਰ ਕਮਲ ਮੰਗਲਾਂ, ਕੈਬਨਿਟ ਮੈਂਬਰ ਰਾਮ ਲਾਲ ਜੈਨ ਅਤੇ ਦੀਪਕ ਗਰਗ ਅਤੇ ਲਾਇਨ ਪ੍ਰਦੀਪ ਗਰਗ ਨੂੰ ਲਾਇਨ ਆਫ ਦੀ ਈਅਰ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਲਾਇਨਜ਼ ਕਲੱਬ ਨਿਹਾਲ ਸਿੰਘ ਵਾਲਾ ਨੂੰ ਮਾਸ ਮੈਰਿਜ ਗਰੀਬ ਲੜਕੀਆਂ ਦੇ ਸਮੂਹਿਕ ਵਿਆਹ ਕਰਵਾਉਣ ਲਈ ਰੀਜਨ ਵਿੱਚੋ ਵਿਸ਼ੇਸ਼ ਤੌਰ 'ਤੇ ਐਵਾਰਡ ਹਾਸਲ ਹੋਇਆ। ਇਸ ਮੌਕੇ ਡਿਸਟ੍ਰਿਕ ਗਵਰਨਰ ਲਾਇਨ ਅੰਮ੍ਰਿਤਪਾਲ ਸਿੰਘ ਜੰਡੂ ਅਤੇ ਮਲਟੀਪਲ ਕੌਂਸ਼ਲ ਮੈਂਬਰ ਲਾਇਨ ਰਜਿੰਦਰ ਸੱਘਰ ਨੇ ਕਿਹਾ ਕਿ ਲਾਇਨਜ਼ ਕਲੱਬ ਨਿਹਾਲ ਸਿੰਘ ਵਾਲਾ ਦੇ ਪ੍ਰਧਾਨ, ਅਹੁਦੇਦਾਰ ਅਤੇ ਹਰ ਮੈਂਬਰ ਬਹੁਤ ਹੀ ਮਿਹਨਤੀ ਹਨ ਜਿਨ੍ਹਾਂ ਨੇ ਲਾਇਨਜ਼ ਕਲੱਬ ਵਿੱਚ ਮਿਹਨਤ ਕਰ ਕੇ ਲਾਇਨਜ਼ ਕਲੱਬ ਨੂੰ ਬੁਲੰਦੀਆਂ ਤੇ ਪਹੁੰਚਾਇਆ ਹੈ ਜਿਸ ਦੀ ਬਦੌਲਤ ਹੀ ਅੱਜ ਲਾਇਨਜ਼ ਕਲੱਬ ਨਿਹਾਲ ਸਿੰਘ ਵਾਲਾ ਨੇ ਲਾਇਨਜ਼ ਕਲੱਬ ਦੇ ਰੀਜਨ ਵਿੱਚੋਂ ਕਈ ਐਵਾਰਡ ਹਾਸਲ ਕੀਤੇ ਹਨ।



# 'ਆਪ' ਦੇ ਨਵ-ਨਿਯੁਕਤ ਆਗੂਆਂ ਨਹਿਲ, ਬਦੇਸ਼ਾ ਤੇ ਬਰੜਵਾਲ ਦਾ ਸਨਮਾਨ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** ਆਮ ਆਦਮੀ ਪਾਰਟੀ ਦੇ ਲੀਗਲ ਵਿੰਗ ਦੇ ਜੱਥੇਬੰਦਕ ਢਾਂਚੇ ਵਿੱਚ ਕੀਤੇ ਗਏ ਤਾਜ਼ਾ ਵਿਸਥਾਰ ਦੌਰਾਨ ਮਿਹਨਤੀ ਆਗੂਆਂ ਨੂੰ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ।ਪੰਜਾਬ ਦੇ ਵਿੱਤ ਮੰਤਰੀ ਜਨਾਬ ਹਰਪਾਲ ਸਿੰਘ ਚੀਮਾ ਦੀ ਟੀਮ 'ਚ ਸ਼ੁਮਾਰ ਐਡਵੋਕੇਟ ਗੁਰਬਚਨ ਸਿੰਘ ਨਹਿਲ ਨੂੰ ਜ਼ਿਲ੍ਹਾ ਪ੍ਰਧਾਨ ਸੰਗਰੂਰ, ਅਮਰਪ੍ਰੀਤ ਸਿੰਘ ਬਦੇਸ਼ਾ ਨੂੰ ਲੀਗਲ ਵਿੰਗ ਦਾ ਜ਼ਿਲ੍ਹਾ ਮੀਤ ਪ੍ਰਧਾਨ ਤੇ ਯਾਦਵਿੰਦਰ ਸਿੰਘ ਬਰੜਵਾਲ ਨੂੰ ਬਤੌਰ ਜ਼ਿਲ੍ਹਾ ਸੈਕਟਰੀ ਨਿਯੁਕਤ ਕੀਤਾ ਗਿਆ ਹੈ।ਅੱਜ ਧੂਰੀ ਵਿਖੇ 'ਦਿ ਐੱਜ ਓਵਰਸੀਜ਼ ਕੰਸਲਟੈਂਟ' ਦੇ ਸੀ.ਐੱਮ.ਡੀ. ਜਗਸੀਰ ਸਿੰਘ ਜੱਗੀ ਢੀਂਡਸਾ ਦੀ ਅਗਵਾਈ ਨਵ-ਨਿਯੁਕਤ ਆਗੂਆਂ ਦਾ ਨਿੱਘਾ ਸਵਾਗਤ ਕੀਤਾ ਗਿਆ ਤੇ ਉਨ੍ਹਾਂ ਨੂੰ ਸਨਮਾਨਤ ਚਿੰਨ੍ਹ ਭੇਟ ਕਰਕੇ ਉਨ੍ਹਾਂ ਦਾ ਮਾਣ ਵਧਾਇਆ ਗਿਆ।ਸਨਮਾਨ ਹਾਸਲ ਕਰਨ ਉਪਰੰਤ ਗੁਰਬਚਨ ਸਿੰਘ ਨਹਿਲ, ਅਮਰਪ੍ਰੀਤ ਸਿੰਘ ਬਦੇਸ਼ਾ ਤੇ ਯਾਦਵਿੰਦਰ ਸਿੰਘ ਬਰੜਵਾਲ ਨੇ ਪਾਰਟੀ ਲੀਡਰਸ਼ਿਪ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਆਪਣੀ ਇਸ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਇਮਾਨਦਾਰੀ ਤੇ ਨਿਸ਼ਕਾਮ ਭਾਵਨਾ ਨਾਲ ਨਿਭਾਉਣਗੇ।ਇਸ ਮੌਕੇ ਮੌਜੂਦ ਹਰਸ਼ ਸਿੰਘ ਢੀਂਡਸਾ, ਮੱਖਣ ਸਿੰਘ ਸ਼ੇਰਗਿੱਲ ਤੇ ਦਲਜੀਤ ਸਿੰਘ ਨੇ ਨਹਿਲ, ਬਦੇਸ਼ਾ ਤੇ ਬਰੜਵਾਲ ਦੀ ਸਖ਼ਤ ਮਿਹਨਤ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।ਅੰਤ ਵਿੱਚ ਜਗਸੀਰ ਸਿੰਘ ਜੱਗੀ ਢੀਂਡਸਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਆਸ ਪ੍ਰਗਟਾਈ ਕਿ ਇਹ ਨਿਯੁਕਤੀਆਂ ਆਉਣ ਵਾਲੇ ਸਮੇਂ ਵਿੱਚ ਪਾਰਟੀ ਲਈ ਮੀਲ ਦਾ ਪੱਥਰ ਸਾਬਿਤ ਹੋਣਗੀਆਂ।



## ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਦੂਸਰਾ ਗੁਰਮਤਿ ਸਮਾਗਮ 11 ਨੂੰ

**ਜਗਰਾਉਂ (ਸੰਜੀਵ ਅਰੋੜਾ)** ਡੀ ਏ ਵੀ ਕਾਲਜ ਦੀ ਵਿਦਿਆਰਥੀ ਜੱਥੇਬੰਦੀ ਵੱਲੋਂ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਦੂਸਰਾ ਮਹਾਨ ਗੁਰਮਤਿ ਸਮਾਗਮ 11 ਅਪ੍ਰੈਲ ਨੂੰ ਡੀ.ਏ.ਵੀ. ਕਾਲਜ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ, ਜਿਸ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਅਤੇ ਗਿਆਨੀ ਤੇਜਬੀਰ ਸਿੰਘ ਦਮਦਮੀ ਟਕਸਾਲ ਵਾਲੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਣਗੇ। ਸਮਾਗਮ ਦੌਰਾਨ ਹਜ਼ੂਰੀ ਰਾਗੀ ਭਾਈ ਸੰਦੀਪ ਸਿੰਘ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਸਮਾਗਮ ਸੰਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਸੱਦਾ ਪੱਤਰ ਕਾਰਡ ਜਾਰੀ ਕੀਤਾ। ਇਸ ਮੌਕੇ ਸਟੂਡੈਂਟ ਕਾਊਂਸਲ ਦੇ ਪ੍ਰਧਾਨ ਨਵਦੀਪ ਸਿੰਘ ਤੇ ਤਰਨਪ੍ਰੀਤ ਸਿੰਘ ਖਾਲਸਾ ਨੇ ਦੱਸਿਆ ਕਿ ਜਿੱਥੇ ਵਿਦਿਆਰਥੀ ਦੁਨਿਆਵੀ ਵਿੱਦਿਆ ਨਾਲ ਜੁੜੇ ਹਨ, ਉਥੇ ਹੀ ਉਨ੍ਹਾਂ ਨੂੰ ਗੁਰਬਾਣੀ ਤੇ ਗੁਰਸਿੱਖੀ ਨਾਲ ਵੀ ਜੁੜਨਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਇਹ ਵਿਦਿਆਰਥੀ ਜੱਥੇਬੰਦੀ ਵੱਲੋਂ ਦੂਸਰਾ ਮਹਾਨ ਗੁਰਮਤਿ ਸਮਾਗਮ ਹੈ, ਜਿਸ 'ਚ ਪੰਥ ਦੀ ਨਾਮਵਰ ਸ਼ਖ਼ਸੀਅਤ ਹਾਜ਼ਰੀ ਭਰਨਗੀਆਂ। ਇਸ ਮੌਕੇ ਮੈਨੇਜਰ ਗੁਰਪ੍ਰੀਤ ਸਿੰਘ, ਸਨੀ ਸਿੰਘ, ਸਿਮਰਨਜੀਤ ਸਿੰਘ ਸਰਨਾ, ਰੋਬਿਨਦੀਪ ਸਿੰਘ, ਅਰਸ਼ਦੀਪ ਸਿੰਘ, ਤਰਨਦੀਪ ਸਿੰਘ, ਲਖਵੀਰ ਸਿੰਘ, ਹਰਮਨਦੀਪ ਸਿੰਘ, ਜਸਦੇਵਜਸ਼ਨ ਸਿੰਘ ਤੇ ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।



## ...ਸ.ਫਾ 1 ਦੇ ਬਾਕੀ

### ਪਾਕਿਸਤਾਨ ਦੀ ਅਪੀਲ 'ਤੇ...

ਪੈਦਾ ਹੋਇਆ, ਜਿੱਥੇ ਫਾਰਸੀ ਸੰਸਕਰਣ ਵਿੱਚ 'ਪ੍ਰਮਾਣੂ ਸੋਧ ਦੀ ਪ੍ਰਵਾਨਗੀ' ਸ਼ਾਮਲ ਸੀ। ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਗਚੀ ਨੇ ਕਿਹਾ ਕਿ ਜਲਮਾਰਗ ਰਾਹੀਂ ਆਵਾਜਾਈ ਈਰਾਨੀ ਫੌਜੀ ਪ੍ਰਬੰਧਨ ਹੇਠ ਹੋਵੇਗੀ ਅਤੇ ਇਸ ਰਾਹੀਂ ਲੰਘਣ ਵਾਲੇ ਜਹਾਜ਼ਾਂ ਤੋਂ ਈਰਾਨ ਅਤੇ ਓਮਾਨ ਫੀਸ ਵਸੂਲਣਗੇ, ਜਿਸ ਦੀ ਵਰਤੋਂ ਈਰਾਨ ਆਪਣੇ ਮੁੜ ਨਿਰਮਾਣ ਲਈ ਕਰੇਗਾ। ਈਰਾਨ ਨੇ ਜੰਗ ਖਤਮ ਕਰਨ ਲਈ ਖੇਤਰ ਵਿੱਚੋਂ ਅਮਰੀਕੀ ਫੌਜਾਂ ਦੀ ਵਾਪਸੀ, ਪਾਬੰਦੀਆਂ ਹਟਾਉਣ ਅਤੇ ਫਰੀਜ਼ ਕੀਤੇ ਗਏ ਫੰਡਾਂ ਨੂੰ ਜਾਰੀ ਕਰਨ ਦੀ ਮੰਗ ਕੀਤੀ ਹੈ। ਟਰੰਪ ਨੇ ਦੱਸਿਆ ਕਿ ਉਨ੍ਹਾ ਨੇ ਜੰਗਬੰਦੀ ਦਾ ਫੈਸਲਾ ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ ਅਤੇ ਫੌਜ ਮੁਖੀ ਜਨਰਲ ਆਸਿਮ ਮੁਨੀਰ ਨਾਲ ਗੱਲਬਾਤ ਤੋਂ ਬਾਅਦ ਲਿਆ।

ਜੰਗਬੰਦੀ ਦੇ ਐਲਾਨ ਦੇ ਬਾਵਜੂਦ ਤਹਿਰਾਨ ਦੀਆਂ ਸੜਕਾਂ 'ਤੇ ਸਰਕਾਰ ਪੱਖੀ ਪ੍ਰਦਰਸ਼ਨਕਾਰੀਆਂ ਨੇ ਅਮਰੀਕਾ ਅਤੇ ਇਜ਼ਰਾਈਲ ਵਿਰੁੱਧ ਨਾਅਰੇਬਾਜ਼ੀ ਕੀਤੀ। ਜੰਗ ਸ਼ੁਰੂ ਹੋਣ ਤੋਂ ਹੁਣ ਤੱਕ ਈਰਾਨ ਵਿੱਚ 1,900 ਤੋਂ ਵੱਧ ਅਤੇ ਲਿਬਨਾਨ ਵਿੱਚ 1,500 ਤੋਂ ਵੱਧ ਲੋਕ ਮਾਰੇ ਜਾ ਚੁੱਕੇ ਹਨ, ਜਦਕਿ ਲੱਖਾਂ ਲੋਕ ਬੇਘਰ ਹੋਏ ਹਨ। ਪਾਕਿਸਤਾਨ ਨੇ ਬੁੱਧਵਾਰ ਅਮਰੀਕਾ ਅਤੇ ਈਰਾਨ ਨੂੰ ਸ਼ੁੱਕਰਵਾਰ ਨੂੰ ਇਸਲਾਮਾਬਾਦ ਵਿੱਚ ਗੱਲਬਾਤ ਲਈ ਸੱਦਾ ਦਿੱਤਾ ਹੈ। ਇਸ ਦੌਰਾਨ ਸੂਤਰਾਂ ਅਨੁਸਾਰ ਚੀਨ, ਜੋ ਕਿ ਈਰਾਨ ਦਾ ਸਭ ਤੋਂ ਵੱਡਾ ਵਪਾਰਕ ਭਾਈਵਾਲ ਹੈ, ਨੇ ਅਮਰੀਕਾ ਨਾਲ ਜੰਗ ਵਿੱਚ ਜੰਗਬੰਦੀ ਦਾ ਰਸਤਾ ਲੱਭਣ ਲਈ ਈਰਾਨੀਆਂ ਨਾਲ ਗੱਲਬਾਤ ਕੀਤੀ।

### ਭਗਤ ਸਿੰਘ ਤੇ ਸਾਥੀਆਂ ਦੇ ਵਿਚਾਰਾਂ ...

ਵਿਚਾਰਧਾਰਾਵਾਂ ਕਦੇ ਹਥਿਆਉਣ, ਕਦੇ ਬਦਨਾਮ ਕਰਨ ਦੇ ਸਾਰੇ ਹੱਥਕੰਡੇ ਵਰਤਦੀਆਂ ਹਨ, ਪਰ ਸਮਾਜਕ ਬਦਲਾਅ ਭਾਵ ਇਨਕਲਾਬ ਦੇ ਚਿੰਨ੍ਹ ਭਗਤ ਸਿੰਘ ਦੀ ਹਸਤੀ ਨੂੰ ਮਿਟਾਇਆ ਨਹੀਂ ਜਾ ਸਕਦਾ। ਇਸ ਵਿਚਾਰ-ਚਰਚਾ 'ਚ ਕਮੇਟੀ ਦੇ ਮੀਤ ਪ੍ਰਧਾਨ ਡਾ. ਪਰਮਿੰਦਰ, ਸਰਵਜੀਤ ਗਿੱਲ, ਕਮੇਟੀ ਮੈਂਬਰ ਪ੍ਰੋ. ਤੇਜਿੰਦਰ ਵਿਰਲੀ, ਕਮੇਟੀ ਮੈਂਬਰ ਅਜਮੇਰ ਸਿੰਘ, ਵਿਦਿਆਰਥੀ ਪਰਵਿੰਦਰ ਕੌਰ, ਜਾਣੇ-ਪਹਿਚਾਣੇ ਪੱਤਰਕਾਰ ਰਮਨਦੀਪ ਸਿੰਘ ਸਿੱਧੂ, ਕਮੇਟੀ ਮੈਂਬਰ ਅਤੇ ਮਿਊਜ਼ੀਅਮ ਕਮੇਟੀ ਦੇ ਕਨਵੀਨਰ ਸੁਰਿੰਦਰ ਕੁਮਾਰੀ ਕੋਛੜ ਅਤੇ ਕਮੇਟੀ ਮੈਂਬਰ ਮੰਗਤ ਰਾਮ ਪਾਸਲਾ ਨੇ ਵਿਚਾਰ ਰੱਖੇ।

ਬੁਲਾਰਿਆਂ ਨੇ ਜ਼ੋਰ ਦਿੱਤਾ ਕਿ ਭਗਤ ਸਿੰਘ ਦੀ ਸ਼ਖ਼ਸੀਅਤ, ਉਸ ਦੀ ਅਤੇ ਉਸ ਦੇ ਸਾਥੀਆਂ ਦੀ ਦੇਣ, ਪੜ੍ਹਨ ਅਧਿਐਨ ਕਰਨ ਅਤੇ ਅਮਲ 'ਚ ਵਿਚਾਰਾਂ ਨੂੰ ਲਾਗੂ ਕਰਨ ਦੀ ਉਹਨਾਂ ਦੀ ਯੋਗਤਾ ਨੂੰ ਤਾਂ ਸਲਾਮ ਕਰਨਾ ਬਣਦਾ ਹੀ ਹੈ, ਇਸ ਤੋਂ ਕਿਤੇ ਵੱਧ ਜ਼ਰੂਰੀ ਹੈ ਕਿ ਉਹਨਾਂ ਦੇ ਅਧੂਰੇ ਕਾਜ਼ ਨੂੰ ਨੇਪਰੇ ਚਾੜ੍ਹਨ ਲਈ ਤਨਦੇਹੀ ਨਾਲ ਇਕਜੁੱਟ ਹੋ ਕੇ ਲੋਕ ਸੰਗਰਾਮ ਦੀ ਸੂਝ-ਬੂਝ ਦਾ ਲੋਕਾਈ ਵਿੱਚ ਸੰਚਾਰ ਕੀਤਾ ਜਾਏ। ਕਮੇਟੀ ਮੈਂਬਰ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਵੱਲੋਂ ਕਮੇਟੀ ਦੀ ਤਰਫ਼ੋਂ ਰੱਖੇ ਮਤਿਆਂ 'ਚ ਮੰਗ ਕੀਤੀ ਗਈ ਕਿ ਇਰਾਨ ਉਪਰ ਅਮਰੀਕੀ-ਇਜ਼ਰਾਇਲੀ ਹਮਲੇ ਬੰਦ ਕੀਤੇ ਜਾਣ, ਤਾਜ਼ਾ ਲੇਬਰ ਕਾਨੂੰਨ ਮੂਲੋਂ ਰੱਦ ਕੀਤੇ ਜਾਣ, ਮੁਲਕ ਅੰਦਰ ਫ਼ਿਰਕੂ ਫਾਸ਼ੀ ਮਾਹੌਲ ਦੀ ਗਰਮ ਹਵਾ ਵਗਾਉਣਾ ਬੰਦ ਕੀਤਾ ਜਾਵੇ। ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਉਪਰ ਰੋਕਾਂ ਬੰਦ ਕੀਤੀਆਂ ਜਾਣ ਅਤੇ ਜੇਲ੍ਹੀਂ ਡੱਕੇ ਲੋਕਾਂ ਦੇ ਪ੍ਰਤੀਨਿਧਾਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਏ। ਮੌਸਮ ਦੀ ਖਰਾਬੀ ਨਾਲ ਹੋਏ ਫ਼ਸਲਾਂ ਦੇ ਨੁਕਸਾਨ ਕਾਰਨ ਕਿਸਾਨਾਂ-ਮਜ਼ਦੂਰਾਂ ਦੀ ਤੁਰੰਤ ਬਾਂਹ ਫੜੀ ਜਾਏ। ਇਹਨਾਂ ਮਤਿਆਂ ਦੀ ਹੱਥ ਖੜ੍ਹੇ ਕਰਕੇ ਸਮੂਹ ਹਾਜ਼ਰੀਨ ਨੇ ਪ੍ਰਵਾਨਗੀ ਦਿੱਤੀ।

ਸਮਾਗਮ ਦੇ ਸਿਖ਼ਰ 'ਤੇ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਨੂੰ ਜਾਨਣ ਸਮਝਣ ਲਈ ਸਾਨੂੰ ਗਹਿਰਾਈ ਨਾਲ ਪੜ੍ਹਨ, ਵਿਚਾਰਨ ਅਤੇ ਲੋਕਾਂ ਨਾਲ ਆਤਮਸਾਤ ਹੋਣ ਦੀ ਲੋੜ ਹੈ। ਉਹਨਾ ਕਿਹਾ ਕਿ ਅਜਿਹੀ ਵਿਚਾਰ-ਚਰਚਾ ਮਿਲਣੀ ਦਾ ਆਪਣਾ ਮਹੱਤਵ ਹੈ ਇਹ ਭਵਿੱਖ ਵਿੱਚ ਵੀ ਜਾਰੀ ਰੱਖੀ ਜਾਏਗੀ। ਇਸ ਸਮਾਗਮ 'ਚ ਕਮੇਟੀ ਮੈਂਬਰ ਅਤੇ ਆਡਿਟ/ ਦੇਖ-ਰੇਖ ਕਮੇਟੀ ਦੇ ਕਨਵੀਨਰ ਰਣਜੀਤ ਸਿੰਘ ਔਲਖ, ਕਮੇਟੀ ਮੈਂਬਰ ਕੁਲਬੀਰ ਸਿੰਘ ਸੰਘੇੜਾ, ਕਮੇਟੀ ਮੈਂਬਰ ਪ੍ਰਗਟ ਸਿੰਘ ਜਾਮਾਰਾਏ ਤੋਂ ਇਲਾਵਾ ਵਿਦਿਆਰਥੀ, ਨੌਜਵਾਨਾਂ, ਕਿਰਤੀ-ਕਿਸਾਨਾਂ, ਔਰਤ ਪ੍ਰਤੀਨਿਧਾਂ ਦੀ ਭਰਮੀ ਹਾਜ਼ਰੀ ਸੀ।

### 12 ਨੂੰ ਪਠਾਨਕੋਟ 'ਚ ਰਾਜ...

ਪੀੜ੍ਹੀਆਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਬਾਲੀ ਨੇ ਦੱਸਿਆ ਕਿ ਸਨਾਤਨ ਸੇਵਾ ਸਮਿਤੀ ਪੂਰੇ ਪੰਜਾਬ ਵਿੱਚ ਸਰਗਰਮੀ ਨਾਲ ਕੰਮ ਕਰ ਰਹੀ ਹੈ ਅਤੇ ਪਿਛਲੇ ਸਾਲ ਹੜ੍ਹਾਂ ਦੌਰਾਨ ਵੀ ਸਮਿਤੀ ਨੇ ਸ਼ਲਾਘਾਯੋਗ ਸੇਵਾਵਾਂ ਨਿਭਾਈਆਂ ਸਨ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਨੇ ਹਮੇਸ਼ਾ ਹੀ ਹਰ ਧਰਮ ਅਤੇ ਸਮਾਜ ਦੇ ਹਰ ਵਰਗ ਦੇ ਤਿਉਹਾਰਾਂ ਦਾ ਸਤਿਕਾਰ ਕੀਤਾ ਹੈ।

### ਨਿਰਮਲ ਧਾਲੀਵਾਲ ਸੀ ਪੀ ਆਈ ਪੰਜਾਬ ਨਵੇਂ ਸਕੱਤਰ...

ਸਿੰਘ ਅਰਸ਼ੀ, ਪ੍ਰਿਥੀਪਾਲ ਸਿੰਘ ਮਾੜੀਮੇਘਾ, ਅਮਰਜੀਤ ਸਿੰਘ ਆਸਲ, ਦੇਵੀ ਕੁਮਾਰੀ ਸਰਹਾਲੀ ਕਲਾਂ, ਨਰਿੰਦਰ ਕੌਰ ਸੋਹਲ, ਬਲਦੇਵ ਸਿੰਘ ਨਿਹਾਲਗੜ੍ਹ, ਰਜਿੰਦਰਪਾਲ ਕੌਰ, ਲਖਬੀਰ ਸਿੰਘ ਨਿਜ਼ਾਮਪੁਰ, ਗੁਲਜ਼ਾਰ ਸਿੰਘ ਬਸੰਤ ਕੋਟ, ਕੁਲਵੰਤ ਸਿੰਘ ਮੌਲਵੀਵਾਲ, ਕ੍ਰਿਸ਼ਨ ਚੌਹਾਨ, ਦਵਿੰਦਰ ਸੋਹਲ, ਦਸਵਿੰਦਰ ਕੌਰ, ਕਸ਼ਮੀਰ ਸਿੰਘ ਫਿਰੋਜ਼ਪੁਰ, ਅਸ਼ੋਕ ਕੌਸ਼ਲ ਫਰੀਦਕੋਟ, ਮਹਿੰਦਰ ਪਾਲ ਸਿੰਘ ਮੁਹਾਲੀ, ਬਲਕਰਨ ਸਿੰਘ ਬਰਾੜ ਤੇ ਸੁਖਦੇਵ ਸਿੰਘ ਸਿਰਸਾ ਸ਼ਾਮਲ ਹਨ। ਕਾਰਜਕਾਰਨੀ ਲਈ ਕੁਝ ਸੀਟਾਂ ਖਾਲੀ ਰੱਖੀਆਂ ਗਈਆਂ ਹਨ। ਨਵੇਂ ਚੁਣੇ ਗਏ ਸੂਬਾ ਸਕੱਤਰੇਤ ਵਿੱਚ ਬੰਤ ਸਿੰਘ ਬਰਾੜ, ਨਿਰਮਲ ਸਿੰਘ ਧਾਲੀਵਾਲ, ਹਰਦੇਵ ਸਿੰਘ ਅਰਸ਼ੀ, ਪ੍ਰਿਥੀਪਾਲ ਸਿੰਘ ਮਾੜੀਮੇਘਾ, ਅਮਰਜੀਤ ਸਿੰਘ ਆਸਲ, ਨਰਿੰਦਰ ਕੌਰ ਸੋਹਲ, ਬਲਦੇਵ ਸਿੰਘ ਨਿਹਾਲਗੜ੍ਹ, ਦੇਵੀ ਕੁਮਾਰੀ ਸਰਹਾਲੀ ਕਲਾਂ ਅਤੇ ਕ੍ਰਿਸ਼ਨ ਕੁਮਾਰ ਚੌਹਾਨ (ਇਨਵਾਇਟੀ) ਸ਼ਾਮਲ ਹਨ। ਕੁਝ ਸੀਟਾਂ ਖਾਲੀ ਰੱਖੀਆਂ ਗਈਆਂ। ਸੂਬਾ ਕੌਂਸਲ ਵੱਲੋਂ ਕਾਮਰੇਡ ਨਰਿੰਦਰ ਕੌਰ ਸੋਹਲ ਨੂੰ ਸੂਬਾ ਕੈਸ਼ੀਅਰ ਵਜੋਂ ਚੁਣਿਆ ਗਿਆ। ਸਹਾਇਕ ਕੈਸ਼ੀਅਰ ਕਾਮਰੇਡ ਮਹਿੰਦਰ ਪਾਲ ਨੂੰ ਚੁਣਿਆ ਗਿਆ। ਕਾਮਰੇਡ ਐੱਨ ਕੇ ਗੌੜ, ਵੇਦ ਪ੍ਰਕਾਸ਼ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ 'ਤੇ ਅਧਾਰਤ ਆਡਿਟ ਕਮੇਟੀ ਦੀ ਚੋਣ ਕੀਤੀ ਗਈ। ਕੰਟਰੋਲ ਕਮਿਸ਼ਨ ਦਾ ਚੇਅਰਮੈਨ ਸੁਖਚੈਨ ਸਿੰਘ ਨੂੰ ਚੁਣਿਆ ਗਿਆ। ਚੇਅਰਮੈਨ ਦੀ ਚੋਣ ਲਈ ਕਾਮਰੇਡ ਚੰਦ ਫਤਿਹਪੁਰੀ ਨੇ ਨਾਂਅ ਪੇਸ਼ ਕੀਤਾ। ਸੂਬਾ ਕੌਂਸਲ ਵੱਲੋਂ ਨੈਸ਼ਨਲ ਕੌਂਸਲ ਲਈ 6 ਮੈਂਬਰਾਂ ਦੇ ਨਾਂਅ ਪ੍ਰਵਾਨਗੀ ਲਈ ਭੇਜੇ ਗਏ ਹਨ। ਇਸ ਦੌਰਾਨ ਪਿਛਲੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਨੇ ਆਪਣੇ ਕਾਰਜਕਾਲ ਦੌਰਾਨ ਪੂਰੇ ਪੰਜਾਬ ਦੇ ਕਮਿਊਨਿਸਟਾਂ ਅਤੇ ਹੋਰਨਾਂ ਵੱਲੋਂ ਮਿਲੇ ਪਿਆਰ-ਸਤਿਕਾਰ ਲਈ ਧੰਨਵਾਦ ਕੀਤਾ।

ਸੂਬਾ ਕੌਂਸਲ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਡੀ. ਰਾਜਾ ਨੇ ਕਿਹਾ ਕਿ ਸੀ ਪੀ ਆਈ ਕੋਈ ਇਮਾਰਤ ਨਹੀਂ, ਇਹ ਭਾਵਨਾਵਾਂ ਅਤੇ ਮਨੁੱਖੀ ਦਰਦ ਰੱਖਣ ਵਾਲੇ ਲੋਕਾਂ ਦੀ ਪਾਰਟੀ ਹੈ। ਇਸ ਲਈ ਅਸੀਂ ਸੋਚਣਾ ਹੈ ਕਿ ਮਨੁੱਖਤਾ ਲਈ ਹੋਰ ਚੰਗੇਰਾ ਕੀ ਹੋ ਸਕਦਾ ਹੈ। ਡੀ. ਰਾਜਾ ਨੇ ਪੰਜਾਬ ਬਾਰੇ ਗੱਲ ਕਰਦਿਆਂ ਕਿਹਾ ਕਿ ਅਗਲੇ ਸਾਲ ਇੱਥੇ ਵਿਧਾਨ ਸਭਾ ਦੀਆਂ ਚੋਣਾਂ ਹੋਣੀਆਂ ਹਨ। ਪਾਰਟੀ ਨੇ ਇਨ੍ਹਾਂ ਚੋਣਾਂ ਵਿੱਚ ਸਿਆਸੀ ਸਥਿਤੀ ਸੁਧਾਰਨ ਲਈ ਪੂਰਾ ਤਾਣ ਲਾਉਣਾ ਹੈ। ਪੰਜਾਬ ਲਈ ਇਹ ਚੋਣ ਬੜੀ ਮਹੱਤਵਪੂਰਨ ਹੈ। ਉਨ੍ਹਾ ਅਤੀਤ ਦੀ ਗੱਲ ਕਰਦਿਆਂ ਕਿਹਾ ਕਿ ਪੰਜਾਬ ਵਿਧਾਨ ਸਭਾ ਵਿੱਚ ਸੀ ਪੀ ਆਈ ਦੀ ਸ਼ਾਨਦਾਰ ਭੂਮਿਕਾ ਰਹੀ ਹੈ। ਉਨ੍ਹਾ ਕਿਹਾ ਕਿ ਕਾਮਰੇਡ ਹਰਦੇਵ ਸਿੰਘ ਅਰਸ਼ੀ ਨੂੰ ਵਿਧਾਨ ਸਭਾ ਵਿੱਚ ਵਧੀਆ ਭੂਮਿਕਾ ਨਿਭਾਉਣ ਬਦਲੇ 'ਬੈੱਸਟ ਪਾਰਲੀਮੈਂਟੇਰੀਅਨ' ਦਾ ਸਨਮਾਨ ਮਿਲ ਚੁੱਕਾ ਹੈ। ਇਹ ਸਾਡੇ ਭਵਿੱਖ ਲਈ ਪ੍ਰੇਰਨਾ-ਸਰੋਤ ਬਣਨਾ ਚਾਹੀਦਾ ਹੈ। ਡੀ. ਰਾਜਾ ਨੇ ਕਿਹਾ ਕਿ ਇਸੇ ਅਪ੍ਰੈਲ ਵਿੱਚ ਕੇਰਲਾ, ਪੱਛਮੀ ਬੰਗਾਲ, ਤਾਮਿਲਨਾਡੂ, ਅਸਾਮ ਅਤੇ ਕੇਂਦਰੀ ਸ਼ਾਸਤ ਪ੍ਰਦੇਸ਼ ਪੁਡੂਚੇਰੀ ਵਿੱਚ ਚੋਣਾਂ ਦਾ ਕੰਮ ਨੇਪਰੇ ਚੜ੍ਹਨਾ ਹੈ। ਸਾਨੂੰ ਆਸ ਹੈ ਕਿ ਕੇਰਲਾ ਵਿੱਚ ਖੱਬਾ ਫਰੰਟ ਮੁੜ ਸੱਤਾ ਸੰਭਾਲੇਗਾ। ਉਨ੍ਹਾ ਕਿਹਾ ਕਿ ਪੱਛਮੀ ਬੰਗਾਲ ਵਿੱਚ ਮੁੱਖ ਮੁਕਾਬਲਾ ਭਾਜਪਾ ਅਤੇ ਟੀ ਐੱਮ ਸੀ ਦਰਮਿਆਨ ਹੈ। ਸੀ ਪੀ ਆਈ ਉੱਥੇ 17 ਸੀਟਾਂ 'ਤੇ ਚੋਣ ਲੜ ਰਹੀ ਹੈ। ਇਸੇ ਤਰ੍ਹਾਂ ਅਸਾਮ ਵਿੱਚ ਅਸੀਂ ਤਿੰਨ ਅਤੇ ਪੁਡੂਚੇਰੀ ਵਿੱਚ ਵੀ ਇੱਕ ਸੀਟ 'ਤੇ ਚੋਣ ਲੜ ਰਹੇ ਹਾਂ।

ਇਸ ਤੋਂ ਪਹਿਲਾਂ ਨਵੇਂ ਚੁਣੇ ਗਏ ਸੂਬਾ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੇ ਪੰਜਾਬ ਵਿੱਚ ਆਮ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਵਿਸਥਾਰ ਨਾਲ ਜ਼ਿਕਰ ਕੀਤਾ। ਉਨ੍ਹਾ ਕਿਹਾ ਕਿ ਹਾੜ੍ਹੀ ਸੀਜ਼ਨ ਮੁੱਕਦਿਆਂ ਹੀ ਪੰਜਾਬ ਵਿੱਚ ਸੀ ਪੀ ਆਈ ਵੱਲੋਂ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਇਸ ਵਿੱਚ ਵੱਖ-ਵੱਖ ਥਾਂਵਾਂ 'ਤੇ ਕਨਵੈਨਸ਼ਨਾਂ ਵੀ ਕੀਤੀਆਂ ਜਾਣਗੀਆਂ। ਸੂਬਾ ਕੌਂਸਲ ਨੂੰ ਸੀ ਪੀ ਆਈ ਦੇ ਕੇਂਦਰੀ ਆਗੂ ਡਾ. ਗਰੀਸ਼ ਸ਼ਰਮਾ ਨੇ ਵੀ ਸੰਬੋਧਨ ਕੀਤਾ। ਆਖੀਰ ਵਿੱਚ ਕਾਮਰੇਡ ਡੀ. ਰਾਜਾ, ਡਾ. ਗਰੀਸ਼ ਸ਼ਰਮਾ, ਕਾਮਰੇਡ ਹਰਦੇਵ ਸਿੰਘ ਅਰਸ਼ੀ, ਕਾਮਰੇਡ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਅਤੇ ਕਾਮਰੇਡ ਬੰਤ ਸਿੰਘ ਬਰਾੜ ਨੂੰ ਸਨਮਾਨਤ ਕੀਤਾ।

### ਜੰਗਬੰਦੀ ਤੋਂ ਬਾਅਦ ਧਿਆਨ ਇਰਾਨੀ ਨੁਕਤਿਆਂ 'ਤੇ...

ਬਾਜ਼ਾਰਾਂ 'ਤੇ ਪੈਣਗੇ।

ਡਿਪਲੋਮੈਟਿਕ ਗੱਲਬਾਤ ਤੋਂ ਉੱਭਰ ਰਹੇ ਵੇਰਵਿਆਂ ਅਨੁਸਾਰ ਇਰਾਨ ਦੀ ਤਜਵੀਜ਼, ਜੋ ਹੁਣ ਅਮਰੀਕਾ ਦੇ ਵਿਚਾਰ ਅਧੀਨ ਹੈ, ਵਿੱਚ ਹੇਠ ਲਿਖੇ ਮੁੱਖ ਨੁਕਤੇ ਸ਼ਾਮਲ ਹਨ : ਗੈਰ-ਹਮਲਾਵਰ ਵਚਨਬੱਧਤਾ: ਵਾਸ਼ਿੰਗਟਨ ਵੱਲੋਂ ਇੱਕ ਪਾਬੰਦ ਭਰੋਸਾ ਕਿ ਭਵਿੱਖ ਵਿੱਚ ਇਰਾਨ ਵਿਰੁੱਧ ਕੋਈ ਫੌਜੀ ਕਾਰਵਾਈ ਨਹੀਂ ਕੀਤੀ ਜਾਵੇਗੀ। ਹਾਰਮੁਜ਼ ਜਲ ਮਾਰਗ 'ਤੇ ਕੰਟਰੋਲ : ਮਹੱਤਵਪੂਰਨ ਸਮੁੰਦਰੀ ਰਸਤੇ 'ਤੇ ਇਰਾਨ ਦੇ ਨਿਰੰਤਰ ਅਧਿਕਾਰ ਦੀ ਮਾਨਤਾ। ਸੋਧ ਦੀ ਪ੍ਰਵਾਨਗੀ : ਨਿਰਧਾਰਤ ਮਾਪਦੰਡਾਂ ਦੇ ਤਹਿਤ ਇਰਾਨ ਦੇ ਯੂਰੇਨੀਅਮ ਸੋਧ ਦੇ ਅਧਿਕਾਰ ਨੂੰ ਸਵੀਕਾਰ ਕਰਨਾ। ਮੁਢਲੀਆਂ ਪਾਬੰਦੀਆਂ ਹਟਾਉਣਾ : ਇਰਾਨ 'ਤੇ ਲਗਾਈਆਂ ਗਈਆਂ ਸਿੱਧੀਆਂ ਅਮਰੀਕੀ ਆਰਥਕ ਪਾਬੰਦੀਆਂ ਨੂੰ ਖਤਮ ਕਰਨਾ। ਸੈਕੰਡਰੀ ਪਾਬੰਦੀਆਂ ਹਟਾਉਣਾ: ਇਰਾਨ ਨਾਲ ਵਪਾਰ ਕਰਨ ਵਾਲੇ ਤੀਜੇ ਦੇਸ਼ਾਂ ਅਤੇ ਸੰਸਥਾਵਾਂ 'ਤੇ ਲੱਗਣ ਵਾਲੇ ਜੁਰਮਾਨਿਆਂ ਨੂੰ ਖਤਮ ਕਰਨਾ। ਸੰਯੁਕਤ ਰਾਸ਼ਟਰ ਦੀਆਂ ਪਾਬੰਦੀਆਂ ਦੀ ਸਮਾਪਤੀ : ਸੰਯੁਕਤ ਰਾਸ਼ਟਰ ਸੁਰੱਖਿਆ ਕੌਂਸਲ ਵੱਲੋਂ ਲਗਾਈਆਂ ਗਈਆਂ ਸਾਰੀਆਂ ਪਾਬੰਦੀਆਂ ਨੂੰ ਰੱਦ ਕਰਨਾ। ਆਈ ਏ ਈ ਏ ਕਾਰਵਾਈਆਂ ਦਾ ਅੰਤ: ਅੰਤਰਰਾਸ਼ਟਰੀ ਪ੍ਰਮਾਣੂ ਊਰਜਾ ਏਜੰਸੀ (ਆਈ ਏ ਈ ਏ) ਦੇ ਬੋਰਡ ਆਫ ਗਵਰਨਰਜ਼ ਦੁਆਰਾ ਪਾਸ ਕੀਤੇ ਗਏ ਮਤਿਆਂ ਦੀ ਸਮਾਪਤੀ। ਇਰਾਨ ਨੂੰ ਮੁਆਵਜ਼ਾ: ਪਾਬੰਦੀਆਂ ਅਤੇ ਫੌਜੀ ਕਾਰਵਾਈਆਂ ਨਾਲ ਹੋਏ ਨੁਕਸਾਨ ਲਈ ਵਿੱਤੀ ਹਰਜਾਨਾ।

ਅਮਰੀਕੀ ਫੌਜ ਦੀ ਵਾਪਸੀ : ਖੇਤਰ ਵਿੱਚੋਂ ਅਮਰੀਕੀ ਲੜਾਕੂ ਫੌਜਾਂ ਨੂੰ ਪਿੱਛੇ ਹਟਾਉਣਾ। ਦੁਸ਼ਮਣੀ ਦਾ ਖਾਤਮਾ : ਸਾਰੇ ਖੇਤਰਾਂ ਵਿੱਚ ਫੌਜੀ ਕਾਰਵਾਈਆਂ ਦਾ ਅੰਤ, ਜਿਸ ਵਿੱਚ ਹਿਜ਼ਬੁੱਲ੍ਹਾ ਵਰਗੇ ਸਹਿਯੋਗੀ ਸਮੂਹਾਂ ਨਾਲ ਜੁੜੇ ਸੰਘਰਸ਼ ਵੀ ਸ਼ਾਮਲ ਹਨ। ਇਹ ਕਿਉਂ ਮਹੱਤਵਪੂਰਨ ਹੈ ? ਕੁੱਲ ਮਿਲਾ ਕੇ ਇਹ ਢਾਂਚਾ ਇਰਾਨ ਦੀ ਇੱਕ ਵੱਡੀ ਗੱਲਬਾਤ ਦੀ ਸਥਿਤੀ ਨੂੰ ਦਰਸਾਉਂਦਾ ਹੈ, ਜੋ ਨਾ ਸਿਰਫ ਪਾਬੰਦੀਆਂ ਤੋਂ ਰਾਹਤ ਚਾਹੁੰਦਾ ਹੈ, ਬਲਕਿ ਅਮਰੀਕਾ-ਇਰਾਨ ਸੰਬੰਧਾਂ ਅਤੇ ਖੇਤਰੀ ਸੁਰੱਖਿਆ ਦੇ ਗਣਿਤ ਨੂੰ ਪੂਰੀ ਤਰ੍ਹਾਂ ਬਦਲਣਾ ਚਾਹੁੰਦਾ ਹੈ। ਵਾਸ਼ਿੰਗਟਨ ਲਈ ਇਨ੍ਹਾਂ ਸ਼ਰਤਾਂ ਨੂੰ ਅੰਸ਼ਕ ਤੌਰ 'ਤੇ ਸਵੀਕਾਰ ਕਰਨਾ ਵੀ ਦਹਾਕਿਆਂ ਪੁਰਾਣੀ ਉਸ ਨੀਤੀ ਤੋਂ ਪਿੱਛੇ ਹਟਣਾ ਹੋਵੇਗਾ, ਜੋ ਦਬਾਅ ਅਤੇ ਫੌਜੀ ਰੋਕਥਾਮ 'ਤੇ ਟਿਕੀ ਹੋਈ ਸੀ। ਡਿਪਲੋਮੈਟਿਕ ਮਾਹਰਾਂ ਦਾ ਕਹਿਣਾ ਹੈ ਕਿ ਦੋ ਹਫਤਿਆਂ ਦੀ ਜੰਗਬੰਦੀ ਦਾ ਇਹ ਸਮਾਂ ਇਹ ਨਿਰਧਾਰਤ ਕਰਨ ਵਿੱਚ ਮਹੱਤਵਪੂਰਨ ਹੋਵੇਗਾ ਕਿ ਕੀ ਇਹ ਤਜਵੀਜ਼ਾਂ ਇੱਕ ਪਾਬੰਦ ਸਮਝੌਤੇ ਵਿੱਚ ਬਦਲ ਸਕਦੀਆਂ ਹਨ ਜਾਂ ਸਿਰਫ ਇੱਕ ਇੱਛਾ ਬਣ ਕੇ ਰਹਿ ਜਾਣਗੀਆਂ। ਵਿਸ਼ਵ ਊਰਜਾ ਦੀ ਸਪਲਾਈ, ਖਾਸ ਕਰਕੇ ਹਾਰਮੁਜ਼ ਜਲ ਮਾਰਗ ਦਾ ਭਵਿੱਖ ਗੱਲਬਾਤ ਦੇ ਨਤੀਜਿਆਂ 'ਤੇ ਟਿਕਿਆ ਹੋਇਆ ਹੈ।

### ਅਮਰੀਕੀ ਜੱਜ ਵੱਲੋਂ ਅਡਾਨੀ ...

ਤਿਆਰ ਕਰਨ ਜਾਂ ਉਸ ਨੂੰ ਮਨਜ਼ੂਰੀ ਦੇਣ ਵਿੱਚ ਸਿੱਧੀ ਭੂਮਿਕਾ ਨਿਭਾਈ ਹੋਵੇ। ਬਚਾਅ ਪੱਖ ਨੇ ਇਹ ਵੀ ਪੱਖ ਰੱਖਿਆ ਕਿ ਇਸ ਮਾਮਲੇ ਵਿੱਚ ਨਿਵੇਸ਼ਕਾਂ ਨੂੰ ਕਿਸੇ ਵੀ ਤਰ੍ਹਾਂ ਦਾ ਵਿੱਤੀ ਨੁਕਸਾਨ ਨਹੀਂ ਹੋਇਆ ਹੈ।

ਸਾਰੇ ਬਾਂਡ ਮੈਚਿਓਰ ਹੋ ਚੁੱਕੇ ਹਨ ਅਤੇ ਅਡਾਨੀ ਗ੍ਰੀਨ ਨੇ 2024 ਵਿੱਚ ਨਿਵੇਸ਼ਕਾਂ ਨੂੰ ਸਾਰਾ ਮੂਲ ਅਤੇ ਵਿਆਜ ਸਮੇਂ ਸਿਰ ਵਾਪਸ ਕਰ ਦਿੱਤਾ ਸੀ। ਉਨ੍ਹਾਂ ਕਿਹਾ ਕਿ ਇਹ ਲੈਣ-ਦੇਣ ਅਤੇ ਕਥਿਤ ਘਟਨਾਵਾਂ ਪੂਰੀ ਤਰ੍ਹਾਂ ਭਾਰਤ ਵਿੱਚ ਹੋਈਆਂ ਸਨ ਅਤੇ ਇਸ ਵਿੱਚ ਕੋਈ ਵੀ ਅਮਰੀਕੀ ਕੰਪਨੀ ਜਾਂ ਗਾਹਕ ਸਿੱਧੇ ਤੌਰ 'ਤੇ ਸ਼ਾਮਲ ਨਹੀਂ ਸੀ, ਜਿਸ ਕਾਰਨ ਇਹ ਮਾਮਲਾ ਅਮਰੀਕੀ ਪ੍ਰਤੀਭੂਤੀ ਕਾਨੂੰਨਾਂ ਦੀ ਪਹੁੰਚ ਤੋਂ ਬਾਹਰ ਹੈ।

ਜ਼ਿਕਰਯੋਗ ਹੈ ਕਿ ਐੱਸ ਈ ਸੀ ਨੇ ਨਵੰਬਰ 2024 ਵਿੱਚ ਦੋਸ਼ ਲਾਇਆ ਸੀ ਕਿ ਅਡਾਨੀ ਸਮੂਹ ਨੇ ਸੂਰਜੀ ਊਰਜਾ ਦੇ ਠੇਕੇ ਹਾਸਲ ਕਰਨ ਲਈ ਭਾਰਤੀ ਅਧਿਕਾਰੀਆਂ ਨੂੰ 25 ਕਰੋੜ ਡਾਲਰ ਤੋਂ ਵੱਧ ਦੀ ਰਿਸ਼ਵਤ ਦੇਣ ਦੀ ਯੋਜਨਾ ਬਣਾਈ ਸੀ ਅਤੇ ਫੰਡ ਇਕੱਠੇ ਕਰਦੇ ਸਮੇਂ ਇਸ ਗੱਲ ਨੂੰ ਲੁਕਾਇਆ ਸੀ। ਅਡਾਨੀ ਸਮੂਹ ਨੇ ਇਨ੍ਹਾਂ ਸਾਰੇ ਦੋਸ਼ਾਂ ਨੂੰ ਮੁੱਢੋਂ ਨਕਾਰ ਦਿੱਤਾ ਹੈ ਅਤੇ 30 ਅਪਰੈਲ 2026 ਤੱਕ ਇਸ ਸ਼ਿਕਾਇਤ ਨੂੰ ਪੂਰੀ ਤਰ੍ਹਾਂ ਖਾਰਜ ਕਰਵਾਉਣ ਲਈ ਮੋਸ਼ਨ ਦਾਇਰ ਕਰਨ ਦੀ ਤਿਆਰੀ ਕਰ ਲਈ ਹੈ। ਅਦਾਲਤ ਵੱਲੋਂ ਸੁਣਵਾਈ ਦੀ ਇਜਾਜ਼ਤ ਮਿਲਣ ਨਾਲ ਅਡਾਨੀ ਸਮੂਹ ਨੂੰ ਸ਼ੁਰੂਆਤੀ ਪੜਾਅ 'ਤੇ ਹੀ ਕੇਸ ਖਤਮ ਕਰਵਾਉਣ ਦਾ ਮੌਕਾ ਮਿਲ ਗਿਆ ਹੈ।

## ਡੀ ਬੀ ਯੂ ਨੇ ਵਿਸ਼ਵ ਸਿਹਤ ਦਿਵਸ ਮਨਾਇਆ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)** ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਨੇ ਵਿਸ਼ਵ ਸਿਹਤ ਦਿਵਸ ਦੇ ਮੌਕੇ ਕਈ ਜਾਗਰੂਕਤਾ ਕੇਂਦ੍ਰਿਤ ਗਤੀਵਿਧੀਆਂ ਦਾ ਆਯੋਜਨ ਕੀਤਾ, ਜਿਸ ਨਾਲ ਵਿਦਿਆਰਥੀਆਂ ਅਤੇ ਸਮਾਜ ਵਿੱਚ ਸਿਹਤ ਅਤੇ ਭਲਾਈ ਦੇ ਮਹੱਤਵ ਨੂੰ ਮਜ਼ਬੂਤ ਕੀਤਾ ਗਿਆ।ਪ੍ਰੋਗਰਾਮ ਨਰਸਿੰਗ, ਡੈਂਟਲ ਅਤੇ ਫਾਰਮੇਸੀ ਵਿਭਾਗਾਂ ਵੱਲੋਂ ਸੰਸਥਾ ਦੇ ਇਨੋਵੇਸ਼ਨ ਕੌਂਸਲ ਅਤੇ ਅੰਦਰੂਨੀ ਗੁਣਵੱਤਾ ਭਰੋਸਾ ਸੈੱਲ ਦੇ ਸਹਿਯੋਗ ਨਾਲ ਸਿਹਤ ਲਈ ਇਕੱਠੇ: ਵਿਗਿਆਨ ਦੇ ਨਾਲ ਖੜ੍ਹੋ ਥੀਮ ਹੇਠ ਆਯੋਜਿਤ ਕੀਤਾ ਗਿਆ। ਵਿਦਿਆਰਥੀ ਕਲੱਬਾਂ ਜਿਵੇਂ ਕਿ ਪਲੇਸਬੋ ਕਲੱਬ, ਡੈਂਟਿਸਟਰੀ ਕਲੱਬ ਅਤੇ ਕਮਿਊਨਿਟੀ ਕਲੱਬ ਨੇ ਇਸ ਮੁਹਿੰਮ ਨੂੰ ਕਾਮਯਾਬ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।ਇਸ ਮੌਕੇ ਈ-ਪੋਸਟਰ ਪ੍ਰਜ਼ੈਂਟੇਸ਼ਨ ਮੁਕਾਬਲਾ, ਮਾਡਲ ਪ੍ਰਦਰਸ਼ਨੀ, ਸਿਹਤ ਜਾਗਰੂਕਤਾ ਮੁਹਿੰਮਾਂ, ਕਵਿਜ਼ ਮੁਕਾਬਲੇ ਅਤੇ ਮੁਫ਼ਤ ਸਿਹਤ ਜਾਂਚ ਕੈਂਪ ਵਰਗੀਆਂ ਕਈ ਗਤੀਵਿਧੀਆਂ ਕਰਵਾਈਆਂ ਗਈਆਂ। ਡਾ. ਜ਼ੋਰਾ ਸਿੰਘ ਚਾਂਸਲਰ, ਤਜਿੰਦਰ ਕੌਰ ਪ੍ਰੋ-ਚਾਂਸਲਰ ਅਤੇ ਡਾ. ਹਰਸ਼ ਸਦਾਵਰਤੀ ਵਾਈਸ ਚਾਂਸਲਰ ਨੇ ਦੇਸ਼ ਭਗਤ ਯੂਨੀਵਰਸਿਟੀ ਦੇ ਵਿਭਾਗਾਂ ਵੱਲੋਂ ਵਿਸ਼ਵ ਸਿਹਤ ਦਿਵਸ ਮਨਾਉਣ ਦੀ ਪ੍ਰਸ਼ੰਸਾ ਕੀਤੀ।ਇਸ ਪ੍ਰੋਗਰਾਮ ਦੀ ਸਮਾਪਤੀ ਜੇਤੂਆਂ ਨੂੰ ਸਨਮਾਨਿਤ ਕਰਨ ਨਾਲ ਹੋਇਆ, ਜਿਸ ਨਾਲ ਇਹ ਸਮਾਰੋਹ ਜਾਣਕਾਰੀ ਭਰਪੂਰ ਅਤੇ ਪ੍ਰੇਰਨਾਦਾਇਕ ਬਣ ਗਿਆ।



## ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਭਲਕੇ



**ਫਾਜ਼ਿਲਕਾ (ਨਿਸ਼ਾ ਸ਼ਰਮਾ)**- ਮੁੱਖ ਖੇਤਬਾੜੀ ਅਫਸਰ ਹਰਪ੍ਰੀਤਪਾਲ ਕੌਰ ਨੇ ਦੱਸਿਆ ਕਿ ਸਾਉਣੀ ਦੀ ਫ਼ਸਲ ਸੰਬੰਧੀ ਤਕਨੀਕੀ ਜਾਣਕਾਰੀ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ 10 ਅਪ੍ਰੈਲ ਨੂੰ ਸ਼ਾਹ ਪੈਲੇਸ, ਫਾਜ਼ਿਲਕਾ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਆਯੋਜਿਤ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਕਿਸਾਨ ਮੇਲੇ ਦਾ ਉਦਘਾਟਨ ਡਿਪਟੀ ਕਮਿਸ਼ਨਰ ਫਾਜ਼ਿਲਕਾ ਵੱਲੋਂ ਕੀਤਾ ਜਾਵੇਗਾ। ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਵਿਧਾਇਕ ਜਗਦੀਪ ਕੰਬੋਜ ਗੋਲਡੀ (ਹਲਕਾ ਜਲਾਲਾਬਾਦ), ਨਰਿੰਦਰਪਾਲ ਸਿੰਘ ਸਵਨਾ (ਹਲਕਾ ਫਾਜ਼ਿਲਕਾ) ਅਤੇ ਅਮਨਦੀਪ ਸਿੰਘ ਮੁਸਾਫ਼ਿਰ (ਹਲਕਾ ਬੱਲੂਆਣਾ) ਸ਼ਿਰਕਤ ਕਰਨਗੇ।ਉਨ੍ਹਾਂ ਕਿਹਾ ਕਿ ਇਸ ਮੇਲੇ ਦੌਰਾਨ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਨਾਲ ਸੰਬੰਧਤ ਨਵੀਂ ਤਕਨੀਕਾਂ, ਬੀਜ, ਖਾਦਾਂ ਅਤੇ ਕੀਟ ਨਿਯੰਤਰਣ ਬਾਰੇ ਜਾਣਕਾਰੀ ਦਿੱਤੀ ਜਾਵੇਗੀ।

## ਨਵੀਨ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦਾ ਪ੍ਰਕਾਸ਼ ਦਿਹਾੜਾ ਮਨਾਇਆ

**ਬੁਢਲਾਡਾ (ਅਸ਼ੋਕ ਲਾਕੜਾ)**- ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਵੀਨ ਵਿਖੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਸਮੂਹ ਸੰਗਤਾਂ ਵੱਲੋਂ ਬੜੀ ਸ਼ਰਧਾ ਨਾਲ ਮਨਾਇਆ ਗਿਆ। ਰਾਤਰੀ ਦੇ ਹੋਏ ਕੀਰਤਨ ਦਰਬਾਰ ਵਿੱਚ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਜਥਾ ਭਾਈ ਗੁਰਮੇਲ ਸਿੰਘ ਦੇ ਰਾਗੀ ਜਥੇ ਵੱਲੋਂ ਗੁਰਬਾਣੀ ਕਥਾ ਕੀਰਤਨ ਰਾਹੀਂ ਗੁਰੂ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗੁਰਨਾਮ ਸਿੰਘ ਕੋਹਲੀ, ਦਵਿੰਦਰਪਾਲ ਸਿੰਘ ਨਾਗਪਾਲ, ਸਵਰਨਜੀਤ ਸਿੰਘ ਸਾਹਨੀ, ਦਵਿੰਦਰ ਸਿੰਘ ਕੋਹਲੀ, ਦਲਜੀਤ ਸਿੰਘ ਸਪੇਅਰ ਪਾਰਟਸ ਵਾਲੇ, ਹਰਜੀਤ ਚਾਵਲਾ, ਰਮੇਸ਼ ਸਲੂਜਾ, ਜਸਵੰਤ ਸਿੰਘ ਬੇਕਰੀ ਵਾਲੇ, ਪ੍ਰਭਦਿਆਲ ਮਦਾਨ, ਕੁਲਦੀਪ ਸਿੰਘ ਕੱਪੜੇ ਵਾਲੇ, ਆਗਿਆਪਾਲ ਸਿੰਘ ਨਾਗਪਾਲ, ਕੰਵਲਜੀਤ ਸਿੰਘ ਬੌਬੀ, ਹਰਵਿੰਦਰ ਸਿੰਘ ਬਿੱਟੂ, ਸੁਖਵਿੰਦਰ ਸਿੰਘ ਹੈਪੀ, ਸੋਨੂੰ ਸਾਹਨੀ, ਮਿਸਤਰੀ ਜਰਨੈਲ ਸਿੰਘ, ਗੁਰਚਰਨ ਸਿੰਘ ਮਲਹੋਤਰਾ, ਭਲਿੰਦਰ ਵਾਲੀਆ, ਅਮਰਜੀਤ ਸਿੰਘ, ਸੁਧੀਰ ਚੌਧਰੀ ਅਤੇ ਇਲਾਕੇ ਦੀਆਂ ਸੰਗਤਾਂ ਨੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਆਸ਼ਾ ਵਰਕਰ ਤੇ ਫੈਸਿਲੀਟੇਟਰਜ਼ ਯੂਨੀਅਨ ਪੰਜਾਬ ਵੱਲੋਂ ਪੱਕੇ ਮੋਰਚੇ ਦੀ ਤਿਆਰੀ



**ਪੱਟੀ, (ਬਲਦੇਵ ਸਿੰਘ ਸੰਧੂ)**

ਪੰਜਾਬ ਦੇ ਸਿਹਤ ਵਿਭਾਗ ਅੰਦਰ ਪਿੰਡਾਂ ਅਤੇ ਸ਼ਹਿਰਾਂ ਦੇ ਲੋਕਾਂ ਨੂੰ ਸਿਹਤ ਸਹੂਲਤਾਂ ਸਬੰਧੀ ਜਾਣਕਾਰੀ ਦੇਣ ਅਤੇ ਵਧੀਆ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਰੱਖੀਆਂ ਗਈਆਂ ਆਸ਼ਾ ਵਰਕਰਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਆਸ਼ਾ ਵਰਕਰਜ਼ ਅਤੇ ਫੈਸਿਲੀਟੇਟਰ ਯੂਨੀਅਨ ਪੰਜਾਬ ਦੀ ਸੂਬਾ ਪ੍ਰਧਾਨ ਰਾਣੋ ਖੇੜੀ ਗਿੱਲਾਂ, ਚੇਅਰਪਰਸਨ ਸੁਖਵਿੰਦਰ ਕੌਰ, ਜਨਰਲ ਸਕੱਤਰ ਲਖਵਿੰਦਰ ਕੌਰ ਝਬਾਲ ਅਤੇ ਵਿੱਤ ਸਕੱਤਰ ਹਰਨਿੰਦਰ ਕੌਰ ਨੇ ਪੰਜਾਬ ਸਰਕਾਰ ਵੱਲੋਂ ਆਸ਼ਾ ਵਰਕਰਾਂ ਦੇ ਕੀਤੇ ਜਾ ਰਹੇ ਸ਼ੋਸ਼ਣ ਦੀ ਨਿਖੇਧੀ ਕੀਤੀ। ਜਥੇਬੰਦੀ ਦੀਆਂ ਆਗੂਆਂ ਸੰਦੀਪ ਕੌਰ, ਰਾਜ ਕੁਮਾਰੀ, ਜਸਵੀਰ ਕੌਰ, ਬੀਰਪਾਲ ਕੌਰ, ਰੀਟਾ ਰਾਣੀ, ਨਿਰਮਲਾ ਦੇਵੀ ਨੇ ਕਿਹਾ ਕਿ ਸਰਕਾਰ ਵੱਲੋਂ ਆਸ਼ਾ ਵਰਕਰਾਂ ਪ੍ਰਤੀ ਅਪਣਾਈਆਂ ਵਿਰੋਧੀ ਨੀਤੀਆਂ ਦਾ ਮੂੰਹ ਤੋੜਵਾਂ ਜਵਾਬ ਦੇਣ ਲਈ ਪੰਜਾਬ ਅੰਦਰ ਸੰਘਰਸ਼ਾਂ ਨੂੰ ਪ੍ਰਣਾਈਆਂ ਆਸ਼ਾ ਵਰਕਰਾਂ ਦੀਆਂ ਚਾਰ ਜੱਥੇਬੰਦੀਆਂ ਵੱਲੋਂ ਲੰਬੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ ਪ੍ਰੰਤੂ ਮੁੱਖ ਮੰਤਰੀ ਵੱਲੋਂ ਅਜੇ ਤੱਕ ਮੀਟਿੰਗ ਦਾ ਕੋਈ ਸਮਾਂ ਨਹੀਂ ਦਿੱਤਾ ਗਿਆ ਅਤੇ ਸਿਹਤ ਮੰਤਰੀ ਵੱਲੋਂ ਮੀਟਿੰਗਾਂ ਵਿੱਚ ਮੰਨੀਆਂ ਮੰਗਾਂ ਨੂੰ ਵੀ ਲਾਗੂ ਨਹੀਂ ਕੀਤਾ ਜਾ ਰਿਹਾ।ਆਗੂਆਂ ਨੇ ਕਿਹਾ ਕਿ ਸਾਂਝੇ ਮੋਰਚੇ ਵੱਲੋਂ ਕੀਤੇ ਜਾ ਰਹੇ ਸੰਘਰਸ਼ ਨੂੰ ਹੋਰ ਵੀ ਤੇਜ਼ ਕਰਦਿਆਂ 9 ਅਪ੍ਰੈਲ ਤੋਂ ਮੁੱਖ ਮੰਤਰੀ ਦੇ ਹਲਕੇ ਧੂਰੀ ਵਿਖੇ ਪੱਕਾ ਮੋਰਚਾ ਲਗਾਇਆ ਜਾ ਰਿਹਾ ਹੈ ਜਿਸ ਵਿੱਚ ਬਾਕੀ ਜੱਥੇਬੰਦੀਆਂ ਦੇ ਨਾਲ ਆਸ਼ਾ ਵਰਕਰਜ਼ ਅਤੇ ਫੈਸਿਲੀਟੇਟਰ ਯੂਨੀਅਨ ਪੰਜਾਬ ਵੱਲੋਂ ਵੀ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।ਜਥੇਬੰਦੀ ਦੀ ਸੂਬਾ ਪ੍ਰੈੱਸ ਸਕੱਤਰ ਪਰਮਜੀਤ ਕੌਰ ਨੇ ਦੱਸਿਆ ਕਿ ਇਸ ਸੰਘਰਸ਼ ਦੀ ਤਿਆਰੀ ਲਈ ਲੁਧਿਆਣੇ ਵਿਖੇ ਸੂਬਾ ਪੱਧਰੀ ਮੀਟਿੰਗ ਕਰਕੇ ਸੰਘਰਸ਼ ਵਿੱਚ ਸ਼ਮੂਲੀਅਤ ਕਰਨ ਦਾ ਪ੍ਰੋਗਰਾਮ ਉਲੀਕ ਦਿੱਤਾ ਗਿਆ ਹੈ।ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਇਹ ਪੱਕਾ ਮੋਰਚਾ ਮੰਗਾਂ ਦੀ ਪ੍ਰਾਪਤੀ ਤੱਕ ਜਾਰੀ ਰਹੇਗਾ ਅਤੇ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਵੀ ਕੀਤਾ ਜਾਵੇਗਾ। ਇਸ ਮੌਕੇ ਰੁਪਿੰਦਰ ਕੌਰ, ਸੁਖਵਿੰਦਰ ਕੌਰ, ਚਰਨਜੀਤ ਕੌਰ, ਮਨਜੀਤ ਕੌਰ, ਰਵਿੰਦਰ ਕੌਰ ਆਦਿ ਆਗੂ ਵੀ ਹਾਜ਼ਰ ਸਨ।

# ਨਸ਼ੇ ਨੇ ਇੱਕ ਪਰਵਾਰ ਦੇ ਸਾਰੇ ਚਿਰਾਗ ਬੁਝਾ ਦਿੱਤੇ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** - ਸੁਲਤਾਨਪੁਰ ਲੋਧੀ ਦੇ ਮੁਹੱਲਾ ਪੰਡੋਰੀ ਵਿੱਚ ਨਸ਼ੇ ਨੇ ਇੱਕ ਪਰਵਾਰ ਦੇ ਸਾਰੇ ਚਿਰਾਗ ਬੁਝਾ ਦਿੱਤੇ ਹਨ। ਪਰਵਾਰ ਦੇ ਪੰਜਵੇਂ ਅਤੇ ਆਖਰੀ ਪੁੱਤਰ ਦੀ ਮੌਤ ਤੋਂ ਬਾਅਦ ਮ੍ਰਿਤਕ ਦੇ ਘਰ ਅੰਤਿਮ ਸੰਸਕਾਰ ਦੀਆਂ ਤਿਆਰੀਆਂ ਜਾਰੀ ਹਨ, ਜਿੱਥੇ ਪਰਿਵਾਰਕ ਮੈਂਬਰਾਂ ਵੱਲੋਂ ਵਿਰਲਾਪ ਕੀਤਾ ਜਾ ਰਿਹਾ ਹੈ ਤੇ ਮਾਹੌਲ ਗ਼ਮਗੀਨ ਬਣਿਆ ਹੋਇਆ ਹੈ।ਮ੍ਰਿਤਕ ਦੀ ਪਛਾਣ ਸੋਨੂ ਵਜੋਂ ਹੋਈ ਹੈ, ਜਦਕਿ ਉਸ ਦੀ ਮਾਤਾ ਮਨਜੀਤ ਕੌਰ ਹੈ। ਪਰਵਾਰਕ ਮੈਂਬਰਾਂ ਦੇ ਮੁਤਾਬਕ ਇਸ ਤੋਂ ਪਹਿਲਾਂ ਵੀ ਘਰ ਦੇ ਚਾਰ ਪੁੱਤਰ ਨਸ਼ੇ ਦੀ ਲਤ ਕਾਰਨ ਆਪਣੀ ਜਾਨ ਗਵਾ ਚੁੱਕੇ ਹਨ। ਹੁਣ ਪੰਜਵੇਂ ਪੁੱਤਰ ਦੀ ਮੌਤ ਨਾਲ ਇਹ ਪਰਵਾਰ ਪੂਰੀ ਤਰ੍ਹਾਂ ਉਜੜ ਗਿਆ ਹੈ। ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਮਨਜੀਤ ਕੌਰ ਦੀ ਰੋਂਦੀ ਹੋਈ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਸੀ, ਜਿਸ ਤੋਂ ਬਾਅਦ ਪ੍ਰਸ਼ਾਸਨ ਹਰਕਤ ਵਿੱਚ ਆਇਆ ਸੀ। ਪ੍ਰਸ਼ਾਸਨ ਵੱਲੋਂ ਨੌਜਵਾਨ ਸੋਨੂ ਨੂੰ ਤੁਰੰਤ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ, ਪਰ ਇਲਾਜ ਦੌਰਾਨ ਅੰਮ੍ਰਿਤਸਰ ਵਿਖੇ ਉਸ ਦੀ ਮੌਤ ਹੋ ਗਈ।ਇਸ ਮਾਮਲੇ 'ਚ ਪੁਲਿਸ ਦਾ ਕਹਿਣਾ ਹੈ ਕਿ ਮੌਤਾਂ ਦੇ ਵੱਖ-ਵੱਖ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ, ਪਰ ਦੁਖੀ ਮਾਂ ਮਨਜੀਤ ਕੌਰ ਨੇ ਇਸ ਗੱਲ ਨੂੰ ਨਕਾਰਦਿਆਂ ਕਿਹਾ ਕਿ ਉਸ ਦੇ ਸਾਰੇ ਪੁੱਤਰਾਂ ਦੀ ਮੌਤ ਦਾ ਅਸਲ ਕਾਰਨ ਨਸ਼ਾ ਹੀ ਹੈ।ਮਾਂ ਨੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਹੈ ਕਿ ਉਸ ਦੀ ਨੂੰਹ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ, ਤਾਂ ਜੋ ਉਹ ਆਪਣੀ ਜ਼ਿੰਦਗੀ ਨੂੰ ਮੁੜ ਸੰਭਾਲ ਸਕੇ ਅਤੇ ਪਰਿਵਾਰ ਦਾ ਗੁਜ਼ਾਰਾ ਚੱਲ ਸਕੇ।

# ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਠੇਕਾ ਮੁਲਾਜ਼ਮਾਂ ਨੇ ਕੀਤਾ ਰੋਸ ਪ੍ਰਦਰਸ਼ਨ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**

ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਫੈਸਲੇ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਜ਼ਿਲ੍ਹਾ ਗੁਦਾਸਪੁਰ ਬ੍ਰਾਂਚ ਦੀਨਾਨਗਰ ਵੱਲੋਂ ਦੀਨਾਨਗਰ ਵਿਖੇ ਪੰਜਾਬ ਸਰਕਾਰ ਦੀ ਕੈਬਨਿਟ ਸਬ-ਕਮੇਟੀ ਦੇ ਮੈਂਬਰਾਂ ਦੇ ਪੁਤਲੇ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਯੂਨੀਅਨ ਦੇ ਬਰਾਂਚ ਆਗੂ ਹਰਦੀਪ ਸਿੰਘ ਹਯਾਤ ਨਗਨ ਤੇ ਜਨਰਲ ਸਕੱਤਰ ਗੁਰਵਿੰਦਰ ਜੀਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਬਣਾਈ ਗਈ ਕੱਚੇ/ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਵਾਲੀ ਕੈਬਨਿਟ ਸਬ-ਕਮੇਟੀ ਵੱਲੋਂ ਪਿਛਲੇ 4 ਸਾਲਾਂ ਤੋਂ ਪਿਛਲੇ ਚਾਰ ਸਾਲਾਂ ਦੇ ਦੌਰਾਨ ਠੇਕਾ ਮੁਲਾਜ਼ਮਾਂ ਨਾਲ ਲਗਾਏ ਝੂਠੇ ਲਾਰਿਆਂ ਰੱਖਿਆ ਹੋਇਆ ਹੈ, ਜਿਸਦੀ ਤਾਜ਼ਾ ਮਿਸਾਲ ਸਬ ਕਮੇਟੀ ਵੱਲੋਂ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਨਾਲ 7 ਅਪ੍ਰੈਲ 2026 ਨੂੰ ਪੈਨਲ ਮੀਟਿੰਗ ਕਰਨ ਦਾ ਸਮਾਂ ਦਿੱਤਾ ਗਿਆ ਸੀ ਪਰ ਇਹ ਮੀਟਿੰਗ ਕੈਂਸਲ ਕਰ ਦਿੱਤੀ ਗਈ ਹੈ, ਜਿਸਦੇ ਰੋਸ ਵਜੋਂ 'ਮੋਰਚੇ' ਵੱਲੋਂ ਪੰਜਾਬ ਭਰ ਵਿੱਚ ਸਬ ਕਮੇਟੀ ਦੇ ਚੇਅਰਮੈਨ-ਕਮ-ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਸੰਜੀਵ ਅਰੋੜਾ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਪੁਤਲੇ ਫੂਕ ਕੇ ਪੰਜਾਬ ਸਰਕਾਰ ਵਿਰੁੱਧ ਰੋਹ ਭਰਪੂਰ ਪ੍ਰਦਰਸ਼ਨ ਕੀਤੇ ਜਾ ਰਹੇ ਹਨ।ਮੋਰਚੇ ਵੱਲੋਂ ਵਿੱਤ ਮੰਤਰੀ ਦੇ ਹਲਕੇ ਦਿੜ੍ਹਬਾ ਵਿੱਚ 15 ਅਪ੍ਰੈਲ ਤੋਂ ਫਿਰ ਲਗਾਤਾਰ ਝੰਡਾ ਮਾਰਚ ਕਰਨ ਦਾ ਐਲਾਨ ਕੀਤਾ ਗਿਆ ਹੈ।ਇਸ ਮੌਕੇ ਬਲਵਿੰਦਰ ਕੁਮਾਰ, ਦੀਪਕ ਕੁਮਾਰ, ਜੋਗਾ ਸਿੰਘ, ਬੋਧ ਰਾਜ, ਰਾਜ ਕੁਮਾਰ, ਲਾਡੀ ਸਿੰਘ, ਮੰਗਤ ਰਾਮ ਅਤੇ ਸੋਹਣ ਲਾਲ ਆਦਿ ਹਾਜ਼ਰ ਸਨ।



# ਮਜੀਠੀਆ ਵੱਲੋਂ ਬਲਜੀਤ ਕਾਹਲੋਂ ਦੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ

**ਮਜੀਠਾ/ਕੱਥੂਨੰਗਲ/ਜੈਂਤੀਪੁਰ (ਸੋਇਮ ਅਨੰਦ/ਪ੍ਰੀਤਮ ਸਿੰਘ/ਸਿੱਧੂ)**-ਜੈਂਤੀਪੁਰ ਤੋਂ ਸੀਨੀਅਰ ਪ੍ਰਤੀਨਿਧ ਬਲਜੀਤ ਸਿੰਘ ਕਾਹਲੋਂ ਪ੍ਰਧਾਨ ਚੰਡੀਗੜ੍ਹ ਪੱਤਰਕਾਰ ਯੂਨੀਅਨ ਜਿਨ੍ਹਾਂ ਨੂੰ ਬੀਤੇ ਦਿਨੀਂ ਹਾਰਟ ਅਟੈਕ ਆ ਗਿਆ ਸੀ ਤੇ ਠੀਕ ਹੋਣ ਉਪਰੰਤ ਘਰ ਆ ਗਏ ਸਨ, ਦੁਬਾਰਾ ਦਿਲ ਦਾ ਦੌਰਾ ਪੈਣ ਕਾਰਨ ਅਕਾਲ ਚਲਾਣਾ ਕਰ ਗਏ।ਉਨ੍ਹਾਂ ਦੇ ਭਰਾ ਕੁਲਦੀਪ ਸਿੰਘ ਕਾਹਲੋਂ ਤੇ ਪਰਿਵਾਰ ਨਾਲ ਵੱਖ-ਵੱਖ ਸਿਆਸੀ, ਧਾਰਮਿਕ ਤੇ ਸਮਾਜਿਕ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਜਿਨ੍ਹਾਂ ਵਿੱਚ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ, ਜਗਵਿੰਦਰਪਾਲ ਸਿੰਘ ਜੱਗਾ ਮਜੀਠਾ, ਲਖਬੀਰ ਸਿੰਘ ਲੱਖਾ, ਸੀਨੀਅਰ ਮੀਤ ਪ੍ਰਧਾਨ ਪ੍ਰਿੰਸ ਨਈਅਰ, ਸਾਬਕਾ ਚੇਅਰਮੈਨ ਮਹੇਸ਼ ਵਰਮਾ, ਪ੍ਰਧਾਨ ਤਰੁਨ ਅਬਰੋਲ, ਗੁਰਪ੍ਰੀਤ ਵਡਾਲੀ, ਤੇਜਿੰਦਰ ਸਿੰਘ ਲਾਟੀ, ਜਸਪਾਲ ਸਿੰਘ ਭੋਆ, ਸਰਪੰਚ ਸੋਨਾ ਭੋਮਾ, ਸਰਪੰਚ ਕਾਲੂ ਥਰੀਏਵਾਲ, ਕਿਸਾਨ ਆਗੂ ਸਰਵਨ ਪੰਧੇਰ, ਕਿਸਾਨ ਆਗੂ ਜੋਗਾ ਸਿੰਘਾਂ ਨੱਤ, ਪੰਜਾਬੀ ਫ਼ਿਲਮਾਂ ਦੇ ਡਾਇਰੈਕਟਰ ਬਿਕਰਮਜੀਤ ਸਿੰਘ ਰਾਂਝਾ, ਸੈਕਟਰੀ ਜਸਪਾਲ ਸਿੰਘ, ਪੰਜਾਬ ਪ੍ਰਧਾਨ ਆੜ੍ਹਤੀ ਜਸਕਰਨ ਸਿੰਘ ਭੰਗੂ, ਸੁਖਚੈਨ ਸਿੰਘ ਤਲਵੰਡੀ, ਪ੍ਰੀਤਮ ਸਿੰਘ ਚਵਿੰਡਾ, ਜਸਪਾਲ ਸਿੰਘ ਗਿੱਲ, ਮਿੱਤਰਪਾਲ ਸਿੰਘ, ਮਨੋਹਰ ਸਿੰਘ ਰੰਧਾਵਾ, ਪਲਵਿੰਦਰ ਸਿੰਘ ਸਰਹਾਲਾ, ਪ੍ਰਿਥੀਪਾਲ ਸਿੰਘ ਸਿੱਧੂ, ਸੋਇਮ ਅਨੰਦ, ਪ੍ਰਮੋਦ ਕੁਮਾਰ, ਵਿੱਕੀ ਭੰਡਾਰੀ, ਰਾਜ ਕੋਟਲੀ, ਜਗਤਾਰ ਸਿੰਘ ਛਿੰਤ, ਸੁਨੀਲ ਦੇਵਗਨ, ਨਵਜੋਤ ਸਿੰਘ ਭੰਗੂ, ਦਲਜੀਤ ਸਿੰਘ ਸ਼ਾਹ, ਨਰੰਜਣ ਸਿੰਘ ਗਿੱਲ, ਸੁਖਬੀਰ ਸਿੰਘ ਭੁੱਲਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਨੇਹੀ ਦੁੱਖ ਵਿਚ ਸ਼ਾਮਲ ਹੋਏ।



# ਕਾਰ ਦੀ ਟੱਕਰ ਵੱਜਣ ਨਾਲ ਮੋਟਰਸਾਈਕਲ ਸਵਾਰ ਔਰਤ ਦੀ ਮੌਤ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਬਹਿਰਾਮਪੁਰ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਜਗਤਾਰ ਸਿੰਘ ਪੁੱਤਰ ਸਰਦਾਰ ਸਿੰਘ ਵਾਸੀ ਬਾਊਪੁਰ ਜੱਟਾਂ ਨੇ ਦੱਸਿਆ ਕਿ 6 ਮਾਰਚ ਨੂੰ ਉਹ ਅਤੇ ਉਸ ਦੀ ਪਤਨੀ ਕੁਲਵਿੰਦਰ ਕੌਰ ਆਪਣੇ ਮੋਟਰਸਾਈਕਲ ਡਿਸਕਵਰ 'ਤੇ ਸਵਾਰ ਹੋ ਕੇ ਆਪਣੇ ਪਿੰਡ ਤੋਂ ਬਹਿਰਾਮਪੁਰ ਸਾਈਡ ਨੂੰ ਜਾ ਰਹੇ ਸੀ। ਜਦ ਉਹ ਪਿੰਡ ਨੀਵਾਂ ਧਕਾਲਾ ਨੇੜੇ ਪੁੱਜੇ ਤਾਂ ਪਿੱਛੇ ਤੋਂ ਇਕ ਬੋਲੈਰੋ ਗਡੀ ਤੇਜ਼ ਰਫਤਾਰ ਨਾਲ ਆਈ ਜਿਸ ਨੂੰ ਨਾ-ਮਾਲੂਮ ਵਿਅਕਤੀ ਚਲਾ ਰਿਹਾ ਸੀ ਜਿਸ ਨੇ ਆਪਣੀ ਕਾਰ ਬਿਨਾਂ ਹਾਰਨ ਦਿੱਤੇ ਲਾਪ੍ਰਵਾਹੀ ਨਾਲ ਸਾਡੇ ਮੋਟਰਸਾਈਕਲ ਵਿੱਚ ਮਾਰ ਦਿੱਤੀ ਜਿਸ ਨਾਲ ਸੜਕ 'ਤੇ ਡਿੱਗਣ ਕਰਕੇ ਸ਼ਿਕਾਇਤਕਰਤਾ ਅਤੇ ਉਸ ਦੀ ਪਤਨੀ ਦੇ ਕਾਫੀ ਸੱਟਾਂ ਲੱਗ ਗਈਆਂ। ਸ਼ਿਕਾਇਤਕਰਤਾ ਦੀ ਪਤਨੀ ਨੂੰ ਅਰੋੜਾ ਹਸਪਤਾਲ ਗੁਰਦਾਸਪੁਰ ਵਿਖੇ ਦਾਖਲ ਕਰਵਾਇਆ ਗਿਆ ਜਿਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ । ਪੁਲਸ ਨੇ ਉਕਤ ਕਾਰ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਵਿਧਾਇਕ ਸ਼ੈਰੀ ਕਲਸੀ ਨੇ ਲੋਕ ਮਿਲਣੀ 'ਚ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ




**ਬਟਾਲਾ, (ਡਾ. ਮਲਵਿੰਦਰ ਸਿੰਘ)**

ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਲੋਕ ਮਿਲਣੀ ਦੌਰਾਨ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ। ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਹਲਕੇ ਦੇ ਲੋਕਾਂ ਨੇ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਪੂਰਾ ਕੀਤਾ ਗਿਆ ਹੈ ਅਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।ਬਟਾਲਾ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼ਹਿਰ ਵਿਚਲੀਆਂ ਸੜਕਾਂ ਅਤੇ ਚੌਕਾਂ ਨੂੰ ਚੌੜਾ ਕੀਤਾ ਗਿਆ ਹੈ। ਸ਼ਹਿਰ ਵਿਚਲੇ ਚੌਕਾਂ ਨੂੰ ਚੌੜਿਆਂ ਕਰਕੇ ਖੂਬਸੂਰਤ ਦਿੱਖ ਦਿੱਤੀ ਗਈ ਹੈ।ਸੀਸੀਟੀਵੀ ਕੈਮਰੇ ਲਗਾਏ ਜਾ ਰਹੇ ਹਨ। ਇੱਕ ਛੱਤ ਹੇਠਾਂ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵੇਂ ਤਹਿਸੀਲ ਕੰਪਲੈਕਸ ਦੀ ਉਸਾਰੀ ਕਰਵਾਈ ਗਈ ਹੈ।ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ ਲਾਇਬ੍ਰੇਰੀ ਦੀ ਇਮਾਰਤ ਜਿਸਦੀ ਹਾਲਤ ਬਹੁਤ ਖਸਤਾ ਸੀ, ਉਸ ਦੀ ਨਵੀ ਇਮਾਰਤ ਉਸਾਰੀ ਗਈ ਹੈ।ਸੁੱਖਾ ਸਿੰਘ-ਮਹਿਤਾਬ ਸਿੰਘ ਚੌਕ ਵਿੱਖੇ ਸ਼ਾਨਦਾਰ ਕਲਾਕ ਟਾਵਰ ਲਗਾਇਆ ਗਿਆ ਹੈ।ਸ਼ਹਿਰ ਦੀਆਂ ਵੱਖ-ਵੱਖ ਵਾਰਡਾਂ ਵਿੱਚ ਗਲੀਆਂ ਦੇ ਨਿਰਮਾਣ ਕਾਰਜ ਚੱਲ ਰਹੇ ਹਨ ਅਤੇ ਜਿਨਾਂ ਵਾਰਡਾਂ ਵਿੱਚ ਗਲੀਆਂ ਬਣਾਉਣ ਦਾ ਕੰਮ ਰਹਿ ਗਿਆ ਹੈ, ਉਥੇ ਵੀ ਜਲਦ ਕੰਮ ਸ਼ੁਰੂ ਕਰਵਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਹਲਕੇ ਦੇ ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਛੱਪੜਾਂ ਦੇ ਨਵੀਨੀਕਰਨ ਦਾ ਕੰਮ ਚੱਲ ਰਿਹਾ ਹੈ।ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਦੇ ਮੰਤਵ ਨਾਲ ਖੇਡ ਮੈਦਾਨ ਉਸਾਰੇ ਜਾ ਰਹੇ ਹਨ। ਖੂਬਸੂਰਤ ਪਾਰਕਾਂ ਉਸਾਰੀਆਂ ਗਈਆਂ ਹਨ।ਸਟਰੀਟ ਲਗਾਈਆਂ ਗਈਆਂ ਹਨ ਅਤੇ ਗਲੀਆਂ ਤੇ ਡੇਰਿਆਂ ਦੇ ਰਸਤੇ ਪੱਕੇ ਗਏ ਹਨ।ਉਨ੍ਹਾਂ ਕਿਹਾ ਕਿ ਮਹਿਜ਼ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ ਅਤੇ ਵਿਕਾਸ ਕਾਰਜਾਂ ਦੀ ਰਫ਼ਤਾਰ ਹੋਰ ਤੇਜ਼ ਕੀਤੀ ਗਈ ਹੈ।

# ਮੰਗਾਂ ਮੰਨਵਾਉਣ ਲਈ ਆੜ੍ਹਤੀਆ ਯੂਨੀਅਨ ਅੰਮ੍ਰਿਤਸਰ ਵੱਲੋਂ ਸੰਘਰਸ਼ ਤੇਜ਼



**ਅਟਾਰੀ/ਅੰਮ੍ਰਿਤਸਰ (ਸਤਬੀਰ ਭੀਲ)**

ਭਾਵੇਂ ਕਿ ਬਾਰਿਸ਼ ਦੇ ਦੌਰਾਨ ਕਣਕ ਦੀ ਕਟਾਈ ਲੇਟ ਹੋ ਰਹੀ ਹੈ ਤੇ ਕਣਕ ਦਾ ਸੀਜ਼ਨ ਬਿਲਕੁਲ ਬਰੂਹਾਂ ਤੇ ਹੈ ਜਿੱਥੇ ਕਿ ਕਣਕ ਦੇ ਖਰੀਦ ਪ੍ਰਬੰਧ ਸਰਕਾਰ ਨੇ ਕਰ ਲਏ ਹਨ ਇਸ ਦੇ ਬਾਵਜੂਦ ਮੰਡੀਆਂ ਵਿੱਚ ਟਰਾਂਸਪੋਰਟ ਦੀ ਕਮੀ ਨੇ ਆੜ੍ਹਤੀ ਭਾਈਚਾਰੇ ਦੀਆਂ ਮੁਸ਼ਕਿਲਾਂ ਵਿੱਚ ਵਾਧਾ ਕਰ ਦਿੱਤਾ ਹੈ। ਇਸ ਦੇ ਸੰਬੰਧ ਵਿੱਚ ਆੜ੍ਹਤੀ ਐਸੋਸੀਏਸ਼ਨ ਨੇ ਸਖਤ ਰੁਖ ਅਖਤਿਆਰ ਕਰ ਲਿਆ ਹੈ। ਨਰਿੰਦਰ ਬਹਿਲ ਨੇ ਮੰਗਾਂ ਮੰਨਵਾਉਣ ਲਈ ਲੱਕ 'ਤੇ ਪਰਨਾ ਬੰਨ੍ਹ ਲਿਆ ਹੈ। ਇਥੇ ਇਹ ਗੱਲ ਵਰਨਣਯੋਗ ਹੈ ਕਿ ਜਿਨ੍ਹਾਂ ਟਰਾਂਸਪੋਰਟਰਾਂ ਕੋਲ ਕੋਈ ਵੀ ਗੱਡੀ ਨਹੀਂ ਉਹ ਸਿਆਸੀ ਸ਼ਹਿ ਕਾਰਨ ਟੈਂਡਰ ਲੈ ਜਾਂਦੇ ਹਨ ਤੇ ਸੀਜ਼ਨ ਦੇ ਦੌਰਾਨ ਆੜ੍ਹਤੀਆਂ ਨੂੰ ਤੰਗ ਪਰੇਸ਼ਾਨ ਕਰਦੇ ਹਨ। ਇਥੋਂ ਤੱਕ ਕਿ ਆੜ੍ਹਤੀਆਂ ਨੂੰ ਕੋਲੋਂ ਪੈਸੇ ਦੇ ਕੇ ਲਿਫਟਿੰਗ ਕਰਾਉਣੀ ਪੈਂਦੀ ਹੈ। ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਨਰਿੰਦਰ ਬਹਿਲ ਦੀ ਅਗਵਾਈ ਹੇਠ ਇਕ ਵਿਸ਼ੇਸ਼ ਵਫਦ ਨੇ ਡੀਐੱਫਸੀ ਅੰਮ੍ਰਿਤਸਰ ਤੇ ਹੋਰ ਅਧਿਕਾਰੀਆਂ ਨਾਲ ਮੁਲਾਕਾਤ ਕਰਕੇ ਮੌਜੂਦਾ ਸਥਿਤੀ ਤੋਂ ਜਾਣੂ ਕਰਵਾਇਆ। ਨਰਿੰਦਰ ਨੇ ਦੱਸਿਆ ਕਿ ਕਈ ਟਰਾਂਸਪੋਰਟ ਠੇਕੇਦਾਰ, ਅਜਿਹੇ ਵੀ ਹਨ ਜੋ ਬਿਨਾ ਲੋੜੀਂਦੇ ਸਾਧਨਾਂ ਦੇ ਵੀ ਠੇਕਾ ਲੈ ਜਾਂਦੇ ਹਨ ਜਿਸ ਕਾਰਨ ਕਣਕ ਦੇ ਸੀਜ਼ਨ ਦੌਰਾਨ ਲਿਫਟਿੰਗ ਦੀ ਬਹੁਤ ਪਰੇਸ਼ਾਨੀ ਆਉਂਦੀ ਹੈ ਤੇ ਕਈ ਕਈ ਦਿਨ ਲਿਫਟਿੰਗ ਨਾ ਹੋਣ ਕਾਰਨ ਕਣਕ ਖਰਾਬ ਹੋ ਜਾਂਦੀ ਹੈ ਜਿਸ ਦੇ ਸਿੱਟੇ ਆੜ੍ਹਤੀ ਭਰਾਵਾਂ ਨੂੰ ਭੁਗਤਣੇ ਪੈਂਦੇ ਹਨ। ਟਰੱਕਾਂ ਦੀ ਘਾਟ ਕਾਰਨ ਆੜ੍ਹਤੀਆ ਨੂੰ ਵਾਰੀ ਦੀ ਉਡੀਕ ਕਰਨੀ ਪੈਂਦੀ ਹੈ ਜਿਸ ਕਾਰਨ ਮੰਡੀਆਂ ਦਾ ਕੰਮ ਕਾਜ ਪ੍ਰਭਾਵਿਤ ਹੁੰਦਾ। ਪ੍ਰਧਾਨ ਨਰਿੰਦਰ ਬਹਿਲ ਨੇ ਕਿਹਾ ਕਿ ਜਿਹੜੇ ਟਰਾਂਸਪੋਰਟ ਠੇਕੇਦਾਰ ਕਣਕ ਦੇ ਸੀਜ਼ਨ ਦੌਰਾਨ ਲੋੜ ਮੁਤਾਬਕ ਟਰੱਕ ਮੁਹੱਈਆ ਨਹੀਂ ਕਰਵਾ ਸਕਦੇ ਉਨ੍ਹਾਂ ਖਿਲਾਫ ਵਿਭਾਗੀ ਕਾਰਵਾਈ ਕਰਕੇ ਉਨ੍ਹਾਂ ਨੂੰ ਬਲੈਕ ਲਿਸਟ ਵਿੱਚ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਬਹਿਲ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇ ਇਸ ਮਸਲੇ ਨੂੰ ਗੰਭੀਰਤਾ ਨਾਲ ਨਾ ਲਿਆ ਤਾਂ ਮੰਡੀਆਂ ਦੇ ਹਾਲਾਤ ਬੇਕਾਬੂ ਹੋ ਸਕਦੇ ਹਨ। ਵਫਦ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਮੰਡੀਆਂ ਵਿੱਚ ਬਾਰਦਾਨਾ, ਬੋਰੀਆਂ ਦੀ ਸਪਲਾਈ ਯਕੀਨੀ ਬਣਾਈ ਜਾਵੇ। ਉਨ੍ਹਾਂ ਨੇ ਕਿਹਾ ਕਿ ਜੇ ਸਰਕਾਰ ਦੇ ਕੰਨਾਂ 'ਤੇ ਜੂੰ ਨਾ ਸਰਕੀ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ ਤਾਂ ਕਿ ਸਰਕਾਰ ਆੜ੍ਹਤੀਆਂ ਤੇ ਕਿਸਾਨਾਂ ਦੇ ਮਸਲਿਆਂ ਨੂੰ ਗੰਭੀਰਤਾ ਨਾਲ ਵਿਚਾਰੇ।

# ਸਮਤਾ ਯੋਗ ਆਸ਼ਰਮ ਮਾਧੋਪੁਰ ਵਿਖੇ ਦੋ ਦਿਨਾ ਸਤਿਸੰਗ 11 ਤੋਂ : ਨਰੇਸ਼ ਮਹਾਜਨ



**ਪਠਾਨਕੋਟ (ਦਵਿੰਦਰ ਸਿੰਘ)**-ਸਥਾਨਕ ਸਮਤਾ ਯੋਗ ਆਸ਼ਰਮ ਮਾਧੋਪੁਰ ਵਿੱਚ ਇਸ ਸਾਲ ਦੇ ਸਾਲਾਨਾ ਸਤਿਸੰਗ ਸੰਮੇਲਨ ਲਈ ਮੁਨੀਸ਼ ਬਜਾਜ ਦੀ ਪ੍ਰਧਾਨਗੀ ਹੇਠ ਇਕ ਮੀਟਿੰਗ ਦਾ ਆਯੋਜਨ ਕੀਤਾ ਗਿਆ।ਇਸ ਵਿੱਚ ਜਲ ਸਰੋਤ ਵਿਭਾਗ ਦੇ ਸੇਵਾਮੁਕਤ ਨਿਗਰਾਨ ਇੰਜੀਨੀਅਰ ਅਤੇ ਪ੍ਰਸਿੱਧ ਸ਼ਾਇਰ ਨਰੇਸ਼ ਮਹਾਜਨ ਨਿਰਗੁਣ ਖਾਸ ਤੌਰ ਤੇ ਨਤਮਸਤਕ ਹੋਏ।ਨਰੇਸ਼ ਮਹਾਜਨ ਨੇ ਦੱਸਿਆ ਕਿ ਸਮਤਾ ਯੋਗ ਆਸ਼ਰਮ ਪੂਰੇ ਇਲਾਕੇ ਦੇ ਆਧਿਆਤਮਕ ਅਤੇ ਸਮਾਜਿਕ ਉਤਥਾਨ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਪਾ ਰਿਹਾ ਹੈ ਅਤੇ ਅਜਿਹੇ ਸੰਮੇਲਨਾਂ ਵਿੱਚ ਸ਼ਾਮਲ ਹੋ ਕੇ ਮਨੁੱਖ ਆਪਣੀ ਰੂਹਾਨੀ ਤਰੱਕੀ ਅਤੇ ਚਿੰਤਾ ਰਹਿਤ ਜੀਵਨ ਜੀਣ ਦੀ ਕਲਾ ਸਿੱਖ ਸਕਦਾ ਹੈ।ਸੰਚਾਲਕ ਮੁਨੀਸ਼ ਬਜਾਜ ਨੇ ਦੱਸਿਆ ਕਿ ਸਲਾਨਾ ਸਤਿਸੰਗ ਸੰਮੇਲਨ ਵਿੱਚ ਸਮਤਾ ਦੇ ਪ੍ਰਚਾਰਕ ਭਾਰਤ ਦੇ ਵੱਖ-ਵੱਖ ਪ੍ਰਾਂਤਾਂ ਤੋਂ ਆ ਕੇ ਸੰਗਤ ਨੂੰ ਨਿਹਾਲ ਕਰਨਗੇ।ਉਨ੍ਹਾਂ ਦੱਸਿਆ ਕਿ 11 ਅਪ੍ਰੈਲ ਨੂੰ ਸ਼ਾਮ 6 ਵਜੇ ਤੋਂ 8:30 ਵਜੇ ਤੱਕ ਸਤਿਸੰਗ ਹੋਵੇਗਾ ਅਤੇ ਇਸ ਤੋਂ ਬਾਅਦ ਗੁਰੂ ਲੰਗਰ ਹੋਵੇਗਾ।ਇਸੇ ਤਰ੍ਹਾਂ 12 ਅਪ੍ਰੈਲ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਸਤਸੰਗ ਹੋਵੇਗਾ, ਜਿਸ ਤੋਂ ਬਾਅਦ ਗੁਰੂ ਲੰਗਰ ਦਾ ਪ੍ਰਬੰਧ ਕੀਤਾ ਜਾਵੇਗਾ।ਇਸ ਮੌਕੇ ਤੇ ਨਰੇਸ਼ ਮਹਾਜਨ, ਮੁਨੀਸ਼ ਬਜਾਜ, ਰਮੇਸ਼ ਲਾਲ, ਕਰਨ ਸਿੰਘ, ਪੁਰਸ਼ੋਤਮ ਲਾਲ, ਕਿਸ਼ੋਰੀ ਲਾਲ, ਸੁਨੀਲ ਪਰਾਸ਼ਰ, ਭਰਤ ਕੁਮਾਰ, ਗੁਲਸ਼ਨ ਆਦਿ ਮੌਜੂਦ ਸਨ।

# ਚੋਰੀਸ਼ੁਦਾ ਸਾਮਾਨ ਸਮੇਤ ਵਿਅਕਤੀ ਕਾਬੂ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਧਾਰੀਵਾਲ ਦੇ ਏ. ਐੱਸ. ਆਈ. ਰਣਜੀਤ ਸਿੰਘ ਨੇ ਸਮੇਤ ਪੁਲਸ ਪਾਰਟੀ ਮੁੱਖਬਰ ਖਾਸ ਦੀ ਇਤਲਾਹ ਤੇ ਨੇੜੇ ਸਬ ਤਹਿਸੀਲ ਧਾਰੀਵਾਲ ਝਾੜੀਆਂ ਵਿੱਚ ਰੇਡ ਕਰਕੇ ਸੁਧੀਰ ਪੁੱਤਰ ਨੀਲੂ, ਰਣਜੀਤ ਪੁੱਤਰ ਸੁਭਾਸ਼ ਵਾਸੀ ਧਾਰੀਵਾਲ ਨੂੰ ਕਾਬੂ ਕੀਤਾ ਤਾਂ ਉਸ ਪਾਸੋ ਤਿੰਨ ਟੁੱਟੇ ਹੋਏ ਐਲੂਮੀਨੀਅਮ ਦੇ ਦਰਵਾਜ਼ੇ ਬ੍ਰਾਮਦ ਹੋਏ ਹਨ। ਪੁਲਸ ਨੇ ਸੁਧੀਰ ਅਤੇ ਰਣਜੀਤ ਸਿੰਘ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਜ਼ੋਨ ਬਾਬਾ ਬੁੱਢਾ ਸਾਹਿਬ ਦੇ ਅਜਲਾਸ ਦੌਰਾਨ ਜ਼ੋਨ ਕੋਰ ਕਮੇਟੀ ਦਾ ਪੁਨਰਗਠਨ



**ਜੈਂਤੀਪੁਰ (ਸੁਖਬੀਰ ਸਿੱਧੂ)**

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜਿਲ੍ਹਾ ਅੰਮ੍ਰਿਤਸਰ ਵਿੱਚ ਜਾਰੀ ਜਥੇਬੰਦਕ ਚੋਣਾਂ ਦੇ ਚਲਦੇ ਜ਼ੋਨ ਬਾਬਾ ਬੁੱਢਾ ਸਾਹਿਬ ਵਿੱਚ ਪਿੰਡ ਪੱਧਰੀ ਚੋਣ ਪ੍ਰਕਿਰਿਆ ਪੂਰੀ ਕਰਨ ਤੋਂ ਬਾਅਦ ਕੱਥੂਨੰਗਲ ਨਜ਼ਦੀਕ ਪਿੰਡ ਅਬਦਾਲ ਵਿੱਚ ਵਿਖੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਦੀ ਪ੍ਰਧਾਨਗੀ ਹੇਠ ਜ਼ੋਨ ਡੈਲੀਗੇਟ ਅਜਲਾਸ ਸੱਦ ਕੇ ਜ਼ੋਨ ਕੋਰ ਕਮੇਟੀ ਦਾ ਪੁਨਰਗਠਨ ਕੀਤਾ ਗਿਆ ਜਿਸ ਵਿੱਚ ਪਹੁੰਚੇ ਡੈਲੀਗੇਟਾਂ ਨੇ ਹਾਜ਼ਰੀ ਭਰਕੇ ਸਰਬਸੰਮਤੀ ਨਾਲ ਜ਼ੋਨ ਕੋਰ ਕਮੇਟੀ ਦੀ ਚੋਣ ਕੀਤੀ।ਚੋਣ ਵਿੱਚ ਪ੍ਰਧਾਨ ਗੁਰਭੇਜ ਸਿੰਘ ਝੰਡੇ, ਸਕੱਤਰ ਗੁਰਦੇਵ ਸਿੰਘ ਮੁਗੋਸੋਹੀ, ਕਾਬਲ ਸਿੰਘ ਵਰਿਆਮ ਨੰਗਲ, ਜੰਗਬਹਾਦਰ ਸਿੰਘ ਅਲਕੜੇ, ਟੇਕ ਸਿੰਘ ਝੰਡੇ, ਕੁਲਬੀਰ ਸਿੰਘ ਅਬਦਾਲ, ਕੁਲਦੀਪ ਸਿੰਘ ਚਾਚੋਵਾਲੀ, ਹਰਦੀਪ ਸਿੰਘ ਭੰਗਾਲੀ, ਸਰਜੀਤ ਸਿੰਘ ਤਲਵੰਡੀ, ਰੁਪਿੰਦਰ ਕੌਰ ਅਬਦਾਲ, ਕਸ਼ਮੀਰ ਕੌਰ ਵਰਿਆਮ ਨੰਗਲ ਸਮੇਤ 13 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਜਿੱਥੇ ਸਰਕਾਰ ਕਿਸਾਨ ਵਿਰੋਧੀ ਨੀਤੀਆਂ ਲਾਗੂ ਕਰ ਰਹੀ ਹੈ ਉਥੇ ਹੀ ਦੂਸਰੇ ਪਾਸੇ ਮਜ਼ਦੂਰਾਂ ਨੂੰ ਮਨਰੇਗਾ ਸਕੀਮ ਵਿੱਚੋਂ ਜੋ ਰੁਜ਼ਗਾਰ ਮਿਲਦਾ ਸੀ ਉਸ ਨੂੰ ਵੀ ਖਤਮ ਕਰ ਦਿੱਤਾ ਹੈ ਤੇ ਵਾਧੂ ਆਰਥਿਕ ਬੋਝ ਸੂਬਿਆਂ ਦੇ ਸਿਰ ਪਾਇਆ ਜਾ ਰਿਹਾ।

# ਤਨਿਸ਼ਕ ਨੇ ਆਪਣੀ ਨਵੀਂ ਕਲੈਕਸ਼ਨ ਹਿਊਜ਼ ਨੂੰ ਕੀਤਾ ਲਾਂਚ

**ਲੁਧਿਆਣਾ** : ਅਕਸ਼ੈ ਤ੍ਰਿਤੀਆ ਦਾ ਤਿਉਹਾਰ ਨੇੜੇ ਆ ਰਿਹਾ। ਇਸ ਸ਼ੁੱਭ ਮੌਕੇ ਟਾਟਾ ਦੇ ਘਰੋਂ ਭਾਰਤ ਦੇ ਮੋਹਰੀ ਜਿਊਲਰੀ ਬ੍ਰਾਂਡ ਤਨਿਸ਼ਕ ਨੇ ਨੈਚੁਰਲ ਜੈਮਸਟੋਨ ਜਿਊਲਰੀ ਸੈਗਮੈਂਟ ਵਿਚ ਕਦਮ ਰੱਖਿਆ ਹੈ।100% ਨੈਚੁਰਲ ਜੈਮਸਟੋਨ ਦੀ ਗਿਣੀ ਚੁਣੀ ਰੇਂਜ 'ਤੇ ਆਧਾਰਿਤ ਇਹ ਰਣਨੀਤਿਕ ਕਦਮ ਤਨਿਸ਼ਕ ਦੇ ਇਸ ਇਰਾਦੇ ਨੂੰ ਦਰਸਾਉਂਦਾ ਹੈ ਕਿ ਉਹ ਇਸ ਖੇਤਰ ਵਿੱਚ ਪ੍ਰਮਾਣਿਕਤਾ ਅਤੇ ਸ਼ਾਨਦਾਰ ਡਿਜ਼ਾਈਨਾਂ ਨਾਲ ਇੱਕ ਨਵਾਂ ਮਿਆਰ ਕਾਇਮ ਕਰਨਾ ਚਾਹੁੰਦਾ ਹੈ।ਹਿਊਜ਼ ਦਾ ਵਿਚਾਰ ਭਾਰਤ ਵਿਚ ਗਰਮੀਆਂ ਦੇ ਮੌਸਮ ਦੀ ਨਜ਼ਾਕਤ ਤੇ ਰੰਗੀਨੀ ਤੋਂ ਪ੍ਰੇਰਿਤ ਹੈ।ਲਾਂਚ ਬਾਰੇ ਗੱਲ ਕਰਦਿਆਂ ਟਾਈਟਨ ਕੰਪਨੀ ਲਿਮਟਿਡ ਦੀ ਚੀਫ ਮਾਰਕੀਟਿੰਗ ਅਫਸਰ ਮਿਸ ਪੇਲਕੀ ਤਸ਼ੇਰਿੰਗ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਿਊਲਰੀ ਨਿੱਜੀ ਪ੍ਰਗਟਾਵੇ ਦਾ ਸਾਧਨ ਬਣ ਰਹੀ ਹੈ।ਕਲਰਡ ਜੈਮਸਟੋਨ ਇਸ ਲਈ ਬਿਲਕੁਲ ਪ੍ਰਫੈਕਟ ਹਨ।ਇਸ ਮੌਕੇ ਤਨਿਸ਼ਕ ਦੇ ਹੈੱਡ ਆਫ ਡਿਜ਼ਾਈਨਿੰਗ ਮਿਸ ਗਰਿਮਾ ਮਹੇਸ਼ਵਰੀ ਨੇ ਕਿਹਾ ਕਿ ਹਿਊਜ਼ ਨਾਲ ਅਸੀਂ ਕੁਦਰਤੀ ਰਤਨਾਂ ਦੀ ਜਿਊਲਰੀ ਵਿੱਚ ਇੱਕ ਨਵਾਂ ਅਤੇ ਸ਼ਾਨਦਾਰ ਡਿਜ਼ਾਈਨ ਪੇਸ਼ ਕਰਨ ਦੀ ਇੱਛਾ ਰੱਖੀ ਸੀ।

# ਸਕੂਲ 'ਚ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਪੁਰਬ ਮਨਾਇਆ




**ਧਾਰੀਵਾਲ, (ਮਨਦੀਪ ਵਿੱਕੀ)**-ਗੁਰੂ ਤੇਗ ਬਹਾਦਰ ਇੰਟਰਨੈਸ਼ਨਲ ਸਕੂਲ ਕਲਿਆਣਪੁਰ (ਧਾਰੀਵਾਲ) ਵਿਖੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸੁਰਜੀਤ ਸਿੰਘ, ਡਾਇਰੈਕਟਰ ਪ੍ਰਿਤਪਾਲ ਸਿੰਘ ਅਤੇ ਪ੍ਰਿੰਸੀਪਲ ਸੈਮੂਅਲ ਦਾਸ ਦੇ ਪ੍ਰਬੰਧਾਂ ਵਿੱਚ ਸਮਾਗਮ ਕਰਵਾਇਆ। ਸਮਾਗਮ ਦੌਰਾਨ ਵਿਦਿਆਰਥੀਆਂ ਦੁਆਰਾ ਸ੍ਰੀ ਜਪਜੀ ਸਾਹਿਬ ਦੇ ਪਾਠ ਕੀਤੇ ਗਏ। ਉਪਰੰਤ ਬੱਚਿਆਂ ਦੇ ਵੱਖ-ਵੱਖ ਜਥਿਆਂ ਨੇ ਕੀਰਤਨ ਕੀਤਾ। ਇਸ ਮੌਕੇ ਸਕੂਲ ਦੀ ਚੜ੍ਹਦੀਕਲਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਅਧਿਆਪਿਕਾ ਅਮਨਦੀਪ ਕੌਰ ਨੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਜੀਵਨੀ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ ਅਤੇ ਵਿਦਿਆਰਥੀਆਂ ਨੂੰ ਗੁਰੂ ਤੇਗ ਬਹਾਦਰ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਆਪਨਾਉਣ ਲਈ ਪ੍ਰੇਰਿਤ ਕੀਤਾ। ਚੇਅਰਮੈਨ ਸੁਰਜੀਤ ਸਿੰਘ ਅਤੇ ਪ੍ਰਿੰਸੀਪਲ ਸੈਮੂਅਲ ਦਾਸ ਨੇ ਦੱਸਿਆ ਇਸ ਸਮਾਗਮ ਦੀ ਤਿਆਰੀ ਬੱਚਿਆਂ ਨੂੰ ਅਧਿਆਪਿਕਾ ਕੁਲਵਿੰਦਰ ਕੌਰ ਨੇ ਕਰਵਾਈ। ਇਸ ਮੌਕੇ ਸਮੂਹ ਸਟਾਫ਼ ਹਾਜ਼ਰ ਸਨ।

# ਗੁਲਗੜ੍ਹ ਤੋਂ ਮੁੱਖ ਮੰਤਰੀ ਯਾਤਰਾ ਯੋਜਨਾ ਤਹਿਤ ਪਹਿਲੀ ਬੱਸ ਰਵਾਨਾ



**ਅੰਮ੍ਰਿਤਸਰ (ਵਿਜੇ ਸ਼ਰਮਾ)**-ਮੁੱਖ ਮੰਤਰੀ ਯਾਤਰਾ ਯੋਜਨਾ ਤਹਿਤ ਵਿਧਾਨ ਸਭਾ ਹਲਕਾ ਰਾਜਾਸਾਂਸੀ ਦੇ ਪਿੰਡ ਗੁਲਗੜ੍ਹ ਬੂਥ ਨੰਬਰ ਇੱਕ ਤੋਂ ਪਹਿਲੀ ਬੱਸ ਧਾਰਮਿਕ ਯਾਤਰਾ ਲਈ ਰਵਾਨਾ ਹੋਈ ਜਿਸ ਨੂੰ ਰਵਾਨਾ ਕਰਨ ਲਈ ਵਿਧਾਨ ਸਭਾ ਹਲਕਾ ਰਾਜਾਸਾਂਸੀ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਸੋਨੀਆ ਮਾਨ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਹਲਕਾ ਰਾਜਾਸਾਂਸੀ ਤੋਂ ਅੱਜ ਪਹਿਲੀ ਬੱਸ ਧਾਰਮਿਕ ਯਾਤਰਾ ਕਰਨ ਲਈ ਰਵਾਨਾ ਹੋ ਰਹੀ ਹੈ। ਇਹ ਯਾਤਰਾ ਸ਼੍ਰੀ ਆਨੰਦਪੁਰ ਸਾਹਿਬ ਦੇ ਵੱਖ-ਵੱਖ ਗੁਰਦੁਆਰਿਆਂ ਅਤੇ ਮਾਤਾ ਨੈਨਾ ਦੇਵੀ ਵਿਖੇ ਦਰਸ਼ਨ ਕਰਨ ਲਈ ਜਾ ਰਹੀ।ਸੋਨੀਆ ਮਾਨ ਨੇ ਕਿਹਾ ਕਿ ਇਹ ਬੱਸ ਸੇਵਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਬਿਲਕੁਲ ਫਰੀ ਕੀਤੀ ਗਈ ਹੈ।ਯਾਤਰੀਆਂ ਦੇ ਖਾਣ ਪੀਣ ਦਾ ਖਰਚਾ ਵੀ ਪੰਜਾਬ ਸਰਕਾਰ ਕਰੇਗੀ।ਸੋਨੀਆ ਮਾਨ ਨੇ ਅਕਾਲੀ ਦਲ ਬਾਦਲ ਤੇ ਸ਼ਬਦੀ ਵਾਰ ਕਰਦੇ ਹੋਏ ਕਿਹਾ ਕਿ ਜਿਹੜੇ ਖੁਦ ਨੂੰ ਪੰਜਾਬ ਹਿਤੈਸ਼ੀ ਅਤੇ ਪੰਥਕ ਪਾਰਟੀ ਅਖਵਾਉਂਦੇ ਹਨ ਜਿਨ੍ਹਾਂ ਨੇ ਧਾਰਮਿਕ ਸਥਾਨਾਂ 'ਤੇ ਕਬਜ਼ੇ ਕੀਤੇ ਹੋਏ ਹਨ ਉਨ੍ਹਾਂ ਨੇ ਆਪਣੀ ਸਰਕਾਰ ਦੌਰਾਨ ਕੋਈ ਵੀ ਇਸ ਤਰ੍ਹਾਂ ਦਾ ਉਪਰਾਲਾ ਨਹੀਂ ਕੀਤਾ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਹ ਸ਼ਲਾਘਾਯੋਗ ਯੋਜਨਾ ਚਲਾਈ ਗਈ ਹੈ ਜਿਸ ਨਾਲ ਪੂਰੇ ਪੰਜਾਬ ਦੇ ਲੋਕਾਂ ਵਿੱਚ ਖੁਸ਼ੀ ਨਜ਼ਰ ਆ ਰਹੀ ਹੈ। ਸੋਨੀਆ ਮਾਨ ਨੇ ਦੱਸਿਆ ਕਿ ਇਹ ਯਾਤਰਾ ਕਿਸੇ ਇੱਕ ਧਰਮ ਦੇ ਸਥਾਨ ਤੇ ਨਹੀਂ ਜਾਂਦੀ ਸਗੋਂ ਭਾਈਚਾਰਕ ਸਾਂਝ ਨੂੰ ਕਾਇਮ ਰੱਖਦੇ ਹੋਏ ਹਰ ਇੱਕ ਧਾਰਮਿਕ ਸਥਾਨ 'ਤੇ ਪਹੁੰਚ ਰਹੀ ਹੈ।ਉਨ੍ਹਾਂ ਨੇ ਰਾਜਾਸਾਂਸੀ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਮੁੱਖ ਮੰਤਰੀ ਯਾਤਰਾ ਯੋਜਨਾ ਦਾ ਵੱਧ ਤੋਂ ਵੱਧ ਲਾਭ ਲੈ ਕੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ।

# ਯਾਦਗਾਰੀ ਹੋ ਨਿੱਬੜਿਆ ਯੂਕੇਜੀ ਦੀਕਸ਼ਾਂਤ ਸਮਾਰੋਹ




**ਪਠਾਨਕੋਟ (ਦਵਿੰਦਰ ਸਿੰਘ)**-ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਅਤੇ ਅਰਲੀ ਯੀਅਰਜ਼, ਜੋਧਾਮਲ ਕਾਲੋਨੀ, ਪਠਾਨਕੋਟ ਵੱਲੋਂ ਯੂਕੇਜੀ ਦੀਕਸ਼ਾਂਤ ਸਮਾਰੋਹ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ।ਇਹ ਸਮਾਰੋਹ ਨੰਨੇ ਵਿਦਿਆਰਥੀਆਂ ਦੀ ਸਿੱਖਿਆ ਯਾਤਰਾ ਦਾ ਇੱਕ ਮਹੱਤਵਪੂਰਨ ਪੜਾਅ ਸਾਬਤ ਹੋਇਆ, ਜਿਸ ਵਿੱਚ ਮਾਪਿਆਂ ਅਤੇ ਦਾਦਾ-ਦਾਦੀ/ਨਾਨਾ-ਨਾਨੀ ਦੀ ਹਾਜ਼ਰੀ ਨੇ ਇਸ ਮੌਕੇ ਨੂੰ ਹੋਰ ਵੀ ਯਾਦਗਾਰ ਬਣਾ ਦਿੱਤਾ।ਸਮਾਰੋਹ ਦੀ ਸ਼ੁਰੂਆਤ ਸ਼ਾਨਦਾਰ ਸਵਾਗਤ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਨੇ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਕੀਤੀਆਂ। ਨੰਨ੍ਹੇ ਗ੍ਰੈਜੂਏਟਸ ਨੇ ਆਪਣੇ ਆਤਮਵਿਸ਼ਵਾਸ ਅਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਦਰਸ਼ਕਾਂ ਦਾ ਮਨ ਮੋਹ ਲਿਆ।ਇਸ ਮੌਕੇ ਡਾਇਰੈਕਟਰ ਸਨੀ ਮਹਾਜਨ ਨੇ ਕਿਹਾ ਕਿ ਸਕੂਲ ਬੱਚਿਆਂ ਨੂੰ ਮਜ਼ਬੂਤ ਵਿਦਿਅਕ ਅਧਾਰ ਪ੍ਰਦਾਨ ਕਰਨ ਲਈ ਵਚਨਬੱਧ ਹੈ।ਪ੍ਰਿੰਸੀਪਲ ਸੁਭਰਾ ਰਾਣੀ ਨੇ ਨੰਨ੍ਹੇ ਗ੍ਰੈਜੂਏਟਸ ਨੂੰ ਵਧਾਈ ਦਿੰਦਿਆਂ ਮਾਪਿਆਂ ਦੇ ਲਗਾਤਾਰ ਸਹਿਯੋਗ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਜਿਗਿਆਸੂ, ਆਤਮਵਿਸ਼ਵਾਸੀ ਅਤੇ ਉਤਸ਼ਾਹੀ ਰਹਿਣ ਅਤੇ ਆਪਣੇ ਜੀਵਨ ਦੇ ਅਗਲੇ ਪੜਾਅ ਵੱਲ ਵਿਸ਼ਵਾਸ ਨਾਲ ਅੱਗੇ ਵਧਣ।

# ਪੱਤਰਕਾਰ ਬਲਜੀਤ ਕਾਹਲੋਂ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਪਿੰਡ ਤਲਵੰਡੀ ਖੁੰਮਣ ਦੇ ਉੱਘੇ ਰੰਗ ਕਰਮੀ ਕੁਲਦੀਪ ਸਿੰਘ ਕਾਹਲੋਂ ਦੇ ਭਰਾਤਾ ਪੱਤਰਕਾਰ ਬਲਜੀਤ ਸਿੰਘ ਕਾਹਲੋਂ ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ।ਪੱਤਰਕਾਰ ਯੂਨੀਅਨ ਬਲਾਕ ਅਜਨਾਲਾ ਉਨ੍ਹਾਂ ਦੀ ਬੇਵਕਤੀ ਹੋਈ ਮੌਤ ਤੇ ਦੁੱਖ ਦਾ ਇਜ਼ਹਾਰ ਕਰਦਿਆਂ ਪਰਿਵਾਰ ਨਾਲ ਦਿਲੋਂ ਹਮਦਰਦੀ ਜ਼ਾਹਿਰ ਕਰਦੀ ਹੈ।ਪੱਤਰਕਾਰ ਯੂਨੀਅਨ ਵੱਲੋਂ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਪਰਿਵਾਰ ਨਾਲ ਇਸ ਦੁੱਖ ਦੀ ਘੜੀ ਵਿੱਚ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਪੱਤਰਕਾਰ ਸੁਖਵੰਤ ਚੇਤਨਪੁਰੀ, ਨਿਰਵੈਰ ਗਿਲ, ਮਹਾਂਬੀਰ ਗਿੱਲ, ਸੁਖਦੇਵ ਸਿੰਘ ਖਾਲਸਾ, ਰਕੇਸ਼ ਭੱਟੀ, ਰਣਬੀਰ ਸਿੰਘ ਮਿੰਟੂ, ਕੁਲਦੀਪ ਸੰਤੂ ਨੰਗਲ, ਜਸਵਿੰਦਰ ਸੰਧੂ, ਸ਼ਰਨਜੀਤ ਸਿੰਘ ਗਿੱਲ, ਸਾਬਕਾ ਬਲਾਕ ਸੰਮਤੀ ਮੈਂਬਰ ਗੁਰਪਿੰਦਰ ਸਿੰਘ ਪਾਖਰਪੁਰਾ, ਸਰਪੰਚ ਸਤਨਾਮ ਸਿੰਘ ਪਾਖਰਪੁਰਾ, ਦਲਜੀਤ ਸਿੰਘ ਪਾਖਰਪੁਰਾ, ਸੁਖਵਿੰਦਰ ਸਿੰਘ ਢਿੱਲੋਂ ਪਾਖਰਪੁਰਾ, ਕਾਮਰੇਡ ਟਹਿਲ ਸਿੰਘ ਚੇਤਨਪੁਰਾ, ਸਾਬਕਾ ਸਰਪੰਚ ਅਮਰਜੀਤ ਸਿੰਘ, ਸਾਬਕਾ ਬਲਾਕ ਸੰਮਤੀ ਮੈਂਬਰ ਗੁਰਜੀਤ ਸਿੰਘ, ਕਾ: ਬਲਕਾਰ ਸਿੰਘ ਦੁਧਾਲਾ, ਕਾ: ਬਲਵਿੰਦਰ ਸਿੰਘ ਦਧਾਲਾ, ਰਘਬੀਰ ਸਿੰਘ ਸਰਪੰਚ ਤਲਵੰਡੀ ਖੁੰਬਣ, ਹਰਅੰਮ੍ਰਿਤ ਪਾਲ ਸਿੰਘ ਸਾਬਕਾ ਸਰਪੰਚ ਤਲਵੰਡੀ ਖੁੰਮਣ, ਪਰਮਿੰਦਰ ਸਿੰਘ ਬੱਲ ਤਲਵੰਡੀ ਖੁੰਮਣ, ਸੁਖ ਸਿਮਰਤ ਸਿੰਘ ਬੱਲ, ਰਜਿੰਦਰ ਸਿੰਘ ਪ੍ਰਧਾਨ, ਗੁਰਸ਼ਰਨ ਸਿੰਘ ਬਾਠ, ਕੁਲਵੰਤ ਸਿੰਘ ਕਾਹਲੋਂ, ਪੱਤਰਕਾਰ ਜਗਦੀਸ਼ ਬਮਰਾ, ਸੋਇਮ ਆਨੰਦ, ਜਸਪਾਲ ਗਿੱਲ, ਮਨਿੰਦਰ ਸਿੰਘ ਸੌਖੀ, ਦਿਲਬਾਗ ਰਾਣੇ ਵਾਲੀ, ਗੁਰਪ੍ਰੀਤ ਸਿੰਘ, ਜਗਤਾਰ ਸਿੰਘ ਸਹਿਮੀ ਆਦਿ ਸ਼ਾਮਿਲ ਸਨ।

# ਫੂਡ ਸੇਫਟੀ ਪੰਦਰਵਾੜੇ ਤਹਿਤ ਖਾਣ ਵਾਲੀਆਂ ਚੀਜ਼ਾਂ ਦੀ ਚੈਕਿੰਗ ਲਈ ਕੈਂਪ ਆਯੋਜਿਤ

**ਗੁਰਦਾਸਪੁਰ, (ਜਨਕ ਮਹਾਜਨ)**

ਡਿਪਟੀ ਕਮਿਸ਼ਨਰ ਗੁਰਦਾਸਪੁਰ ਅਤੇ ਸਿਵਲ ਸਰਜਨ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਹਤ ਵਿਭਾਗ ਦੀ ਫੂਡ ਸੇਫਟੀ ਸ਼ਾਖਾ ਵੱਲੋਂ ਅਸਿਸਟੈਂਟ ਕਮਿਸ਼ਨਰ ਫੂਡ ਡਾਕਟਰ ਜੀ. ਐੱਸ. ਪੰਨੂ ਦੀ ਅਗਵਾਈ ਹੇਠ ਫੂਡ ਸੇਫਟੀ ਪੰਦਰਵਾੜਾ ਮਨਾਇਆ ਗਿਆ। ਇਸ ਦੌਰਾਨ ਖਾਧ ਪਦਾਰਥਾਂ ਦੀ ਚੈਕਿੰਗ ਲਈ ਇਕ ਕੈਂਪ ਲਗਾਇਆ ਗਿਆ ਜਿਸ ਵਿਚ ਫੂਡ ਸੇਫਟੀ ਆਨ ਵਹੀਲ ਵੈਨ ਵੱਲੋਂ ਦੁੱਧ, ਪਨੀਰ, ਮਸਾਲੇ ਆਦਿ ਦੇ ਸੈਂਪਲ ਚੈੱਕ ਕਰਕੇ ਮੌਕੇ 'ਤੇ ਰਿਪੋਰਟ ਦਿੱਤੀ ਗਈ ਅਤੇ ਦੁਕਾਨਦਾਰਾਂ ਨੂੰ ਨਿਯਮਾਂ ਬਾਰੇ ਦੱਸਿਆ ਗਿਆ। ਇਸ ਸਬੰਧੀ ਸਹਾਇਕ ਕਮਿਸ਼ਨਰ ਫੂਡ ਡਾਕਟਰ ਜੀ. ਐੱਸ. ਪੰਨੂ ਨੇ ਦੱਸਿਆ ਕਿ ਲੋਕਾਂ ਨੂੰ ਮਿਆਰੀ ਖਾਦ ਪਦਾਰਥ ਮੁਹੱਈਆ ਕਰਵਾਉਣ ਲਈ ਸਰਕਾਰ ਲਗਾਤਰ ਯਤਨ ਕਰ ਰਹੀ ਹੈ। ਲੋਕਾਂ ਨੂੰ ਖਾਧ ਪਦਾਰਥਾਂ ਦੀ ਗੁਣਵੱਤਾ ਬਾਰੇ ਦੱਸਿਆ ਜਾ ਰਿਹਾ ਹੈ। ਜਾਗਰੂਕਤਾ ਦੇ ਨਾਲ ਛਾਪਾਮਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਖਾਧ ਪਦਾਰਥਾਂ ਦੀ ਵਿੱਕਰੀ ਸਬੰਧੀ ਸਰਕਾਰ ਨੇ ਹੁਣ ਡੇਢ ਕਰੋੜ ਤੱਕ ਦੀ ਲਿਮਟ ਤੱਕ ਰਜਿਸਟਰੇਸ਼ਨ ਅਤੇ ਡੇਢ ਕਰੋੜ ਤੋਂ ਲੇ ਕੇ 30 ਕਰੋੜ ਤੱਕ ਸਟੇਟ ਲਾਇਸੈਂਸ ਦੀ ਮਨਜ਼ੂਰੀ ਦੇ ਦਿੱਤੀ ਹੈ। 30 ਕਰੋੜ ਤੱਕ ਦੀ ਲਿਮਟ ਤੋਂ ਵੱਧ ਤੇ ਸੈਂਟਰ ਲਾਇਸੈਂਸ ਜਾਰੀ ਹੋਵੇਗਾ। ਇਸ ਮੌਕੇ ਫੂਡ ਸੇਫਟੀ ਅਫਸਰ ਰੇਖਾ ਸ਼ਰਮਾ, ਮਾਸ ਮੀਡੀਆ ਅਫ਼ਸਰ ਪਰਮਿੰਦਰ ਸਿੰਘ ਆਦਿ ਹਾਜ਼ਰ ਸਨ।



# ਤਰੁਣ ਚੁੱਘ ਨੇ ਦੇਸ਼ ਦੀ ਖੁਸ਼ਹਾਲੀ ਲਈ ਕੀਤੀ ਪ੍ਰਾਰਥਨਾ

**ਛੇਹਰਟਾ (ਮਨੋਜ ਕੁਮਾਰ)**- ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਹਿਮਾਚਲ ਪ੍ਰਦੇਸ਼ ਦੇ ਮੰਡੀ ਪੁੱਜੇ, ਜਿੱਥੇ ਆਪਣੇ ਠਹਿਰਾਓ ਦੌਰਾਨ ਉਹ ਪ੍ਰਾਚੀਨ ਤੇ ਇਤਿਹਾਸਕ ਬਾਬਾ ਭੂਤਨਾਥ ਮੰਦਰ ਵਿਖੇ ਨਤਮਸਤਕ ਹੋਏ। ਚੁੱਘ ਨੇ ਦੇਸ਼ ਦੀ ਖੁਸ਼ਹਾਲੀ, ਸ਼ਾਂਤੀ ਤੇ ਤਰੱਕੀ ਲਈ ਬਾਬਾ ਭੂਤਨਾਥ ਦੇ ਚਰਨਾਂ ਵਿਚ ਪ੍ਰਾਰਥਨਾ ਕੀਤੀ। ਚੁੱਘ ਨੇ ਅੱਗੇ ਕਿਹਾ ਕਿ ਅਜਿਹੇ ਪਵਿੱਤਰ ਸਥਾਨਾਂ ਦੀ ਯਾਤਰਾ ਨਾ ਸਿਰਫ਼ ਅਧਿਆਤਮਿਕ ਊਰਜਾ ਪ੍ਰਦਾਨ ਕਰਦੀ ਹੈ, ਬਲਕਿ ਦੇਸ਼ ਤੇ ਸਮਾਜ ਦੇ ਉਜਵਲ ਭਵਿੱਖ ਲਈ ਸਕਾਰਾਤਮਕ ਸੰਕਲਪ ਨੂੰ ਵੀ ਮਜ਼ਬੂਤ ਕਰਦੀ ਹੈ।

# 10 ਲੱਖ ਦੇ ਮੁਫ਼ਤ ਇਲਾਜ ਦੇ ਕਾਰਡ ਵੰਡ ਕੇ ਸਰਕਾਰੀ ਹਸਪਤਾਲਾਂ ਦਾ ਭੋਗ ਪਾਇਆ ਜਾ ਰਿਹਾ : ਮੇਜਰ ਸਿੰਘ ਕੋਟ ਟੋਡਰਮੱਲ

**ਧਾਰੀਵਾਲ, (ਮਨਦੀਪ ਵਿੱਕੀ)**



ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਯੂਥ ਵਿੰਗ ਸੂਬਾ ਆਗੂ ਮੇਜਰ ਸਿੰਘ ਕੋਟ ਟੋਡਰ ਮੱਲ ਨੇ ਜਾਰੀ ਪ੍ਰੈੱਸ ਬਿਆਨ ਵਿੱਚ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਿਹਤ ਸਹੂਲਤਾਂ ਦੇ ਨਾਂ 'ਤੇ ਜਾਰੀ ਕੀਤੇ ਜਾ ਰਹੇ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦਾ ਲਾਲਚ ਦੇ ਕੇ ਪੰਜਾਬ ਸਰਕਾਰ ਹੌਲੀ-ਹੌਲੀ ਸਰਕਾਰੀ ਹਸਪਤਾਲਾਂ ਦੀ ਹੋਂਦ ਨੂੰ ਖ਼ਤਮ ਕਰਨ ਅਤੇ ਸਿਹਤ ਸੇਵਾਵਾਂ ਦੇ ਪੂਰਨ ਨਿੱਜੀਕਰਨ ਵੱਲ ਵਧ ਰਹੀ ਹੈ। ਪੰਜਾਬ ਦੇ ਜ਼ਿਆਦਾਤਰ ਸਰਕਾਰੀ ਹਸਪਤਾਲਾਂ ਵਿੱਚ ਆਧੁਨਿਕ ਤਕਨੀਕ ਅਤੇ ਮਸ਼ੀਨਰੀ ਦੀ ਵੀ ਭਾਰੀ ਘਾਟ ਹੈ।ਮਰੀਜ਼ਾਂ ਨੂੰ ਮਾਮੂਲੀ ਟੈਸਟਾਂ ਲਈ ਵੀ ਨਿੱਜੀ ਲੈਬਾਰਟਰੀਆਂ ਦਾ ਮੂੰਹ ਦੇਖਣਾ ਪੈਂਦਾ ਹੈ। ਹਸਪਤਾਲਾਂ ਵਿੱਚ ਡਾਕਟਰਾਂ ਦੀ ਗਿਣਤੀ ਉਂਗਲਾਂ ਤੇ ਗਿਣਨ ਜੋਗੀ ਰਹਿ ਗਈ ਹੈ।ਡਾਕਟਰਾਂ ਤੋਂ ਇਲਾਵਾ ਨਰਸਿੰਗ ਸਟਾਫ, ਫਾਰਮਾਸਿਸਟ ਅਤੇ ਦਰਜਾ ਚਾਰ ਕਰਮਚਾਰੀਆਂ ਦੀ ਘਾਟ ਕਾਰਨ ਮੌਜੂਦਾ ਸਟਾਫ ਤੇ ਕੰਮ ਦਾ ਬੋਝ ਇੰਨਾ ਜ਼ਿਆਦਾ ਹੈ ਕਿ ਮਰੀਜ਼ਾਂ ਦੀ ਸਹੀ ਸੰਭਾਲ ਹੋਣੀ ਅਸੰਭਵ ਹੋ ਗਈ ਹੈ।ਪੰਜਾਬ ਸਰਕਾਰ ਜਾਣਬੁੱਝ ਕੇ ਸਰਕਾਰੀ ਸਿਹਤ ਢਾਂਚੇ ਨੂੰ ਫੇਲ੍ਹ ਕਰ ਰਹੀ ਹੈ।ਜਦੋਂ ਸਰਕਾਰੀ ਹਸਪਤਾਲ ਵਿੱਚ ਨਾ ਡਾਕਟਰ ਹੋਵੇਗਾ, ਨਾ ਦਵਾਈ ਅਤੇ ਨਾ ਹੀ ਸਫਾਈ, ਤਾਂ ਮਰੀਜ਼ ਮਜਬੂਰ ਹੋ ਕੇ ਆਪਣੇ 10 ਲੱਖ ਵਾਲੇ ਕਾਰਡ ਨੂੰ ਲੈ ਕੇ ਨਿੱਜੀ ਹਸਪਤਾਲ ਜਾਵੇਗਾ।ਇਸ ਨਾਲ ਸਰਕਾਰੀ ਖ਼ਜ਼ਾਨੇ ਦਾ ਅਰਬਾਂ ਰੁਪਿਆ ਸਿੱਧਾ ਨਿੱਜੀ ਹਸਪਤਾਲਾਂ ਅਤੇ ਬੀਮਾ ਕੰਪਨੀਆਂ ਦੇ ਖਾਤਿਆਂ ਵਿੱਚ ਜਾ ਰਿਹਾ ਹੈ। ਪੰਜਾਬ ਵਿੱਚ ਸਿਹਤ ਸਹੂਲਤਾਂ ਨੂੰ ਲੈ ਕੇ ਅਕਸਰ ਵੱਡੇ-ਵੱਡੇ ਦਾਅਵੇ ਕੀਤੇ ਜਾਂਦੇ ਹਨ, ਪਰ ਇੱਕ ਕੌੜੀ ਸੱਚਾਈ ਇਹ ਵੀ ਹੈ ਕਿ ਸੂਬੇ ਦੇ ਆਪਣੇ ਵਿਧਾਇਕ ਅਤੇ ਮੰਤਰੀ ਖ਼ੁਦ ਸਰਕਾਰੀ ਹਸਪਤਾਲਾਂ ਵਿੱਚ ਇਲਾਜ ਕਰਵਾਉਣ ਤੋਂ ਕੰਨੀ ਕਤਰਾਉਂਦੇ ਹਨ।ਹੈਰਾਨੀ ਦੀ ਗੱਲ ਇਹ ਹੈ ਕਿ ਇਨ੍ਹਾਂ (ਵਿਧਾਇਕ ਅਤੇ ਮੰਤਰੀ) ਨੁਮਾਇੰਦਿਆਂ ਦਾ ਨਿੱਜੀ ਹਸਪਤਾਲਾਂ ਦਾ ਲੱਖਾਂ ਰੁਪਏ ਦਾ ਖਰਚਾ ਵੀ ਅਕਸਰ ਸਰਕਾਰੀ ਖ਼ਜ਼ਾਨੇ (ਯਾਨੀ ਕਿ ਜਨਤਾ ਦੇ ਟੈਕਸ) ਵਿੱਚੋਂ ਹੀ ਭਰਿਆ ਜਾਂਦਾ ਹੈ।

# ਬੋਨੀ ਅਮਰਪਾਲ ਦੀ ਅਗਵਾਈ 'ਚ ਮਨਾਇਆ ਭਾਜਪਾ ਦਾ ਸਥਾਪਨਾ ਦਿਵਸ



**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**-ਅਜਨਾਲਾ ਭਾਜਪਾ ਓਬੀਸੀ ਮੋਰਚਾ ਤੇ ਸੂਬਾ ਪ੍ਰਧਾਨ ਜਿਹੜਾ ਅੰਮ੍ਰਿਤਸਰ ਦਿਹਾਤੀ ਇੱਕ ਦੇ ਪ੍ਰਧਾਨ ਅਤੇ ਹਲਕਾ ਅਜਨਾਲਾ ਦੇ ਸਾਬਕਾ ਵਿਧਾਇਕ ਬੋਨੀ ਅਮਰਪਾਲ ਸਿੰਘ ਅਜਨਾਲਾ ਦੀ ਅਗਵਾਈ ਹੇਠ ਅਜਨਾਲਾ ਸ਼ਹਿਰ ਸਥਿਤ ਪਾਰਟੀ ਦਫਤਰ ਵਿਖੇ ਭਾਜਪਾ ਦਾ ਸਥਾਪਨਾ ਦਿਵਸ ਮਨਾਇਆ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਬੋਨੀ ਅਮਰਪਾਲ ਸਿੰਘ ਅਜਨਾਲਾ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੇਸ਼ ਦੀ ਇੱਕ ਅਜਿਹੀ ਪਾਰਟੀ ਇਹ ਹੈ ਜੋ ਹਮੇਸ਼ਾ ਰਾਸ਼ਟਰ ਹਿੱਤ ਨੂੰ ਸਭ ਤੋਂ ਉੱਚਾ ਦਰਜਾ ਦਿੰਦੀ ਹੈ।ਇਸ ਮੌਕੇ ਜ਼ਿਲ੍ਹਾ ਆਗੂ ਪ੍ਰਦੀਪ ਕੁਮਾਰ ਬੰਟਾ, ਕੌਂਸਲਰ ਵਿਕਰਮ ਬੇਦੀ, ਮੀਡੀਆ ਇੰਚਾਰਜ ਧਰਮਿੰਦਰ ਸਿੰਘ, ਪ੍ਰਿੰਸ, ਬੰਟੀ ਸ਼ਾਹ ਭਿੰਡੀਆਂ, ਦੀਪੂ ਅਰੋੜਾ, ਵਿਪਨ ਖੱਤਰੀ, ਡਾਕਟਰ ਦੀਪਕ ਸਰਪਾਲ, ਕਸ਼ਮੀਰ ਸਿੰਘ ਕਾਕੂ, ਹਤਿੰਦਰ ਸਿੰਘ ਬੱਬਰ, ਬ੍ਰਿਜ ਭੂਸ਼ਣ, ਜਰਨੈਲ ਸਿੰਘ ਜੱਜ, ਵਿਜੇ ਸਰੀਨ, ਨੰਬਰਦਾਰ ਬਖਸ਼ੀਸ਼ ਸਿੰਘ, ਨਿਆਮਤ ਮਸੀਹ, ਸ਼ਮਸ਼ੇਰ ਸਿੰਘ ਸ਼ੇਰਾ, ਜਸਪਾਲ ਮਹਿਤਾ ਅਤੇ ਅਮਰਬੀਰ ਸਿੰਘ ਢਿੱਲੋਂ ਆਦਿ ਹਾਜ਼ਰ ਸਨ।

# ਲੁੱਟ-ਖੋਹ ਕਰਨ ਵਾਲੇ ਤਿੰਨ ਮੁਲਜ਼ਮ ਗ੍ਰਿਫ਼ਤਾਰ, ਦੇਸੀ ਪਿਸਤੌਲ ਤੇ ਮੋਟਰਸਾਈਕਲ ਬਰਾਮਦ

**ਕਪੂਰਥਲਾ (ਮਨਜੀਤ ਮਾਨ)**

ਐੱਸ ਐੱਸ ਪੀ ਕਪੂਰਥਲਾ ਗੌਰਵ ਤੂਰਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹੇ ਵਿੱਚ ਮਾੜੇ ਅਨਸਰਾਂ ਵਿਰੁੱਧ ਚਲਾਈ ਗਈ ਵਿਸ਼ੇਸ਼ ਮੁਹਿੰਮ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ, ਜਦੋਂ ਥਾਣਾ ਸਦਰ ਕਪੂਰਥਲਾ ਦੀ ਪੁਲਿਸ ਨੇ ਪਿਸਤੌਲ ਦੀ ਨੋਕ 'ਤੇ ਲੁੱਟ-ਖੋਹ ਕਰਨ ਵਾਲੇ ਤਿੰਨ ਨੌਜਵਾਨਾਂ ਨੂੰ ਕਾਬੂ ਕਰ ਲਿਆ। ਪੁਲਿਸ ਨੇ ਮੁਲਜ਼ਮਾਂ ਕੋਲੋਂ ਇੱਕ ਦੇਸੀ ਪਿਸਤੌਲ, ਜ਼ਿੰਦਾ ਕਾਰਤੂਸ ਅਤੇ ਵਾਰਦਾਤ ਵਿੱਚ ਵਰਤਿਆ ਮੋਟਰਸਾਈਕਲ ਵੀ ਬਰਾਮਦ ਕੀਤਾ ਹੈ।ਸ਼ਿਕਾਇਤਕਰਤਾ ਰਜਿੰਦਰ ਪਾਲ (ਨਿਵਾਸੀ ਔਜਲਾ ਫਾਟਕ) ਨੇ ਪੁਲਿਸ ਨੂੰ ਦੱਸਿਆ ਕਿ 2 ਅਪ੍ਰੈਲ 2026 ਦੀ ਰਾਤ ਕਰੀਬ 10 ਵਜੇ ਜਦੋਂ ਉਹ ਆਰ ਸੀ ਐਫ ਤੋਂ ਆਪਣੇ ਘਰ ਜਾ ਰਿਹਾ ਸੀ, ਤਾਂ ਪਿੰਡ ਬਰਿੰਦਪੁਰ ਦੇ ਗੁਰਦੁਆਰਾ ਸਾਹਿਬ ਨੇੜੇ ਮੋਟਰਸਾਈਕਲ ਸਵਾਰ ਤਿੰਨ ਅਣਪਛਾਤੇ ਨੌਜਵਾਨਾਂ ਨੇ ਉਸ ਨੂੰ ਘੇਰ ਲਿਆ। ਮੁਲਜ਼ਮਾਂ ਨੇ ਪਿਸਤੌਲ ਦਿਖਾ ਕੇ ਉਸ ਕੋਲੋਂ 10,000 ਰੁਪਏ ਖੋਹ ਲਏ ਅਤੇ ਜਾਂਦੇ ਸਮੇਂ ਉਸ ਦੀ ਲੱਤ 'ਤੇ ਗੋਲੀ ਮਾਰ ਕੇ ਜ਼ਖ਼ਮੀ ਕਰ ਦਿੱਤਾ।ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਐੱਸ ਪੀ (ਤਫ਼ਤੀਸ਼) ਹਰਿੰਦਰ ਸਿੰਘ ਗਿੱਲ ਤੇ ਡੀ ਐੱਸ ਪੀ ਡਾ. ਸ਼ੀਤਲ ਸਿੰਘ ਦੀ ਨਿਗਰਾਨੀ ਹੇਠ ਥਾਣਾ ਸਦਰ ਦੇ ਮੁੱਖ ਅਫ਼ਸਰ ਐੱਸ ਆਈ ਰਣਜੀਤ ਸਿੰਘ ਨੇ ਟੀਮ ਸਮੇਤ ਜਾਂਚ ਸ਼ੁਰੂ ਕੀਤੀ। ਤਫ਼ਤੀਸ਼ ਦੌਰਾਨ ਪੁਲਿਸ ਨੇ ਤਿੰਨ ਮੁਲਜ਼ਮਾਂ ਨੂੰ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰ ਲਿਆ।ਪੁਲਿਸ ਨੇ ਮੁਲਜ਼ਮਾਂ ਕੋਲੋਂ ਇੱਕ .32 ਬੋਰ ਦਾ ਦੇਸੀ ਪਿਸਤੌਲ, ਮੈਗਜ਼ੀਨ ਸਮੇਤ 6 ਜ਼ਿੰਦਾ ਕਾਰਤੂਸ ਅਤੇ ਇੱਕ ਕੀ ਵੀ ਐਸ ਰਾਈਡਰ ਮੋਟਰਸਾਈਕਲ (ਪੀ ਬੀ ਡੀ ਏ-4-9306) ਬਰਾਮਦ ਕੀਤਾ ਹੈ। ਪੁਲਿਸ ਰਿਕਾਰਡ ਅਨੁਸਾਰ ਇਨ੍ਹਾਂ ਤਿੰਨਾਂ ਮੁਲਜ਼ਮਾਂ 'ਤੇ ਪਹਿਲਾਂ ਵੀ ਨਸ਼ਾ ਤਸਕਰੀ ਤੇ ਚੋਰੀ,ਲੁੱਟ-ਖੋਹ ਦੇ ਕਈ ਸੰਗੀਨ ਮਾਮਲੇ ਦਰਜ ਹਨ।ਪੁਲਿਸ ਵੱਲੋਂ ਮੁਲਜ਼ਮਾਂ ਦਾ ਰਿਮਾਂਡ ਹਾਸਲ ਕਰਕੇ ਪੁੱਛਗਿੱਛ ਕੀਤੀ ਜਾ ਰਹੀ ਹੈ ਤਾਂ ਜੋ ਹੋਰ ਵੀ ਕਈ ਵਾਰਦਾਤਾਂ ਦੇ ਖੁਲਾਸੇ ਹੋ ਸਕਣ।



# ਖਰਾਬ ਹੋਈ ਫਸਲ ਦਾ ਜਲਦ ਤੋਂ ਜਲਦ ਮੁਆਵਜ਼ਾ ਦੇਣ ਦੀ ਮੰਗ



**ਅਜਨਾਲਾ, (ਸੁੱਖਤਿੰਦਰ ਸਿੰਘ ਰਾਜੂ)**- ਕਾਂਗਰਸ ਪਾਰਟੀ ਸ਼ਹਿਰੀ ਅਜਨਾਲਾ ਦੇ ਮੌਜੂਦਾ ਪ੍ਰਧਾਨ ਤੇ ਸਾਬਕਾ ਕੌਂਸਲਰ ਸੀਨੀਅਰ ਕਾਂਗਰਸੀ ਆਗੂ ਦਵਿੰਦਰ ਸਿੰਘ ਡੈਮ ਅਜਨਾਲਾ ਨੇ ਆਪਣੇ ਦਫ਼ਤਰ ਅਜਨਾਲਾ ਵਿਖੇ ਗੱਲਬਾਤ ਕਰਦਿਆਂ ਕਿਹਾ ਕਿ ਬਾਰਿਸ਼ ਦੇ ਗੜਿਆਂ ਦੇ ਕਾਰਣ ਕਿਸਾਨਾਂ ਦੀ ਹੋਈ ਬਰਬਾਦ ਫ਼ਸਲ ਦਾ ਜਲਦੀ ਤੋਂ ਜਲਦੀ ਮੁਆਵਜ਼ਾ ਮਿਲਣਾ ਚਾਹੀਦਾ ਹੈ।ਡੈਮ ਅਜਨਾਲਾ ਨੇ ਪੰਜਾਬ ਦੀ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਦੀ ਗੜ੍ਹੇਮਾਰੀ ਨਾਲ ਖਰਾਬ ਹੋਈ ਫਸਲ ਦੀ ਗਿਰਦਾਵਰੀ ਤੁਰੰਤ ਕਰਵਾਈ ਜਾਵੇ ਤਾਂ ਕਿ ਮੁਆਵਜ਼ਾ ਮਿਲਣ 'ਚ ਦੇਰੀ ਨਾ ਹੋਵੇ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਪਹਿਲਾਂ ਵੀ ਹੜ੍ਹ ਦੇ ਪਾਣੀ ਆਉਣ ਨਾਲ ਕਾਫੀ ਨੁਕਸਾਨ ਝੱਲਣਾ ਪਿਆ।ਅਜੇ ਤੱਕ ਕਿਸਾਨ ਤੇ ਲੋਕ ਆਪਣੇ ਮੁਆਵਜ਼ੇ ਲਈ ਦਫ਼ਤਰਾਂ ਦੇ ਚੱਕਰ ਕੱਟ ਰਹੇ ਹਨ ਪਰ ਕੋਈ ਸੁਣਵਾਈ ਨਹੀਂ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਵਾਅਦੇ ਅਤੇ ਦਾਅਵੇ ਪੰਜਾਬ ਦੀ ਜਨਤਾ ਨਾਲ ਪੂਰੇ ਨਹੀਂ ਹੋ ਰਹੇ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕੀ ਨੁਕਸਾਨੀਆਂ ਫਸਲਾਂ ਦੇ ਮੁਆਵਜ਼ੇ ਜਲਦ ਤੋਂ ਜਲਦ ਬਿਨਾਂ ਦੇਰੀ ਕੀਤੇ ਦਿੱਤੇ ਜਾਣ।

# ਠੰਢ-ਠਢੌਲਾ

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਨਾਲ ਜੰਗਬੰਦੀ ਦਾ ਐਲਾਨ ਕਰਦਿਆਂ ਇਸ ਦਾ ਸਿਹਰਾ ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ ਤੇ ਆਰਮੀ ਚੀਫ ਫੀਲਡ ਮਾਰਸ਼ਲ ਆਸਿਮ ਮੁਨੀਰ ਨੂੰ ਦਿੱਤਾ, ਪਰ ਬਾਅਦ ਵਿੱਚ ਇੱਕ ਇੰਟਰਵਿਊ ਵਿੱਚ ਮੰਨਿਆ ਕਿ ਚੀਨ ਦੀ ਵੀ ਖਾਸ ਭੂਮਿਕਾ ਰਹੀ ਹੈ। ਦਰਅਸਲ ਚੀਨ ਨੇ ਸ਼ਾਂਤ, ਪਰ ਪ੍ਰਭਾਵੀ ਤਰੀਕੇ ਨਾਲ ਈਰਾਨ ਨੂੰ ਜੰਗਬੰਦੀ ਦੇ ਰਾਹ 'ਤੇ ਲਿਆਉਣ ਦੇ ਯਤਨ ਕੀਤੇ। ਉਸ ਨੇ ਪਹਿਲਾਂ ਪਾਕਿਸਤਾਨ, ਤੁਰਕੀ ਤੇ ਮਿਸਰ ਰਾਹੀਂ ਈਰਾਨ 'ਤੇ ਦਬਾਅ ਪਾਇਆ। ਚੀਨ ਨੇ ਸ਼ੁਰੂ ਵਿੱਚ ਹੀ ਕਹਿ ਦਿੱਤਾ ਸੀ ਕਿ ਸਾਰੀਆਂ ਧਿਰਾਂ ਨੂੰ ਇਮਾਨਦਾਰੀ ਦਿਖਾਉਣੀ ਚਾਹੀਦੀ ਹੈ ਤੇ ਜੰਗ ਛੇਤੀ ਖਤਮ ਕਰਨੀ ਚਾਹੀਦੀ ਹੈ, ਜਿਹੜੀ ਕਿ ਸ਼ੁਰੂ ਹੀ ਨਹੀਂ ਹੋਣੀ ਚਾਹੀਦੀ ਸੀ। ਜੰਗ ਵਿਸ਼ਵ ਆਰਥਿਕ ਸਥਿਰਤਾ ਤੇ ਊਰਜਾ ਸੁਰੱਖਿਆ ਲਈ ਖਤਰਾ ਹੈ। ਚੀਨ ਨੇ ਇਸ ਤੋਂ ਪਹਿਲਾਂ 2023 ਵਿੱਚ ਈਰਾਨ ਤੇ ਉਸ ਦੇ ਕੱਟੜ ਵਿਰੋਧੀ ਸਾਊਦੀ ਅਰਬ ਵਿਚਾਲੇ ਵੀ ਸੁਲ੍ਹਾ ਕਰਾਉਣ 'ਚ ਅਹਿਮ ਭੂਮਿਕਾ ਨਿਭਾਈ ਸੀ। ਇਸ ਜੰਗ ਦੌਰਾਨ ਚੀਨ ਦੀ ਖਾਮੋਸ਼ ਭੂਮਿਕਾ ਉਦੋਂ ਸਾਹਮਣੇ ਆਈ ਜਦ ਅਮਰੀਕਾ ਤੇ ਈਰਾਨ ਵਿਚਾਲੇ ਵਿਚੋਲਗੀ ਕਰ ਰਹੇ ਪਾਕਿਸਤਾਨ ਦੇ ਵਿਦੇਸ਼ ਮੰਤਰੀ ਨੇ ਮਿਸਰ ਤੇ ਤੁਰਕੀ ਦੇ ਵਿਦੇਸ਼ ਮੰਤਰੀਆਂ ਨਾਲ ਗੱਲਬਾਤ ਕਰਨ ਤੋਂ ਬਾਅਦ ਚੀਨ ਦਾ ਦੌਰਾ ਕੀਤਾ। ਸ਼ੁਰੂ ਵਿੱਚ ਚੀਨ ਪਾਸੇ ਰਹਿ ਕੇ ਯਤਨ ਕਰ ਰਿਹਾ ਸੀ, ਪਰ ਜਦੋਂ ਟਰੰਪ ਨੇ ਈਰਾਨ ਨੂੰ ਪੂਰੀ ਤਰ੍ਹਾਂ ਤਬਾਹ ਕਰਨ ਦੀ ਧਮਕੀ ਦਿੱਤੀ ਤਾਂ ਉਸ ਨੇ ਈਰਾਨ ਨਾਲ ਸਿੱਧੀ ਗੱਲ ਕੀਤੀ ਤੇ ਉਸ ਨੂੰ ਜੰਗਬੰਦੀ ਲਈ ਮਨਾਇਆ। ਜੰਗਬੰਦੀ ਦੇ ਐਲਾਨ ਤੋਂ ਕੁਝ ਘੰਟੇ ਪਹਿਲਾਂ ਚੀਨ ਤੇ ਰੂਸ ਨੇ ਸੰਯੁਕਤ ਰਾਸ਼ਟਰ ਸੁਰੱਖਿਆ ਕੌਂਸਲ ਵਿੱਚ ਹਾਰਮੁਜ਼ ਜਲਡਮਰੂ ਨੂੰ ਖੁੱਲ੍ਹਵਾਉਣ ਲਈ ਤਾਕਤ ਦੀ ਵਰਤੋਂ ਦਾ ਅਧਿਕਾਰ ਦੇਣ ਵਾਲੇ ਮਤੇ ਨੂੰ ਇਹ ਕਹਿ ਕੇ ਵੀਟੋ ਕਰ ਦਿੱਤਾ ਸੀ ਕਿ ਇਹ ਈਰਾਨ ਦੇ ਵਿਰੁੱਧ ਹੈ।

ਜਿੱਥੇ ਪਾਕਿਸਤਾਨ ਤੇ ਚੀਨ ਜੰਗਬੰਦੀ ਕਰਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਵਜੋਂ ਸਾਹਮਣੇ ਆਏ ਹਨ, ਉੱਥੇ ਖੁਦ ਨੂੰ ਵਿਸ਼ਵ ਗੁਰੂ ਸਮਝ ਰਹੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਦੀ ਪੁਜ਼ੀਸ਼ਨ ਕਾਫੀ ਅਜੀਬੋ-ਗਰੀਬ ਬਣ ਗਈ ਹੈ। ਮੋਦੀ ਜੰਗ ਤੋਂ ਐਨ ਪਹਿਲਾਂ ਇਜ਼ਰਾਈਲ ਗਏ ਸਨ। ਉੱਥੋਂ ਦੀ ਸੰਸਦ ਨੂੰ ਸੰਬੋਧਨ ਕੀਤਾ ਤੇ ਵੱਡਾ ਸਨਮਾਨ ਵੀ ਹਾਸਲ ਕੀਤਾ। ਇਸ ਤੋਂ ਬਾਅਦ ਅਮਰੀਕਾ ਤੇ ਇਜ਼ਰਾਈਲ ਵੱਲੋਂ ਈਰਾਨ 'ਤੇ ਹਮਲੇ ਦੀ ਨਿੰਦਾ ਨਹੀਂ ਕੀਤੀ ਅਤੇ ਈਰਾਨ ਦੇ ਮੁਖੀ ਆਇਤੁੱਲ੍ਹਾ ਖਾਮਨੇਈ ਦੇ ਮਾਰੇ ਜਾਣ ਦਾ ਵੀ ਅਫਸੋਸ ਨਹੀਂ ਕੀਤਾ। ਪਾਕਿਸਤਾਨ ਦੀ ਵਿਚੋਲਗੀ ਦੀ ਗੱਲ ਚੱਲੀ ਤਾਂ ਵਿਦੇਸ਼ ਮੰਤਰੀ ਜੈਸ਼ੰਕਰ ਨੇ ਉਸ ਨੂੰ ਦਲਾਲ ਦੇਸ਼ ਦੱਸਿਆ। ਪਾਕਿਸਤਾਨ ਦੇ ਚਮਕਣ ਨਾਲ ਮੋਦੀ ਦੀ ਵਿਸ਼ਵ ਗੁਰੂ ਦੀ ਸਾਖ ਨੂੰ ਧੱਕਾ ਲੱਗਾ ਹੈ। ਹਾਲਾਂਕਿ ਈਰਾਨ ਦੇ ਆਗੂਆਂ ਨੇ ਭਾਰਤ ਬਾਰੇ ਕੋਈ ਗਲਤ ਗੱਲ ਨਹੀਂ ਕਹੀ, ਪਰ ਈਰਾਨ ਦੇ ਲੋਕ ਤਾਂ ਇਹ ਜ਼ਰੂਰ ਮਹਿਸੂਸ ਕਰ ਰਹੇ ਹੋਣਗੇ ਕਿ ਭਾਰਤ ਨੇ ਉਨ੍ਹਾਂ ਨਾਲ ਨਾ ਖੜ੍ਹ ਕੇ ਸਦੀਆਂ ਪੁਰਾਣੀ ਦੋਸਤੀ ਦਾ ਮੁੱਲ ਨਹੀਂ ਪਾਇਆ। ਹਾਲਾਂਕਿ ਭਾਰਤ ਨੇ ਜੰਗਬੰਦੀ ਦਾ ਸਵਾਗਤ ਕੀਤਾ ਹੈ, ਪਰ ਕੂਟਨੀਤਕ ਤੌਰ 'ਤੇ ਜੋ ਨੁਕਸਾਨ ਕਰਵਾਇਆ ਹੈ, ਉਸ ਦੀ ਭਰਪਾਈ ਨੂੰ ਸਮਾਂ ਲੱਗੇਗਾ।

## ਪਾਠਕ-ਸੱਥ

### ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਸਾਂਝੇ ਯਤਨਾਂ ਦੀ ਲੋੜ

ਤਕਰੀਬਨ ਇਕ ਸਾਲ ਪਹਿਲਾਂ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿਮ ਛੇੜੀ ਗਈ ਹੈ। ਜੇ ਪਿਛਲੇ ਸਾਲ ਦੇ ਅੰਕੜੇ ਦੇਖੇ ਜਾਣ ਤਾਂ ਸਰਕਾਰ ਨਸ਼ਿਆਂ ਦੇ ਵਰਤਾਰੇ ਨੂੰ ਕੰਟਰੋਲ ਕਰਨ ਲਈ ਗੰਭੀਰਤਾ ਨਾਲ ਯਤਨ ਕਰ ਰਹੀ ਹੈ। ਹੁਣ ਤੱਕ ਤਕਰੀਬਨ 25000 ਤੋਂ ਵੱਧ ਮਾਮਲੇ ਦਰਜ ਕਰ ਦਿੱਤੇ ਗਏ ਹਨ ਤੇ 23000 ਦੇ ਕਰੀਬ ਦੋਸ਼ੀਆਂ ਨੂੰ ਸਜ਼ਾਵਾਂ ਦਿੱਤੀਆਂ ਗਈਆਂ ਹਨ। ਨਸ਼ਾ ਵੇਚ ਕੇ ਬਣਾਈ ਜਾਇਦਾਦ ਵੀ ਕੁਰਕ ਕੀਤੀ ਗਈ ਹੈ। ਸਰਕਾਰ ਨੇ ਪਿਛਲੇ ਸਾਲ ਆਪਣੇ ਹੀ ਪੁਲਸ ਵਿਭਾਗ ਦੀ ਕਾਂਸਟੇਬਲ ਨੂੰ ਚਿੱਟਾ ਵੇਚਦੇ ਫੜਿਆ ਸੀ ।ਗੁਆਂਢੀ ਦੇਸ਼ ਪਾਕਿਸਤਾਨ ਤੋਂ ਡਰੋਨਾਂ ਰਾਹੀਂ ਹੈਰੋਇਨ ਸੁੱਟੀ ਜਾਂਦੀ ਹੈ । ਪੁਲਸ ਵੱਲੋਂ ਲਗਾਤਾਰ ਨਸ਼ੀਲਾ ਪਦਾਰਥ ਫੜਨ ਦੀਆਂ ਖਬਰਾਂ ਆਮ ਪੜ੍ਹਦੇ ਹਾਂ । ਛੋਟੀ-ਛੋਟੀ ਉਮਰ ਦੇ ਲੜਕਿਆਂ ਦੀਆਂ ਲਾਸ਼ਾਂ ਫਿਰਨੀਆਂ, ਸੁੰਨਸਾਨ ਥਾਵਾਂ 'ਤੇ ਸਰਿੰਜਾਂ ਲੱਗੀਆਂ ਹੋਈਆਂ ਦੇਖੀਆਂ ਹਨ । ਸਰਕਾਰ ਹਰ ਰੋਜ਼ ਕਿਸੇ ਨਾ ਕਿਸੇ ਥਾਂ ਤੋਂ ਵੱਡੀ ਮਾਤਰਾ ਵਿੱਚ ਨਸ਼ਾ ਪਦਾਰਥ ਫੜਨ ਦੀਆਂ ਖਬਰਾਂ ਆਮ ਸੁਣਦੇ ਹਾਂ। ਸਰਕਾਰ ਦੀ ਇਹ ਬਹੁਤ ਹੀ ਸ਼ਲਾਘਾਯੋਗ ਪਹਿਲ ਹੈ । ਇਸ ਵਾਰ ਬਜਟ ਵਿੱਚ ਵੀ 250 ਕਰੋੜ ਰੁਪਏ ਦਾ ਫੰਡ ਵੀ ਰਾਖਵਾਂ ਰੱਖਿਆ ਗਿਆ ਹੈ, ਪਰ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲਗਾਤਾਰ ਨਸ਼ਿਆਂ ਕਾਰਨ ਨੌਜਵਾਨਾਂ ਦੀ ਮੌਤਾਂ ਦੀਆਂ ਖਬਰਾਂ ਆਮ ਮਿਲ ਰਹੀਆਂ ਹਨ। ਸੁਲਤਾਨਪੁਰ ਲੋਧੀ ਵਿੱਚ ਇੱਕ ਮਾਂ ਦੇ ਪਹਿਲਾਂ ਚਾਰ ਪੁੱਤਰਾਂ ਦੀ ਨਸ਼ਿਆਂ ਕਾਰਨ ਮੌਤ ਹੋਈ ਹੈ। ਸੋਸ਼ਲ ਮੀਡੀਆ 'ਤੇ ਵੀਡੀਓ ਵੀ ਵਾਇਰਲ ਹੋਈ ਹੈ। ਪੰਜਵੇਂ ਪੁੱਤਰ ਨੂੰ ਅੰਮ੍ਰਿਤਸਰ ਮੈਡੀਕਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ, ਜਿਸ ਕਾਰਨ ਇਲਾਜ ਦੌਰਾਨ ਉਸ ਦੀ ਵੀ ਮੌਤ ਹੋ ਗਈ। ਮਾਂ ਨੇ ਕਿਹਾ ਕਿ ਮੇਰੇ ਪੁੱਤਰਾਂ ਦੀ ਮੌਤ ਨਸ਼ੇ ਦੇ ਕਾਰਨ ਹੋਈ ਹੈ ।ਨਸ਼ੇ ਦੀ ਓਵਰਡੋਜ਼ ਸੇਵਨ ਕਰਕੇ ਨਸ਼ਿਆਂ ਦੇ ਦੈਂਤ ਨੇ ਘਰ ਖਾਲੀ ਕਰ ਦਿੱਤਾ । ਔਰਤ ਦੱਸ ਰਹੀ ਸੀ ਕਿ ਉਨ੍ਹਾਂ ਦੀ ਗਲੀ ਵਿੱਚ ਸ਼ਰੇਆਮ ਚਿੱਟਾ ਵਿਕਦਾ ਹੈ। ਪਿੰਡ ਦੀਆਂ ਬਾਕੀ ਔਰਤਾਂ ਨੇ ਕਿਹਾ ਕਿ ਅਸੀਂ ਪੁਲਸ ਨੂੰ ਬਹੁਤ ਵਾਰ ਦੱਸ ਚੁੱਕੇ ਹਾਂ ਕਿ ਸਾਡੀ ਗਲੀ ਵਿੱਚ ਉਸ ਘਰ ਵਿੱਚ ਸ਼ਰੇਆਮ ਚਿੱਟਾ ਮਿਲ ਰਿਹਾ ਹੈ, ਪਤਾ ਨਹੀਂ ਕਿੰਨੀਆਂ ਮਾਵਾਂ ਦੇ ਪੁੱਤ ਨਸ਼ਿਆਂ ਕਾਰਨ ਮਰ ਚੁੱਕੇ ਹਨ। ਪਿੱਛੇ ਜਿਹੇ ਬਠਿੰਡਾ ਵਿੱਚ ਵੀ ਇੱਕ ਕੰਧ 'ਤੇ ਸ਼ਰੇਆਮ ਲਿਖਿਆ ਸੀ ਕਿ ਚਿੱਟਾ ਇੱਥੋਂ ਖਰੀਦ ਸਕਦੇ ਹਨ। ਜਗਰਾਉਂ ਵਿੱਚ ਵੀ ਇੱਕ ਨੌਜਵਾਨ ਦੀ ਓਵਰਡੋਜ਼ ਕਾਰਨ ਮੌਤ ਹੋ ਗਈ । ਹਰ ਰੋਜ਼ ਦੋ ਤੋਂ ਤਿੰਨ ਖਬਰਾਂ ਚਿੱਟੇ ਕਾਰਨ ਹੋ ਰਹੀਆਂ ਮੌਤਾਂ ਦੀਆਂ ਆਮ ਛਪ ਰਹੀਆਂ ਹਨ। ਪਿੰਡਾਂ ਵਿੱਚ ਨਸ਼ਿਆਂ ਦੇ ਵਧਦੇ ਵਰਤਾਰੇ ਨੂੰ ਦੇਖਦਿਆਂ ਹਜ਼ਾਰਾਂ ਪਿੰਡਾਂ ਨੇ ਖੁਦ ਨੂੰ ਨਸ਼ਾ ਮੁਕਤ ਹੋਣ ਦਾ ਵੀ ਐਲਾਨ ਕੀਤਾ ਹੈ। ਮਾਨਸਾ ਜ਼ਿਲ੍ਹੇ ਦੀ ਕਿਸੇ ਪਿੰਡ ਦੀ ਪੰਚਾਇਤ ਨੇ ਦੋਸ਼ੀ ਪਰਵਾਰ ਨੂੰ ਪਿੰਡ ਵਿੱਚੋਂ ਕੱਢਣ ਦਾ ਫੈਸਲਾ ਕੀਤਾ ਹੈ। ਹਾਲਾਂਕਿ ਉਸ ਪਰਵਾਰ 'ਤੇ ਪਹਿਲਾਂ ਹੀ 40 ਤੋਂ ਵੱਧ ਮਾਮਲੇ ਦਰਜ ਸਨ । ਪਿੱਛੇ ਜਿਹੇ ਪੁਲਸ ਵੱਲੋਂ ਸਰਚ ਅਪਰੇਸ਼ਨ ਵੀ ਚਲਾਇਆ ਗਿਆ ਸੀ। ਮੋਹਾਲੀ ਜ਼ਿਲ੍ਹੇ ਦੀਆਂ ਕਈ ਸੁਸਾਇਟੀਆਂ ਵਿੱਚ ਫਲੈਟਾਂ ਦੀ ਚੈਕਿੰਗ ਵੀ ਕੀਤੀ ਗਈ। ਵੱਡੀ ਮਾਤਰਾ ਵਿੱਚ ਨਸ਼ੇੜੀ ਨੌਜਵਾਨਾਂ ਨੂੰ ਫੜਿਆ ਵੀ ਗਿਆ। ਪ੍ਰਸ਼ਾਸਨ ਵੱਲੋਂ ਚੁੱਕੇ ਜਾ ਰਹੇ ਕਦਮਾਂ ਦੀ ਪ੍ਰਸੰਸਾ ਕਰਦੇ ਹਨ, ਪਰ ਸਮਾਜ ਨੂੰ ਵੀ ਪ੍ਰਸ਼ਾਸਨ ਦਾ ਸਾਥ ਦੇਣਾ ਚਾਹੀਦਾ ਹੈ । ਪੁਲਸ ਪ੍ਰਭਾਵਤ ਲੋਕਾਂ ਨਾਲ ਰਾਬਤਾ ਕਾਇਮ ਕਰਕੇ ਉਹਨਾਂ ਦੀ ਮਦਦ ਵੀ ਕਰ ਰਹੀ ਹੈ। ਸਾਡੀ ਸਾਰਿਆਂ ਦੀ ਇਹ ਨੈਤਿਕ ਜ਼ਿੰਮੇਵਾਰੀ ਹੈ, ਕਿਉਂਕਿ ਨੌਜਵਾਨ ਕੱਲ੍ਹ ਦਾ ਭਵਿੱਖ ਹਨ।

-ਸੰਜੀਵ ਸਿੰਘ ਸੈਣੀ, ਮੋਹਾਲੀ, 78889-66168

# ਤਸ਼ੱਦਦ ਦੇ ਸਾਏ ਹੇਠ ਫ਼ੈਲ ਰਿਹਾ ਅਨੀਮੀਆ



ਗੁਰਮੀਤ ਸਿੰਘ ਪਲਾਹੀ

ਲੱਦਾਖ ਵਿੱਚ 92.8 ਫ਼ੀਸਦੀ ਔਰਤਾਂ ਅਨੀਮੀਆ (ਖੂਨ ਦੀ ਕਮੀ) ਨਾਲ ਜੂਝ ਰਹੀਆਂ ਹਨ । ਕੀ ਇਹ ਆਧੁਨਿਕ ਸਿਹਤ ਸੇਵਾਵਾਂ ਦੀ ਪਹੁੰਚ ਉੱਤੇ ਵੱਡਾ ਸਵਾਲੀਆ ਨਿਸ਼ਾਨ ਨਹੀਂ ਹੈ ? ਰਤਾ ਕੁ ਅੰਕੜਿਆਂ ਉੱਤੇ ਝਾਤ ਮਾਰੀਏ ਤਾਂ ਵੇਖਣ ਨੂੰ ਮਿਲਦਾ ਹੈ ਕਿ ਪੱਛਮੀ ਬੰਗਾਲ ਵਿੱਚ 71.4 ਫ਼ੀਸਦੀ (ਜਿੱਥੇ ਇੱਕ ਔਰਤ ਵਰ੍ਹਿਆਂ ਤੋਂ ਮੁੱਖ ਮੰਤਰੀ ਹੈ), ਤ੍ਰਿਪੁਰਾ ਵਿੱਚ 67.2 ਫ਼ੀਸਦੀ, ਅਸਾਮ ਵਿੱਚ 65.9 ਫ਼ੀਸਦੀ, ਜੰਮੂ-ਕਸ਼ਮੀਰ ਵਿੱਚ 65.9 ਫ਼ੀਸਦੀ, ਪੰਜਾਬ ਵਿੱਚ 58.7 ਫ਼ੀਸਦੀ ਔਰਤਾਂ ਪੋਸ਼ਣ ਤੋਂ ਕੋਹਾਂ ਦੂਰ ਹਨ ਅਤੇ ਅਨੀਮੀਆ ਤੋਂ ਪ੍ਰਭਾਵਤ ਹਨ। ਆਜ਼ਾਦੀ ਦੇ ਲਗਭਗ ਅੱਠ ਦਹਾਕੇ ਬੀਤਣ ਅਤੇ ਸਿਹਤ ਯੋਜਨਾਵਾਂ 'ਤੇ ਭਾਰੀ ਬਜਟ ਰੱਖਣ ਦੇ ਬਾਵਜੂਦ ਕੀ ਇਸ ਗੰਭੀਰ ਅਤੇ ਕੌੜੀ ਸੱਚਾਈ ਤੋਂ ਮੂੰਹ ਮੋੜਿਆ ਜਾ ਸਕਦਾ ਹੈ ? ਇੱਕ ਰਿਪੋਰਟ ਅਨੁਸਾਰ ਦੇਸ਼ ਵਿੱਚ 15 ਤੋਂ 49 ਸਾਲ ਦੀਆਂ ਔਰਤਾਂ ਵਿੱਚੋਂ ਅੱਧੀਆਂ ਤੋਂ ਵੱਧ (55.3 ਫ਼ੀਸਦੀ) ਇਸ ਰੋਗ ਤੋਂ ਪੀੜਤ ਹਨ।

ਪਿਛਲੇ ਦਿਨੀਂ 2016 ਤੋਂ 2026 ਦੇ ਅੰਕੜੇ ਸਿਹਤ ਰਿਪੋਰਟ ਸੰਬੰਧੀ ਸਾਹਮਣੇ ਆਏ ਹਨ, ਜਿਹੜੇ ਇਹ ਦਰਸਾਉਂਦੇ ਹਨ ਕਿ 20 ਵਰ੍ਹਿਆਂ ਵਿੱਚ ਕਈ ਅਹਿਮ ਸੂਬਿਆਂ ਵਿੱਚ ਔਰਤਾਂ ਵਿੱਚ ਅਨੀਮੀਆ ਦੀ ਸਥਿਤੀ ਬਦ ਤੋਂ ਬਦਤਰ ਹੋਈ ਹੈ । ਪੰਜਾਬ, ਜਿਸ ਨੂੰ ਖੁਸ਼ਹਾਲ ਸੂਬਾ ਮੰਨਿਆ ਜਾਂਦਾ ਹੈ, ਉਸ ਵਿੱਚ ਔਰਤਾਂ 'ਚ ਅਨੀਮੀਆ ਰੋਗ 'ਚ ਪਿਛਲੇ 20 ਸਾਲਾਂ ਵਿੱਚ 54.4 ਫ਼ੀਸਦੀ ਦਾ ਉਛਾਲ ਆਇਆ । ਹਾਲਾਂਕਿ ਬਿਹਾਰ ਵਿੱਚ 5.7 ਫ਼ੀਸਦੀ ਔਰਤਾਂ 'ਚ ਅਨੀਮੀਆ ਰੋਗ 'ਚ ਸੁਧਾਰ ਵੇਖਿਆ ਗਿਆ, ਪਰ ਫਿਰ ਵੀ ਉੱਥੇ 63.5 ਫ਼ੀਸਦੀ ਔਰਤਾਂ ਖੂਨ ਦੀ ਕਮੀ ਦੇ ਰੋਗ ਨਾਲ ਲੜ ਰਹੀਆਂ ਹਨ । ਦਿੱਲੀ 'ਚ 12.6 ਫ਼ੀਸਦੀ, ਗੁਜਰਾਤ (65 ਫੀਸਦੀ) 17.5 ਫ਼ੀਸਦੀ, ਮਹਾਰਾਸ਼ਟਰ 'ਚ 11.9 ਫ਼ੀਸਦੀ ਦਾ ਵਾਧਾ ਵੇਖਿਆ ਗਿਆ ਹੈ।

ਇਹ ਰਿਪੋਰਟ ਆਖ਼ਰ ਕੀ ਸੰਕੇਤ ਦਿੰਦੀ ਹੈ ? ਕੀ ਔਰਤਾਂ (ਜੋ ਦੇਸ਼ ਦੀ ਅੱਧੀ ਆਬਾਦੀ ਹਨ) ਪੋਸ਼ਣ ਸੰਕਟ ਵਿੱਚ ਨਹੀਂ ਹਨ ? ਕੀ ਉਹਨਾਂ ਦੀ ਸਿਹਤ, ਆਧੁਨਿਕ ਭਾਰਤ ਵਿੱਚ ਸੁਰੱਖਿਅਤ ਹੈ ? ਔਰਤ, ਜਿਸ ਨੂੰ ਬਚਪਨ ਤੋਂ ਹੀ ਹੋਰ ਸਮਾਜਿਕ ਔਖਿਆਈਆਂ ਵਿੱਚੋਂ ਦੀ ਲਗਾਤਾਰ ਲੰਘਣਾ ਪੈਂਦਾ ਹੈ, ਕੀ ਸਿਹਤ ਸਮੱਸਿਆਵਾਂ ਨਾਲ ਵੀ ਬੁਰੇ ਦਿਨ ਨਹੀਂ ਵੇਖ ਰਹੀਆਂ ?

ਕਿੰਨੀਆਂ ਹੀ ਸਮਾਜਿਕ ਬੁਰਾਈਆਂ ਹਨ, ਜਿਹਨਾਂ ਵਿੱਚ ਦੀ ਉਹਨਾਂ ਨੂੰ ਲੰਘਣਾ ਪੈਂਦਾ ਹੈ। ਬਾਲ ਵਿਆਹ ਵਰਗੀ ਕੁਰੀਤੀ, ਮਰਦ ਬਰਾਬਰ ਦੇ ਅਧਿਕਾਰਾਂ ਦੀ ਤਾਂਘ, ਮਰਦ ਸਮਾਜ ਵਿੱਚ ਮਰਦ ਦਾ ਰੰਗਢਾਊਪੁਣਾ ਅਤੇ ਇਸ ਤੋਂ ਵੀ ਅੱਗੇ ਆਰਥਿਕ ਤੌਰ 'ਤੇ ਮਰਦ ਉੱਤੇ ਨਿਰਭਰਤਾ ਅਤੇ ਫਿਰ ਘਰੇਲੂ ਤਸ਼ੱਦਦ, ਉਸ ਦੇ ਪੱਲੇ ਲਗਾਤਾਰ ਪੈਂਦਾ ਹੈ, ਜੋ ਉਸ ਦੀ ਸਿਹਤ ਲਈ ਘਾਤਕ ਸਿੱਧ ਹੁੰਦਾ ਹੈ । ਪ੍ਰਸੂਤਾ ਪੀੜ ਹੰਢਾਉਣੀ, ਖ਼ੁਰਾਕ ਦੀ ਕਮੀ, ਸਮਾਜਿਕ ਵਰਤਾਰੇ ਨਾਲ ਲਗਾਤਾਰ ਜਿਉਂਦੇ ਰਹਿਣਾ, ਉਸ ਦੀ ਸਿਹਤ ਵੀ ਵਿਗਾੜਦਾ ਹੈ ਅਤੇ ਉਸ ਦੇ ਪੱਲੇ ਉਮਰੋਂ ਪਹਿਲਾਂ ਮੌਤ ਵੀ ਪਾਉਂਦਾ ਹੈ।

ਦੰਗਿਆਂ 'ਚ ਸਭ ਤੋਂ ਵੱਧ ਪੀੜਾ ਕੌਣ ਹੰਢਾਉਂਦਾ ਹੈ, ਔਰਤ! ਸਰੀਰਕ ਉਤਪੀੜਨ ਕੌਣ ਸਹਿੰਦਾ ਹੈ, ਔਰਤ! ਜੰਗ 'ਚ ਸਭ ਤੋਂ ਵੱਧ ਕੌਣ ਪ੍ਰਭਾਵਤ ਹੁੰਦਾ ਹੈ, ਔਰਤ ! ਤੇ ਕਿਸ ਦਾ ਲਹੂ ਇਹੋ ਜਿਹੀਆਂ ਪ੍ਰਸਥਿਤੀਆਂ 'ਚ ਵੱਧ ਡੁਲ੍ਹਦਾ ਹੈ, ਜਵਾਬ ਹੈ, ਔਰਤ ਦਾ ! ਜਾਪਣ ਲਗਦਾ ਹੈ ਜਿਵੇਂ ਮਨੁੱਖ ਦਾ ਲਹੂ ਸਸਤਾ ਹੋ ਗਿਆ ਹੈ । ਮਨੁੱਖ ਦਾ ਲਹੂ ਰਿਸ਼ਤਿਆਂ ਨੂੰ ਭੁੱਲ, ਲਾਲ ਤੋਂ ਚਿੱਟਾ ਹੋ ਗਿਆ ਹੈ ਅਤੇ ਇਸ ਚਿੱਟੇ ਲਹੂ ਦੇ ਵਰਤਾਰੇ ਦਾ ਸੰਤਾਪ ਔਰਤ ਵੱਧ ਭੋਗਦੀ ਹੈ । ਉਸ ਦਾ ਤਨ, ਉਸ ਦਾ ਮਨ ਅਤੇ ਉਸ ਦੀ ਆਰਥਿਕ ਸਥਿਤੀ ਦਾਅ ਉੱਤੇ ਛੱਡ ਦਿੱਤੀ ਜਾਂਦੀ ਹੈ।

ਜਦੋਂ ਮਰਦ ਦਾ ਖ਼ੂਨ ਸਫ਼ੈਦ ਹੁੰਦਾ ਹੈ, ਉਹ ਰਿਸ਼ਤਿਆਂ ਨੂੰ ਤਾਰ-ਤਾਰ ਕਰਦਾ ਹੈ । ਘਰੇਲੂ ਹਿੰਸਾ ਇਹਨਾਂ ਰਿਸ਼ਤਿਆਂ ਵਿੱਚ ਦਰਾੜ ਦੀ ਉਪਜ ਹੈ । ਅਸਲ 'ਚ ਇਹ ਵਰਤਾਰਾ ਮਰਦ ਦੀ ਬੀਮਾਰ ਮਾਨਸਿਕਤਾ ਅਤੇ ਬੀਮਾਰ ਸਮਾਜਿਕ ਵਿਵਸਥਾ ਦਾ ਸੰਕੇਤ ਹੈ । ਜਦੋਂ ਸਮਾਜ 'ਚ ਲਹੂ ਸਫ਼ੈਦ ਹੁੰਦਾ ਹੈ, ਰਿਸ਼ਤੇ ਟੁੱਟਦੇ ਹਨ ।ਦੇਸ਼ ਵਿੱਚ ਔਰਤਾਂ ਖਿਲਾਫ਼ ਅਪਰਾਧਾਂ 'ਚ ਵਾਧਾ ਖ਼ੂਨ ਦੀ ਕਮੀ ਜੇਹਾ ਹੀ ਵਧ ਰਿਹਾ ਹੈ । ਭਾਵੇਂ ਸੰਵਿਧਾਨ ਬਰਾਬਰੀ, ਲਿੰਗ ਦੇ ਅਧਾਰ ਉੱਤੇ ਭੇਦਭਾਵ ਨਾ ਕਰਨ ਅਤੇ ਜੀਵਨ ਅਤੇ ਅਜ਼ਾਦੀ ਦੇ ਅਧਿਕਾਰ ਦਾ ਵਾਇਦਾ ਕਰਦਾ ਹੈ, ਪਰ ਬਹੁ-ਗਿਣਤੀ ਔਰਤਾਂ ਨੂੰ ਇਹ ਅਧਿਕਾਰ ਪ੍ਰਾਪਤ ਨਹੀਂ ਹੁੰਦੇ। ਦੇਸ਼ ਦੇ ਪੇਂਡੂ ਖਿੱਤੇ ਅਤੇ ਅਰਧ-ਸ਼ਹਿਰੀ ਖੇਤਰ ਵਿੱਚ ਔਰਤਾਂ ਦੀ ਭੈੜੀ ਹਾਲਾਤ, ਉਹਨਾਂ ਦੀ ਰੋਜ਼ਾਨਾ ਜ਼ਿੰਦਗੀ ਨੂੰ ਪ੍ਰਭਾਵਤ ਕਰ ਰਹੀ ਹੈ। ਸੰਤੁਲਿਤ ਭੋਜਨ ਦੀ ਕਮੀ, ਭੈੜੀਆਂ ਬੁਨਿਆਦੀ ਸਹੂਲਤਾਂ, ਸਿਹਤ ਵਿਵਸਥਾਵਾਂ ਦਾ ਨਾ ਹੋਣਾ ਉਹਨਾਂ ਪੱਲੇ ਨਰਕ ਜਿਹੀ ਜ਼ਿੰਦਗੀ ਪਾਉਂਦਾ ਹੈ। ਔਰਤਾਂ ਅੱਜ ਵੀ ਭੁੱਖਮਰੀ ਦਾ ਵੱਧ ਸ਼ਿਕਾਰ ਹਨ। ਅੱਜ ਵੀ ਉਹ ਭੈੜੇ ਕੌੜੇ ਬੋਲਾਂ ਨਾਲ, ਸਰੀਰਕ ਮਾਰ ਸਹਿੰਦੀਆਂ ਮਾਨਸਿਕ ਪ੍ਰੇਸ਼ਾਨੀ ਦਾ ਸ਼ਿਕਾਰ ਬਣਦੀਆਂ ਹਨ।

ਸਮਾਜ ਦਾ ਕਮਜ਼ੋਰ ਅੰਗ ਸਮਝਦਿਆਂ ਪਸ਼ੂ ਬਿਰਤੀ ਵਾਲੇ ਜਾਬਰ ਲੋਕ ਉਸ ਦਾ ਅੰਗ-ਅੰਗ ਨੋਚਦੇ ਹਨ। ਉਹਨਾਂ ਨੂੰ ਵੇਸਵਾ ਬਿਰਤੀ 'ਚ ਪਾਉਂਦੇ ਹਨ । ਵਪਾਰਕ, ਕਾਰਪੋਰੇਟੀ ਰੁਚੀਆਂ ਵਾਲੇ ਲੋਕ ਉਸ ਦੇ ਸਰੀਰ ਦਾ ਪ੍ਰਦਰਸ਼ਨ ਕਰਕੇ ਵਪਾਰਕ ਲਾਹਾ ਲੈਂਦੇ ਹਨ। ਇਥੇ ਹੀ ਬੱਸ ਨਹੀਂ ਉਹਨਾਂ ਦਾ ਮਾਨਸਿਕ ਸੋਸ਼ਣ ਕਰਦਿਆਂ ਉਹਨਾਂ ਦੇ ਜੀਵਨ ਨੂੰ ਇਹੋ ਜਿਹੇ ਹਨੇਰੇ ਨਰਕ-ਕੁੰਭ 'ਚ ਧੱਕ ਦਿੰਦੇ ਹਨ, ਜਿਥੋਂ ਉਹਨਾਂ ਦਾ ਬਾਹਰ ਨਿਕਲਣਾ ਅਸੰਭਵ ਹੋ ਜਾਂਦਾ ਹੈ । ਅੱਜ ਵੀ ਪਤੀ ਦੇ ਮਰਨ ਉਪਰੰਤ ਬੇਵਾ ਕਹਾਉਂਦੀਆਂ ਔਰਤਾਂ ਚਿੱਟੇ ਕੱਪੜੇ ਪਾਉਣ ਲਈ ਮਜ਼ਬੂਰ ਕਰ ਦਿੱਤੀਆਂ ਜਾਂਦੀਆਂ ਹਨ। ਅੱਜ ਵੀ ਮਰਦ ਪ੍ਰਧਾਨ ਸਮਾਜ ਵਿੱਚ ਉਹ ਬਿਰਧ ਅਵਸਥਾ 'ਚ ਮਰਨ ਤੋਂ ਪਹਿਲਾਂ ਸ਼ਮਸ਼ਾਨ ਘਾਟਾਂ ਦੇ ਚੌਗਿਰਦਿਆਂ 'ਚ ਮੌਤ ਦੀ ਘੜੀ ਉਡੀਕਦੀਆਂ ਹਨ । ਪੁੱਤਰ, ਧੀਆਂ, ਰਿਸ਼ਤੇਦਾਰ ਉਹਨਾਂ ਤੋਂ ਦੂਰੀ ਬਣਾਈ ਰੱਖਦੇ ਹਨ ।

ਧਰਮ ਅਤੇ ਔਰਤਾਂ ਦੀ ਸਥਿਤੀ ਦਾ ਆਪਸ ਵਿੱਚ ਰਿਸ਼ਤਾ ਗੁੰਝਲਦਾਰ ਹੈ । ਦੁਨੀਆ ਦੇ ਲਗਭਗ ਸਾਰੇ ਪ੍ਰਮੁੱਖ ਧਰਮ ਰੂਹਾਨੀ ਤੌਰ 'ਤੇ ਮਰਦ 'ਤੇ ਔਰਤ ਨੂੰ ਬਰਾਬਰ ਮੰਨਦੇ ਹਨ, ਪਰ ਵਿਹਾਰਕ ਤੌਰ 'ਤੇ ਧਾਰਮਿਕ ਸੰਸਥਾਵਾਂ ਅਕਸਰ ਮਰਦ ਪ੍ਰਧਾਨ ਰਹੀਆਂ ਹਨ । ਕਈ ਵਾਰ ਧਰਮ ਦੀਆਂ ਰੂੜ੍ਹੀਵਾਦੀ ਵਿਆਖਿਆਵਾਂ ਔਰਤ ਦੀ ਆਜ਼ਾਦੀ, ਸਿੱਖਿਆ ਅਤੇ ਫ਼ੈਸਲੇ ਲੈਣ ਦੀ ਸ਼ਕਤੀ ਨੂੰ ਸੀਮਤ ਕਰ ਦਿੰਦੀਆਂ ਹਨ।

ਕਿਹਾ ਤਾਂ ਇਹ ਜਾਂਦਾ ਹੈ ਕਿ ਸਫ਼ਲ ਗ੍ਰਹਿਸਥੀ ਜੀਵਨ ਦੋ ਪਹੀਆਂ 'ਤੇ ਚੱਲਦਾ ਹੈ । ਹਰੇਕ ਧਰਮ ਵੀ ਇਸ ਦੀ ਵਿਆਖਿਆ ਇਵੇਂ ਹੀ ਕਰਦਾ ਹੈ, ਪਰ ਅਮਲ ਵੱਖਰੇ ਹਨ। ਦੁਨੀਆ ਦਾ ਕੋਈ ਵੀ ਧਰਮ ਮਰਦ ਦੇ ਬਰਾਬਰ ਔਰਤ ਨੂੰ ਆਜ਼ਾਦੀ ਨਹੀਂ ਦਿੰਦਾ । ਗਲੀਆਂ - ਗਲਿਆਰਿਆਂ, ਘਰਾਂ-ਹਵੇਲੀਆਂ, ਬਜ਼ਾਰਾਂ, ਧਾਰਮਿਕ, ਸਿੱਖਿਆ ਸੰਸਥਾਵਾਂ 'ਤੇ ਔਰਤਾਂ ਨਾਲ ਵਿਤਕਰਿਆਂ ਦੀ ਲੰਮੀ ਕਹਾਣੀ ਹੈ । ਜਿਹੜੀ ਸਮਾਜੀ ਵਰਤਾਰਿਆਂ 'ਚ ਬੀਮਾਰ ਸੋਚ ਦੀ ਤਰਜਮਾਨੀ ਕਰਨ ਵਾਲੀ ਹੈ। ਔਰਤਾਂ ਪ੍ਰਤੀ ਧਾਰਮਿਕ ਸੁਧਾਰ, ਜਾਇਦਾਦ ਦਾ ਅਧਿਕਾਰ, ਸਮਾਜਿਕ ਸਤਿਕਾਰ ਹਾਲੇ ਵੀ ਸਮਾਜ ਵਿੱਚ ਹਾਸ਼ੀਏ 'ਤੇ ਹਨ। ਧਰਮ ਅੱਜ ਵੀ ਸ਼ਕਤੀਕਰਨ ਦੀ ਥਾਂ ਵਧੇਰੇ ਸੋਸ਼ਣ ਦਾ ਜ਼ਰੀਆ ਬਣਾਇਆ ਜਾ ਚੁੱਕਾ ਹੈ। ਈਸਾਈ, ਜੈਨ, ਬੁੱਧ ਧਰਮਾ 'ਚ ਔਰਤਾਂ ਦੀ ਅਗਵਾਈ 'ਚ ਬੰਦਸ਼ਾਂ ਹਨ । ਹਿੰਦੂ ਧਰਮ 'ਚ ਤਾਂ ਔਰਤਾਂ ਨੂੰ ਮਤਾਹਿਤ ਦਾ ਦਰਜਾ ਦਿੱਤਾ ਜਾਂਦਾ ਹੈ, ਬਰਾਬਰੀ ਦਾ ਹੱਕ ਤਾਂ ਦੂਰ ਹੈ। ਸਿੱਖ ਧਰਮ ਔਰਤਾਂ ਦੀ ਬਰਾਬਰੀ ਦੀ ਗੱਲ ਤਾਂ ਜ਼ਰੂਰ ਕਰਦਾ ਹੈ, ਪਰ ਵਿਹਾਰਕ ਪੱਖੋਂ ਔਰਤ ਸਿੱਖ ਧਰਮ ਵਿੱਚ ਵੀ ਪੀੜਤ ਹੈ। ਇਸਲਾਮ ਔਰਤ ਲਈ ਬੁਰਕਾ ਅਤੇ ਮਰਦ ਵੱਲੋਂ ਵਧੇਰੇ ਔਰਤਾਂ ਨਾਲ ਵਿਆਹ ਪ੍ਰਥਾ ਕੀ ਦਰਸਾਉਂਦੀ ਹੈ ?

ਵੈਸੇ ਤਾਂ ਦੁਨੀਆਂ ਭਰ ਵਿੱਚ ਹੀ ਔਰਤ ਉਹ ਦਰਜਾ ਹਾਸਲ ਨਹੀਂ ਕਰ ਸਕੀ, ਜਿਸ ਦੀ ਉਹ ਹੱਕਦਾਰ ਹੈ, ਪਰ ਭਾਰਤ ਤਾਂ ਇਸ ਮਾਮਲੇ ਵਿੱਚ ਬਹੁਤ ਹੀ ਦਰਦਨਾਕ ਸਥਿਤੀ ਵਿੱਚ ਹੈ। ਕੁੱਲ 148 ਦੇਸ਼ਾਂ ਵਿੱਚੋਂ ਭਾਰਤ ਵਿਸ਼ਵ ਜੈਂਡਰ ਰੈਂਕਿੰਗ ਵਿੱਚ 131 ਵੇਂ ਥਾਂ 'ਤੇ ਹੈ। ਉਸ ਦੀ ਇਹ ਸਥਿਤੀ ਉਸ ਦੀ ਆਰਥਿਕ ਭਾਗੀਦਾਰੀ, ਸਮਾਜਿਕ ਸਥਿਤੀ, ਉਸ ਦੀ ਸੁਰੱਖਿਆ, ਆਜ਼ਾਦੀ, ਸਿੱਖਿਆ ਅਤੇ ਸਿਹਤ 'ਤੇ ਹੈ । ਅਸਲ 'ਚ ਇੱਕ ਔਰਤ ਉੱਤੇ ਪਰਿਵਾਰਿਕ ਅਤੇ ਸਮਾਜਿਕ ਰੀਤੀ-ਰਿਵਾਜਾਂ ਦਾ ਦਬਾਅ ਏਨਾ ਜ਼ਿਆਦਾ ਹੈ ਕਿ ਆਪਣਾ ਚਿਹਰਾ-ਮੋਹਰਾ ਨਿਖਾਰਨ 'ਚ ਉਹ ਨਾ-ਕਾਮਯਾਬ ਤਾਂ ਰਹਿੰਦੀ ਹੀ ਹੈ, ਨਿੱਜੀ ਫ਼ੈਸਲੇ ਲੈਣ ਦੀ ਵਧੇਰੇ ਖੁੱਲ੍ਹ ਵੀ ਉਸਦੇ ਲਈ ਅੱਗੇ ਵਧਣ 'ਚ ਵੱਡੀ ਰੁਕਾਵਟ ਹੈ।

ਭਾਰਤੀ ਸਮਾਜ 'ਚ ਔਰਤਾਂ ਨੂੰ ਘਰੇਲੂ ਕੰਮਾਂ ਤੱਕ ਸੀਮਤ ਰੱਖਣ ਦੀ ਰਿਵਾਇਤ, ਕਾਨੂੰਨੀ ਜਾਗਰੂਕਤਾ ਦੀ ਕਮੀ, ਰਾਜਨੀਤਕ ਹਿੱਸੇਦਾਰੀ 'ਚ ਘਾਟ, ਆਰਥਿਕ ਪੱਖੋਂ ਕਮਜ਼ੋਰੀ, ਉਸ ਨੂੰ ਅੱਗੇ ਵਧਣੋਂ ਰੋਕ ਰਹੀ ਹੈ। ਸਿਰਫ਼ ਆਤਮ ਵਿਸ਼ਵਾਸ, ਆਰਥਿਕ ਮਜ਼ਬੂਤੀ ਅਤੇ ਨਿਡਰ ਸੋਚ ਨਾਲ ਹੀ ਉਹ ਅੱਗੇ ਵਧ ਕੇ ਕੁਝ ਹਾਸਲ ਕਰਨ ਦੇ ਯੋਗ ਹੋ ਸਕੇਗੀ ਅਤੇ ਉਹ ਸਭ ਕੁਝ ਬਦਲ ਸਕੇਗੀ, ਜੋ ਸਮਾਜ 'ਚ ਪੈਦਾ ਹੋਏ ਲਹੂ ਦੇ ਲਾਲ ਕਣਾਂ ਨੂੰ ਸਫ਼ੈਦੀ 'ਚ ਬਦਲ ਕੇ ਉਸ ਦਾ ਜੀਵਨ ਜਿਉਣ ਯੋਗ ਨਹੀਂ ਰਹਿਣ ਦੇ ਰਹੇ।

# ਸੰਪਰਕ : 98158-02070

# ਇਹ ਜੂਨ ਤਾਂ ਭੋਗੀਆਂ ਜੂਨਾਂ ਤੋਂ ਵੀ ਭੈੜੀ...



ਸੁਰਿੰਦਰ ਸ਼ਰਮਾ ਨਾਗਰਾ

ਹਿੰਦੂ ਮਿਥਿਹਾਸ ਵਿੱਚ ਚੌਰਾਸੀ ਲੱਖ ਜੂਨਾਂ ਦਾ ਵਰਨਣ ਦਿੱਤਾ ਹੋਇਆ ਹੈ ।ਮਨੁੱਖ ਦੀ ਮੌਤ ਤੋਂ ਬਾਅਦ ਉਸ ਦਾ ਅੰਤ ਨਹੀਂ ਹੁੰਦਾ, ਉਸ ਦੀ ਆਤਮਾ ਸਦਾ ਰਹਿੰਦੀ ਹੈ, ਜਿਸ ਦਾ ਨਿਰੰਤਰ ਦੂਸਰੀਆਂ ਜੂਨਾਂ 'ਚ ਤਬਦੀਲੀਕਰਣ ਹੁੰਦਾ ਰਹਿੰਦਾ ਹੈ ।ਉਸ ਦੇ ਪਿਛਲੇ ਕਰਮਾਂ ਦਾ ਲੇਖਾ-ਜੋਖਾ ਕਰਦੇ ਹੋਏ ਸੰਸਾਰ ਦੇ ਨਿਯਮਾਂ ਅਨੁਸਾਰ ਤਬਦੀਲੀ ਕਰਨ 'ਤੇ ਕੰਟਰੋਲ ਰਹਿੰਦਾ ਹੈ ।ਜਿਹੋ ਜਿਹੇ ਉਸ ਦੇ ਕਰਮ ਕਰੇ ਹੋਏ ਹੁੰਦੇ ਹਨ, ਉਨ੍ਹਾਂ ਅਨੁਸਾਰ ਜੂਨਾਂ ਭੋਗਦਾ ਹੋਇਆ ਫਿਰ ਕਿਤੇ ਜਾ ਕੇ ਮਨੁੱਖੀ ਜੂਨ ਪ੍ਰਾਪਤ ਹੁੰਦੀ ਹੈ ।ਹਿੰਦੂ ਮਿਥਿਹਾਸ ਅਨੁਸਾਰ ਇਹ ਚੌਰਾਸੀ ਲੱਖ ਜੂਨਾਂ ਦਾ ਵਰਨਣ ਇਸ ਪ੍ਰਕਾਰ ਹੈ, ਜਿਸ ਵਿੱਚ ਨੌਂ ਲੱਖ ਜੂਨਾਂ ਪਾਣੀ ਅੰਦਰ ਪਨਪਦੀਆਂ ਹਨ ਜਿਵੇਂ ਮੱਛੀਆਂ, ਝੀਂਗੇ, ਕੱਛੂ ਅਤੇ ਡੱਡੂ ਵਗੈਰਾ । ਵੀਹ ਲੱਖ ਦਰੱਖਤ, ਪੇੜ, ਪੌਦੇ ਵਨਸਪਤੀ ਆਦਿ । ਗਿਆਰਾਂ ਲੱਖ ਕੀੜੇ-ਪਤੰਗੇ, ਦਸ ਲੱਖ ਅਸਮਾਨ ਵਿੱਚ ਉਡਣ ਵਾਲੇ ਪੰਛੀ ਹਨ।ਤੀਹ ਲੱਖ ਜੰਗਲੀ ਜਾਨਵਰ, ਪਾਲਤੂ ਜਾਨਵਰ ਜਾਂ ਹਰ ਪ੍ਰਕਾਰ ਦੇ ਜਾਨਵਰ ਹਨ। ਚਾਰ ਲੱਖ ਮਨੁੱਖੀ ਨਸਲ ਦੀਆਂ ਜੂਨਾਂ ਹਨ ।

ਗੁਰਬਾਣੀ ਵਿੱਚ ਵੀ ਚੌਰਾਸੀ ਲੱਖ ਜੂਨੀਆਂ ਦਾ ਵਰਨਣ ਹੈ।ਗੁਰਬਾਣੀ ਅਨੁਸਾਰ ਚੌਰਾਸੀ ਲੱਖ ਜੂਨਾਂ ਤੋਂ ਬਾਹਰ ਆਉਣ ਦੇ ਕੋਈ ਪੱਕੇ ਰਸਤੇ ਨਹੀਂ ਹਨ । ਮਨੁੱਖ ਪਿਛਲੇ ਕੀਤੇ ਕਰਮਾਂ ਅਨੁਸਾਰ ਵੱਖ-ਵੱਖ ਜੂਨਾਂ ਭੋਗ ਕੇ ਫਿਰ ਮਨੁੱਖੀ ਜਾਮਾ ਪਹਿਨਦਾ ਹੈ।ਇੱਕ ਵਾਰ ਚੱਕਰ ਪੂਰਾ ਹੋਣ ਤੋਂ ਬਾਅਦ ਦੁਬਾਰਾ ਮਨੁੱਖ ਬਣਨ ਲਈ ਵਾਰ-ਵਾਰ ਜਪੁ ਜੀ ਸਾਹਿਬ ਦਾ ਜਾਪ ਕਰਕੇ ਮੁਕਤੀ ਦਾ ਮਾਰਗ ਪ੍ਰਾਪਤ ਹੁੰਦਾ ਹੈ। ਦੁਨੀਆ ਦੇ ਲਗਭਗ ਸਾਰੇ ਧਰਮ ਇਸ ਚੌਰਾਸੀ ਲੱਖ ਜੂਨਾਂ ਦੇ ਵਿਚਾਰ ਨੂੰ ਮੰਨਦੇ ਹਨ।ਭਗਵਾਨ ਕ੍ਰਿਸ਼ਨ ਦੁਆਰਾ ਮਹਾਭਾਰਤ ਯੁੱਧ ਦੇ ਮੈਦਾਨ ਵਿੱਚ ਅਰਜੁਨ ਨੂੰ ਭਗਵਤ ਗੀਤਾ ਵਿੱਚ ਦਿੱਤੇ ਗਏ ਉਪਦੇਸ਼ ਕਰਮ ਸਿਧਾਂਤ ਦੇ ਉਪਰ ਅਧਾਰਤ ਹਨ ।ਜਿਹੋ ਜਿਹੇ ਕਰਮ ਕਰੇਗਾ ਇਨਸਾਨ, ਵੈਸੇ ਫਲ ਭਗਵਾਨ ਦਿੰਦਾ ਹੈ ।ਚੌਰਾਸੀ ਲੱਖ ਜੂਨ ਜਿਉਣ ਤੋਂ ਬਾਅਦ ਵੀ ਮਨੁੱਖੀ ਜਨਮ ਮਿਲਦਾ ਹੈ, ਪਰ ਪੂਰਨ ਰੂਪ ਵਿੱਚ ਨਹੀਂ। ਜੀਵ ਕਈ ਵਾਰ ਪਿੰਗਲਾ ਪੈਦਾ ਹੁੰਦਾ ਹੈ, ਕਈ ਵਾਰ ਬਿਨਾਂ ਅੱਖਾਂ ਤੋਂ ਪੈਦਾ ਹੁੰਦਾ ਹੈ, ਕਈ ਵਾਰ ਪੈਦਾ ਹੋਣ ਸਾਰ ਹੀ ਮਰ ਜਾਂਦਾ ਹੈ । ਕੁਦਰਤ ਦਾ ਇਹ ਸਿਧਾਂਤ ਸਮਝ ਤੋਂ ਬਾਹਰ ਹੈ । ਮਿਥਿਹਾਸਿਕ ਦ੍ਰਿਸ਼ਟੀਕੋਣ ਤੋਂ ਵੇਖਿਆ ਜਾਵੇ ਤਾਂ ਇਹ ਪੂਰਬਲੇ ਕਰਮਾਂ ਦਾ ਬਕਾਇਆ ਰਹਿ ਜਾਂਦਾ ਹੈ, ਜੋ ਫਿਰ ਮਨੁੱਖੀ ਜਾਮੇ ਵਿੱਚ ਆ ਕੇ ਭੋਗਣਾ ਪੈਂਦਾ ਹੈ ।

ਇਸ ਤਰ੍ਹਾਂ ਦੀ ਸੱਚੀ ਘਟਨਾ ਬਾਰੇ ਚਰਚਾ ਕਰਦੇ ਹਾਂ, ਜਿਸ ਵਿੱਚੋਂ ਮੈਂ ਖੁਦ ਹੋ ਕੇ ਲੰਘਿਆ ਹਾਂ । ਜਦੋਂ ਮੈ ਕਸਬਾ ਭੀਖੀ ਦੀ ਆਪਣੇ ਬੈਂਕ ਦੀ ਸ਼ਾਖਾ ਵਿੱਚ ਬਤੌਰ ਮੈਨੇਜਰ ਤਾਇਨਾਤ ਸਾਂ ਤਾਂ ਇੱਕ ਦਿਨ ਸਾਡੇ ਪ੍ਰਾਦੇਸ਼ਿਕ ਅਧਿਕਾਰੀ ਦਾ ਫ਼ੋਨ ਆਇਆ ।ਕਹਿਣ ਲੱਗੇ , ਸ਼ਰਮਾ ! ਬੁਢਲਾਡਾ, ਕੁਲਰੀਆਂ ਦੇ ਆਸ-ਪਾਸ ਇੱਕ ਪਿੰਡ ਹੈ 'ਅਚਾਨਕ'।ਮੈਂ ਕੁਝ ਪੈਸੇ ਭੇਜ ਰਿਹਾ ਹਾਂ, ਇਸ ਦਾ ਲੋੜੀਂਦਾ ਰਾਸ਼ਨ ਲੈ ਕੇ ਉਸ ਅਚਾਨਕ ਪਿੰਡ ਦੇ ਇੱਕ ਗਰੀਬ ਪਰਵਾਰ ਨੂੰ ਦੇ ਕੇ ਆ, ਜਿਸ ਦਾ ਨਾਂਅ ਪਤਾ ਸਾਡੇ ਸਾਹਿਬ ਨੇ ਫੋਨ 'ਤੇ ਦੱਸ ਦਿੱਤਾ । ਉਨ੍ਹਾਂ ਦੱਸਿਆ ਕਿ ਉਸ ਪਰਵਾਰ ਦੀ ਹਾਲਤ ਵਾਰੇ ਇੱਕ ਟੈਲੀਵਿਜ਼ਨ ਚੈਨਲ ਨੇ ਦੱਸਿਆ ਸੀ।

ਦੁਪਹਿਰ ਤੋਂ ਬਾਅਦ ਮੈਂ ਆਪਣਾ ਕੰਮਕਾਜ ਸਮੇਟ ਕੇ ਤੇ ਆਪਣੇ ਡਿਪਟੀ ਮੈਨੇਜਰ ਨੂੰ ਬਾਹਰ ਕਿਤੇ ਜਾਣ ਲਈ ਕਹਿ ਕੇ ਆਪਣੀ ਕਾਰ ਕੱਢੀ ।ਬਜ਼ਾਰ ਵਿੱਚ ਕਰਿਆਨੇ ਦੀ ਦੁਕਾਨ ਤੋਂ ਲੋੜੀਂਦਾ ਸਮਾਨ ਲਿਆ, ਕੁਝ ਸਮਾਨ ਮੈਂ ਅਪਣੀ ਜੇਬ ਵਿੱਚੋਂ ਵੀ ਖਰੀਦਿਆ ਤੇ ਕਾਰ ਵਿੱਚ ਰੱਖ ਲਿਆ । ਗਰਮੀਆਂ ਦੇ ਦਿਨ ਸਨ ।ਹਾੜ੍ਹੀ ਦੀ ਫਸਲ ਵੱਢੀ ਜਾ ਚੁੱਕੀ ਸੀ, ਕਿਸਾਨ ਤੂੜੀ-ਤੱਪਾ ਸੰਭਾਲ ਰਹੇ ਸਨ ।ਮੈਂ ਬੁਢਲਾਡਾ ਪਹੁੰਚ ਕੇ ਪਿੰਡ ਬਾਰੇ ਪੁੱਛਿਆ ਤਾਂ ਇੱਕ ਸਿਆਣੇ ਜਿਹੇ ਬਜ਼ੁਰਗ ਨੇ ਪੂਰਾ ਰਸਤਾ ਸਮਝਾ ਕੇ ਮੈਨੂੰ ਰਸਤੇ ਪਾ ਦਿੱਤਾ। 'ਅਚਾਨਕ' ਪਿੰਡ ਬੁਢਲਾਡੇ ਤੋਂ ਤਕਰੀਬਨ 10-12 ਕਿਲੋਮੀਟਰ ਕੁਲਰੀਆਂ ਦੇ ਆਸ-ਪਾਸ ਸੀ।ਮੈਂ ਪੁੱਛਦਾ-ਪੁਛਾਉਂਦਾ ਅੱਧੇ ਘੰਟੇ ਵਿੱਚ ਅਚਾਨਕ ਪਹੁੰਚ ਗਿਆ । ਉਸ ਪਰਵਾਰ ਦਾ ਘਰ ਪੁੱਛਿਆ, ਜਿਹੜਾ ਪਿੰਡ ਦੇ ਛਿਪਦੇ ਪਾਸੇ ਵੱਲ ਸੀ।ਮੈਂ ਘਰ ਪਹੁੰਚ ਗਿਆ । ਜਦੋਂ ਮੈਂ ਆਪਣੀ ਜਾਣਕਾਰੀ ਦੇ ਕੇ ਅੰਦਰ ਵੜਿਆ ਤਾਂ ਘਰ ਦੀ ਹਾਲਤ ਦੇਖ ਕੇ ਇੱਕ ਵਾਰ ਅੰਦਰੋਂ ਹਿੱਲ ਗਿਆ । ਲਾਣੇਦਾਰ ਤੇ ਉਸ ਦੀ ਘਰਵਾਲੀ ਵਿਹੜੇ ਵਿੱਚ ਬੈਠੇ ਸਨ, ਝਲਾਨੀ ਵੱਲ ਝਾਤ ਮਾਰੀ, ਪੰਜ ਸੱਤ ਭਾਂਡਿਆਂ ਤੋਂ ਬਗੈਰ ਹੋਰ ਕੋਈ ਸ਼ੈਅ ਨਜ਼ਰ ਨਹੀਂ ਆ ਰਹੀ ਸੀ।ਉਨ੍ਹਾਂ ਵਿਹੜੇ ਵਿੱਚ ਮੰਜਾ ਡਾਹ ਦਿੱਤਾ ਤੇ ਮੈਂ ਬੈਠ ਗਿਆ ।ਮੈਂ ਐਨੀ ਗਰੀਬ ਹਾਲਤ ਵਾਰੇ ਪੁੱਛਿਆ । ਘਰਵਾਲੀ ਕਹਿਣ ਲੱਗੀ, ' ਕੀ ਦੱਸੀਏ, ਮੈਨੇਜਰ ਸਾਹਿਬ ! ਕਮਾਈ ਦਾ ਕੋਈ ਸਾਧਨ ਨਹੀਂ, ਮੇਰਾ ਘਰਵਾਲਾ ਹੁਣ ਬਿਰਧ ਹੋ ਗਿਆ ਹੈ, ਕਦੇ-ਕਦੇ ਦਿਹਾੜੀ ਕਰਕੇ ਰੋਟੀ-ਪਾਣੀ ਦਾ ਹੀਲਾ ਕਰ ਰਿਹਾ ਹੈ।ਤਿੰਨ ਮੇਰੇ ਬੱਚੇ ਹਨ, ਇੱਕ ਲੜਕਾ ਤੇ ਦੋ ਧੀਆਂ ।ਬਦਕਿਸਮਤੀ ਇਹ ਹੈ ਕਿ ਤਿੰਨੋਂ ਜਨਮ ਤੋਂ ਅੰਨ੍ਹੇ ਹਨ ।ਪਤਾ ਨਹੀਂ ਕੁਦਰਤ ਦਾ ਕੀ ਭਾਣਾ ਵਰਤਿਆ ।ਬੜੇ ਡਾਕਟਰਾਂ, ਵੈਦਾਂ ਤੇ ਸਿਆਣਿਆਂ ਨੂੰ ਵਿਖਾਇਆ, ਪਰ ਕੁਝ ਨਹੀਂ ਬਣਿਆ । ਹੁਣ ਇਹ ਜੁਆਨ ਹੋ ਗਏ ਹਨ। ਉਸ ਨੇ ਕੁੜੀਆਂ ਵੱਲ ਹੱਥ ਕਰਕੇ ਦੱਸਿਆ ਕਿ ਦੋਵੇਂ ਵਿਆਹੁਣਯੋਗ ਹਨ, ਪਰ ਕੋਈ ਰਿਸ਼ਤਾ ਨਹੀਂ ਲੈਂਦਾ ।ਮੁੰਡਾ ਭਾਵੇਂ ਅੱਖੋਂ ਮਨਾਖਾ ਹੈ, ਪਰ ਰਾਹ ਟੋਹ-ਟੋਹ ਕੇ ਜੱਟਾਂ ਦੇ ਖੇਤ ਜਾ ਕੇ ਥੋੜ੍ਹਾ ਬਹੁਤ ਕੰਮ ਕਰਵਾ ਦਿੰਦਾ ਹੈ ।ਅੱਜ ਵੀ ਤੂੜੀ ਟਰਾਲੀ ਵਿੱਚ ਲਦਾਉਣ ਖੇਤ ਗਿਆ ਹੈ , ਹੋਰ ਕੋਈ ਸਹਾਰਾ ਨਹੀਂ । ਉਸ ਨੇ ਅੱਗੇ ਦੱਸਿਆ ਕਿ ਪਿੰਡ ਵਿੱਚ ਹੋਰ ਵੀ ਕਈ ਪਰਵਾਰ ਹਨ, ਜਿਨ੍ਹਾਂ ਦੇ ਬੱਚੇ ਅੰਨ੍ਹੇ ਪੈਦਾ ਹੋਏ ਹਨ। ਪਤਾ ਨਹੀਂ, ਇਥੋਂ ਦਾ ਪਾਣੀ ਮਾੜਾ ਹੈ ਜਾਂ ਮਿੱਟੀ ਵਿਚ ਕੋਈ ਨੁਕਸ ਹੈ, ਪਰਮਾਤਮਾ ਹੀ ਜਾਣਦਾ ਹੈ ।ਉਨ੍ਹਾਂ ਦੀ ਹਾਲਤ ਸੁਣ ਕੇ ਤੇ ਅੱਖੀਂ ਦੇਖ ਕੇ ਮਨ ਪਸੀਜਿਆ ਗਿਆ । ਮੈਂ ਲਿਆਂਦਾ ਸਾਰਾ ਸਮਾਨ ਕਾਰ 'ਚੋਂ ਕੱਢ ਕੇ ਮੰਜੇ 'ਤੇ ਲਿਆ ਕੇ ਰੱਖ ਦਿੱਤਾ । ਸਮਾਨ ਦੇਖ ਕੇ ਤੀਵੀਂ ਮਾਲਕ ਦੇ ਚਿਹਰੇ ਦੀ ਫਿਜ਼ਾ ਬਦਲੀ, ਕੁਝ ਰੌਣਕ ਆਈ ।ਕੁੜੀਆਂ ਦੀ ਮਾਂ ਨੇ ਦੱਸਿਆ ਕਿ ਦੋਵੇਂ ਕੁੜੀਆਂ ਘਰ ਦਾ ਕੰਮ ਥੋੜ੍ਹਾ ਬਹੁਤ ਅੰਦਾਜ਼ੇ ਜੇ ਨਾਲ ਕਰ ਲੈਂਦੀਆਂ ਹਨ ।ਉਨ੍ਹਾਂ 'ਚੋਂ ਇੱਕ ਨੇ ਚਾਹ ਬਣਾਈ।ਉਨ੍ਹਾਂ ਦੀ ਗੁਰਬਤ ਤੇ ਘਰ ਦੇ ਹਾਲਾਤ ਦੇਖ ਕੇ ਮੇਰਾ ਮਨ ਭਰ ਆਇਆ ਤੇ ਹੰਝੂ ਅੱਖਾਂ ਦੇ ਪਲਕਾਂ 'ਚ ਆ ਕੇ ਜਾਣੋਂ ਰੁਕ ਗਏ।ਚਾਹ ਪੀ ਕੇ ਮੈਂ ਵਾਪਸ ਚੱਲ ਪਿਆ।

ਵਾਪਸ ਆਉਂਦਾ ਮੈਂ ਸੋਚ ਰਿਹਾ ਸੀ ਕਿ ਚੌਰਾਸੀ ਲੱਖ ਜੂਨਾਂ ਭੋਗਣ ਤੋਂ ਬਾਅਦ ਵੀ ਜੇ ਅਜਿਹਾ ਮਨੁੱਖੀ ਜਨਮ ਮਿਲਿਆ ਤਾਂ ਲੱਖਾਂ ਜੂਨਾਂ ਭੋਗਣ ਦਾ ਕੀ ਫਾਇਦਾ ਮਿਲਿਆ ।ਇਹ ਜੂਨ ਤਾਂ ਪਹਿਲੀਆਂ ਭੋਗੀਆਂ ਜੂਨਾਂ ਤੋਂ ਵੀ ਭੈੜੀ ਸੀ।

# ਸੰਪਰਕ : 98786-46595

# ਲੋਕ ਮੁਕਤੀ ਦੇ ਗੀਤ ਗਾਉਂਦਾ ਰਹੇਗਾ ਸੇਵੇਵਾਲਾ ਦੇ ਸ਼ਹੀਦਾਂ ਦਾ ਲਹੂ

## ਅਮੋਲਕ ਸਿੰਘ

9 ਅਪ੍ਰੈਲ 1991ਦੀ ਗੱਲ ਹੈ, ਜਦੋਂ ਜੈਤੋ (ਫਰੀਦਕੋਟ) ਲਾਗੇ ਪਿੰਡ ਸੇਵੇਵਾਲਾ ਵਿਖੇ ਜਬਰ ਤੇ ਫਿਰਕਾਪ੍ਰਸਤੀ ਵਿਰੋਧੀ ਫਰੰਟ ਪੰਜਾਬ ਦੀ ਜੈਤੋ ਇਲਾਕਾ ਕਮੇਟੀ ਵੱਲੋਂ ਸਮਾਗਮ ਰੱਖਿਆ ਗਿਆ ਸੀ। ਪੰਜਾਬ ਨਾਟਕ ਕਲਾ ਕੇਂਦਰ ਦੀ ਟੀਮ ਨੂੰ ਪ੍ਰੋਫੈਸਰ ਅਜਮੇਰ ਸਿੰਘ ਔਲਖ ਦਾ ਲਿਖਿਆ ਨਾਟਕ 'ਅੰਨ੍ਹੇ ਨਿਸ਼ਾਨਚੀ' ਪੇਸ਼ ਕਰਨ ਅਤੇ ਜਬਰ ਤੇ ਫਿਰਕਾਪ੍ਰਸਤੀ ਵਿਰੋਧੀ ਫਰੰਟ ਦੇ ਕਨਵੀਨਰ ਹਥਲੀਆਂ ਸਤਰਾਂ ਦੇ ਲੇਖਕ ਨੂੰ ਵੀ ਤਕਰੀਰ ਲਈ ਬੁਲਾਇਆ ਗਿਆ ਸੀ।

ਇਹ ਉਹ ਵੇਲ਼ਾ ਸੀ ਜਦੋਂ ਪੰਜਾਬ ਅੰਦਰ ਦੁਪਹਿਰ ਵੇਲੇ, ਅੱਧੀ ਰਾਤ ਵਰਗਾ ਦਹਿਸ਼ਤ ਭਰਿਆ ਸੰਨਾਟਾ ਪੱਸਰ ਜਾਂਦਾ ਸੀ। ਜਦੋਂ ਬੱਸਾਂ ਦੀਆਂ ਸਵਾਰੀਆਂ ਨੂੰ ਮੂੰਹ ਹਨੇਰੇ ਹੀ ਹਿੰਦੂ ਅਤੇ ਸਿੱਖ ਦੇ ਹਿੰਦਸਿਆ ਨਾਲ ਤਕਸੀਮ ਕਰ ਦਿੱਤਾ ਜਾਂਦਾ ਸੀ। ਜਦੋਂ ਪਲਾਂ-ਛਿਣਾਂ ਵਿੱਚ ਇੱਕ ਫਿਰਕੇ ਦੇ ਨਿਹੱਥੇ ਅਤੇ ਬੇਦੋਸ਼ੇ ਲੋਕਾਂ ਨੂੰ ਸਦਾ ਦੀ ਨੀਂਦ ਸੁਲਾ ਦਿੱਤਾ ਜਾਂਦਾ ਸੀ।

ਇਉਂ ਹੀ ਦੂਜੇ ਬੰਨੇ ਪੁਲਸ ਅਤੇ ਅਰਧ ਸੈਨਿਕ ਬਲਾਂ ਨੂੰ ਖੁੱਲ੍ਹੀ ਛੁੱਟੀ ਦੇ ਰੱਖੀ ਸੀ। ਉਹ ਸਿੱਖ ਭਾਈਚਾਰੇ ਦੇ ਗੱਭਰੂਆਂ ਨੂੰ ਝੂਠੇ ਪੁਲਸ ਮੁਕਾਬਲਿਆਂ ਲਈ ਚੋਣਵਾਂ ਨਿਸ਼ਾਨਾ ਬਣਾਉਂਦੇ ਸਨ। ਪੰਜਾਬ ਸਮੱਸਿਆ ਉਹਨਾਂ ਲਈ ਸੋਨੇ ਦੀ ਖਾਣ ਬਣ ਕੇ ਰਹਿ ਗਈ। ਕਬੀਰ, ਫਰੀਦ, ਬਾਬਾ ਨਾਨਕ, ਬਾਬਾ ਬੁੱਲ੍ਹੇ ਸ਼ਾਹ, ਬਾਬਾ ਰਵਿਦਾਸ, ਮਾਈ ਭਾਗੋ, ਗ਼ਦਰੀ, ਬੱਬਰ ਅਕਾਲੀ, ਕਿਰਤੀ ਲਹਿਰ ਅਤੇ ਭਗਤ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਦੀ ਗਲਵੱਕੜੀ ਪਾ ਕੇ ਸਿਰਜੀ ਲਹਿਰ ਅਤੇ ਅਮੀਰ ਵਿਰਾਸਤ ਨੂੰ ਘੱਟੇ ਰੋਲਿਆ ਜਾ ਰਿਹਾ ਸੀ। ਉਸ ਮੌਕੇ ਅਜਿਹੇ ਲੋਕ ਕਾਫ਼ਲੇ ਵੀ ਸੀਸ ਤਲੀ 'ਤੇ ਧਰ ਕੇ ਪੰਜਾਬ ਮੈਦਾਨ 'ਚ ਸਨ, ਜਿਹੜੇ ਦੋ ਮੂੰਹੀਂ ਦਹਿਸ਼ਤਗਰਦੀ ਨੂੰ ਵੰਗਾਰਦੇ ਹਨ। ਜਿਹੜੇ ਇਸ ਨੂੰ ਪਛਾੜਨ ਲਈ ਅੱਗੇ ਆਏ। 9 ਅਪ੍ਰੈਲ 1991 ਦਾ ਸਮਾਗਮ ਇਸ ਲੋਕ ਕਾਫ਼ਲੇ ਦਾ ਹੀ ਸਮਾਗਮ ਸੀ। ਆਪਣੇ ਮਹਿਬੂਬ ਸੰਗੀ ਸਾਥੀਆਂ ਦੇ ਵਿਛੋੜੇ ਅਤੇ ਪਰਵਾਰਾਂ ਦੇ ਪਰਬਤੋਂ ਭਾਰੀ ਸਦਮੇ ਦੀ ਕਹਾਣੀ ਅੱਜ ਵੀ ਅੱਖੀਆਂ ਦੇ ਵਰਕਿਆਂ ਤੋਂ ਸਾਫ਼ ਪੜ੍ਹੀ ਜਾ ਸਕਦੀ ਹੈ। ਇਹ ਵਰਕੇ ਬੋਲਦੇ ਹਨ ਕਿ 9 ਅਪ੍ਰੈਲ 1991 ਨੂੰ ਜਦੋਂ ਅਸੀਂ ਬੱਸ ਰਾਹੀਂ ਜੈਤੋ ਬੱਸ ਅੱਡੇ ਪੁੱਜੇ ਤਾਂ ਜਬਰ ਤੇ ਫਿਰਕਾਪ੍ਰਸਤੀ ਵਿਰੋਧੀ ਫਰੰਟ ਪੰਜਾਬ ਦਾ ਕਨਵੀਨਰ ਜਗਪਾਲ ਸੇਲਬਰਾਹ ਸਾਨੂੰ ਇਥੋਂ ਜੀਪ ਰਾਹੀਂ ਸੇਵੇਵਾਲਾ ਲੈ ਕੇ ਗਿਆ। ਉਹ ਰਾਹ ਵਿੱਚ ਸਮਾਗਮ ਦੀ ਤਿਆਰੀ ਦੀਆਂ ਗੱਲਾਂ ਕਰਦਾ ਗਿਆ।

ਇਸ ਨਾਟਕ ਟੀਮ ਵਿੱਚ ਮਰਹੂਮ ਹੰਸਾ ਸਿੰਘ ਬਿਆਸ, ਹੰਸਾ ਸਿੰਘ ਨਾਲ ਇਕ ਔਰਤ ਕਲਾਕਾਰ, ਇਸ ਤੋਂ ਇਲਾਵਾ ਸੁਮਨ ਲਤਾ, ਹਰਮੇਸ਼ ਮਾਲੜੀ, ਅਮਰਜੀਤ ਮੱਲੀ, ਸੁਖਜਿੰਦਰ ਕੇਦਾਰ (ਦੋਵੇਂ ਹੁਸ਼ਿਆਰਪੁਰ) ਤੋਂ ਅਤੇ ਇਉਂ ਹੀ ਫਰੰਟ ਦੀ ਸ਼ਾਹਕੋਟ ਇਕਾਈ ਦੇ ਕਨਵੀਨਰ ਮਹਿੰਦਰ ਸ਼ਾਹਕੋਟ ਵੀ ਪਹੁੰਚੇ ਹੋਏ ਸਨ।

'ਅੰਨ੍ਹੇ ਨਿਸ਼ਾਨਚੀ' ਨਾਟਕ ਦੀ ਪੇਸ਼ਕਾਰੀ ਉਪਰੰਤ ਜਦੋਂ ਫਰੰਟ ਦਾ ਕਨਵੀਨਰ ਹਥਲੀਆਂ ਸਤਰਾਂ ਦਾ ਲੇਖਕ ਮੰਚ ਤੋਂ ਸੰਬੋਧਨ ਕਰ ਰਿਹਾ ਸੀ ਤਾਂ ਫੌਜੀ ਵਰਦੀਆਂ ਵਿੱਚ ਆਏ ਕਾਤਲੀ ਗਰੋਹ ਨੇ ਪੰਡਾਲ ਵਿੱਚ ਅਤੇ ਘਰਾਂ ਦੀਆਂ ਛੱਤਾਂ 'ਤੇ ਬੈਠੇ ਲੋਕਾਂ ਉੱਪਰ ਗਰਨੇਡ ਸੁੱਟੇ ।ਅੰਨ੍ਹੇਵਾਹ ਫਾਇਰਿੰਗ ਕੀਤੀ। ਵਲੰਟੀਅਰਾਂ ਨੂੰ ਹਮਲੇ ਦਾ ਚੋਣਵਾਂ ਨਿਸ਼ਾਨਾ ਬਣਾਇਆ । ਅੰਨ੍ਹੇਵਾਹ ਫਾਇਰਿੰਗ ਮੌਕੇ ਮੰਚ 'ਤੇ ਲੱਗੇ ਪਰਦੇ ਪਿੱਛੇ ਰੰਗ-ਮੰਚ ਦੇ ਗਰੀਨ ਰੂਮ ਰੂਪੀ ਕਮਰੇ ਵਿੱਚ ਸ਼ਹੀਦ ਮੇਘ ਰਾਜ ਭਗਤੂਆਣਾ ਦੀ ਜੀਵਨ ਸਾਥਣ ਰਾਜ ਰਾਣੀ 'ਰਾਜ' ਉਹਨਾਂ ਦੀ ਧੀ ਸ਼ਰਨਜੀਤ ਕਾਲੀ ਵੀ ਮੌਜੂਦ ਸਨ । ਪਲਾਂ-ਛਿਣਾਂ ਵਿੱਚ 18 ਸਾਥੀਆਂ ਨੂੰ ਸ਼ਹੀਦ ਕਰ ਦਿੱਤਾ। ਜਿਨ੍ਹਾਂ ਵਿੱਚ ਮੇਘ ਰਾਜ ਭਗਤੂਆਣਾ, ਜਗਪਾਲ ਸੇਲਬਰਾਹ, ਮਾਤਾ ਸਦਾ ਕੌਰ, ਗੁਰਜੰਟ ਢਿੱਲਵਾਂ ਸਮੇਤ 18 ਸਾਥੀ ਸ਼ਹਾਦਤ ਪਾ ਗਏ। ਇਸ ਦਿਨ ਸਿਦਕਦਿਲੀ ਨਾਲ ਕਾਤਲਾਂ ਦਾ ਪਿੱਛਾ ਕਰਦਿਆਂ ਸ਼ਹੀਦ ਹੋਏ ਮੇਘ ਰਾਜ ਭਗਤੂਆਣਾ ਦੀ ਉਸ ਮੌਕੇ 14 ਵਰ੍ਹਿਆਂ ਦੀ ਧੀ, ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਜਾਣੀ-ਪਹਿਚਾਣੀ ਆਗੂ ਹਰਿੰਦਰ ਬਿੰਦੂ ਬਠਿੰਡਾ ਜ਼ਿਲ੍ਹੇ ਦੇ ਪਿੰਡ ਵਿਰਕ ਕਲਾਂ ਆਪਣੀ ਭੂਆ ਜੀ ਕੋਲ ਗਈ ਹੋਈ ਸੀ । ਉਹਨਾਂ ਕੋਲ ਬਿੰਦੂ ਦੇ ਚਾਚਾ ਲੱਛੂ ਨੇ ਜਾ ਕੇ ਦੱਸਿਆ ਕਿ ਮੇਘ ਰਾਜ ਭਗਤੂਆਣਾ ਦੇ ਗੋਲੀ ਵੱਜੀ ਹੈ, ਉਹ ਹਸਪਤਾਲ ਦਾਖਲ ਹੈ। ਲੱਛੂ ਦੀਆਂ ਰੋ-ਰੋ ਕੇ ਸੁੱਜੀਆਂ ਅੱਖਾਂ ਹਕੀਕੀ ਦਰਦ ਕਹਾਣੀ ਬਿਆਨ ਕਰ ਰਹੀਆਂ ਸਨ।

ਸ਼ਹੀਦ ਜਗਪਾਲ ਸੇਲਬਰਾਹ ਅਤੇ ਸ਼ਹੀਦ ਮੇਘ ਰਾਜ ਭਗਤੂਆਣਾ ਦੋਨਾਂ ਦੇ ਪਿਤਾ ਸਮੇਤ ਕਿੰਨਿਆਂ ਦੇ ਮਾਪੇ ਪੂਰੀ ਸਿਦਕਦਿਲੀ ਨਾਲ ਸ਼ਹੀਦੀ ਜਾਮ ਪੀਣ ਵਾਲਿਆਂ ਨੂੰ ਸਿਜਦਾ ਕਰ ਰਹੇ ਸਨ। ਧਰਮਸ਼ਾਲਾ ਦੀ ਲਹੂ ਦੇ ਚੁਬੱਚਿਆਂ ਵਿਚ ਬਦਲੀ ਸੇਵੇਵਾਲਾ ਦੀ ਮਜ਼ਦੂਰ ਧਰਮਸ਼ਾਲਾ ਜਲ੍ਹਿਆਂਵਾਲਾ ਬਾਗ ਦੀ ਖ਼ੂਨੀ ਵਿਸਾਖੀ ਦਾ ਲਹੂ ਭਿੱਜਾ ਇਤਿਹਾਸ ਯਾਦ ਕਰਵਾ ਰਹੀ ਸੀ। ਇਸ ਧਰਮਸ਼ਾਲਾ ਵਿੱਚੋਂ ਫੱਟੜਾਂ ਦੀਆਂ ਟਰਾਲੀਆਂ ਭਰ ਕੇ ਸਿਵਲ ਹਸਪਤਾਲ ਜੈਤੋ ਪੁੱਜਦੀਆਂ ਕੀਤੀਆਂ ਗਈਆਂ। ਜੈਤੋ ਦੇ ਉਸ ਕਵੀ ਪਰਿਵਾਰ ਨੂੰ ਵੀ ਹਮੇਸ਼ਾ ਯਾਦ ਰੱਖਿਆ ਜਾਏਗਾ, ਜਿੱਥੇ ਦੇਰ ਰਾਤ ਪੰਜਾਬ ਨਾਟਕ ਕਲਾ ਕੇਂਦਰ ਦੀ ਟੀਮ ਨੂੰ ਖ਼ਤਰਿਆਂ ਭਰੇ ਉਸ ਦੌਰ ਵਿਚ ਪਰਵਾਰ ਵੱਲੋਂ ਸੰਭਾਲਿਆ ਗਿਆ।

ਅਗਲੇ ਦਿਨਾਂ 'ਚ ਭਗਤੂਆਣਾ,ਸੇਵੇਵਾਲਾ, ਢਿੱਲਵਾਂ , ਸੇਲਬਰਾਹ, ਰਾਮਪੁਰਾ ਆਦਿ ਥਾਵਾਂ 'ਤੇ ਸਮਾਗਮ ਕੀਤੇ ਗਏ। ਪੰਜਾਬ ਦੀਆਂ ਕੰਧਾਂ 'ਤੇ ਪੋਸਟਰ ਲਗਾ ਕੇ ਬਕਾਇਦਾ




ਐਲਾਨ ਕਰਕੇ ਜੈਤੋ ਵਿਖੇ ਜਬਰ ਵਿਰੋਧੀ ਸੂਬਾਈ ਸਮਾਗਮ ਕੀਤਾ ਗਿਆ। ਇਸ ਲਿਖਤ ਨਾਲ ਦਿਖਾਈ ਦਿੰਦਾ ਸ਼ਹੀਦਾਂ ਦੀਆਂ ਤਸਵੀਰਾਂ ਵਾਲਾ ਪੋਸਟਰ ਨਾਮਵਰ ਚਿੱਤਰਕਾਰ ਸਵਰਨਜੀਤ ਸਵੀ ਨੇ ਦਹਿਸ਼ਤਜ਼ਦਾ ਮੌਸਮ ਅੰਦਰ ਬੇਖੌਫ਼ ਹੋ ਕੇ ਤਿਆਰ ਕੀਤਾ। ਇਸ ਸਮਾਗਮ ਨੇ ਐਲਾਨ ਕੀਤਾ ਕਿ ਸੇਵੇਵਾਲਾ ਦੇ ਸ਼ਹੀਦਾਂ ਦਾ ਖ਼ੂਨ ਇਕ ਦਿਨ ਰੰਗ ਲਿਆਏਗਾ।

ਥੋੜ੍ਹੇ ਦਿਨਾਂ ਮਗਰੋਂ ਭਾਰਤੀ ਕਮਿਊਨਿਸਟ ਪਾਰਟੀ ਦੇ ਫਰੀਦਕੋਟ ਦੇ ਆਗੂ ਅਮੋਲਕ ਸਿੰਘ ਨੂੰ ਘਾਤ ਲਗਾ ਕੇ ਦਹਿਸ਼ਤਗਰਦਾਂ ਨੇ ਸ਼ਹੀਦ ਕਰ ਦਿੱਤਾ। ਉਥੇ ਸੁੱਟੀ ਚਿੱਠੀ 'ਤੇ ਲਿਖਿਆ ਗਿਆ ਕਿ ਅਮੋਲਕ ਸਾਡੇ ਕੋਲੋਂ ਸੇਵੇਵਾਲਾ ਬਚ ਗਿਆ, ਅੱਜ ਉਸ ਨੂੰ ਮਾਰ ਮੁਕਾਇਆ ਹੈ। ਅੰਨ੍ਹੇ ਨਿਸ਼ਾਨਚੀਆਂ ਤੋਂ ਹੋਰ ਕੀ ਆਸ ਕੀਤੀ ਜਾ ਸਕਦੀ ਹੈ ਕਿ ਲੋਕਾਂ ਦੇ ਅਸਲੀ ਦੁਸ਼ਮਣ ਸਾਮਰਾਜੀਆਂ, ਜੰਗਬਾਜ਼ਾਂ, ਉਹਨਾਂ ਦੇ ਸੇਵਾਦਾਰ ਕਾਰਪੋਰੇਟ ਘਰਾਣਿਆਂ ਨੂੰ ਨਿਸ਼ਾਨਾ ਬਣਾਉਣ ਦੀ ਬਜਾਏ ਉਹ ਇਨਕਲਾਬੀਆਂ ਅਤੇ ਬੇਗੁਨਾਹ ਨਿਹੱਥੇ ਲੋਕਾਂ ਨੂੰ ਨਿਸ਼ਾਨਾ ਬਣਾਉਣਾ ਹੀ ਸੂਰਮਗਤੀ ਸਮਝਦੇ ਹਨ।

1991 ਤੋਂ ਅੱਜ 35 ਸਾਲ ਹੋ ਗਏ ਇਹਨਾਂ ਵਰ੍ਹਿਆਂ 'ਚ ਸ਼ਹੀਦਾਂ ਦੇ ਲਹੂ ਸੰਗ ਸਿੰਜੀ ਧਰਤੀ 'ਚੋਂ ਉੱਗੇ ਤਣੇ ਹੋਏ ਮੁੱਕਿਆਂ ਨੇ ਸੰਗਰਾਮੀ ਸਫ਼ਰ ਜਾਰੀ ਰੱਖਿਆ ਹੈ। ਅੱਜ ਪੰਜਾਬ, ਦਿੱਲੀ, ਹਰਿਆਣਾ, ਯੂਪੀ ਅਤੇ ਮੁਲਕ ਦੇ ਅਨੇਕਾਂ ਖੇਤਰਾਂ ਅੰਦਰ ਜੂਝਦੇ ਕਾਫ਼ਲਿਆਂ ਨੂੰ ਯੂਨੀਵਰਸਿਟੀਆਂ ਅਤੇ ਜੇਲ੍ਹਾਂ ਅੰਦਰ ਜੂਝਦੇ ਵਿਦਿਆਰਥੀਆਂ, ਬੁੱਧੀਜੀਵੀਆਂ, ਤਰਕਸ਼ੀਲਾਂ, ਜਮਹੂਰੀ ਕਾਮਿਆਂ ਨੂੰ ਪੰਜਾਬ ਦੀ ਧਰਤੀ 'ਤੇ ਮਾਣ ਹੈ ਕਿ ਇਹ ਹਰ ਖ਼ਤਰਨਾਕ ਮੋੜ ਉੱਪਰ ਹੱਕ, ਸੱਚ, ਇਨਸਾਫ ਦਾ ਪਰਚਮ ਉਠਾ ਕੇ ਤੁਰਨ ਦਾ ਇਤਿਹਾਸ ਰੱਖਦੀ ਹੈ।

ਅੱਜ ਦੀ ਮਜ਼ਦੂਰ, ਕਿਸਾਨ, ਜਮਹੂਰੀ, ਤਰਕਸ਼ੀਲ ਲਹਿਰ ਸਾਹਿਤ ਅਤੇ ਕਲਾ ਖੇਤਰ ਦੀ ਲਹਿਰ ਜਮਹੂਰੀ ਹੱਕਾਂ ਦੀ ਲਹਿਰ ਦੱਸ ਰਹੀ ਹੈ ਕਿ ਅੱਜ ਦੇ ਅੰਨ੍ਹੇ ਨਿਸ਼ਾਨਚੀਆਂ ਨੂੰ ਪਹਿਚਾਨਣ ਅਤੇ ਵੰਗਾਰਦੀ ਆਪਣੀ ਲਹੂ ਰੱਤੀ ਵਿਰਾਸਤ ਨੂੰ ਕਦੇ ਵੀ ਫਿੱਕੀ ਨਹੀਂ ਪੈਣ ਦੇਵੇਗੀ। ਅੱਜ ਜਦੋਂ 9 ਅਪ੍ਰੈਲ 2026 ਨੂੰ ਸੇਵੇਵਾਲਾ ਦੀ ਉਸੇ ਮਜ਼ਦੂਰ ਧਰਮਸ਼ਾਲਾ ਵਿੱਚ ਸਮਾਗਮ ਹੋ ਰਿਹਾ ਹੈ ਤਾਂ ਸ਼ਹੀਦੀ ਯਾਦਗਾਰ ਕਮੇਟੀ ਇਲਾਕਾ ਜੈਤੋ ਦੀ ਕਨਵੀਨਰ ਸ਼ਹੀਦ ਮੇਘ ਰਾਜ ਭਗਤੂਆਣਾ ਦੀ ਧੀ ਹਰਿੰਦਰ ਬਿੰਦੂ ਦਾ ਕਹਿਣਾ ਹੈ ਕਿ ਲੋਕ ਅਤੇ ਲੋਕਾਂ ਦਾ ਇਤਿਹਾਸ ਬਹੁਤ ਮਹਾਨ ਹੁੰਦਾ ਹੈ, ਇਸ ਵਿੱਚ ਵਿਅਕਤੀਆਂ ਦਾ ਆਉਣਾ-ਜਾਣਾ ਅਤੇ ਸਫ਼ਰ ਤੇ ਰਹਿਣਾ ਇਤਿਹਾਸ ਵਿੱਚ ਆਪਣੇ ਹਿੱਸੇ ਦੀ ਭੂਮਿਕਾ ਹੈ। ਸਭ ਤੋਂ ਵੱਡੀ ਸਲਾਮਤ ਇਸ ਧਰਤੀ ਅਤੇ ਇਸ ਧਰਤੀ ਦੇ ਲੋਕਾਂ ਨੂੰ ਹੈ, ਜੋ ਸਮੇਂ-ਸਮੇਂ 'ਤੇ ਅਨੇਕਾਂ ਦੁਸ਼ਵਾਰੀਆਂ ਨਾਲ ਮੱਥਾ ਲਾਉਂਦੇ ਹੋਏ ਆਪਣੇ ਮਹਾਨ ਇਤਿਹਾਸਕ ਵਿਰਸੇ ਨੂੰ ਅੱਗੇ ਤੋਰਦੇ ਹੋਏ ਸੋਹਣਾ ਤੇ ਸੁਨੱਖਾ ਸਮਾਜ ਸਿਰਜਣ ਲਈ ਸਫ਼ਰ 'ਤੇ ਹਨ ।

ਇਸ ਘਟਨਾ ਮੌਕੇ 19 ਵਰ੍ਹਿਆਂ ਦਾ ਸੀ ਲਛਮਣ ਸੇਵੇਵਾਲਾ, ਜੋ ਆਪਣੀ ਪੜ੍ਹਾਈ ਅੱਧਵਾਟੇ ਛੱਡ ਕੇ ਵੱਡੀ ਲੋਕ ਯੂਨੀਵਰਸਿਟੀ ਵਿੱਚ ਦਾਖ਼ਲਾ ਲੈਣ ਅਤੇ ਲੋਕਾਂ ਦੀ ਮੁਕਤੀ ਦਾ ਸਿਲੇਬਸ ਅਪਨਾਉਣ ਦਾ ਫੈਸਲਾ ਲੈਂਦਾ ਹੈ। ਉਹ ਅੱਜ ਕੱਲ੍ਹ ਪੰਜਾਬ ਖੇਤ ਮਜ਼ਦੂਰ, ਯੂਨੀਅਨ ਅਤੇ ਇਨਕਲਾਬੀ ਜਮਹੂਰੀ ਲਹਿਰ ਅੰਦਰ ਇੱਕ ਜਾਣਿਆਂ ਪਹਿਚਾਣਿਆਂ ਨਾਮ ਹੈ।

ਸੇਵੇਵਾਲਾ ਖ਼ੂਨੀ ਕਾਂਡ ਨਾਲੋਂ ਇਹ ਹੱਲਾ ਹੋਰ ਵੀ ਘਾਤਕ ਸੀ ਜਿਹੜਾ ਮਜ਼ਦੂਰ ਕਿਸਾਨ ਵਰਗਾਂ ਨੂੰ ਸੇਵੇਵਾਲਾ ਕਾਂਡ ਦੇ ਹਵਾਲੇ ਨਾਲ ਗੁੰਮਰਾਹਕੁਨ ਜ਼ਹਿਰੀਲਾ ਪ੍ਰਚਾਰ ਕਰਕੇ ਮਜ਼ਦੂਰ ਕਿਸਾਨ ਸਾਂਝ ਨੂੰ ਤੋੜਨ ਲਈ ਬੋਲਿਆ ਗਿਆ। ਲੋਕਾਂ ਨੇ ਉਸ ਪ੍ਰਚਾਰ ਦੀ ਗਰਦਸ਼ ਵਗਾਹ ਮਾਰੀ। ਭਗਤੂਆਣਾ, ਸੇਵੇਵਾਲਾ ਸਮੇਤ ਸ਼ਹੀਦਾਂ ਦੇ ਪਿੰਡਾਂ ਅਤੇ ਪਰਵਾਰਾਂ ਨੇ ਮਜ਼ਦੂਰ-ਕਿਸਾਨ ਜੋਟੀ ਨੂੰ ਮਜ਼ਬੂਤ ਕਰਦਿਆਂ ਅਗੇਰੇ ਕਦਮ ਵਧਾਏ ਹਨ।ਇਹ ਲਹੂ ਹੈ ਕਿ ਇਹ ਦੁਨੀਆ ਦੇ ਵੱਡੇ ਤੋਂ ਵੱਡੇ ਨਾਢੂ ਖ਼ਾਂ ਕਹਾਉਂਦਿਆਂ ਤੋਂ ਬੇਪਰਵਾਹ ਹੋ ਕੇ ਲੋਕਤਾ ਦੇ ਗੀਤ ਗਾਉਂਦਾ ਹੈ।

9 ਅਪ੍ਰੈਲ ਨੂੰ ਹੋ ਰਿਹਾ ਸਮਾਗਮ ਅਹਿਦ ਕਰੇਗਾ ਕਿ ਵਿਚਾਰ ਅਤੇ ਸੰਘਰਸ਼ ਕਦੇ ਕਤਲ ਨਹੀਂ ਹੁੰਦੇ ਅਤੇ ਨਾ ਹੀ ਲੋਕ ਆਵਾਜ਼ ਬੰਦ ਕਰਨ ਦੀਆਂ ਐਲਾਨੀਆਂ ਤਾਰੀਕਾਂ ਲੋਕਾਂ ਦੇ ਸੰਗਰਾਮ ਦਾ ਰਾਹ ਰੋਕ ਸਕਦੀਆਂ ਨੇ।

ਸੰਪਰਕ: 98778 -68710

# ਬੇਮੌਸਮੀ ਬਰਸਾਤ 'ਚ ਚੋਂਦੇ ਸ਼ੈੱਡ ਹੇਠਾਂ ਕਿਸਾਨ ਆਪਣੀ ਫਸਲ ਲੈ ਕੇ ਬੈਠਣ ਲਈ ਮਜਬੂਰ : ਨਛੱਤਰ ਸਿੱਧੂ

**ਬਠਿੰਡਾ (ਰਾਜੀਵ ਗੋਇਲ):** ਜਿੱਥੇ ਇੱਕ ਪਾਸੇ ਹੋ ਰਹੀ ਬੇਮੌਸਮੀ ਬਰਸਾਤ ਨੇ ਕਿਸਾਨਾਂ ਦੇ ਸਾਹ ਸੂਤੇ ਹੋਏ ਹਨ, ਉੱਥੇ ਹੀ ਅਨਾਜ ਮੰਡੀਆਂ ਦੇ ਪ੍ਰਬੰਧਾਂ 'ਤੇ ਵੀ ਕਿਸਾਨ ਸਵਾਲ ਚੁੱਕਦੇ ਨਜ਼ਰ ਆ ਰਹੇ ਹਨ ਅਤੇ ਅਜਿਹਾ ਹੀ ਮਾਮਲਾ ਦੇਖਣ ਨੂੰ ਮਿਲਿਆ ਜਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਦੀ ਅਨਾਜ ਮੰਡੀ ਦਾ, ਜਿੱਥੇ ਕਿਸਾਨ ਪੁੱਤਾਂ ਵਾਗੂੰ ਪਾਲੀ ਆਪਣੀ ਕਣਕ ਦੀ ਫਸਲ ਨੂੰ ਮੀਂਹ ਤੋਂ ਬਚਾਉਣ ਲਈ ਮੰਡੀ ਅੰਦਰ ਬਣੇ ਸ਼ੈੱਡ ਦੇ ਚੋਂਦੇ ਪਰਨਾਲੇ ਹੇਠ ਰੱਖਣ ਲਈ ਮਜਬੂਰ ਹਨ। ਇਸ ਮੌਕੇ ਕਿਸਾਨਾਂ ਨਾਲ ਗੱਲਬਾਤ ਕਰਨ ਲਈ ਸਮਾਜਸੇਵੀ ਆਗੂ ਨਛੱਤਰ ਸਿੰਘ ਸਿੱਧੂ ਵੱਲੋਂ ਤੜਕਸਾਰ ਅਨਾਜ ਮੰਡੀ ਦਾ ਦੌਰਾ ਕੀਤਾ ਗਿਆ, ਜਿੱਥੇ ਕਿਸਾਨਾਂ ਨਾਲ ਗੱਲਬਾਤ ਕੀਤੀ ਗਈ। ਮੀਡਿਆ ਨਾਲ ਗੱਲਬਾਤ ਕਰਦਿਆਂ ਨਛੱਤਰ ਸਿੱਧੂ ਨੇ ਪ੍ਰਸ਼ਾਸਨ' ਤੇ ਮੰਡੀਆਂ 'ਚ ਪ੍ਰਬੰਧਾਂ ਦੀ ਘਾਟ ਦੇ ਦੋਸ਼ ਲਗਾਏ ਗਏ ਹਨ ਅਤੇ ਕਿਹਾ ਗਿਆ ਹੈ ਕਿ ਮੰਡੀਆਂ ਅੰਦਰ ਨਾ ਤਾਂ ਪੂਰੀ ਤਰ੍ਹਾਂ ਲਾਈਟਾਂ ਚੱਲ ਰਹੀਆਂ ਹਨ ਅਤੇ ਨਾ ਹੀ ਮੰਡੀ ਅੰਦਰ ਬਣੇ ਸ਼ੈੱਡ ਫਸਲ ਰੱਖਣ ਲਈ ਸੁਰੱਖਿਅਤ ਹਨ, ਕਿਉਂਕਿ ਸ਼ੈੱਡ ਥੱਲੋਂ ਲੰਘ ਰਹੇ ਪਰਨਾਲੇ ਚੋਂਦੇ ਹਨ, ਜਿਸ ਕਾਰਨ ਸ਼ੈੱਡਾਂ ਹੇਠ ਪਈ ਕਣਕ ਵੀ ਗਿੱਲੀ ਹੋ ਰਹੀ ਹੈ। ਮੰਡੀ ਅੰਦਰ ਬੈਠੇ ਝੁੱਗੀ ਝੌਪੜੀ ਵਾਲਿਆਂ ਨੂੰ ਲੈ ਕੇ ਵੀ ਉਹਨਾਂ ਕਿਹਾ ਕਿ ਇਹਨਾਂ ਨੂੰ ਫਸਲ ਵੇਲੇ ਇੱਥੋਂ ਉਠਾਉਣਾ ਚਾਹੀਦਾ ਹੈ, ਕਿਉਂਕਿ ਮੰਡੀ ਦਾ ਜਿਆਦਾਤਰ ਹਿੱਸਾ ਤਾਂ ਇਹ ਲੋਕ ਰੋਕੀ ਬੈਠੇ ਹਨ ਅਤੇ ਕਿਸਾਨ ਪ੍ਰੇਸ਼ਾਨ ਹੁੰਦੇਂ ਹਨ। ਇਸ ਮਸਲੇ ਨੂੰ ਲੈ ਕੇ ਜਦੋਂ ਡਿਪਟੀ ਕਮਿਸ਼ਨਰ ਬਠਿੰਡਾ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਹਨਾਂ ਨਾਲ ਸੰਪਰਕ ਨਹੀਂ ਹੋ ਸਕਿਆ।



## ਹਮਲਾ ਕਰਨ ਦੇ ਦੋਸ਼ ਹੇਠ ਨਿਹੰਗ ਸਿੰਘ ਵਿਰੁੱਧ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਪਿੰਡ ਗਡਹੇੜਾ ਵਿਖੇ ਇੱਕ ਵਿਅਕਤੀ 'ਤੇ ਕਿਰਪਾਨ ਨਾਲ ਹਮਲਾ ਕਰਕੇ ਉਸ ਨੂੰ ਜ਼ਖ਼ਮੀ ਕਰਨ ਦੇ ਕਥਿਤ ਮਾਮਲੇ 'ਚ ਥਾਣਾ ਬਸੀ ਪਠਾਣਾਂ ਦੀ ਪੁਲਸ ਵੱਲੋਂ ਇੱਕ ਨਿਹੰਗ ਸਿੰਘ ਨੂੰ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ। ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਵਰਿੰਦਰ ਸਿੰਘ ਵਾਸੀ ਪਿੰਡ ਗਡਹੇੜਾ ਨੇ ਦੋਸ਼ ਲਗਾਏ ਸਨ ਕਿ ਕੁਝ ਸਮਾਂ ਪਹਿਲਾਂ ਪਿੰਡ ਦੇ ਕਿਸੇ ਮਸਲੇ ਨੂੰ ਲੈ ਕੇ ਪਿੰਡ ਦੇ ਹੀ ਰਹਿਣ ਵਾਲੇ ਗੁਰਜੀਤ ਸਿੰਘ ਨਿਹੰਗ ਨਾਲ਼ ਉਸਦੀ ਬਹਿਸ ਹੋ ਗਈ ਸੀ।ਜਿਸ ਦੀ ਰੰਜਿਸ਼ ਵਜੋਂ ਬੀਤੇ ਦਿਨ ਗੁਰਜੀਤ ਸਿੰਘ ਨਿਹੰਗ ਨੇ ਉਸ ਉੱਤੇ ਕਿਰਪਾਨ ਨਾਲ ਹਮਲਾ ਕਰਦੇ ਹੋਏ ਉਸਦੀ ਕੁੱਟਮਾਰ ਕਰ ਦਿੱਤੀ ।ਸ਼ਿਕਾਇਤ ਕਰਤਾ ਦੇ ਬਿਆਨਾਂ 'ਤੇ ਗੁਰਜੀਤ ਸਿੰਘ ਵਿਰੁੱਧ ਅ/ਧ 118(1),351(2) ਬੀ.ਐਨ.ਐਸ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਬਸੀ ਪਠਾਣਾਂ ਦੀ ਪੁਲਿਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

# ਸਾਬਕਾ ਜ਼ਿਲ੍ਹਾ ਪ੍ਰਧਾਨ ਆਪਣੇ ਵਰਕਰਾਂ ਸਮੇਤ ਸ਼੍ਰੋਮਣੀ ਅਕਾਲੀ ਦਲ 'ਚ ਹੋਈ ਸ਼ਾਮਲ

**ਮੋਗਾ (ਇਕਬਾਲ ਸਿੰਘ ਖਹਿਰਾ)-** ਆਪ ਪਾਰਟੀ ਨੂੰ ਉਸ ਸਮੇਂ ਵੱਡਾ ਝਟਕਾ ਲੱਗਿਆ ਜਦੋਂ ਆਪ ਪਾਰਟੀ ਦੀ ਮੌਜੂਦਾ ਜੁਆਇੰਟ ਸਕੱਤਰ ਪੰਜਾਬ ਅਤੇ ਇਸਤਰੀ ਵਿੰਗ ਦੀ ਸਾਬਕਾ ਜ਼ਿਲ੍ਹਾ ਪ੍ਰਧਾਨ ਕਮਲਜੀਤ ਕੌਰ ਨੇ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਦੀ ਅਗਵਾਈ ਵਿੱਚ ਪਾਰਟੀ ਦੀਆਂ ਨੀਤੀਆਂ ਤੋਂ ਤੰਗ ਆ ਕੇ ਪਾਰਟੀ ਨੂੰ ਸਦਾ ਲਈ ਅਲਵਿਦਾ ਆਖ ਕੇ ਆਪਣੇ ਸੱਠ ਦੇ ਕਰੀਬ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਵਿੱਚ ਆਪਣੇ ਸ਼ਾਮਲ ਹੋ ਗਏ। ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ, ਕੋਰ ਕਮੇਟੀ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ, ਜ਼ਿਲ੍ਹਾ ਸ਼ਹਿਰੀ ਪ੍ਰਧਾਨ ਖਣਮੁੱਖ ਭਾਰਤੀ ਪੱਤੋ, ਸੰਜੀਤ ਸਿੰਘ ਸੰਨੀ ਗਿੱਲ ਹਲਕਾ ਇੰਚਾਰਜ ਮੋਗਾ, ਕੌਮੀ ਮੀਤ ਪ੍ਰਧਾਨ ਅਤੇ ਵਰਕਿੰਗ ਕਮੇਟੀ ਮੈਂਬਰ, ਹਲਕਾ ਨਿਹਾਲ ਸਿੰਘ ਵਾਲਾ ਦੇ ਇੰਚਾਰਜ ਰਾਜਵਿੰਦਰ ਸਿੰਘ ਧਰਮਕੋਟ ਅਤੇ ਸਹਿਰੀ ਪ੍ਰਧਾਨ ਜਗਦੀਸ਼ ਛਾਬੜਾ ਹੋਰਾਂ ਸਾਂਝੇ ਤੌਰ 'ਤੇ ਕੀਤਾ। ਇਸ ਮੌਕੇ ਸੰਜੀਤ ਸਿੰਘ ਸੰਨੀ ਗਿੱਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਸੂਬੇ ਦੇ ਲੋਕ ਆਪ ਪਾਰਟੀ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਖਫਾ ਹਨ ਅਤੇ ਹੁਣ ਉਨ੍ਹਾਂ ਦੇ ਸੀਨੀਅਰ ਆਗੂ ਵੀ ਪਾਰਟੀ ਛੱਡ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਰਹੇ ਹਨ । ਉਨ੍ਹਾਂ ਕਿਹਾ ਕਿ ਅੱਜ ਸੂਬੇ ਦੇ ਲੋਕ ਸ਼੍ਰੋਮਣੀ ਅਕਾਲੀ ਦਲ ਨੂੰ ਚਾਹੁੰਦੇ ਹਨ ਤੇ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਣ ਲਈ ਉਤਾਵਲੇ ਹਨ ਕਿਉਂਕਿ ਹੁਣ ਤੱਕ ਸੂਬੇ ਦਾ ਜੋ ਵਿਕਾਸ ਹੋਇਆ ਉਹ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਹੋਇਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਤੇ ਹੋਰ ਆਗੂਆਂ ਨੇ ਬੀਬੀ ਕਮਲਜੀਤ ਕੌਰ ਅਤੇ ਸ਼ਾਮਲ ਹੋਏ ਉਨ੍ਹਾਂ ਦੇ ਸਾਥੀਆਂ ਵਿੱਚ ਕਰਨ ਬੈਂਸ, ਸੁਰਿੰਦਰ ਸਿੰਘ, ਜਗੀਰ ਸਿੰਘ, ਮਨਜੀਤ ਸਿੰਘ, ਗੁਰਦੇਵ ਕੌਰ, ਮਨਜੀਤ ਕੌਰ, ਪਰਮਜੀਤ ਕੌਰ, ਕਾਂਤਾ ਰਾਣੀ, ਵਿਰਸਾਂਤ ਕੁਮਾਰ, ਵੰਸ ਅਰੋੜਾ, ਅੰਸ, ਲਵ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪਾਰਟੀ ਉਨ੍ਹਾਂ ਨੂੰ ਦਿਲੋਂ ਜੀ ਆਇਆਂ ਆਖਦੀ ਹੈ ਤੇ ਉਨ੍ਹਾਂ ਨੂੰ ਪਾਰਟੀ ਪੂਰਾ ਬਣਦਾ ਮਾਣ ਸਤਿਕਾਰ ਦੇਵੇਗੀ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ, ਚਰਨਜੀਤ ਸਿੰਘ ਝੰਡੇਆਣਾ ਜ਼ਿਲ੍ਹਾ ਪ੍ਰਧਾਨ ਬੀ ਸੀ ਵਿੰਗ, ਗੋਵਰਧਨ ਪੋਪਲੀ ਸਾਬਕਾ ਕੌਂਸਲਰ, ਜਰਨੈਲ ਸਿੰਘ ਦੁੱਨੇਕੇ ਸਾਬਕਾ ਡਿਪਟੀ ਮੇਅਰ, ਕੁਲਦੀਪ ਸਿੰਘ ਦੀਪਾ, ਪਰਮਿੰਦਰ ਸਫ਼ਰੀ ਸਾਬਕਾ ਕੌਂਸਲਰ, ਗੁਰਮੇਲ ਸਿੰਘ ਗੇਲੀ, ਬਿੰਦਰ ਸਿੰਘ, ਸੁਖਵਿੰਦਰ ਸਿੰਘ ਸਫਰੀ, ਜਗਜੀਤ ਸਿੰਘ ਜੀਤਾ ਸਾਬਕਾ ਕੌਂਸਲਰ, ਰਾਜ ਕੁਮਾਰ ਸ਼ੈਟੀ, ਐਸ ਓ ਆਈ ਦੇ ਜ਼ਿਲ੍ਹਾ ਪ੍ਰਧਾਨ ਜੁਆਏਦੀਪ ਸ਼ਰਮਾ, ਯੂਥ ਆਗੂ ਸੁਖਬੀਰ ਸਿੰਘ ਗਿੱਲ, ਸੁਰਜੀਤ ਸਿੰਘ ਬੁੱਗਾ, ਅਜੇ ਗੋਗੀ, ਮਨਜੀਤ ਸਿੰਘ, ਮਿੱਠੂ ਪੇਂਟਰ ਆਦਿ ਹਾਜ਼ਰ ਸਨ।



## ਭਾਰੀ ਗੜੇਮਾਰੀ ਤੇ ਮੀਂਹ ਨਾਲ ਪ੍ਰਭਾਵਿਤ ਹੋਈ ਫਸਲ ਦਾ ਐਸ ਡੀ ਐਮ ਤੇ ਖੇਤੀਬਾੜੀ ਅਫਸਰ ਖੇਤੀਬਾੜੀ ਅਫਸਰ ਨੇ ਲਿਆ ਜਾਇਜ਼ਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)-** ਫਾਜ਼ਿਲਕਾ ਜ਼ਿਲ੍ਹੇ ਨੇ ਕੁਝ ਮਹੀਨੇ ਪਹਿਲਾਂ ਹੜ੍ਹਾਂ ਦੀ ਮਾਰ ਝੱਲੀ, ਹੁਣ ਗੜੇਮਾਰੀ ਅਤੇ ਮੀਂਹ ਨਾਲ ਹਾੜ੍ਹੀ ਦੀ ਫਸਲ ਪੂਰੀ ਤਰ੍ਹਾ ਬਰਬਾਦ ਹੋ ਗਈ। ਮੰਡੀ ਅਰਨੀਵਾਲਾ ਦੇ ਪਿੰਡ ਕਮਾਲ ਵਾਲਾ, ਇਸਲਾਮ ਵਾਲਾ, ਟਾਹਲੀ ਵਾਲਾ ਪਾਕਾ, ਝੋਟਿਆਂ ਵਾਲੀ ਵਿੱਚ ਗੜੇਮਾਰੀ ਨਾਲ ਬਹੁਤ ਨੁਕਸਾਨ ਹੋਇਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਤੁਰੰਤ ਸਪੈਸ਼ਲ ਗਿਰਦਾਵਰੀ ਦੇ ਨਿਰਦੇਸ਼ ਦਿੱਤੇ ਹਨ। ਫਾਜ਼ਿਲਕਾ ਜ਼ਿਲ੍ਹਾ ਮੈਜਿਸਟ੍ਰੇਟ ਅਮਰਪ੍ਰੀਤ ਕੌਰ ਸੰਧੂ ਦੇ ਦਿਸ਼ਾ ਨਿਰਦੇਸ਼ਾਂ 'ਤੇ ਐਸ ਡੀ ਐਮ ਫਾਜ਼ਿਲਕਾ ਜੁਗਰਾਜ ਸਿੰਘ ਅਤੇ ਖੇਤੀਬਾੜੀ ਅਫਸਰ ਡਾਕਟਰ ਹਰਪ੍ਰੀਤ ਕੌਰ ਨੇ ਅਰਨੀਵਾਲਾ ਦੇ ਗੜੇਮਾਰੀ ਨਾਲ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ ਅਤੇ ਫਸਲਾ ਦਾ ਜਾਇਜ਼ਾ ਲਿਆ ਅਤੇ ਮੌਕੇ 'ਤੇ ਹੀ ਪਿੰਡਾਂ ਦੇ ਪਟਵਾਰੀਆਂ ਨੂੰ ਤੁਰੰਤ ਗਿਰਦਾਵਰੀ ਕਰਕੇ ਰਿਪੋਰਟ ਦੇਣ ਲਈ ਕਿਹਾ।



## ਮਾਣਭੱਤਾ ਦੁੱਗਣਾ ਤੇ ਨੰਬਰਦਾਰੀ ਜੱਦੀ ਪੁਸ਼ਤੀ ਦਾ ਵਾਅਦਾ ਪੂਰਾ ਨਾ ਕਰਨ 'ਤੇ ਨੰਬਰਦਾਰਾਂ 'ਚ ਰੋਸ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)** ਪੰਜਾਬ ਨੰਬਰਦਾਰ ਯੂਨੀਅਨ (ਰਜਿ. 643) ਸਮਰਾ ਗਰੁੱਪ ਜ਼ਿਲ੍ਹਾ ਬਠਿੰਡਾ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਮਾਲਵਾ (ਖਜ਼ਾਨਚੀ) ਅਤੇ ਸੂਬਾ ਮੀਡੀਆ ਇੰਚਾਰਜ ਗੁਰਦੀਪ ਸਿੰਘ ਬੰਗੀ ਦੀ ਅਗਵਾਈ ਹੇਠ ਹੋਈ ਮੀਟਿੰਗ ਦੌਰਾਨ ਨੰਬਰਦਾਰਾਂ ਨਾਲ ਜੁੜੀਆਂ ਮੁੱਖ ਮੰਗਾਂ ਅਤੇ ਸਮੱਸਿਆਵਾਂ ਬਾਰੇ ਵਿਚਾਰਾਂ ਕਰਦਿਆਂ ਰੋਸ ਜਤਾਇਆ ਗਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ 2022 ਦੇ ਚੋਣ ਮੈਨੀਫੈਸਟੋ ਵਿੱਚ ਦਰਜ ਮੰਗਾਂ ਨੂੰ 4 ਸਾਲ ਬੀਤ ਜਾਣ ਤੋਂ ਬਾਅਦ ਵੀ ਲਾਗੂ ਨਹੀਂ ਕੀਤਾ ਗਿਆ। ਜ਼ਿਲ੍ਹਾ ਬਠਿੰਡਾ ਦੇ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਲਹਿਰਾ ਮੁਹੱਬਤ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਇਸ ਸੰਬੰਧੀ ਬੀਤੇ ਦਿਨੀਂ ਜਥੇਬੰਦੀ ਦੇ ਪ੍ਰਧਾਨ ਭਾਕਰ ਸਿੰਘ ਦੀ ਅਗਵਾਈ 'ਚ ਨੰਬਰਦਾਰਾਂ ਦੇ ਵਫਦ ਵੱਲੋਂ ਨੰਬਰਦਾਰਾਂ ਨੂੰ ਦਿੱਤੀਆ ਗਰੰਟੀਆਂ ਯਾਦ ਕਰਵਾਉਣ ਲਈ ਮੁੱਖ ਮੰਤਰੀ ਪੰਜਾਬ ਦੇ ਨਾਂ ਦਾ ਮੰਗ ਪੱਤਰ ਏ. ਡੀ. ਸੀ. ਬਠਿੰਡਾ ਨੂੰ ਵੀ ਸੌਂਪਿਆ ਜਾ ਚੁੱਕਿਆ ਹੈ। ਉਨ੍ਹਾ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵਾਅਦਾ ਕਰਿਆ ਸੀ ਕਿ ਨੰਬਰਦਾਰਾਂ ਦਾ ਮਾਣਭੱਤਾ ਦੁੱਗਣਾ ਕੀਤਾ ਜਾਵੇਗਾ ਅਤੇ 'ਨੰਬਰਦਾਰੀ' ਜੱਦੀ ਪੁਸ਼ਤੀ ਕੀਤੀ ਜਾਵੇਗੀ, ਜਿਸ ਨੂੰ ਅਜੇ ਤੱਕ ਵੀ ਲਾਗੂ ਨਹੀਂ ਕੀਤਾ ਗਿਆ। ਜਿਸ ਕਾਰਨ ਸਮੂਹ ਨੰਬਰਦਾਰਾਂ ਵਿੱਚ ਸੱਤਾ ਧਿਰ ਦੀ ਵਾਅਦਾ-ਖ਼ਿਲਾਫ਼ੀ ਦੇ ਵਿਰੋਧ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਮੰਗਾਂ ਲਾਗੂ ਨਾ ਕਰਨ 'ਤੇ ਮਾਨ ਸਰਕਾਰ ਨੂੰ ਵਿਰੋਧ ਦਾ ਸਾਹਮਣਾ ਅਤੇ ਇਸਦਾ ਖਮਿਆਜਾ ਭੁਗਤਣਾ ਪਵੇਗਾ। ਆਗੂਆਂ ਕਿਹਾ ਕਿ ਵਿਧਾਨ ਸਭਾ ਚੋਣਾਂ 2027 ਮੌਕੇ ਪੰਜਾਬ ਭਰ 'ਚ ਸਮੂਹ ਨੰਬਰਦਾਰਾਂ ਵੱਲੋਂ ਵੱਡੀ ਰੈਲੀ ਕਰਕੇ ਨੰਬਰਦਾਰਾਂ ਦੀਆਂ ਮੰਗਾਂ ਲਾਗੂ ਕਰਨ ਵਾਲੀ ਪਾਰਟੀ ਨੂੰ ਸਮਰਥਨ ਦਿੱਤਾ ਜਾਵੇਗਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸਬ-ਤਹਿਸੀਲ ਨਥਾਣਾ ਦੇ ਪ੍ਰਧਾਨ ਮੇਜਰ ਸਿੰਘ ਬੱਜੋਆਣਾ, ਸਬ-ਤਹਿਸੀਲ ਗੋਨਿਆਣਾ ਦੇ ਪ੍ਰਧਾਨ ਮਨਦੀਪ ਸਿੰਘ, ਸਬ-ਤਹਿਸੀਲ ਬਾਲਿਆਂਵਾਲੀ ਦੇ ਪ੍ਰਧਾਨ ਦਰਸ਼ਨ ਸਿੰਘ, ਤਹਿਸੀਲ ਸ੍ਰੀ ਦਮਦਮਾ ਸਾਹਿਬ ਦੇ ਪ੍ਰਧਾਨ ਗੁਰਪਾਲ ਸਿੰਘ ਲਾਲੇਆਣਾ, ਗੁਰਪ੍ਰੀਤ ਸਿੰਘ ਘੁੰਮਣ, ਚਰਨਜੀਤ ਸਿੰਘ ਮੌੜ, ਗੁਰਚਰਨ ਸਿੰਘ, ਮਨਪ੍ਰੀਤ ਸਿੰਘ, ਹਰਪ੍ਰੀਤ ਸਿੰਘ ਕਲਿਆਣ, ਸੁਖਵੀਰ ਸਿੰਘ, ਗੁਰਸੇਵਕ ਸਿੰਘ ਮਾੜੀ, ਨਵਪ੍ਰੀਤ ਸਿੰਘ ਲਹਿਰਾ ਧੂਰਕੋਟ, ਰਣਜੀਤ ਸਿੰਘ ਨਥਾਣਾ ਅਤੇ ਕੁਲਵੰਤ ਸਿੰਘ ਨਥਾਣਾ ਆਦਿ ਮੌਜੂਦ ਸਨ।



## ਸ਼ਾਹ ਪੈਲੇਸ 'ਚ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)-** ਮੁੱਖ ਖੇਤੀਬਾੜੀ ਅਫਸਰ ਹਰਪ੍ਰੀਤਪਾਲ ਕੌਰ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਸਾਉਣੀ ਦੀ ਫ਼ਸਲ ਸੰਬੰਧੀ ਤਕਨੀਕੀ ਜਾਣਕਾਰੀ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ 10 ਅਪ੍ਰੈਲ ਨੂੰ ਸ਼ਾਹ ਪੈਲੇਸ, ਫਾਜ਼ਿਲਕਾ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਮੇਲਾ ਆਯੋਜਿਤ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਕਿਸਾਨ ਮੇਲੇ ਦਾ ਉਦਘਾਟਨ ਡਿਪਟੀ ਕਮਿਸ਼ਨਰ ਫਾਜ਼ਿਲਕਾ ਵੱਲੋਂ ਕੀਤਾ ਜਾਵੇਗਾ। ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਵਿਧਾਇਕ ਜਗਦੀਪ ਕੰਬੋਜ ਗੋਲਡੀ (ਹਲਕਾ ਜਲਾਲਾਬਾਦ), ਨਰਿੰਦਰਪਾਲ ਸਿੰਘ ਸਵਨਾ (ਹਲਕਾ ਫਾਜ਼ਿਲਕਾ) ਅਤੇ ਅਮਨਦੀਪ ਸਿੰਘ ਮੁਸਾਫ਼ਿਰ (ਹਲਕਾ ਬੱਲੂਆਣਾ) ਸ਼ਿਰਕਤ ਕਰਨਗੇ।ਉਨ੍ਹਾਂ ਕਿਹਾ ਕਿ ਇਸ ਮੇਲੇ ਦੌਰਾਨ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਨਾਲ ਸੰਬੰਧਤ ਨਵੀਂ ਤਕਨੀਕਾਂ, ਬੀਜ, ਖਾਦਾਂ ਅਤੇ ਕੀਟ ਨਿਯੰਤਰਣ ਬਾਰੇ ਜਾਣਕਾਰੀ ਦਿੱਤੀ ਜਾਵੇਗੀ।ਮੁੱਖ ਖੇਤਬਾੜੀ ਅਫਸਰ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੇਲੇ ਵਿੱਚ ਵੱਧ ਤੋਂ ਵੱਧ ਸ਼ਿਰਕਤ ਕਰਕੇ ਦਿੱਤੀ ਜਾਣ ਵਾਲੀ ਤਕਨੀਕੀ ਜਾਣਕਾਰੀ ਦਾ ਲਾਭ ਉਠਾਉਣ।

## ਨੈਸ਼ਨਲ ਕਾਲਜ ਭੀਖੀ ਦਾ ਬੀ ਏ ਭਾਗ ਪਹਿਲਾ ਦਾ ਨਤੀਜਾ ਸ਼ਾਨਦਾਰ



**ਭੀਖੀ (ਗੁਰਿੰਦਰ ਸਿੰਘ ਔਲਖ)-** ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਗਏ ਨਤੀਜੇ ਚੋਂ ਸਥਾਨਕ ਨੈਸ਼ਨਲ ਕਾਲਜ ਦੇ ਬੀ ਏ ਭਾਗ ਪਹਿਲਾ ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਪ੍ਰਿੰਸੀਪਲ ਡਾ. ਐਮ ਕੇ ਮਿਸ਼ਰਾ ਨੇ ਦੱਸਿਆ ਕਿ ਪੂਜਾ ਰਾਣੀ ਨੇ 89% ਅੰਕਾਂ ਨਾਲ ਪਹਿਲਾ, ਸੁਮਨਪ੍ਰੀਤ ਕੌਰ ਨੇ 85.3% ਦੂਜਾ, ਕੋਮਲਦੀਪ ਕੌਰ, ਰਮਨਦੀਪ ਕੌਰ ਅਤੇ ਲਵਪ੍ਰੀਤ ਕੌਰ ਨੇ 85% ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ। ਕਾਲਜ ਪ੍ਰਿੰਸੀਪਲ ਡਾ. ਐਮ .ਕੇ ਮਿਸ਼ਰਾ ਨੇ ਕਿਹਾ ਕਿ ਕਾਲਜ ਦੇ ਸਾਰੇ ਕੋਰਸਾਂ ਦੇ ਨਤੀਜੇ ਕਾਲਜ ਸਟਾਫ਼ ਦੀ ਮਿਹਨਤ ਦਾ ਨਤੀਜਾ ਹੈ। ਕਾਲਜ ਦਾ ਨਤੀਜਾ ਹਰ ਸਾਲ ਸੌ ਫ਼ੀਸਦੀ ਆਉਂਦਾ ਹੈ ।ਕਾਲਜ ਪ੍ਰਧਾਨ ਹਰਬੰਸ ਦਾਸ ਬਾਵਾ ਨੇ ਪਾਸ ਹੋਏ ਸਾਰੇ ਵਿਦਿਆਰਥੀਆਂ ਨੂੰ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੰਦੇ ਹੋਏ ਉੱਜਵਲ ਭਵਿੱਖ ਲਈ ਕਾਮਨਾ ਕੀਤੀ। ਇਸ ਮੌਕੇ ਪ੍ਰੋ ਗੁਰਤੇਜ ਸਿੰਘ ਤੇਜੀ, ਕਲਾਸ ਇੰਚਾਰਜ ਪ੍ਰੋ ਜਸਵਿੰਦਰ ਸਿੰਘ, ਪ੍ਰੋ ਸ਼ਗਨਦੀਪ ਕੌਰ, ਪ੍ਰੋ ਕਰਮਜੀਤ ਕੌਰ, ਪ੍ਰੋ ਸੁਖਪਾਲ ਕੌਰ ਅਤੇ ਸਮੂਹ ਸਟਾਫ਼ ਹਾਜ਼ਰ ਸੀ।

## ਗੁਰਮਤਿ ਸਮਾਗਮ ਦੇ ਕਾਰਡ ਜੱਥੇਦਾਰ ਗੜਗੱਜ ਨੇ ਕੀਤੇ ਜਾਰੀ

**ਜਗਰਾਉਂ (ਸੰਜੀਵ ਅਰੋੜਾ)-** ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਧੰਨ-ਧੰਨ ਪਿਆਰੇ ਬਾਬਾ ਈਸ਼ਰ ਸਿੰਘ ਮਹਾਰਾਜ ਜੀ ਦੇ ਪਵਿੱਤਰ ਅਵਤਾਰ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 18 ਅਪ੍ਰੈਲ ਦਿਨ ਸ਼ਨੀਵਾਰ ਨੂੰ ਗੁਰਦੁਆਰਾ ਗੁਰੂ ਨਾਨਕਪੁਰਾ ਮੋਰੀ ਗੇਟ ਵਿਖੇ ਕਰਵਾਇਆ ਜਾ ਰਿਹਾ ਹੈ। ਸਮਾਗਮ ਸਬੰਧੀ ਸੱਦਾ ਪੱਤਰ ਕਾਰਡ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜੱਥੇਦਾਰ ਕੁਲਦੀਪ ਸਿੰਘ ਗੜਗੱਜ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਵੱਲੋਂ ਜਾਰੀ ਕੀਤੇ ਗਏ। ਇਸ ਮੌਕੇ ਭਾਈ ਪਰਮਜੀਤ ਸਿੰਘ ਧਰਮਸਿੰਘ ਵਾਲਾ ਵੀ ਹਾਜ਼ਰ ਸਨ।



## ਪ੍ਰਧਾਨ ਕਨ੍ਹਈਆ ਗੁਪਤਾ ਬਾਂਕਾ ਤੀਜੀ ਵਾਰ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਬਣੇ

**ਜਗਰਾਉਂ (ਅਮਿਤ ਖੰਨਾ)-** ਜਗਰਾਉਂ ਆੜ੍ਹਤੀਆ ਐਸੋਸੀਏਸ਼ਨ ਦੀ ਸਥਾਨਕ ਪੁਰਾਣੀ ਦਾਣਾ ਮੰਡੀ ਧਰਮਸ਼ਾਲਾ ਵਿਖੇ ਹੋਈ ਹੋਈ ਮੀਟਿੰਗ ਵਿੱਚ ਵੱਡੀ ਗਿਣਤੀ 'ਚ ਪੁੱਜੇ ਆੜ੍ਹਤੀਆਂ ਨੇ ਲਗਾਤਾਰ ਤੀਜੀ ਵਾਰ ਕਨ੍ਹਈਆ ਗੁਪਤਾ ਬਾਂਕਾ ਨੂੰ ਪ੍ਰਧਾਨ ਥਾਪਿਆ। ਸਰਪ੍ਰਸਤ ਕਮਲਜੀਤ ਸਿੰਘ ਮੱਲਾ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਸਮੂਹ ਮੈਂਬਰਾਂ ਨੇ ਪ੍ਰਧਾਨ ਬਾਂਕਾ ਵੱਲੋਂ ਪਿਛਲੀਆਂ ਦੋ ਟਰਮਾਂ ਵਿੱਚ ਐਸੋਸੀਏਸ਼ਨ ਦੀ ਬੇਹਤਰੀ ਲਈ ਕੀਤੇ ਗਏ ਵੱਡੇ ਕੰਮਾਂ ਦਾ ਖਾਸ ਜ਼ਿਕਰ ਕਰਦਿਆਂ ਉਨ੍ਹਾ ਦੇ ਕਾਰਜਕਾਲ 'ਤੇ ਸੰਤੁਸ਼ਟੀ ਪ੍ਰਗਟਾਈ। ਇਸ ਦੇ ਨਾਲ ਹੀ ਸਰਪ੍ਰਸਤ ਵੱਲੋਂ ਤੀਜੀ ਵਾਰ ਬਾਂਕਾ ਦਾ ਨਾਮ ਪ੍ਰਧਾਨਗੀ ਲਈ ਪੇਸ਼ ਕੀਤਾ ਤਾਂ ਸਮੂਹ ਮੈਂਬਰਾਂ ਨੇ ਹੱਥ ਖੜ੍ਹੇ ਕਰਕੇ ਪ੍ਰਵਾਨਗੀ ਦਿੰਦਿਆਂ ਉਹਨਾਂ ਨੂੰ ਤੀਸਰੀ ਵਾਰ ਪ੍ਰਧਾਨ ਨਿਯੁਕਤ ਕੀਤਾ। ਇਸੇ ਤਰ੍ਹਾਂ ਆੜ੍ਹਤੀਆ ਐਸੋਸੀਏਸ਼ਨ ਦੇ ਬਾਕੀ ਅਹੁਦੇਦਾਰਾਂ ਵਿੱਚ ਸਰਪ੍ਰਸਤ ਕਮਲਜੀਤ ਸਿੰਘ ਮੱਲਾ, ਚੇਅਰਮੈਨ ਭੂਸ਼ਣ ਗੋਇਲ, ਉਪ ਚੇਅਰਮੈਨ ਸਵਨਜੀਤ ਸਿੰਘ ਗਿੱਲ, ਜਨ ਸਕੱਤਰ ਜਤਿੰਦਰ ਸਿੰਘ ਸਰਾਂ, ਸੀਨੀਅਰ ਵਾਈਸ ਪ੍ਰਧਾਨ ਅਤੇ ਕੈਸ਼ੀਅਰ ਜਗਜੀਤ ਸਿੰਘ ਸਿੱਧੂ, ਮੀਤ ਪ੍ਰਧਾਨ ਗੁਰਮੀਤ ਸਿੰਘ ਦੌਧਰ, ਜਸਵੰਤ ਸਿੰਘ ਸੋਹੀ, ਰਜਿੰਦਰ ਜੈਨ ਕਾਕਾ, ਸਤਪਾਲ, ਨਵੀਨ ਸਿੰਗਲਾ, ਜਗਜੀਤ ਸਿੰਘ ਕੌਂਕੇ ਅਤੇ ਆਸ਼ੂ ਮਿੱਤਲ, ਐਸੋਸੀਏਸ਼ਨ ਦੇ ਸਲਾਹਕਾਰ ਵਜੋਂ ਜੱਟ ਗਰੇਵਾਲ ਅਤੇ ਅਪਾਰ ਸਿੰਘ, ਸਹਾਇਕ ਸਕੱਤਰ ਵਿੱਚ ਅੰਮ੍ਰਿਤ ਪਾਲ ਸਿੰਘ ਰੋਹਿਤ ਗੋਇਲ ,ਸਕੱਤਰ ਵਿੱਚ ਮਹਿੰਦਰਪਾਲ ਸਿੰਘ ਗੁਰੂ ਸਰ ,ਪ੍ਰੈਸ ਸਕੱਤਰ ਮਨੋਹਰ ਲਾਲ, ਸਕੱਤਰ ਬੂਟਾ ਸਿੰਘ ਗਰੇਵਾਲ ਨਿਯੁਕਤ ਕੀਤੇ ਗਏ।



## ਪੰਜਾਬ ਦੀ ਤਰਸਯੋਗ ਹਾਲਤ ਵਿਰੁੱਧ ਬਸਪਾ ਨੇ ਕੱਢੀ ਵਿਸ਼ਾਲ ਮੋਟਰਸਾਈਕਲ ਰੈਲੀ

**ਫਿਰੋਜ਼ਪੁਰ (ਗੁਰਬਚਨ ਸਿੰਘ)-** ਪੰਜਾਬ ਵਿਚ ਵਧ ਰਹੀ ਬੇਰੁਜ਼ਗਾਰੀ, ਨਸ਼ਿਆਂ ਦੇ ਦਰਿਆ ਅਤੇ ਸਰਕਾਰੀ ਤੰਤਰ ਦੀ ਫੇਲ੍ਹ ਰਹੀ ਕਾਰਗੁਜ਼ਾਰੀ ਵਿਰੁੱਧ ਬਹੁਜਨ ਸਮਾਜ ਪਾਰਟੀ (ਬਸਪਾ) ਨੇ 'ਸੱਤਾ ਸੰਭਾਲੋ' ਮੁਹਿੰਮ ਰਾਹੀਂ ਸੂਬੇ ਨੂੰ ਬਚਾਉਣ ਦਾ ਹੋਕਾ ਦਿੱਤਾ ਹੈ। ਬਸਪਾ ਸੁਪ੍ਰੀਮੋ ਭੈਣ ਕੁਮਾਰੀ ਮਾਇਆਵਤੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਹੇਠ ਚੱਲ ਰਹੀ ਇਸ ਮੁਹਿੰਮ ਨੂੰ ਮਜ਼ਬੂਤ ਕਰਨ ਲਈ ਫਿਰੋਜ਼ਪੁਰ ਵਿਖੇ ਨੌਜਵਾਨ ਆਗੂਆਂ ਰਾਜਨ ਕਾਂਤ, ਨਿਰਮਲ ਸਿੰਘ ਪੀਰਾਂ ਵਾਲਾ, ਰਾਹੁਲ ਸੋਨੀ ਅਤੇ ਗਗਨਦੀਪ ਸਿੰਘ ਦੀ ਦੇਖ-ਰੇਖ ਵਿਚ ਇਕ ਵਿਸ਼ਾਲ ਮੋਟਰਸਾਈਕਲ ਚੇਤਨਾ ਰੈਲੀ ਕੱਢੀ ਗਈ। ਨੀਲੀ ਝੰਡੀ ਦਿਖਾ ਕੇ ਰੈਲੀ ਨੂੰ ਰਵਾਨਾ ਕਰਨ ਮੌਕੇ ਬਸਪਾ ਪੰਜਾਬ ਦੇ ਜਨਰਲ ਸਕੱਤਰ ਲਾਲ ਸਿੰਘ ਸੁਲਹਾਣੀ ਨੇ ਕਿਹਾ ਕਿ ਅੱਜ ਪੰਜਾਬ ਦਾ ਨੌਜਵਾਨ ਬੇਰੁਜ਼ਗਾਰੀ ਕਾਰਨ ਵਿਦੇਸ਼ਾਂ ਵੱਲ ਭੱਜ ਰਿਹਾ ਹੈ ਅਤੇ ਠੱਗ ਏਜੰਟਾਂ ਦੀ ਲੁੱਟ ਦਾ ਸ਼ਿਕਾਰ ਹੋ ਰਿਹਾ ਹੈ। ਉਨ੍ਹਾਂ ਮੌਜੂਦਾ ਸਰਕਾਰ ਨੂੰ ਕਿਹਾ ਕਿ "ਸਮਾਰਟ ਸਕੂਲਾਂ" ਅਤੇ "ਸਿੱਖਿਆ ਕ੍ਰਾਂਤੀ" ਦੇ ਦਾਅਵੇ ਖੋਖਲੇ ਹਨ, ਜਦਕਿ ਹਸਪਤਾਲਾਂ ਵਿਚ ਦਵਾਈਆਂ ਤੱਕ ਨਸੀਬ ਨਹੀਂ ਹੋ ਰਹੀਆਂ। ਉਨ੍ਹਾਂ ਦੋਸ਼ ਲਾਇਆ ਕਿ ਪੁਲਸ ਅਤੇ ਮਾਫੀਆ ਦੇ ਗਠਜੋੜ ਕਾਰਨ ਨਸ਼ਿਆਂ ਦੀ "ਹੋਮ ਡਿਲਿਵਰੀ" ਹੋ ਰਹੀ ਹੈ। ਸੁਲਹਾਣੀ ਨੇ ਕਿਹਾ ਕਿ 2027 ਵਿਚ ਬਸਪਾ ਦੀ ਸਰਕਾਰ ਬਣਦੇ ਹੀ ਭੂ-ਮਾਫੀਆ ਅਤੇ ਗੈਂਗਸਟਰਵਾਦ ਨੂੰ ਨੱਥ ਪਾਈ ਜਾਵੇਗੀ। 11 ਅਪ੍ਰੈਲ ਨੂੰ ਮਹਾਤਮਾ ਜੋਤੀ ਰਾਓ ਫੂਲੇ ਦੇ ਜਨਮ ਦਿਵਸ ਮੌਕੇ ਬਾਬਾ ਸਾਹਿਬ ਅੰਬੇਡਕਰ ਨੂੰ ਸਮਰਪਿਤ "ਸੱਤਾ ਪ੍ਰਾਪਤ ਕਰੋ ਸੰਮੇਲਨ" ਪੰਜਾਬ ਦੀ ਸਿਆਸਤ ਵਿਚ ਨਵਾਂ ਮੋੜ ਲਿਆਵੇਗਾ। ਇਸ ਮੌਕੇ ਓਮ ਪ੍ਰਕਾਸ਼ ਸਰੋਏ ਜਨਰਲ ਸਕੱਤਰ ਬਸਪਾ ਪੰਜਾਬ ਤੇ ਇੰਚਾਰਜ ਲੋਕ ਸਭਾ ਹਲਕਾ ਫਿਰੋਜ਼ਪੁਰ, ਅਸ਼ੋਕ ਕਪਤਾਨ ਪ੍ਰਧਾਨ ਜ਼ਿਲ੍ਹਾ ਫਿਰੋਜ਼ਪੁਰ, ਸੁਖਦੇਵ ਸਿੰਘ ਭੱਟੀ ਜਨਰਲ ਸਕੱਤਰ, ਐਡਵੋਕੇਟ ਮਲਕੀਤ ਸਿੰਘ ਖੋਖਰ, ਕੁਲਦੀਪ ਸਿੰਘ ਬਰਾੜ, ਰਾਕੇਸ਼ ਕੁਮਾਰ ਲਹੌਰਾ, ਹਦੈਤ ਵਾਲਮੀਕ, ਹਰਬੰਸ ਸਿੰਘ, ਰਤਨ ਸਿੰਘ ਕਾਲਾ, ਸੁਨੀਤਾ ਸਹੋਤਾ, ਯੂਨਿਸ ਭੱਟੀ, ਬਬੂ ਸਹੋਤਾ, ਸਰਬਣ ਸਿੰਘ ਪੀਰਾਂ ਵਾਲਾ, ਜਗਤਾਰ ਸਿੰਘ, ਹਰੀ ਸਿੰਘ ਬਸਪਾ ਆਗੂ ਤੇ ਹੋਰ ਨੌਜਵਾਨ ਕਾਰਜਕਰਤਾ ਹਾਜ਼ਰ ਸਨ।

## ਜਨਤਾ ਸੁਰੱਖਿਆ ਫਾਊਂਡੇਸ਼ਨ ਦੇ ਰਾਕੇਸ਼ ਕੁਮਾਰ ਸੀਨੀਅਰ ਉਪ ਪ੍ਰਧਾਨ ਬਣੇ

**ਮਾਲੇਰਕੋਟਲਾ (ਅਸਗਰ ਪਰਿਹਾਰ)-** ਜਨਤਾ ਸੁਰੱਖਿਆ ਫਾਊਂਡੇਸ਼ਨ ਨੇ ਇੱਕ ਮਹੱਤਵਪੂਰਨ ਨਿਯੁਕਤੀ ਕਰਦੇ ਹੋਏ ਸੰਗਠਨ ਨੇ ਰਾਕੇਸ਼ ਕੁਮਾਰ ਨੂੰ ਜ਼ਿਲ੍ਹਾ ਮਾਲੇਰਕੋਟਲਾ ਦਾ ਸੀਨੀਅਰ ਉਪ ਪ੍ਰਧਾਨ ਨਿਯੁਕਤ ਕੀਤਾ ਹੈ। ਇਹ ਨਿਯੁਕਤੀ ਸੰਗਠਨ ਦੇ ਰਾਸ਼ਟਰੀ ਪ੍ਰਧਾਨ ਮੋਹਿਤ ਵਸ਼ਿਸ਼ਟ, ਸੂਬਾ ਇੰਚਾਰਜ ਦੀਪਾਂਸ਼ੂ ਵਸ਼ਿਸ਼ਟ ਅਤੇ ਜ਼ਿਲ੍ਹਾ ਪ੍ਰਧਾਨ ਵਿਜੇ ਕੁਮਾਰ ਦੇ ਸਾਂਝੇ ਫੈਸਲੇ ਦੁਆਰਾ ਕੀਤੀ ਗਈ । ਇਸ ਮੌਕੇ ਸੰਗਠਨ ਦੇ ਅਹੁਦੇਦਾਰਾਂ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਰਾਕੇਸ਼ ਕੁਮਾਰ ਪੂਰੀ ਵਫ਼ਾਦਾਰੀ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾ ਕੇ ਸੰਗਠਨ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਉਨ੍ਹਾਂ ਕਿਹਾ ਕਿ ਰਾਕੇਸ਼ ਕੁਮਾਰ ਦਾ ਤਜਰਬਾ ਅਤੇ ਕਾਰਜਸ਼ੀਲਤਾ ਬਿਨਾਂ ਸ਼ੱਕ ਸੰਗਠਨ ਨੂੰ ਮਜ਼ਬੂਤ ਕਰੇਗੀ ਅਤੇ ਸਮਾਜ ਸੇਵਾ ਗਤੀਵਿਧੀਆਂ ਨੂੰ ਤੇਜ਼ ਕਰੇਗੀ। ਆਪਣੀ ਨਵੀਂ ਜ਼ਿੰਮੇਵਾਰੀ ਮਿਲਣ 'ਤੇ, ਰਾਕੇਸ਼ ਕੁਮਾਰ ਨੇ ਸੰਗਠਨ ਦੀ ਉੱਚ ਲੀਡਰਸ਼ਿਪ ਦਾ ਧੰਨਵਾਦ ਕੀਤਾ।ਇਸ ਮੌਕੇ ਸੰਗਠਨ ਦੇ ਹੋਰ ਅਧਿਕਾਰੀ ਅਤੇ ਵਰਕਰ ਵੀ ਮੌਜੂਦ ਸਨ, ਜਿਨ੍ਹਾਂ ਨੇ ਰਾਕੇਸ਼ ਕੁਮਾਰ ਨੂੰ ਉਨ੍ਹਾਂ ਦੀ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ।



## ਗੁੱਡ ਮੌਰਨਿੰਗ ਕਲੱਬ ਨੇ ਸਮਾਜ ਸੁਧਾਰਕ ਕਾਰਜ ਨੇਪਰੇ ਚਾੜ੍ਹਨ ਦਾ ਕੀਤਾ ਫੈਸਲਾ

**ਕੋਟਕਪੂਰਾ (ਰਛਪਾਲ ਭੁੱਲਰ) :-** 'ਗੁੱਡ ਮੌਰਨਿੰਗ ਵੈਲਫੇਅਰ ਕਲੱਬ' ਦੇ ਸਰਗਰਮ ਮੈਂਬਰ ਦਰਸ਼ਨ ਸਿੰਘ ਆਰੇਵਾਲਾ ਦੇ ਬੇਟੇ ਅਰਸ਼ਦੀਪ ਸਿੰਘ ਦੇ ਡਾਕਟਰ ਬਣਨ ਦੀ ਖੁਸ਼ੀ ਵਿੱਚ ਰੱਖੀ ਡਿਨਰ ਪਾਰਟੀ ਮੌਕੇ ਸਮਾਜਸੇਵਾ ਦੇ ਨਾਲ ਨਾਲ ਸਮਾਜ ਸੁਧਾਰਕ ਕਾਰਜਾਂ ਨੂੰ ਵੀ ਨੇਪਰੇ ਚਾੜਨ ਦਾ ਫੈਸਲਾ ਕੀਤਾ ਗਿਆ। ਕਲੱਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਨੇ ਦਰਸ਼ਨ ਸਿੰਘ ਆਰੇਵਾਲਾ ਅਤੇ ਡਾ. ਅਰਸ਼ਦੀਪ ਸਿੰਘ ਨੂੰ ਮੁਬਾਰਕਬਾਦ ਦਿੰਦਿਆਂ ਆਖਿਆ ਕਿ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚ ਪੰਜਾਬੀ ਨੌਜਵਾਨ ਲੜਕੇ-ਲੜਕੀਆਂ ਨੂੰ ਉੱਚ ਅਫਸਰ ਬਣਾਉਣ ਲਈ ਆਈ ਏ ਐਸ, ਪੀ ਸੀ ਐਸ, ਆਈ ਪੀ ਐਸ, ਐਮ ਬੀ ਬੀ ਐਸ, ਐਲ.ਐਲ.ਬੀ., ਐਲ.ਐਲ.ਐਮ. ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਕੋਚਿੰਗ ਦਾ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ ਬਠਿੰਡਾ ਰੋਡ ਕੋਟਕਪੂਰਾ ਵਿਖੇ ਪ੍ਰਬੰਧ ਕੀਤਾ ਗਿਆ ਹੈ। ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਪੀ.ਆਰ.ਓ. ਮਨਪ੍ਰੀਤ ਸਿੰਘ ਮਨੀ ਧਾਲੀਵਾਲ, ਪ੍ਰੋ ਐਚ.ਐਸ. ਪਦਮ, ਜਸਕਰਨ ਸਿੰਘ ਭੱਟੀ, ਸੁਰਿੰਦਰ ਸਿੰਘ ਸਦਿਉੜਾ, ਓਮ ਪ੍ਰਕਾਸ਼ ਗੁਪਤਾ, ਲੈਕ ਵਿਨੋਦ ਧਵਨ, ਗੁਰਿੰਦਰ ਸਿੰਘ ਮਹਿੰਦੀਰੱਤਾ ਅਤੇ ਜਗਸੀਰ ਸਿੰਘ ਖਾਰਾ ਨੇ ਆਖਿਆ ਕਿ ਖੁਸ਼ੀ ਦੇ ਮੌਕੇ 'ਤੇ ਗੁੱਡ ਮੌਰਨਿੰਗ ਕਲੱਬ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਫੈਸਲਾ ਕੀਤਾ ਹੈ ਕਿ ਉਹ ਨਾਲੀ-ਨਾਲਿਆਂ ਵਿੱਚ ਕੂੜਾ ਸੁੱਟਣ ਤੋਂ ਰੋਕਣਾ ਯਕੀਨੀ ਬਣਾਉਣਗੇ, ਵੱਧ ਤੋਂ ਵੱਧ ਬੂਟੇ ਲਾ ਕੇ ਉਹਨਾ ਦੀ ਸੰਭਾਲ ਕਰਨਗੇ, ਆਵਾਜਾਈ ਸੁਚਾਰੂ ਢੰਗ ਨਾਲ ਚਲਾਉਣ ਦੇ ਉਪਰਾਲਿਆਂ ਵਿੱਚ ਬਣਦਾ ਯੋਗਦਾਨ ਪਾਉਣਗੇ। ਮਨਦੀਪ ਸਿੰਘ ਮੌਂਗਾ ਸਕੱਤਰ ਰੈਡ ਕਰਾਸ ਸੁਸਾਇਟੀ, ਕੌਂਸਲਰ ਸਿਮਰਨਜੀਤ ਸਿੰਘ, ਵੈਦ ਵਿਜੈ ਮੌਂਗਾ, ਗੁਰਚਰਨ ਸਿੰਘ ਬੱਬੂ, ਗੋਂਦਾ ਗੇਰਾ, ਰਾਇਵਿੰਦਰ ਸਿੰਘ ਰਾਉ, ਰਾਜੂ ਸਚਦੇਵਾ, ਵਰਿੰਦਰਪਾਲ ਸਿੰਘ ਅਰਨੇਜਾ, ਠੇਕੇਦਾਰ ਪ੍ਰੇਮ ਮੈਣੀ, ਸਰਪੰਚ ਜੋਗਿੰਦਰ ਸਿੰਘ ਸੂਰਘੁਰੀ ਅਤੇ ਹਾਕਮ ਸਿੰਘ ਚੇਤੇਵਾਲੀਆ ਨੇ ਆਖਿਆ ਕਿ ਕੋਟਕਪੂਰੇ ਨੂੰ ਚੰਡੀਗੜ੍ਹ ਵਰਗਾ ਸਾਫ-ਸੁਥਰਾ ਅਤੇ ਸੁੰਦਰ ਸ਼ਹਿਰ ਬਣਾਉਣ ਲਈ ਇੱਥੋਂ ਦੇ ਵਸਨੀਕਾਂ ਨੂੰ ਆਪਣੀ ਸੋਚ ਅਤੇ ਆਦਤਾਂ ਵਿੱਚ ਸੁਧਾਰ ਕਰਨਾ ਪਵੇਗਾ।ਇਸ ਮੌਕੇ ਉਪਰੋਕਤ ਤੋਂ ਇਲਾਵਾ ਮਾ. ਹਰਜਿੰਦਰ ਸਿੰਘ ਹਰੀਨੌਂ ਕੌਮੀ ਪ੍ਰਧਾਨ ਬੀਕੇਯੂ ਫਤਹਿ, ਅਨੰਤਦੀਪ ਸਿੰਘ ਰੋਮਾ ਬਰਾੜ, ਨਰਿੰਦਰਪਾਲ ਸਿੰਘ ਨਿੰਦਾ, ਪਰਮਿੰਦਰ ਸਿੰਘ ਰਾਮਗੜੀਆ, ਗੁਰਚਰਨ ਸਿੰਘ ਚੰਨੀ, ਮਾ. ਸੋਮਇੰਦਰ ਸੁਨਾਮੀ, ਪਵਨ ਧੀਂਗੜਾ, ਰਾਜਵਿੰਦਰ ਸਿੰਘ ਰਾਜਾ, ਸੁਰਿੰਦਰ ਅਰੋੜਾ, ਪੱਪਾ ਮਲਹੋਤਰਾ, ਅਵਤਾਰ ਸਿੰਘ ਮੱਕੜ, ਜਸਪਾਲ ਸਿੰਘ ਲਾਟਾ, ਅਮਰਦੀਪ ਸਿੰਘ ਸੋਨੂੰ ਆਦਿ ਸਮੇਤ ਹੋਰ ਵੀ ਉੱਘੀਆਂ ਸ਼ਖ਼ਸ਼ੀਅਤਾਂ ਹਾਜਰ ਸਨ।



## ਬੁੱਢਾ ਦਰਿਆ ਪੁਨਰ ਸੁਰਜੀਤੀ ਪ੍ਰੋਜੈਕਟ : ਸੀਚੇਵਾਲ ਨੇ ਕੀਤੀ ਸਮੀਖਿਆ ਮੀਟਿੰਗ

**ਲੁਧਿਆਣਾ (ਰਾਜ ਸਿੰਗਲਾਂ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਬੁੱਢੇ ਦਰਿਆ ਨੂੰ ਮੁੜ ਸੁਰਜੀਤ ਕਰਨ ਲਈ ਕੀਤੇ ਜਾ ਰਹੇ ਅਣਥੱਕ ਯਤਨਾਂ ਦੇ ਤਹਿਤ, ਰਾਜ ਸਭਾ ਐਮ.ਪੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਅਤੇ ਨਗਰ ਨਿਗਮ ਕਮਿਸ਼ਨਰ ਡਾ. ਨੀਰੂ ਕਤਿਆਲ ਗੁਪਤਾ ਨਾਲ ਮੰਗਲਵਾਰ ਨੂੰ ਨਗਰ ਨਿਗਮ ਜ਼ੋਨ ਡੀ ਦਫ਼ਤਰ ਵਿਖੇ ਇਸ ਪ੍ਰੋਜੈਕਟ ਤਹਿਤ ਇੱਕ ਸਮੀਖਿਆ ਮੀਟਿੰਗ ਕੀਤੀ।ਮੀਟਿੰਗ ਦੌਰਾਨ ਦਰਿਆ ਵਿੱਚ ਗੋਬਰ ਦੇ ਪ੍ਰਵਾਹ ਨੂੰ ਰੋਕਣ 'ਤੇ ਜ਼ੋਰ ਦਿੱਤਾ ਗਿਆ, ਜਿਸ ਲਈ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਨੂੰ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਰਵਾਈ ਕਰਨ ਅਤੇ ਡੇਅਰੀ ਯੂਨਿਟਾਂ ਦੇ ਬਿਜਲੀ ਕੁਨੈਕਸ਼ਨ ਕੱਟਣ ਦੇ ਨਿਰਦੇਸ਼ ਜਾਰੀ ਕੀਤੇ ਗਏ ਜਿੱਥੋਂ ਬੁੱਢੇ ਦਰਿਆ ਵਿੱਚ ਗੋਬਰ ਸੁੱਟਿਆ ਜਾਂਦਾ ਹੈ। ਮੀਟਿੰਗ ਵਿੱਚ ਨਗਰ ਨਿਗਮ ਦੇ ਜੁਆਇੰਟ ਕਮਿਸ਼ਨਰ ਵਿਨੀਤ ਕੁਮਾਰ, ਜੁਆਇੰਟ ਕਮਿਸ਼ਨਰ ਅਮਨਪ੍ਰੀਤ ਸਿੰਘ, ਕੌਂਸਲਰ ਇੰਦੂ ਮੁਨੀਸ਼ ਸ਼ਾਹ, ਨਿਗਰਾਨ ਇੰਜੀਨੀਅਰ ਏਕਜੋਤ ਸਿੰਘ ਸਮੇਤ ਪੀ.ਪੀ.ਸੀ.ਬੀ, ਪੀ.ਡਬਲਯੂ. ਐਸ.ਐਸ.ਬੀ, ਪੀ.ਐਸ.ਪੀ.ਸੀ.ਐਲ, ਪੇਡਾ ਆਦਿ ਦੇ ਅਧਿਕਾਰੀ ਮੌਜੂਦ ਸਨ। ਡੇਅਰੀ ਕੰਪਲੈਕਸਾਂ ਵਿੱਚੋਂ ਗੋਬਰ ਚੁੱਕਣ ਲਈ ਨਿਯੁਕਤ ਕੀਤਾ ਗਿਆ ਠੇਕੇਦਾਰ ਵੀ ਮੀਟਿੰਗ ਵਿੱਚ ਮੌਜੂਦ ਸੀ।ਇਸ ਤੋਂ ਇਲਾਵਾ, ਪੇਡਾ ਦੇ ਸਬੰਧਤ ਅਧਿਕਾਰੀਆਂ ਨੂੰ ਹੈਬੋਵਾਲ ਅਤੇ ਤਾਜਪੁਰ ਰੋਡ ਡੇਅਰੀ ਕੰਪਲੈਕਸਾਂ ਵਿੱਚ ਬਾਇਓ-ਗੈਸ ਪਲਾਂਟ ਲਗਾਉਣ ਦੀ ਪ੍ਰਕਿਰਿਆ ਤੇਜ਼ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ।ਐਮ.ਪੀ ਸੀਚੇਵਾਲ ਨੇ ਦੱਸਿਆ ਕਿ ਹੈਬੋਵਾਲ ਡੇਅਰੀ ਕੰਪਲੈਕਸ ਵਿੱਚ ਇੱਕ 'ਸੀਚੇਵਾਲ ਮਾਡਲ' ਤਲਾਅ ਵੀ ਸਥਾਪਤ ਕੀਤਾ ਗਿਆ ਹੈ। ਇਸਦਾ ਉਦੇਸ਼ ਗੋਬਰ ਦੇ ਪ੍ਰਵਾਹ ਨੂੰ ਐਫਲੂਐਂਟ ਟ੍ਰੀਟਮੈਂਟ ਪਲਾਂਟਾਂ ਵਿੱਚ ਜਾਣ ਤੋਂ ਰੋਕਣਾ ਹੈ, ਤਾਂ ਜੋ ਪਲਾਂਟ ਕੁਸ਼ਲਤਾ ਨਾਲ ਕੰਮ ਕਰ ਸਕੇ। ਇਸ ਤੋਂ ਇਲਾਵਾ, ਡੇਅਰੀ ਕੰਪਲੈਕਸਾਂ ਵਿੱਚੋਂ ਗੋਬਰ ਚੁੱਕਣ ਲਈ ਨਿਯੁਕਤ ਕੀਤੇ ਗਏ ਠੇਕੇਦਾਰ ਨੇ ਲਿਫਟਿੰਗ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਡੇਅਰੀ ਕੰਪਲੈਕਸਾਂ ਵਿੱਚ ਰੇਹੜੇ ਤਾਇਨਾਤ ਕਰਨੇ ਵੀ ਸ਼ੁਰੂ ਕਰ ਦਿੱਤੇ ਹਨ। ਸੰਬੰਧਿਤ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਜਾਰੀ ਕਰਨ ਤੋਂ ਇਲਾਵਾ, ਐਮ.ਪੀ ਸੀਚੇਵਾਲ ਅਤੇ ਮੇਅਰ ਇੰਦਰਜੀਤ ਕੌਰ ਨੇ ਨਿਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਅਧਿਕਾਰੀਆਂ ਦਾ ਸਮਰਥਨ ਕਰਨ ਅਤੇ ਬੁੱਢੇ ਦਰਿਆ ਵਿੱਚ ਕੂੜਾ ਸੁੱਟਣਾ ਬੰਦ ਕਰਨ, ਜਿਸਦੀ ਧਾਰਮਿਕ ਅਤੇ ਇਤਿਹਾਸਕ ਮਹੱਤਤਾ ਹੈ। ਉਨ੍ਹਾਂ ਕਿਹਾ ਕਿ 'ਬੁੱਢੇ ਦਰਿਆ' ਨੂੰ ਮੁੜ ਸੁਰਜੀਤ ਕਰਨ ਦਾ ਟੀਚਾ ਨਿਵਾਸੀਆਂ ਦੇ ਸਰਗਰਮ ਸਮਰਥਨ ਤੋਂ ਬਿਨਾਂ ਪ੍ਰਾਪਤ ਨਹੀਂ ਕੀਤਾ ਜਾ ਸਕਦਾ।



## ਡਾ. ਹਰੀਸ਼ ਕੁਮਾਰ ਨੇ ਸਪੋਰਟਸ ਸਾਇੰਸ ਵਿਭਾਗ ਦੇ ਮੁਖੀ ਵਜੋਂ ਅਹੁਦਾ ਸੰਭਾਲਿਆ

**ਪਟਿਆਲਾ (ਰਜਿੰਦਰ ਸਿੰਘ ਥਿੰਦ)-** ਪੰਜਾਬੀ ਯੂਨੀਵਰਸਿਟੀ ਦੇ ਸਪੋਰਟਸ ਸਾਇੰਸ ਵਿਭਾਗ (ਖੇਡ ਵਿਗਿਆਨ ਵਿਭਾਗ) ਦੇ ਮੁਖੀ ਵਜੋਂ ਡਾ. ਅਨੁਰਾਧਾ ਲਹਿਰੀ ਦਾ ਕਾਰਜਕਾਲ ਪੂਰਾ ਹੋਣ 'ਤੇ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਡਾ. ਹਰੀਸ਼ ਕੁਮਾਰ ਨੂੰ ਵਿਭਾਗ ਦਾ ਨਵਾਂ ਮੁਖੀ ਨਿਯੁਕਤ ਕੀਤਾ ਗਿਆ ਹੈ। ਜਿਨ੍ਹਾਂ ਨੇ ਵਿਭਾਗ ਦੇ ਅਧਿਆਪਕਾਂ ਅਤੇ ਸਟਾਫ਼ ਦੀ ਮੌਜੂਦਗੀ 'ਚ ਆਪਣੇ ਇਸ ਨਵੇਂ ਅਹੁਦੇ ਦਾ ਚਾਰਜ ਸੰਭਾਲ ਲਿਆ ।ਵਿਭਾਗ ਦੇ ਮੁਖੀ ਵਜੋਂ ਅਹੁਦਾ ਸੰਭਾਲਣ ਮੌਕੇ ਹੋਏ ਸੰਖੇਪ ਸਮਾਗਮ ਦੌਰਾਨ ਵਿਭਾਗ ਦੇ ਚਾਰ ਸਾਬਕਾ ਮੁਖੀਆਂ ਡਾ. ਪਰਮਵੀਰ ਸਿੰਘ, ਡਾ.ਅਸ਼ੋਕ ਕੁਮਾਰ, ਡਾ.ਅਜੀਤਾ ਤੇ ਡਾ.ਅਨੁਰਾਧਾ ਲਹਿਰੀ ਸਮੇਤ ਡਾ.ਅਮਰਜੋਤ ਕੌਰ ਅਤੇ ਵਿਭਾਗ ਦੇ ਸਾਰੇ ਰਿਸਰਚ ਸਕਾਲਰ, ਕਰਮਚਾਰੀ ਅਤੇ ਵਿਦਿਆਰਥੀ ਵੀ ਮੌਜੂਦ ਸਨ। ਇਸ ਮੌਕੇ ਡਾ. ਹਰੀਸ਼ ਦੇ ਧਰਮਪਤਨੀ ਕਮਲਜੀਤ ਨੇ ਵੀ ਵਿਸੇਸ਼ ਤੌਰ 'ਤੇ ਸ਼ਿਰਕਤ ਕੀਤੀ। ਡਾ.ਹਰੀਸ਼ ਨੇ ਸਾਰਿਆਂ ਦੇ ਸਹਿਯੋਗ ਨਾਲ ਆਪਣੀ ਇਸ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਦਾ ਪ੍ਰਣ ਵੀ ਲਿਆ।



# ਪੰਜਾਬੀ ਸਾਹਿਤ ਅਕਾਦਮੀ ਵੱਲੋਂ ਡਾ. ਅਮਰ ਕੋਮਲ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ

**ਲੁਧਿਆਣਾ-** ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਅਹੁਦੇਦਾਰਾਂ, ਪ੍ਰਬੰਧਕੀ ਬੋਰਡ ਮੈਂਬਰਾਂ ਅਤੇ ਸਮੂਹ ਮੈਂਬਰਾਂ ਵਲੋਂ ਡਾ. ਅਮਰ ਕੋਮਲ ਦੇ ਸਦੀਵੀ ਵਿਛੋੜੇ 'ਤੇ ਡੂੰਘੇ ਦੁੱਖ ਤੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਗਿਆ। ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਡਾ. ਅਮਰ ਕੋਮਲ ਦੇ ਦੇਹਾਂਤ 'ਤੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਡਾ. ਅਮਰ ਕੋਮਲ ਨੇ ਆਪਣਾ ਜੀਵਨ ਮਾਂ ਬੋਲੀ ਪੰਜਾਬੀ ਦੇ ਲੇਖੇ ਲਾਇਆ। ਉਨ੍ਹਾਂ ਦੀਆਂ ਲਿਖਤਾਂ ਨੇ ਸਾਰਿਆਂ ਨੂੰ ਪੰਜਾਬੀ ਸੱਭਿਆਚਾਰ ਅਤੇ ਨੈਤਿਕ ਕਦਰਾਂ ਕੀਮਤਾਂ ਨਾਲ ਜੋੜੀ ਰੱਖਿਆ ਸੀ। ਅਕਾਡਮੀ ਦੇ ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਡਾ. ਅਮਰ ਕੋਮਲ ਦੇ ਦੇਹਾਂਤ ਨਾਲ ਉਨ੍ਹਾਂ ਦੇ ਸਨੇਹੀਆਂ ਅਤੇ ਪਰਵਾਰ ਨੂੰ ਨਾ ਪੂਰਿਆ ਜਾਣ ਵਾਲਾ ਘਾਟਾ ਪਿਆ ਹੈ। ਇਸ ਦੁੱਖ ਦੇ ਸਮੇਂ ਅਕਾਡਮੀ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦੀ ਹੈ। ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਡਾ. ਅਮਰ ਕੋਮਲ ਦੇ ਸਦੀਵੀ ਵਿਛੋੜੇ 'ਤੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਡਾ. ਅਮਰ ਕੋਮਲ ਨੇ ਬੱਚਿਆਂ ਲਈ ਬਹੁਤ ਹੀ ਸਰਲ ਅਤੇ ਸਿੱਖਿਆਦਾਇਕ ਸਾਹਿਤ ਦੀ ਰਚਨਾ ਕੀਤੀ ਜਿਸ ਕਰਕੇ ਉਨ੍ਹਾਂ ਨੂੰ ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ ਦਾ ਵਕਾਰੀ ਸਨਮਾਨ ਨਾਲ ਵੀ ਨਿਵਾਜਿਆ ਗਿਆ ਸੀ। ਅਫ਼ਸੋਸ ਦਾ ਪ੍ਰਗਟਾਵਾ ਕਰਨ ਵਾਲਿਆਂ ਵਿਚ ਪ੍ਰੋ. ਗੁਰਭਜਨ ਸਿੰਘ ਗਿੱਲ, ਡਾ. ਸੁਖਦੇਵ ਸਿੰਘ ਸਿਰਸਾ, ਪ੍ਰੋ. ਰਵਿੰਦਰ ਸਿੰਘ ਭੱਠਲ, ਡਾ. ਲਖਵਿੰਦਰ ਸਿੰਘ ਜੌਹਲ, ਡਾ. ਵਰਿਆਮ ਸਿੰਘ ਸੰਧੂ, ਡਾ. ਗੁਰਇਕਬਾਲ ਸਿੰਘ, ਡਾ. ਸਰਬਜੀਤ ਕੌਰ ਸੋਹਲ, ਜਸਪਾਲ ਮਾਨਖੇੜਾ, ਸਹਿਜਪ੍ਰੀਤ ਸਿੰਘ ਮਾਂਗਟ, ਡਾ. ਗੁਰਚਰਨ ਕੌਰ ਕੋਚਰ, ਡਾ. ਅਰਵਿੰਦਰ ਕੌਰ ਕਾਕੜਾ, ਸੁਰਿੰਦਰ ਨੀਰ, ਸੁਰਿੰਦਰ ਕੈਲੇ, ਜਨਮੇਜਾ ਸਿੰਘ ਜੌਹਲ, ਹਰਵਿੰਦਰ ਸਿੰਘ ਸਿਰਸਾ, ਡਾ. ਅੰਮੀਆਂ ਕੁੰਵਰ, ਡਾ. ਹਰੀ ਸਿੰਘ ਜਾਚਕ, ਕੇ. ਸਾਧੂ ਸਿੰਘ, ਭੁਪਿੰਦਰ ਸਿੰਘ ਸੰਧੂ, ਸੰਜੀਵਨ ਸਿੰਘ, ਡਾ. ਸਿਮਰਜੀਤ ਕੌਰ ਗਿੱਲ, ਡਾ. ਤਰਸਪਾਲ ਕੌਰ, ਮਨਜਿੰਦਰ ਸਿੰਘ ਧਨੋਆ, ਤ੍ਰੈਲੋਚਨ ਲੋਚੀ, ਪ੍ਰਭਜੋਤ ਸਿੰਘ ਸੋਹੀ, ਪ੍ਰਿੰ. ਨਵਤੇਜ ਗੜ੍ਹਦੀਵਾਲਾ, ਡਾ. ਰਜਿੰਦਰ ਸਿੰਘ ਰਾਜਨ, ਮੱਖਣ ਮਾਨ, ਰੋਜ਼ੀ ਸਿੰਘ ਸ਼ਾਮਲ ਹਨ।

## ਖ਼ੂਨਦਾਨ ਤੇ ਅੱਖਾਂ ਦਾ ਚੈੱਕਅੱਪ ਕੈਂਪ ਲਗਾਇਆ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਭਾਰਤ ਰਤਨ ਬਾਬਾ ਸਾਹਿਬ ਭੀਮ ਰਾਓ ਅੰਬੇਦਕਰ ਦੇ 135ਵੇਂ ਜਨਮ ਦਿਹਾੜੇ ਮੌਕੇ ਡਾਕਟਰ ਭੀਮ ਰਾਓ ਅੰਬੇਦਕਰ ਵੈਲਫੇਅਰ ਸੁਸਾਇਟੀ ਖਾਂਗ ਵੱਲੋਂ ਤੀਜਾ ਖ਼ੂਨਦਾਨ ਅਤੇ ਅੱਖਾਂ ਦਾ ਮੁਫ਼ਤ ਚੈੱਕ ਅਪ ਕੈਂਪ ਲਗਾਇਆ ਗਿਆ।ਕੈਂਪ ਦਾ ਉਦਘਾਟਨ ਸੰਧੂ ਜਵੈਲਰਜ ਪਾਤੜਾਂ ਦੇ ਐਮ ਡੀ ਵਰਿੰਦਰ ਸਿੰਘ ਸੰਧੂ ਨੇ ਕੀਤਾ।ਮੁੱਖ ਮਹਿਮਾਨ ਵਜੋਂ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਵਿਸ਼ੇਸ਼ ਮਹਿਮਾਨ ਵਜੋਂ ਨੌਜਵਾਨ ਆਗੂ ਲਵਜੀਤ ਸਿੰਘ ਬੱਬੀ ਸਰਪੰਚ ਹੋਤੀਪੁਰ ਅਤੇ ਪਿੰਡ ਖਾਂਗ ਦੇ ਸਰਪੰਚ ਜੈਪਾਲ ਨੇ ਸ਼ਿਰਕਤ ਕੀਤੀ। ਜਾਣਕਾਰੀ ਦਿੰਦਿਆਂ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਰਘਵੀਰ ਸਿੰਘ ਅਤੇ ਹਾਕਮ ਸਿੰਘ ਨੇ ਦੱਸਿਆ ਕਿ ਖ਼ੂਨਦਾਨ ਕੈਂਪ ਵਿੱਚ ਡਾਕਟਰ ਕੇ ਕੇ ਜੋਹਰੀ ਬਲੱਡ ਬੈਂਕ ਸਮਾਣਾ ਦੀ ਟੀਮ ਨੇ 60 ਯੂਨਿਟ ਖ਼ੂਨ ਇਕੱਤਰ ਕੀਤਾ ਜਦੋਂ ਕਿ ਅੱਖਾਂ ਦੇ ਕੈਂਪ ਦੌਰਾਨ ਸਾਂਝ ਗਲੋਬਲ ਅੱਖਾਂ ਦੇ ਹਸਪਤਾਲ ਲਹਿਰਾਗਾਗਾ ਤੋਂ ਮਾਹਰ ਡਾਕਟਰਾਂ ਦੀ ਟੀਮ ਨੇ ਮਰੀਜ਼ਾਂ ਦਾ ਚੈੱਕਅੱਪ ਕਰਕੇ ਮੁਫ਼ਤ ਦਵਾਈਆਂ ਦਿੱਤੀਆਂ।ਮੁੱਖ ਮਹਿਮਾਨ ਚੇਅਰਮੈਨ ਮਹਿੰਗਾ ਸਿੰਘ ਬਰਾੜ ਨੇ ਸੰਸਥਾ ਦੇ ਮੈਂਬਰਾਂ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮਨੁੱਖੀ ਸਰੀਰ ਵਿੱਚ ਖ਼ੂਨ ਇੱਕ ਅਜਿਹੀ ਚੀਜ਼ ਹੈ ਜਿਸਨੂੰ ਕਿਸੇ ਵੀ ਫੈਕਟਰੀ ਵਿੱਚ ਤਿਆਰ ਨਹੀਂ ਕੀਤਾ ਜਾ ਸਕਦਾ ਅਤੇ ਇਸ ਤੋਂ ਵੱਡਾ ਕੋਈ ਦਾਨ ਨਹੀਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਚਰਨਜੀਤ ਸਿੰਘ ਸੰਧੂ, ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਦੇ ਹਲਕਾ ਕੋਆਰਡੀਨੇਟਰ ਬਲਜੀਤ ਸਿੰਘ ਸਹੋਤਾ, ਆਪ ਆਗੂ ਕਾਬਲ ਸਿੰਘ ਢਿੱਲੋ, ਕਲੱਬ ਮੈਂਬਰ ਸੇਬੀ ਰਾਮ, ਗਗਨਦੀਪ ਸਿੰਘ, ਨਿਰਮਲ ਸਿੰਘ, ਗੁਰਬਖ਼ਸ਼ ਸਿੰਘ, ਮਲਕੀਤ ਸਿੰਘ, ਰਿੰਕੂ ਰਾਮ, ਹਰਦੀਪ ਸਿੰਘ, ਤਰਸੇਮ ਸਿੰਘ, ਸੁਨੀਲ ਕੁਮਾਰ ਅਤੇ ਜਗਸੀਰ ਸਿੰਘ ਆਦਿ ਹਾਜ਼ਰ ਸਨ।



## ਮੰਤਰੀ ਵੱਲੋਂ ਲੁਧਿਆਣਾ ਦੇ ਕਈ ਦਫਤਰਾਂ ਦੀ ਅਚਨਚੇਤ ਚੈਕਿੰਗ

**ਲੁਧਿਆਣਾ (ਰਾਜ ਸਿੰਗਲਾ)** ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਮੰਗਲਵਾਰ ਨੂੰ ਲੋਕ ਨਿਰਮਾਣ ਵਿਭਾਗ ਲੁਧਿਆਣਾ ਡਵੀਜ਼ਨ ਦੀਆਂ ਵੱਖ-ਵੱਖ ਸ਼ਾਖਾਵਾਂ ਦਾ ਅਚਨਚੇਤ ਨਿਰੀਖਣ ਕੀਤਾ ।ਦੌਰੇ ਦੌਰਾਨ ਮੰਤਰੀ ਨੇ ਲੋਕ ਨਿਰਮਾਣ ਵਿਭਾਗ ਲੁਧਿਆਣਾ ਕੈਂਪਸ ਅਧੀਨ ਸਾਰੇ ਦਫ਼ਤਰਾਂ ਦੀ ਜਾਂਚ ਕੀਤੀ ਅਤੇ ਪੂਰੇ ਸਟਾਫ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੈਸ਼ਨਲ ਹਾਈਵੇ ਸਰਕਲ, ਕੰਸਟ੍ਰਕਸ਼ਨ ਸਰਕਲ, ਕੰਸਟ੍ਰਕਸ਼ਨ ਡਵੀਜ਼ਨ ਨੰਬਰ 1, 2 ਅਤੇ 3, ਲੁਧਿਆਣਾ, ਬਾਗਬਾਨੀ ਡਵੀਜ਼ਨ, ਲੁਧਿਆਣਾ, ਨੈਸ਼ਨਲ ਹਾਈਵੇ ਡਵੀਜ਼ਨ ਨੰਬਰ 1, ਲੁਧਿਆਣਾ ਅਤੇ ਇਲੈਕਟ੍ਰੀਕਲ ਡਵੀਜ਼ਨ, ਲੁਧਿਆਣਾ ਸਮੇਤ ਕਈ ਦਫ਼ਤਰਾਂ ਦਾ ਦੌਰਾ ਕੀਤਾ।ਨਿਰੀਖਣ ਦਾ ਉਦੇਸ਼ ਇਹ ਯਕੀਨੀ ਬਣਾਉਣਾ ਸੀ ਕਿ ਵਿਭਾਗ ਡਿਊਟੀਆਂ ਅਤੇ ਪ੍ਰੋਜੈਕਟਾਂ ਦੇ ਸਮੇਂ ਸਿਰ ਅਮਲ 'ਤੇ ਧਿਆਨ ਕੇਂਦ੍ਰਤ ਕਰਦੇ ਹੋਏ ਨਿਰਵਿਘਨ ਕੰਮ ਕਰੇ।ਨਿਰੀਖਣ ਦੌਰਾਨ ਮੰਤਰੀ ਈ.ਟੀ.ਓ ਨੇ ਵੱਖ-ਵੱਖ ਸ਼ਾਖਾਵਾਂ ਵਿੱਚ ਹਾਜ਼ਰੀ ਰਜਿਸਟਰਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ। ਉਨ੍ਹਾਂ ਕਰਮਚਾਰੀਆਂ ਨੂੰ ਦਫ਼ਤਰੀ ਸਮੇਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ । ਉਨ੍ਹਾਂ ਨੇ ਅਧਿਕਾਰੀਆਂ ਨੂੰ ਆਪਣੇ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੇ ਕੁਪ੍ਰਬੰਧ ਤੋਂ ਬਚਣ ਅਤੇ ਸਾਰੇ ਚੱਲ ਰਹੇ ਪ੍ਰੋਜੈਕਟਾਂ ਨੂੰ ਸਮੇਂ ਸਿਰ ਪੂਰਾ ਕਰਨ ਨੂੰ ਤਰਜੀਹ ਦੇਣ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਸੀਨੀਅਰ ਅਧਿਕਾਰੀਆਂ ਨੂੰ ਹਾਜ਼ਰੀ ਅਤੇ ਪ੍ਰੋਜੈਕਟ ਦੀ ਪ੍ਰਗਤੀ ਦੀ ਨੇੜਿਓਂ ਨਿਗਰਾਨੀ ਕਰਨ ਲਈ ਵੀ ਕਿਹਾ।



# ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਠੇਕਾ ਮੁਲਾਜ਼ਮਾਂ ਕੀਤਾ ਰੋਹ ਭਰਪੂਰ ਪ੍ਰਦਰਸ਼ਨ

**ਜਲਾਲਾਬਾਦ (ਜੀਤ ਕੁਮਾਰ)-** ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਫੈਸਲੇ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ. 31) ਦੀ ਜ਼ਿਲ੍ਹਾ ਕਮੇਟੀ ਫਾਜ਼ਿਲਕਾ ਅਤੇ ਬ੍ਰਾਂਚ ਕਮੇਟੀ ਜਲਾਲਾਬਾਦ ਵੱਲੋਂ ਇਥੇ ਵਾਟਰ ਸਪਲਾਈ ਦਫਤਰ ਗੁੰਮਾਨੀਵਾਲਾ ਵਿਖੇ ਪੰਜਾਬ ਸਰਕਾਰ ਦੀ ਕੈਬਨਿਟ ਸਬ-ਕਮੇਟੀ ਦੇ ਮੰਤਰੀਆਂ ਦੇ ਪੁਤਲੇ ਫੂਕ ਕੇ ਰੋਸ਼ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਯੂਨੀਅਨ ਦੇ ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ, ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ, ਦਫਤਰੀ ਸਟਾਫ ਦੇ ਆਗੂ ਸੁਖਚੈਨ ਸਿੰਘ ਸੋਢੀ, ਮਹਿੰਦਰ ਸਿੰਘ ਮਨੇਵਾਲਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗੁਵਾਈ ਵਾਲੀ ਪੰਜਾਬ ਸਰਕਾਰ ਦੀ ਬਣਾਈ ਗਈ ਕੱਚੇ/ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਵਾਲੀ ਕੈਬਨਿਟ ਸਬ-ਕਮੇਟੀ ਵੱਲੋਂ ਪਿਛਲੇ 4 ਸਾਲਾਂ ਤੋਂ ਪਿਛਲੇ ਚਾਰ ਸਾਲਾਂ ਦੇ ਦੌਰਾਨ ਠੇਕਾ ਮੁਲਾਜ਼ਮਾਂ ਨਾਲ ਲਗਾਏ ਝੂਠੇ ਲਾਰਿਆਂ ਰੱਖਿਆ ਹੋਇਆ ਹੈ, ਜਿਸ ਦੀ ਤਾਜ਼ਾ ਮਿਸਾਲ ਸਬ ਕਮੇਟੀ ਵੱਲੋਂ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਨਾਲ 7 ਅਪ੍ਰੈਲ ਨੂੰ ਪੈਨਲ ਮੀਟਿੰਗ ਕਰਨ ਦਾ ਸਮਾਂ ਦਿੱਤਾ ਗਿਆ ਸੀ ਪਰ ਇਹ ਮੀਟਿੰਗ ਕੈਂਸਲ ਕਰ ਦਿੱਤੀ ਗਈ ਹੈ, ਜਿਸ ਦੇ ਰੋਸ ਵਜੋਂ 'ਮੋਰਚੇ' ਵੱਲੋਂ ਅੱਜ ਪੰਜਾਬ ਭਰ ਵਿੱਚ ਸਬ ਕਮੇਟੀ ਦੇ ਚੇਅਰਮੈਨ-ਕਮ-ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਸੰਜੀਵ ਅਰੋੜਾ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਪੁਤਲੇ ਫੂਕ ਕੇ ਪੰਜਾਬ ਸਰਕਾਰ ਵਿਰੁੱਧ ਰੋਹ ਭਰਪੂਰ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਜਿਸ ਵਿੱਚ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਸਾਲਾਂਬੱਧੀ ਅਰਸ਼ੇ ਤੋਂ ਸੇਵਾਵਾਂ ਦੇ ਰਹੇ ਠੇਕਾ ਮੁਲਾਜ਼ਮ ਵਿਰੋਧੀ ਅਪਣਾਈਆਂ ਜਾ ਰਹੀਆਂ ਮਾਰੂ ਨੀਤੀਆਂ ਦੀ ਨਿਖੇਧੀ ਕਰਦੇ ਹੋਏ ਮੋਰਚੇ ਵੱਲੋਂ ਵਿੱਤ ਮੰਤਰੀ ਦੇ ਹਲਕੇ ਦਿੜ੍ਹਬਾ ਵਿੱਚ 15 ਅਪ੍ਰੈਲ ਤੋਂ ਲਗਾਤਾਰ ਝੰਡਾ ਮਾਰਚ ਕਰਨ ਦਾ ਐਲਾਨ ਕੀਤਾ ਗਿਆ ਹੈ। ਆਗੂਆਂ ਨੇ ਮੰਗ ਕੀਤੀ ਕਿ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਪਿਛਲੇ ਲੰਮੇ ਅਰਸੇ ਤੋਂ ਕੰਮ ਕਰਦੇ ਆ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਸਬੰਧਤ ਵਿਭਾਗਾਂ ਵਿਚ ਮਰਜ ਕਰਕੇ ਰੈਗੂਲਰ ਕੀਤਾ ਜਾਵੇ, ਗੁਜ਼ਾਰੇ ਯੋਗ, ਘੱਟੋ-ਘੱਟ ਉਜਰਤ ਦੇ ਕਾਨੂੰਨ 1948 ਅਤੇ 15ਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਨੂੰ ਅਧਾਰ ਮੰਨ ਕੇ ਇਨਲਿਸਟਮੈਂਟ/ਆਊਟਸੋਰਸ ਮੁਲਾਜ਼ਮਾਂ ਦੀ ਤਨਖਾਹ ਤੈਅ ਕੀਤੀ ਜਾਵੇ। ਬਰਾਬਰ ਕੰਮ ਲਈ ਬਰਾਬਰ ਤਨਖਾਹ ਦੇ ਵਿਗਿਆਨਕ ਅਸੂਲ ਨੂੰ ਲਾਗੂ ਕੀਤਾ ਜਾਵੇ। ਸਰਕਾਰੀ ਵਿਭਾਗਾਂ ਦਾ ਨਿੱਜੀਕਰਨ/ਪੰਚਾਇਤੀਕਰਨ ਦੀ ਨੀਤੀ ਨੂੰ ਤੁਰੰਤ ਰੱਦ ਕੀਤਾ ਜਾਵੇ। ਸੇਵਾ ਸਮੇਂ ਦੌਰਾਨ ਹੋਣ ਵਾਲੇ ਗੈਰ-ਘਾਤਕ ਹਾਦਸਿਆਂ 100% ਭਰਪਾਈ ਵਿਭਾਗ ਵੱਲੋਂ ਕਰਨ ਦੀ ਗਰੰਟੀ ਕੀਤੀ ਜਾਵੇ। ਘਾਤਕ ਹਾਦਸਿਆਂ ਦੀ ਸੂਰਤ ਵਿੱਚ ਘੱਟੋ-ਘੱਟ ਪਰਵਾਰ ਨੂੰ 50 ਲੱਖ ਰੁਪਏ ਮੁਆਵਜ਼ੇ ਦੀ ਅਦਾਇਗੀ ਦੇ ਨਾਲ ਪਰਵਾਰ ਦੇ ਇਕ ਜੀਅ ਨੂੰ ਪੱਕੀ ਨੌਕਰੀ ਅਤੇ ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ। ਰਿਟਾਇਰਮੈਂਟ ਹੋਣ 'ਤੇ ਇਨਲਿਸਟਮੈਂਟ/ ਆਊਟਸੋਰਸ ਠੇਕਾ ਮੁਲਾਜ਼ਮਾਂ ਲਈ ਪੈਨਸ਼ਨ ਅਤੇ ਗਰੈਚੁਟੀ ਦੇ ਲਾਭ ਦੀ ਅਦਾਇਗੀ ਕੀਤੀ ਜਾਵੇ। ਇਸ ਵਿਉਂਤਬੰਦੀ ਨੂੰ ਲਾਗੂ ਕਰਨ ਦੇ ਸਮੇਂ ਤੱਕ ਹਰ ਰਿਟਾਇਰੀ ਮੁਲਾਜ਼ਮ ਨੂੰ 50 ਲੱਖ ਰੁਪਏ ਦੀ ਅਦਾਇਗੀ ਦੇ ਨਾਲ ਨਾਲ ਪਰਿਵਾਰ ਦੇ ਇੱਕ ਜੀਅ ਲਈ ਨੌਕਰੀ ਦਾ ਪ੍ਰਬੰਧ ਕੀਤਾ ਜਾਵੇ। ਇਨਲਿਸਟਮੈਂਟ ਠੇਕਾ ਅਧਾਰਿਤ ਵਰਕਰਾਂ ਨੂੰ ਵੀ ਈ.ਪੀ.ਐਫ. ਅਤੇ ਈ.ਐਸ.ਆਈ. ਸਕੀਮ ਅਧੀਨ ਲਿਆਂਦਾ ਜਾਵੇ।



# ਸੀ ਐੱਚ ਸੀ ਮਮਦੋਟ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ

**ਮਮਦੋਟ (ਜਸਬੀਰ ਸਿੰਘ ਕੰਬੋਜ)-** ਸਿਹਤ ਮੰਤਰੀ ਡਾ. ਬਲਬੀਰ ਸਿੰਘ ਜੀ ਦੀ ਅਗਵਾਈ ਅਤੇ ਸਿਵਲ ਸਰਜਨ ਫਿਰੋਜ਼ਪੁਰ ਡਾ. ਰਾਜੀਵ ਪਰਾਸ਼ਰ ਦੇ ਦਿਸ਼ਾ-ਨਿਰਦੇਸ਼ ਹੇਠ ਸੀ ਐਚ ਸੀ ਮਮਦੋਟ ਅਧੀਨ ਆਉਂਦੇ ਪਿੰਡ ਹਜ਼ਾਰਾ ਸਿੰਘ ਵਾਲਾ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਇਸ ਸਮਾਗਮ ਦੀ ਅਗਵਾਈ ਸੀਨੀਅਰ ਮੈਡੀਕਲ ਅਫਸਰ ਮਮਦੋਟ ਡਾ. ਰੇਖਾ ਭੱਟੀ ਵੱਲੋਂ ਕੀਤੀ ਗਈ।ਡਾ ਰੇਖਾ ਭੱਟੀ ਨੇ ਦੱਸਿਆ ਕਿ ਹਰ ਸਾਲ 7 ਅਪ੍ਰੈਲ ਨੂੰ ਵਿਸ਼ਵ ਪੱਧਰ 'ਤੇ ਵਿਸ਼ਵ ਹੈਲਥ ਦਿਵਸ ਮਨਾਇਆ ਜਾਂਦਾ ਹੈ, ਜਿਸ ਦਾ ਮੁੱਖ ਉਦੇਸ਼ ਲੋਕਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਸਿਹਤਮੰਦ ਸਮਾਜ ਦੀ ਸਥਾਪਨਾ ਕਰਨਾ ਹੈ।ਉਨ੍ਹਾਂ ਦੱਸਿਆ ਕਿ ਇਸ ਸਾਲ ਵਿਸ਼ਵ ਹੈਲਥ ਦਿਵਸ ਦਾ ਥੀਮ ਇਕੱਠੇ ਸਿਹਤ ਲਈ – ਵਿਗਿਆਨ ਨਾਲ ਖੜ੍ਹੇ ਹੋਵੋ ਰੱਖਿਆ ਗਿਆ ਹੈ, ਜਿਸ ਦਾ ਮਕਸਦ ਲੋਕਾਂ ਨੂੰ ਵਿਗਿਆਨਕ ਤਰੀਕਿਆਂ ਅਤੇ ਸਹੀ ਜਾਣਕਾਰੀ ਦੇ ਆਧਾਰ 'ਤੇ ਸਿਹਤ ਸੰਬੰਧੀ ਫੈਸਲੇ ਲੈਣ ਲਈ ਪ੍ਰੇਰਿਤ ਕਰਨਾ ਹੈ। ਚੰਗੀ ਸਿਹਤ ਲਈ ਸੰਤੁਲਿਤ ਅਤੇ ਪੋਸ਼ਟਿਕ ਖੁਰਾਕ ਬਹੁਤ ਜ਼ਰੂਰੀ ਹੈ। ਰੋਜ਼ਾਨਾ ਭੋਜਨ ਵਿੱਚ ਹਰੀ ਸਬਜ਼ੀਆਂ, ਫਲ, ਦਾਲਾਂ, ਦੁੱਧ ਅਤੇ ਅਨਾਜ ਨੂੰ ਸ਼ਾਮਲ ਕਰਨਾ ਚਾਹੀਦਾ ਹੈ ਅਤੇ ਜੰਕ ਫੂਡ, ਤੇਲੀਆਂ ਅਤੇ ਮਿੱਠੀਆਂ ਚੀਜ਼ਾਂ ਦੀ ਵਰਤੋਂ ਘੱਟ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਰੋਜ਼ ਘੱਟੋ-ਘੱਟ 30 ਮਿੰਟ ਕਸਰਤ ਜਾਂ ਤੁਰਨਾ ਸਰੀਰ ਨੂੰ ਤੰਦਰੁਸਤ ਰੱਖਣ ਲਈ ਬਹੁਤ ਲਾਭਕਾਰੀ ਹੈ।ਡਾ ਹਰਸ਼ ਮੈਡੀਕਲ ਅਫ਼ਸਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਵਿਅਕਤੀਗਤ ਸਫ਼ਾਈ ਦਾ ਖਾਸ ਧਿਆਨ ਰੱਖਿਆ ਜਾਵੇ। ਬੱਚਿਆਂ ਦੇ ਮਾਹਿਰ ਡਾ ਅਨੀਸ਼ ਮੈਨੀ ਨੇ ਦੱਸਿਆ ਕਿ ਟੀਕਾਕਰਨ ਬਹੁਤ ਸਾਰੀਆਂ ਗੰਭੀਰ ਬਿਮਾਰੀਆਂ ਤੋਂ ਬਚਾਅ ਦਾ ਸਭ ਤੋਂ ਪ੍ਰਭਾਵਸ਼ਾਲੀ ਢੰਗ ਹੈ। ਇਸ ਲਈ ਬੱਚਿਆਂ ਅਤੇ ਗਰਭਵਤੀ ਮਹਿਲਾਵਾਂ ਦਾ ਸਮੇਂ-ਸਮੇਂ 'ਤੇ ਟੀਕਾਕਰਨ ਜ਼ਰੂਰ ਕਰਵਾਇਆ ਜਾਵੇ। ਬਲਾਕ ਐਜੂਕੇਟਰ ਅਮਨ ਕੰਬੋਜ ਨੇ ਮਾਨਸਿਕ ਸਿਹਤ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ ਅਤੇ ਕਿਹਾ ਕਿ ਤਣਾਅ ਤੋਂ ਬਚਣ ਲਈ ਯੋਗਾ, ਧਿਆਨ ਅਤੇ ਪੂਰੀ ਨੀਂਦ ਲੈਣਾ ਬਹੁਤ ਲਾਭਦਾਇਕ ਹੈ। ਉਨ੍ਹਾਂ ਕਿਹਾ ਕਿ ਮਾਨਸਿਕ ਅਤੇ ਸਰੀਰਕ ਸਿਹਤ ਦੋਵੇਂ ਇਕ-ਦੂਜੇ ਨਾਲ ਜੁੜੀਆਂ ਹੋਈਆਂ ਹਨ।ਉਨ੍ਹਾਂ ਲੋਕਾਂ ਨੂੰ ਤਮਾਕੂ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਅਤੇ ਦੱਸਿਆ ਕਿ ਤਮਾਕੂ ਦੀ ਵਰਤੋਂ ਕਈ ਗੰਭੀਰ ਬਿਮਾਰੀਆਂ ਜਿਵੇਂ ਕਿ ਕੈਂਸਰ, ਦਿਲ ਦੀ ਬਿਮਾਰੀ ਅਤੇ ਫੇਫੜਿਆਂ ਦੀਆਂ ਬਿਮਾਰੀਆਂ ਦਾ ਮੁੱਖ ਕਾਰਨ ਬਣਦੀ ਹੈ।ਇਸ ਮੌਕੇ ਕਮਿਊਨਟੀ ਹੈਲਥ ਅਫਸਰ ਰੁਪਿੰਦਰ ਕੌਰ, ਮ ਪ ਹ ਵ (ਮੇਲ) ਅਸ਼ਵਨੀ ਕੁਮਾਰ, ਮ ਪ ਹ ਵ (ਫ਼ੀਮੇਲ) ਗੁਰਮੀਤ ਕੌਰ ਹਾਜ਼ਰ ਸਨ।



# ਬਰਜਿੰਦਰ ਸਿੰਘ ਬਰਾੜ ਦੇ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ ਹੋਣ ਨਾਲ ਖੁਸ਼ੀ ਦੀ ਲਹਿਰ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**- ਧਰਮਕੋਟ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਧੜੱਲੇਦਾਰ ਅਤੇ ਸੁਲਝੇ ਹੋਏ ਆਗੂ ਸਵਰਗੀ ਜਥੇਦਾਰ ਤੋਤਾ ਸਿੰਘ ਜੋ ਕਿ ਪੰਜਾਬ ਦੇ ਖੇਤੀਬਾੜੀ ਮੰਤਰੀ ਸਨ, ਦੇ ਕਾਰਜ ਕਾਲ ਸਮੇਂ ਧਰਮਕੋਟ ਹਲਕੇ ਦਾ ਅਥਾਹ ਵਿਕਾਸ ਹੋਇਆ ਅਤੇ ਧਰਮਕੋਟ ਨੂੰ ਵੱਡੀਆਂ ਸਰਕਾਰੀ ਸਹੂਲਤਾਂ ਜਿਵੇਂ ਕਿ ਡਿਗਰੀ ਕਾਲਜ, ਤਹਿਸੀਲ ਕੰਪਲੈਕਸ, ਨਵੇਂ ਪਾਵਰ ਗ੍ਰੈਡ, ਸੜਕਾਂ ਤੋਂ ਇਲਾਵਾ ਹਲਕੇ ਦੇ ਪਿੰਡਾਂ ਦਾ ਚਾਹੁੰ ਮੁਖੀ ਵਿਕਾਸ, ਕਈ ਸਰਕਾਰੀ ਸਹੂਲਤਾਂ ਮੁਹੱਈਆ ਹੋਈਆਂ। ਉਹਨਾਂ ਦੇ ਇਸ ਦੁਨੀਆ ਤੋਂ ਰੁਖ਼ਸਤ ਹੋਣ ਤੋਂ ਬਾਅਦ ਆਪਸੀ ਮਨ ਮੁਟਾਵ ਕਰਨ ਉਹਨਾਂ ਦੇ ਲੜਕੇ ਬਰਜਿੰਦਰ ਸਿੰਘ ਬਰਾੜ ਪੁਨਰ ਸੁਰਜੀਤੀ ਪਾਰਟੀ ਵਿੱਚ ਸ਼ਾਮਲ ਹੋ ਗਏ। ਧਰਮਕੋਟ ਹਲਕੇ ਅੰਦਰ ਸ਼੍ਰੋਮਣੀ ਅਕਾਲੀ ਦਲ ਦਾ ਕੋਈ ਵੀ ਹਲਕਾ ਇੰਚਾਰਜ ਨਾ ਹੋਣ ਕਾਰਨ ਅਕਾਲੀ ਦਲ ਦੇ ਵਰਕਰ ਵੀ ਖੇਰੂ ਖੇਰੂ ਹੋ ਗਏ, ਜਿੱਥੇ ਮੱਖਣ ਬਰਾੜ ਵੱਲੋਂ ਪਿਛਲੇ ਕਈ ਸਾਲਾਂ ਤੋਂ ਹਲਕੇ ਅੰਦਰ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਪਾਰਟੀ ਦਾ ਪ੍ਰਚਾਰ ਕੀਤਾ ਜਾ ਰਿਹਾ ਸੀ ਅਤੇ ਮੈਡੀਕਲ ਕੈਂਪਸ ਲਗਾ ਕੇ ਗੁਰੂ ਘਰ ਲਈ ਲੰਗਰ ਭੇਜ ਕੇ ਵੱਖ ਵੱਖ ਪਿੰਡਾਂ ਦੇ ਹਰ ਘਰ ਵਿੱਚ ਦੁੱਖ ਸੁੱਖ ਸਮੇਂ ਹਾਜ਼ਰੀ ਯਕੀਨੀ ਬਣਾਈ ਗਈ ਸੀ ਉੱਥੇ ਹੀ ਸ਼੍ਰੋਮਣੀ ਅਕਾਲੀ ਦਲ ਬਾਦਲ ਦਾ ਪੂਰਾ ਦਾਰੋ ਮਦਾਰ ਹਲਕੇ ਦੇ ਮੁੱਖ ਤਿੰਨ ਆਗੂਆਂ ਗੁਰਮੇਲ ਸਿੰਘ ਸਿੱਧੂ ਧਰਮਕੋਟ, ਰਜਿੰਦਰ ਸਿੰਘ ਢੱਲਾ ਮੋਗਾ, ਨਿਹਾਲ ਸਿੰਘ ਭੁੱਲਰ ਤਲਵੰਡੀ ਭੰਗੇਰੀਆਂ ਦੇ ਮੋਢਿਆਂ ਉੱਪਰ ਸੀ, ਜਿਨ੍ਹਾਂ ਨੇ ਆਪਣੇ ਆਪਣੇ ਪੱਧਰ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਨੂੰ ਇੱਕ ਮਾਲਾ ਵਿੱਚ ਪਰੋ ਕੇ ਰੱਖਿਆ ਅਤੇ ਹਲਕਾ ਵਾਸੀਆਂ ਦੀ ਹਰ ਮੁਸੀਬਤ ਸਮੇਂ ਬਾਂਹ ਫੜੀ । ਬੀਤੇ ਦਿਨੀਂ ਬਰਾੜ ਵੱਲੋਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤੀ ਦੇ ਸਾਰੇ ਅਹੁਦਿਆਂ ਤੋਂ ਅਸਤੀਫਾ ਦੇ ਦਿੱਤਾ ਗਿਆ ਅਤੇ ਉਹ ਸ਼੍ਰੋਮਣੀ ਅਕਾਲੀ ਦਲ ਬਾਦਲ ਵਿੱਚ ਸ਼ਾਮਿਲ ਹੋ ਗਏ। ਉਹਨਾਂ ਨੂੰ ਸੁਖਬੀਰ ਸਿੰਘ ਬਾਦਲ ਵੱਲੋਂ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਕੀਤਾ ਗਿਆ। ਉਹਨਾਂ ਦੇ ਘਰ ਵਾਪਸੀ ਨਾਲ ਉਹਨਾਂ ਨੂੰ ਅਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਦੋਹਰਾ ਫਾਇਦਾ ਹੋਇਆ ਹੈ ਸ਼੍ਰੋਮਣੀ ਅਕਾਲੀ ਦਲ ਦੇ ਪੱਕੇ ਵੋਟਰ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਵਰਕਰ ਅਤੇ ਸੀਨੀਅਰ ਆਗੂ ਜੋ ਉਹਨਾਂ ਦੇ ਨਾਲ ਕਈ ਸਾਲਾਂ ਤੋਂ ਚੱਲ ਰਹੇ ਸਨ ਉਹ ਵੀ ਸ਼੍ਰੋਮਣੀ ਅਕਾਲੀ ਦਲ ਵਿੱਚ ਆ ਗਏ। ਉਹਨਾਂ ਦੀ ਘਰ ਵਾਪਸੀ ਨਾਲ ਹਲਕੇ ਅੰਦਰ ਜਿੱਥੇ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਉਥੇ ਹੀ ਹਲਕੇ ਦੀ ਰਾਜਨੀਤੀ ਵਿੱਚ ਵੀ ਵੱਡਾ ਧਮਾਕਾ ਹੋਇਆ ਹੈ ਅਤੇ ਬਰਜਿੰਦਰ ਸਿੰਘ ਬਰਾੜ ਸ਼੍ਰੋਮਣੀ ਅਕਾਲੀ ਦਲ ਬਾਦਲ ਵਿੱਚ ਆਉਂਦਿਆਂ ਹੀ ਇੱਕ ਮਜ਼ਬੂਤ ਰਾਜਨੀਤਿਕ ਆਗੂ ਦੇ ਰੂਪ ਵਿੱਚ ਹਲਕਾ ਵਾਸੀਆਂ ਨੂੰ ਮਿਲੇ ਹਨ।



## ਚੰਗੀ ਸਿਹਤ ਲਈ ਸਵੇਰ ਦੀ ਸੈਰ ਜ਼ਰੂਰੀ : ਗੋਗੀਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਵਿਸ਼ਵ ਸਿਹਤ ਦਿਵਸ ਮੌਕੇ ਗਿਆਨ ਜਯੋਤੀ ਐਜੂਕੇਸ਼ਨ ਸੋਸਾਇਟੀ (ਰਜਿ.) ਪਟਿਆਲਾ ਵੱਲੋਂ ਉਪਕਾਰ ਸਿੰਘ ਦੀ ਅਗਵਾਈ ਹੇਠ ਨਹਿਰੂ ਪਾਰਕ ਵਿੱਚ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਮੌਕੇ ਮੋਰਨਿੰਗ ਕਲੱਬ ਅਤੇ ਸੈਰ ਪ੍ਰੇਮੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਪ੍ਰੋਗਰਾਮ ਦੀ ਪ੍ਰਧਾਨਗੀ ਸ਼ਹਿਰ ਦੇ ਮੇਅਰ ਕੁੰਦਨ ਗੋਗੀਆ ਨੇ ਕੀਤੀ, ਜਦਕਿ ਦੇਵ ਰਾਜ ਨੇ ਸਮਾਗਮ ਦੀ ਅਗਵਾਈ ਕੀਤੀ ਤੇ ਲਖਵਿੰਦਰ ਸਿੰਘ ਲੱਖਾ (ਸਾਬਕਾ ਡਿਪਟੀ ਡਾਇਰੈਕਟਰ) ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਮੋਰਨਿੰਗ ਕਲੱਬ ਵੱਲੋਂ ਮੁੱਖ ਮਹਿਮਾਨ ਦਾ ਸਨਮਾਨ ਬੂਕੇ ਭੇਟ ਕਰਕੇ ਕੀਤਾ ਗਿਆ।ਮੇਅਰ ਕੁੰਦਨ ਗੋਗੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਚੰਗੀ ਸਿਹਤ ਲਈ ਸਵੇਰੇ ਦੀ ਸੈਰ, ਯੋਗ ਅਤੇ ਕੁਦਰਤ ਨਾਲ ਜੁੜਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਘਾਹ 'ਤੇ ਨੰਗੇ ਪੈਰ ਤੁਰਨ, ਨਿਯਮਿਤ ਵਿਆਯਾਮ ਕਰਨ ਅਤੇ ਸਰੀਰਕ, ਮਾਨਸਿਕ ਤੇ ਸਮਾਜਿਕ ਸੰਤੁਲਨ ਬਣਾਈ ਰੱਖਣ ਲਈ ਸਿਹਤਮੰਦ ਜੀਵਨਸ਼ੈਲੀ ਅਪਣਾਉਣ। ਲਖਵਿੰਦਰ ਸਿੰਘ ਲੱਖਾ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਅਸਲ ਖੁਸ਼ਹਾਲੀ ਉਸੇ ਨੂੰ ਮਿਲਦੀ ਹੈ ਜਿਸਦਾ ਸਰੀਰਕ, ਮਾਨਸਿਕ, ਸਮਾਜਿਕ ਅਤੇ ਪਰਿਵਾਰਕ ਜੀਵਨ ਸੰਤੁਲਿਤ ਹੋਵੇ ਅਤੇ ਜਿਸ ਨੂੰ ਮਨ ਦੀ ਸ਼ਾਂਤੀ ਅਤੇ ਸੰਤੁਸ਼ਟੀ ਪ੍ਰਾਪਤ ਹੋਵੇ।ਇਸ ਮੌਕੇ ਰਾਜ ਕੁਮਾਰ, ਦੀਪਕ ਕਪੂਰ, ਟੋਨੀ, ਸੋਢੀ ਤੇ ਹੋਰ ਸੈਰ ਪ੍ਰੇਮੀ ਵੀ ਮੌਜੂਦ ਰਹੇ।

# ਛੱਤੇਆਣਾ ਵਿਖੇ ਫੁੱਟਬਾਲ ਟੂਰਨਾਮੈਂਟ ਸ਼ਾਨੋ-ਸ਼ੌਕਤ ਨਾਲ ਸੰਪੰਨ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**- ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਪਿੰਡ ਛੱਤਿਆਣਾ ਵਿਖੇ ਨੈਸ਼ਨਲ ਸਪੋਰਟਸ ਕਲੱਬ ਵੱਲੋਂ ਪਿੰਡ ਦੀ ਸਮੂਹ ਗ੍ਰਾਮ ਪੰਚਾਇਤ ਲੋਕਲ ਕਮੇਟੀ ਕਿਸਾਨ ਯੂਨੀਅਨ ਐਨ ਆਰ ਆਈ ਵੀਰ, ਸਮੂਹ ਖਿਡਾਰੀਆਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਤਿੰਨ ਰੋਜ਼ਾ ਡੇ ਨਾਈਟ ਓਪਨ ਫੁੱਟਬਾਲ ਟੂਰਨਾਮੈਂਟ ਸਰਕਾਰੀ ਹਾਈ ਸਕੂਲ ਦੇ ਖੇਡ ਗਰਾਉਂਡ ਵਿੱਚ ਕਰਵਾਇਆ । ਟੂਰਨਾਮੈਂਟ ਦਾ ਪਹਿਲਾ ਇਨਾਮ ਪ੍ਰਦੀਪ ਸਿੰਘ ਬਰਾੜ ਕਨੇਡਾ ਪੁੱਤਰ ਗੁਰਦੀਪ ਸਿੰਘ ਬਰਾੜ ਸਾਬਕਾ ਮੈਂਬਰ ਵਲੋਂ ਸਾਬਕਾ ਖਿਡਾਰੀ ਸਵ. ਕੁਲਦੀਪ ਸਿੰਘ ਬਰਾੜ ਦੀ ਯਾਦ ਵਿਚ ਦਿੱਤਾ, ਦੂਸਰਾ ਇਨਾਮ ਸ਼ਨੀ ਸੰਧੂ ਅਤੇ ਮੰਗੂ ਸੰਧੂ ਕਨੇਡਾ ਦੇ ਪਰਵਾਰ ਵਲੋਂ ਸਵ. ਜਗਜੀਤ ਸਿੰਘਪ੍ਰਧਾਨ ਦੀ ਯਾਦ ਵਿਚ ਦਿੱਤਾ ਅਤੇ ਤੀਸਰਾ ਅਤੇ ਚੌਥਾ ਇਨਾਮ ਦੇ ਨਾਲ ਵਧੀਆ ਖਿਡਾਰੀਆਂ ਨੂੰ ਸਾਈਕਲ ਨਾਲ ਸਨਮਾਨ ਕਰਮਦੀਪ ਸਿੰਘ ਯੂ ਐਸ ਏ ਵੱਲੋਂ ਦਿੱਤਾ ਗਿਆ। ਮਾਸਟਰ ਰਵਿੰਦਰ ਸਿੰਘ ਬਰਾੜ, ਗੈਰੀ ਕਨੇਡਾ, ਡਾ. ਪਰਮਿੰਦਰ ਸਿੰਘ ਮੰਗੇੜਾ, ਪ੍ਰਿੰਸੀਪਲ ਪ੍ਰਵੀਨ ਪੁਰੀ, ਪ੍ਰਧਾਨ ਜਗਜੀਤ ਡੱਲੇਵਾਲ, ਅਜੈਪਾਲ ਬਰਾੜ ਪ੍ਰਧਾਨ ਮਿਸਲ ਸਤਲੁਜ ਨੇ ਵਿਸ਼ੇਸ਼ ਸਹਿਯੋਗ ਦਿੱਤਾ । ਪ੍ਰਬੰਧਕਾਂ ਨੇ ਦੱਸਿਆ ਕਿ



ਟੂਰਨਾਮੈਂਟ ਵਿੱਚ ਕੁੱਲ 32 ਟੀਮਾਂ ਨੇ ਭਾਗ ਲਿਆ ਜਿਨਾਂ ਵਿੱਚੋਂ ਉਦੇਕਰਨ ਦੀ ਟੀਮ ਨੇ ਪਹਿਲਾ ਸਥਾਨ, ਗੁਰੂ ਕਾਸ਼ੀ ਯੂਨੀਵਰਸਿਟੀ ਦੀ ਟੀਮ ਨੇ ਦੂਸਰਾ ਸਥਾਨ, ਪਿੰਡ ਆਲਮ ਵਾਲਾ ਦੀ ਟੀਮ ਨੇ ਤੀਜਾ ਸਥਾਨ ਅਤੇ ਸੋਥਾ ਦੀ ਟੀਮ ਨੇ ਚੌਥਾ ਸਥਾਨ ਹਾਸਲ ਕੀਤਾ । ਟੂਰਨਾਮੈਂਟਦੇ ਆਕਾਸ਼ ਉਦੇਕਰਨ ਤੇ ਪਿੱਕਾ ਗੁਰੂ ਕਾਸ਼ੀ ਯੂਨੀਵਰਸਿਟੀ ਵਧੀਆ ਖਿਡਾਰੀ ਚੁਣੇ ਗਏ ।ਪਿੰਡਦੇ ਵਧੀਆ ਖਿਡਾਰੀ ਵਿਪਨ ਬਰਾੜ ਨੂੰ ਸਮਾਰਟ ਵਾਚ ਨਾਲ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਪ੍ਰਧਾਨ ਗੁਰਪ੍ਰੀਤ ਸਿੰਘ ਬਰਾੜ , ਤੇਜਿੰਦਰ ਸਿੰਘ ਮਹਾਸ਼ਾ, ਨਿੰਮਾ ਮਾਨ, ਲਵਪ੍ਰੀਤ ਮਾਨ, ਵਿਪਨ ਬਰਾੜ, ਹਰਪ੍ਰੀਤ ਮਾਨ,ਜੋਤਾ ਮਾਨ, ਮੱਖਣ ਸਿੰਘ, ਹਰਪ੍ਰੀਤ, ਗੁਰਦੀਪ ਸਿੰਘ, ਬੱਬੀ, ਬੱਗੀ ਬਰਾੜ, ਗੁਰਦੀਪ ਬਰਾੜ, ਗੁਰਸੇਵਕ ਮਾਨ, ਦੀਪਾ ਬਰਾੜ, ਗੁਰਪ੍ਰੀਤ ਸਿੰਘ, ਬਿੰਦਰ ਮਾਨ, ਦਵਿੰਦਰ ਸਿੰਘ ਤੋਂ ਇਲਾਵਾ ਸਮੂਹ ਖਿਡਾਰੀਆਂ ਦਾ ਵਿਸ਼ੇਸ਼ ਸਹਿਯੋਗ ਰਿਹਾ ।

# ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਵੱਲੋਂ ਕਟਾਣਾ ਸਾਹਿਬ ਦੀ ਧਾਰਮਿਕ ਯਾਤਰਾ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**- ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਮਾਛੀਵਾੜਾ ਵੱਲੋਂ ਕਟਾਣਾ ਸਾਹਿਬ ਵਿਖੇ ਧਾਰਮਿਕ ਯਾਤਰਾ ਕੀਤੀ ਗਈ। ਇਹ ਯਾਤਰਾ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜਨਮਦਿਨ ਦੇ ਪਵਿੱਤਰ ਮੌਕੇ ਨੂੰ ਸਮਰਪਿਤ ਸੀ, ਜਿਸ ਨਾਲ ਸਮੂਹ ਮਾਹੌਲ ਭਗਤੀ ਅਤੇ ਸ਼ਰਧਾ ਨਾਲ ਭਰਿਆ ਹੋਇਆ ਸੀ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਆਧਿਆਤਮਿਕ ਮਾਹੌਲ ਦਾ ਆਨੰਦ ਮਾਣਿਆ। ਵਿਦਿਆਰਥੀਆਂ ਨੇ ਗੁਰਦੁਆਰਾ ਸਾਹਿਬ ਵਿਖੇ ਬੈਠ ਕੇ ਸ਼ਰਧਾ ਨਾਲ ਪਾਠ ਕੀਤਾ ਅਤੇ ਵਾਹਿਗੁਰੂ ਦਾ ਸਿਮਰਨ ਕੀਤਾ। ਇਸ ਯਾਤਰਾ ਦਾ ਮੁੱਖ ਉਦੇਸ਼ ਬੱਚਿਆਂ 'ਚ ਧਾਰਮਿਕ ਅਤੇ ਨੈਤਿਕ ਮੁੱਲਾਂ ਨੂੰ ਮਜ਼ਬੂਤ ਕਰਨਾ ਸੀ। ਸਕੂਲ ਦੀ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਨੇ ਬੱਚਿਆਂ ਨੂੰ ਸੇਵਾ, ਨਿਮਰਤਾ ਅਤੇ ਅਨੁਸ਼ਾਸਨ ਦੀ ਮਹੱਤਤਾ ਬਾਰੇ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਧਾਰਮਿਕ ਦੌਰੇ ਵਿਦਿਆਰਥੀਆਂ ਦੇ ਸਰਵੋਤਮ ਵਿਕਾਸ 'ਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।



# ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਸੋਢੇਵਾਲਾ ਵਿਖੇ ਜਾਗਰੂਕਤਾ ਪ੍ਰੋਗਰਾਮ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਵਿਸ਼ਵ ਸਿਹਤ ਦਿਵਸ ਦੇ ਮੌਕੇ 'ਤੇ ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਸੋਢੇਵਾਲਾ ਫਿਰੋਜ਼ਪੁਰ ਵਿਖੇ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਲੋਕਾਂ ਨੂੰ ਦੇ ਸਿਹਤ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਅਤੇ ਸਿਹਤਮੰਦ ਜੀਵਨ ਜਿਉਣ ਲਈ ਪ੍ਰੇਰਿਤ ਕਰਨਾ ਸੀ। ਧਰਮਪਾਲ ਬਾਸਲ (ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ ਫਿਰੋਜ਼ਪੁਰ ਅਤੇ ਹਾਰਮਨੀ ਵਨਿਅਮ, ਹਾਰਮਨੀ ਆਯੁਰਵੈਦਿਕ ਕਾਲਜ) ਵੱਲੋਂ ਕਿਹਾ ਗਿਆ ਕਿ ਨਰਸਿੰਗ ਵਿਦਿਆਰਥੀਆਂ ਦਾ ਫਰਜ਼ ਸਿਰਫ਼ ਹਸਪਤਾਲ ਤੱਕ ਸੀਮਿਤ ਨਹੀਂ, ਸਗੋਂ ਸਮਾਜ ਵਿਚ ਸਿਹਤ ਸੇਵਾਵਾਂ ਬਾਰੇ ਜਾਗਰੂਕਤਾ ਫੈਲਾਉਣਾ ਵੀ ਉਨ੍ਹਾਂ ਦੀ ਜ਼ਿੰਮੇਵਾਰੀ ਹੈ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਅਤੇ ਸਟਾਫ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ। ਨਰਸਿੰਗ ਵਿਦਿਆਰਥੀਆਂ ਵੱਲੋਂ ਡੋਰ-ਟੂ-ਡੋਰ ਮੁਹਿੰਮ ਚਲਾਈ ਗਈ, ਜਿਸ ਦੌਰਾਨ ਉਹਨਾਂ ਨੇ ਘਰ-ਘਰ ਜਾ ਕੇ ਲੋਕਾਂ ਨੂੰ ਸਿਹਤ ਨਾਲ ਜੁੜੀਆਂ ਜ਼ਰੂਰੀ ਜਾਣਕਾਰੀਆਂ ਦਿੱਤੀਆਂ। ਵਿਦਿਆਰਥੀਆਂ ਨੇ ਲੋਕਾਂ ਨੂੰ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਸਿਹਤ ਸਭ ਤੋਂ ਵੱਡੀ ਦੌਲਤ ਹੈ, ਪਰ ਬਦਲਦੇ ਜੀਵਨ ਢੰਗ ਅਤੇ ਗਲਤ ਖਾਣ-ਪੀਣ ਕਾਰਨ ਲੋਕਾਂ ਦੀ ਸਿਹਤ ਤੇ ਨਕਾਰਾਤਮਕ ਅਸਰ ਪੈ ਰਿਹਾ ਹੈ। ਵਿਦਿਆਰਥੀਆਂ ਨੇ ਚਾਰਟ ਅਤੇ ਪੋਸਟਰ ਤਿਆਰ ਕਰਕੇ ਲੋਕਾਂ ਨੂੰ ਸੰਤੁਲਿਤ ਆਹਾਰ, ਸਾਫ਼-ਸਫਾਈ ਅਤੇ ਨਿਯਮਿਤ ਕਸਰਤ ਦੀ ਮਹੱਤਤਾ ਬਾਰੇ ਸਮਝਾਇਆ। ਕਾਲਜ ਪ੍ਰਬੰਧਕਾਂ ਨੇ ਵੀ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਸਮਾਜ ਵਿਚ ਜਾਗਰੂਕਤਾ ਫੈਲਾਉਣ ਲਈ ਬਹੁਤ ਲਾਭਦਾਇਕ ਹੁੰਦੇ ਹਨ। ਇਸ ਪ੍ਰੋਗਰਾਮ ਵਿਚ ਸਾਰੇ ਸਟਾਫ ਦਾ ਪੂਰਾ ਯੋਗਦਾਨ ਰਿਹਾ।



## ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਪਲੇਸਮੈਂਟ ਅੱਜ

**ਮਾਨਸਾ (ਆਤਮਾ ਸਿੰਘ ਪਮਾਰ)**- ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਮਾਨਸਾ ਵਿਖੇ 9 ਅਪ੍ਰੈਲ ਨੂੰ ਐੱਲ ਆਈ ਸੀ ਆਫ਼ ਇੰਡੀਆਂ ਵੱਲੋਂ ਇੰਸ਼ੋਰੈਂਸ ਐਡਵਾਇਜ਼ਰ ਦੀ ਭਰਤੀ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈਣ ਲਈ ਪ੍ਰਾਰਥੀ ਦੀ ਘੱਟੋ ਘੱਟ ਯੋਗਤਾ ਦਸਵੀਂ ਪਾਸ ਹੋਣੀ ਚਾਹੀਦੀ ਹੈ ਤੇ ਕੈਂਪ ਵਿੱਚ ਲੜਕੇ ਤੇ ਲੜਕੀਆਂ ਦੋਵੇਂ ਹੀ ਭਾਗ ਲੈ ਸਕਦੇ ਹਨ।ਉਨ੍ਹਾਂ ਦੱਸਿਆ ਕਿ ਪ੍ਰਾਰਥੀ ਦੀ ਉਮਰ ਸੀਮਾ 20 ਤੋਂ 45 ਸਾਲ ਤੱਕ ਹੋਣੀ ਚਾਹੀਦੀ ਹੈ। ਚਾਹਵਾਨ ਪ੍ਰਾਰਥੀ ਆਪਣੀ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਅਤੇ ਯੋਗਤਾ ਦਾ ਵੇਰਵਾ (ਰਜ਼ਿਊਮ) ਲੈ ਕੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਨੇੜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੇਵਾ ਕੇਂਦਰ ਦੀ ਪਹਿਲੀ ਮੰਜ਼ਿਲ 'ਤੇ) ਕੈਂਪ ਵਾਲੇ ਦਿਨ ਸਵੇਰੇ 10:30 ਵਜੇ ਪਹੁੰਚਣ।ਚੁਣੇ ਗਏ ਪ੍ਰਾਰਥੀ ਨੂੰ ਤਨਖਾਹ 8000/-ਰੁਪਏ ਦੇ ਕਰੀਬ ਮਿਲਣਯੋਗ ਹੋਵੇਗੀ।

## ਪੰਜਾਬ ਸਰਕਾਰ ਤੁਰੰਤ ਗਿਰਦਾਵਰੀ ਕਰਵਾ ਕੇ ਪੀੜਤ ਕਿਸਾਨਾਂ ਨੂੰ ਯੋਗ ਮੁਆਵਜ਼ਾ ਜਾਰੀ ਕਰੇ : ਘਨੌਰੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਬੇਮੌਸਮੀ ਭਾਰੀ ਬਾਰਸ਼ ਅਤੇ ਗੜੇਮਾਰੀ ਦੀ ਮਾਰ ਹੇਠ ਆਈ ਕਣਕ ਦੀ ਫਸਲ ਦੇ ਹੋਏ ਨੁਕਸਾਨ ਦੀ ਤੁਰੰਤ ਗਿਰਦਾਵਰੀ ਕਰਵਾ ਕੇ ਪੰਜਾਬ ਸਰਕਾਰ ਪੀੜਤ ਕਿਸਾਨ ਪਰਵਾਰਾਂ ਨੂੰ ਯੋਗ ਮੁਆਵਜ਼ਾ ਜਾਰੀ ਕਰੇ । ਇਹ ਮੰਗ ਸੀਨੀਅਰ ਭਾਜਪਾ ਆਗੂ ਬੀਬੀ ਹਰਚੰਦ ਕੌਰ ਘਨੌਰੀ ਸਾਬਕਾ ਵਿਧਾਇਕਾ ਨੇ ਕੀਤੀ। ਉਨ੍ਹਾਂ ਕਿਹਾ ਕਿ ਸੂਬੇ ਦਾ ਕਿਸਾਨ ਪਹਿਲਾਂ ਹੀ ਆਰਥਿਕ ਮੰਦਹਾਲੀ ਦਾ ਸਾਹਮਣਾ ਕਰ ਰਿਹਾ ਹੈ। ਖੇਤੀਬਾੜੀ ਲਈ ਲੋੜੀਂਦੀਆਂ ਵਸਤਾਂ ਦੇ ਭਾਅ ਅਸਮਾਨੀ ਛੋਹ ਜਾਣ ਕਰਕੇ ਆਮਦਨ ਨਾਲੋਂ ਖਰਚਾ ਮੂਹਰੇ ਲੰਘ ਰਿਹਾ ਹੈ। ਖੇਤੀ ਹੁਣ ਲਾਹੇਵੰਦਾਂ ਧੰਦਾ ਨਹੀਂ ਰਿਹਾ। ਉਪਰੋਂ ਕੁਦਰਤੀ ਕਰੋਪੀ ਕਾਰਨ ਪੱਕੀ ਖੜ੍ਹੀ ਕਣਕ ਦੀ ਫਸਲ ਉਪਰ ਤੇਜ਼ ਮੀਂਹ ਅਤੇ ਗੜੇਮਾਰੀ ਦੇ ਕਹਿਰ ਨੇ ਕਿਸਾਨਾਂ ਦਾ ਲੱਕ ਤੋੜ ਦਿੱਤਾ ਹੈ। ਬੀਬੀ ਘਨੌਰੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਾਸੋਂ ਪੀੜਤ ਕਿਸਾਨ ਪਰਵਾਰਾਂ ਲਈ ਤੁਰੰਤ ਯੋਗ ਮੁਆਵਜ਼ੇ ਦੀ ਮੰਗ ਕੀਤੀ ਹੈ। ਬੀਬੀ ਘਨੌਰੀ ਨੇ ਕੇਂਦਰ ਦੀ ਸਰਕਾਰ ਵੱਲੋਂ ਕਿਸਾਨਾਂ ਦੀ ਭਲਾਈ ਲਈ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜ਼ਿਕਰ ਕਰਦਿਆ ਹਰ ਵਰਗ ਦੇ ਲੋਕਾਂ ਨੂੰ ਭਾਜਪਾ ਦੀ ਅਗਵਾਈ ਹੇਠ ਲਾਮਬੰਦ ਹੋਣ ਦੀ ਅਪੀਲ ਕੀਤੀ ਹੈ।

# ਗੜੇਮਾਰੀ ਕਾਰਨ ਬਰਬਾਦ ਹੋਈ ਫਸਲ 'ਤੇ ਅਕਾਲੀ ਦਲ ਪ੍ਰੋਗਰਾਮ ਤੈਅ ਕਰੇਗਾ : ਸੁਖਬੀਰ ਬਾਦਲ

**ਬੁਢਲਾਡਾ, (ਅਸ਼ੋਕ ਲਾਕੜਾ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਗੜੇਮਾਰੀ ਕਾਰਨ ਕਿਸਾਨਾਂ ਦੀ 1.25 ਏਕੜ ਜ਼ਮੀਨ ਵਿਚ ਕਣਕ ਦੀ ਫਸਲ ਤਬਾਹ ਹੋ ਗਈ ਹੈ ਤੇ ਇਹਨਾਂ ਕਿਸਾਨਾਂ ਦੀ ਮਦਦ ਵਾਸਤੇ ਅਕਾਲੀ ਦਲ ਪ੍ਰੋਗਰਾਮ ਤੈਅ ਕਰੇਗਾ ਜਦੋਂ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਕਿਸਾਨਾਂ ਨੂੰ ਉਹਨਾਂ ਦੇ ਹਾਲ 'ਤੇ ਛੱਡ ਦਿੱਤਾ ਹੈ। ਅੱਜ ਇਥੇ ਪੰਜਾਬ ਬਚਾਓ ਮੁਹਿੰਮ ਦੇ ਤਹਿਤ ਹਲਕਾ ਇੰਚਾਰਜ ਡਾ. ਨਿਸ਼ਾਨ ਸਿੰਘ ਦੇ ਨਾਲ ਮਿਲ ਕੇ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਅਸੀਂ ਪ੍ਰੋਗਰਾਮ ਬਣਾ ਰਹੇ ਹਾਂ ਕਿ ਪ੍ਰਭਾਵਤ ਕਿਸਾਨਾਂ ਨੂੰ ਕਣਕ ਦੇ ਨਾਲ-ਨਾਲ ਪਸ਼ੂਆਂ ਲਈ ਹਰਾ ਤੇ ਸੁੱਕਾ ਚਾਰਾ ਪ੍ਰਦਾਨ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਉਹਨਾਂ ਨੇ ਭਲਕੇ ਚੰਡੀਗੜ੍ਹ ਵਿਚ ਜ਼ਿਲ੍ਹਾ ਪ੍ਰਧਾਨਾਂ ਤੇ ਹਲਕਾ ਇੰਚਾਰਜਾਂ ਦੀ ਮੀਟਿੰਗ ਸੱਦੀ ਹੈ ਜਿਸ ਵਿਚ ਸਾਰੇ ਪ੍ਰੋਗਰਾਮ ਦੀ ਰੂਪ ਰੇਖਾ ਤੈਅ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਸਾਨਾਂ ਨੂੰ ਵਿਸਾਰ ਦਿੱਤਾ ਹੈ ਅਤੇ ਕਿਸਾਨਾਂ ਨੂੰ ਪਿਛਲੇ ਸਾਲ ਆਏ ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਹਾਲੇ ਤੱਕ ਮੁਆਵਜ਼ਾ ਨਹੀਂ ਮਿਲਿਆ। ਉਹਨਾਂ ਕਿਹਾ ਕਿ ਹੁਣ ਬੇਮੌਸਮੀ ਬਰਸਾਤਾਂ ਤੇ ਗੜ੍ਹਮਾਰੀ ਦੇ ਕਾਰਨ 1.25 ਲੱਖ ਏਕੜ ਜ਼ਮੀਨ ਵਿਚ ਕਣਕ ਦੀ ਫਸਲ ਤਬਾਹ ਹੋ ਗਈ ਹੈ ਪਰ ਸਰਕਾਰ ਨੇ ਕਿਸਾਨਾਂ ਨੂੰ ਹਾਲੇ ਤੱਕ ਫੌਰੀ ਮੁਆਵਜ਼ਾ ਨਹੀਂ ਦਿੱਤਾ ਹਾਲਾਂਕਿ ਆਮ ਆਦਮੀ ਪਾਰਟੀ ਨੇ ਇਸ ਦਾ ਵਾਅਦਾ ਕੀਤਾ ਸੀ। ਬਾਦਲ ਨੇ ਕਿਹਾ ਕਿ ਭਾਵੇਂ ਇਹ ਸਪਸ਼ਟ ਹੈ ਕਿ ਆਪ ਦੇ 2014 ਵਿਚ ਪੰਜਾਬ ਵਿਚ ਦਾਖਲੇ ਤੋਂ ਬਾਅਦ ਹੀ ਬੇਅਦਬੀ ਦੀਆਂ ਘਟਨਾਵਾਂ ਸ਼ੁਰੂ ਹੋਈਆਂ, ਮੁੱਖ ਮੰਤਰੀ ਅੱਜ ਦਾਅਵਾ ਕਰ ਰਹੇ ਹਨ ਕਿ ਮੈਂ ਬੇਅਦਬੀਆਂ ਦਾ ਦੋਸ਼ੀ ਹਾਂ। ਜੇਕਰ ਅਜਿਹਾ ਹੈ ਤਾਂ ਫਿਰ ਸਰਕਾਰ ਮੇਰੇ ਖਿਲਾਫ ਕੇਸ ਕਿਉਂ ਨਹੀਂ ਦਰਜ ਕਰਦੀ ਹੈ ? ਉਹਨਾਂ ਕਿਹਾ ਕਿ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਮੁੱਖ ਮੰਤਰੀ ਦੀ ਬੋਲੀ ਬੋਲ ਰਹੇ ਹਨ। ਅਕਾਲੀ ਦਲ ਦੇ ਪ੍ਰਧਾਨ ਨੇ ਇਹ ਵੀ ਐਲਾਨ ਕੀਤਾ ਕਿ ਨੌਜਵਾਨਾਂ ਨੂੰ ਵਿਆਜ ਮੁਕਤ 10 ਲੱਖ ਰੁਪਏ ਤੱਕ ਦਾ ਕਰਜ਼ਾ ਦਿੱਤਾ ਜਾਵੇਗਾ ਅਤੇ ਆਟਾ ਦਾਲ ਸਕੀਮ ਮੁੜ ਸ਼ੁਰੂ ਕੀਤੀ ਜਾਵੇਗੀ ਤੇ ਬੁਢਾਪਾ ਪੈਨਸ਼ਨ ਵਧਾ ਕੇ 3100 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇਗੀ ਅਤੇ ਸ਼ਗਨ ਸਕੀਮ ਦੀ ਰਾਸ਼ੀ ਵਧਾ ਕੇ 1 ਲੱਖ ਰੁਪਏ ਕੀਤੀ ਜਾਵੇਗੀ।ਇਸ ਮੌਕੇ ਬਠਿੰਡਾ ਦੇ ਐਮ ਪੀ ਹਰਸਿਮਰਤ ਕੌਰ ਬਾਦਲ ਨੇ ਦੱਸਿਆ ਕਿ ਕਿਵੇਂ ਅਕਾਲੀ ਦਲ ਦੀ ਸਰਕਾਰ ਨੇ ਇਕੱਲੇ ਬੁਢਲਾਡਾ ਵਿਚ ਸਿੰਜਾਈ ਸਹੂਲਤਾਂ 'ਤੇ 800 ਕਰੋੜ ਰੁਪਏ ਖਰਚ ਕੀਤੇ ਹਨ। ਉਹਨਾਂ ਇਹ ਵੀ ਕਿਹਾ ਕਿ ਆਪ ਸਰਕਾਰ ਕਿਸਾਨਾਂ ਨੂੰ ਮੁਆਵਜ਼ਾ ਦੇਣ ਵਿਚ ਨਾਕਾਮ ਰਹੀ ਹੈ। ਇਸ ਮੌਕੇ ਬਲਵਿੰਦਰ ਸਿੰਘ ਭੂੰਦੜ ਸਕੱਤਰ ਜਨਰਲ, ਪ੍ਰੇਮ ਕੁਮਾਰ ਅਰੋੜਾ, ਡਾ ਨਿਸ਼ਾਨ ਸਿੰਘ, ਜਤਿੰਦਰ ਸਿੰਘ ਸੋਢੀ, ਕਰਮਜੀਤ ਕੌਰ ਸਮਾਓ, ਸ਼ਹਿਰੀ ਪ੍ਰਧਾਨ ਕਰਮਜੀਤ ਸਿੰਘ ਮਾਘੀ, ਜਥੇਦਾਰ ਤਾਰਾ ਸਿੰਘ ਵਿਰਦੀ, ਜਗਤਾਰ ਸਿੰਘ ਗੁਰਨੇ ਕਲਾਂ, ਤਨਜੋਤ ਸਿੰਘ ਸਾਹਨੀ, ਜਸਵੀਰ ਸਿੰਘ ਜੱਸੀ, ਚਰਨਜੀਤ ਸਿੰਘ ਝਲਬੂਟੀ, ਸਾਬਕਾ ਕੌਂਸਲਰ ਗੁਰਵਿੰਦਰ ਸਿੰਘ ਸੋਨੂੰ, ਸੁਰਜੀਤ ਸਿੰਘ ਟੀਟਾ ਸ਼ਾਮਲ ਸਨ।



# ਵਿਦਾਇਗੀ ਪਾਰਟੀ ਮੌਕੇ ਐੱਸ ਐੱਸ ਕਾਲਜ 'ਚ ਬਿਤਾਏ ਪਲਾਂ ਨੂੰ ਕੀਤਾ ਯਾਦ



**ਭੀਖੀ (ਧਰਮਵੀਰ ਸ਼ਰਮਾ)**- ਐੱਸ. ਐੱਸ. ਕਾਲਜ ਆਫ ਐਜੂਕੇਸ਼ਨ ਭੀਖੀ ਦੇ ਸਮਾਰਟ ਆਡੀਟੋਰੀਅਮ ਵਿਖੇ ਡੀ.ਐੱਲ.ਈ.ਡੀ. ਸੈਸ਼ਨ 2023-25 ਦੇ ਵਿਦਿਆਰਥੀਆਂ ਦੀ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਡੀ.ਐੱਲ.ਈ.ਡੀ. ਸੈਸ਼ਨ 2025-27 ਦੇ ਬੱਚਿਆ ਨੇ ਮੇਜ਼ਬਾਨੀ ਕੀਤੀ।ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਹਰਪ੍ਰੀਤ ਸਿੰਘ ਭੁੱਲਰ ਤੇ ਸ੍ਰ. ਸਤਿੰਦਰ ਸਿੰਘ ਨੇ ਸ਼ਿਰਕਤ ਕੀਤੀ।ਇਸ ਦੌਰਾਨ ਗੁਰਜੋਬਨ ਸਿੰਘ, ਅਨਮੋਲਪ੍ਰੀਤ ਸਿੰਘ, ਸਰਬਜੀਤ ਸਿੰਘ, ਸੁਖਦੀਪ ਸਿੰਘ ਤੇ ਹੋਰ ਵਿਦਿਆਰਥੀਆਂ ਨੇ ਭੰਗੜੇ ਦੀ ਸਕਿੱਟ ਪੇਸ਼ ਕੀਤੀ।ਸੁਖਪ੍ਰੀਤ ਕੌਰ, ਸ਼ੁਭਦੀਪ ਕੌਰ ਅਤੇ ਹੋਰ ਵਿਦਿਆਰਥੀ ਨੇ ਤਮਾਸ਼ਾ ਪੇਸ਼ ਕੀਤਾ ਤੇ ਪ੍ਰਭਦੀਪ ਕੌਰ, ਰਾਜਵੀਰ ਕੌਰ, ਕੁਲਵੀਰ ਕੌਰ, ਰੁਪਿੰਦਰ ਕੌਰ, ਕਮਲਜੀਤ ਕੌਰ, ਪੂਜਾ ਰਾਣੀ, ਪਰਮਜੀਤ ਕੌਰ, ਕਰਮਦੀਪ ਕੌਰ, ਸੇਜਲ ਰਾਣੀ, ਗਗਨਦੀਪ ਕੌਰ, ਹਰਪ੍ਰੀਤ ਕੌਰ ਆਦਿ ਨੇ ਪੰਜਾਬੀ ਵਿਰਸੇ ਨਾਲ ਸਬੰਧਿਤ ਗਿੱਧਾ ਪੇਸ਼ ਕੀਤਾ।ਬੀ. ਐੱਡ ਸੈਸ਼ਨ 2024-26 ਦੀਆਂ ਵਿਦਿਆਰਥਣਾਂ ਰਾਜਵੀਰ ਕੌਰ, ਪਰਵਿੰਦਰ ਕੌਰ, ਵੀਰਪਾਲ ਕੌਰ, ਹਰਜੀਤ ਕੌਰ, ਕਮਲਜੀਤ ਕੌਰ ਨੇ ਪੰਜਾਬੀ ਵਿਰਸੇ ਨਾਲ ਸਬੰਧਿਤ ਲੋਕ ਗੀਤ ਪੇਸ਼ ਕੀਤੇ, ਬੀ. ਐੱਡ ਸੈਸ਼ਨ 2025-27 ਦੀਆਂ ਵਿਦਿਆਰਥਣਾਂ ਸੰਦੀਪ ਕੌਰ, ਅਰਸ਼ਦੀਪ ਕੌਰ, ਮਨਪ੍ਰੀਤ ਕੌਰ, ਰਿੰਪੀ ਕੌਰ, ਸੁਖਪ੍ਰੀਤ ਕੌਰ ਵਰਗੀਆਂ ਵਿਦਿਆਰਥਣਾਂ ਨੇ ਲੋਕ ਗਿੱਧਾ ਪੇਸ਼ ਕੀਤਾ।ਇਸ ਪਾਰਟੀ ਵਿੱਚ ਸਟੇਜ ਦੀ ਕਾਰਵਾਈ ਗੁਰਦਾਸ ਸਿੰਘ, ਗੁਰਜੋਬਨ ਸਿੰਘ, ਹਰਪ੍ਰੀਤ ਕੌਰ, ਸੁਖਪ੍ਰੀਤ ਕੌਰ, ਰਾਜਵੀਰ ਕੌਰ ਤੇ ਪ੍ਰਭਦੀਪ ਕੌਰ ਨੇ ਨਿਭਾਈ।ਕਾਲਜ ਦੇ ਐੱਮ. ਡੀ. ਸੂਰਜਭਾਨ ਨੇ ਬੱਚਿਆਂ ਨੂੰ ਆਉਣ ਵਾਲੇ ਸਮੇਂ ਦੇ ਉੱਜਵਲ ਭਵਿੱਖ ਬਾਰੇ ਚਾਨਣਾ ਪਾਇਆ ਅਤੇ ਕਾਲਜ ਦੇ ਪ੍ਰਿੰਸੀਪਲ ਸੱਤਨਾਮ ਸਿੰਘ ਨੇ ਵਿਦਾਇਗੀ ਪਾਰਟੀ ਦੇ ਸਬੰਧ ਵਿੱਚ ਵਿਦਿਆਰਥੀਆਂ ਪ੍ਰਤੀ ਆਪਣੇ ਵਿਚਾਰ ਪੇਸ਼ ਕੀਤੇ।ਇਸ ਮੌਕੇ ਪ੍ਰੋ. ਭਿੰਦਰ ਸਿੰਘ, ਮਨਪ੍ਰੀਤ ਕੌਰ, ਕੁਲਦੀਪ ਸਿੰਘ, ਕੁਲਦੀਪ ਕੌਰ, ਕੁਲਵੀਰ ਕੌਰ, ਹਰਜੋਤ ਸਿੰਘ, ਸਤਵੀਰ ਕੌਰ ਆਦਿ ਹਾਜ਼ਰ ਸਨ।

## ਵਿਭ ਸਿੱਧੂ ਦੇ ਨਵੇਂ ਗੀਤ 'ਭਾਬੀ' ਦਾ ਪੋਸਟਰ ਰਿਲੀਜ਼



ਮੁਹਾਲੀ-ਉੱਭਰਦੀ ਪੰਜਾਬੀ ਗਾਇਕਾ ਵਿੱਭ ਸਿੱਧੂ ਦੇ ਨਵੇਂ ਗੀਤ 'ਭਾਬੀ' ਦਾ ਪੋਸਟਰ ਮਲਵਿੰਦਰ ਸਿੰਘ ਕੰਗ, ਮੈਂਬਰ ਪਾਰਲੀਮੈਂਟ ਤੇ ਬਾਬੂ ਸਿੰਘ ਮਾਨ ਮਰ੍ਹਾੜਾਂ ਵਾਲਾ ਉੱਘੇ ਗੀਤਕਾਰ ਵਲੋਂ ਰਿਲੀਜ਼ ਕੀਤਾ ਗਿਆ। ਇਸ ਗੀਤ ਦੇ ਬੋਲ ਹਰਪ੍ਰੀਤ ਸੇਖੋਂ ਵਲੋਂ ਲਿਖੇ ਗਏ ਹਨ ਤੇ ਇਸ ਦਾ ਸੰਗੀਤ ਸਿਨੇਮੈਕਸ ਲੈਬਜ਼ (ਲਕਸ਼) ਵਲੋਂ ਦਿੱਤਾ ਗਿਆ ਹੈ। ਇਸ ਗੀਤ ਵਿੱਚ ਮੁੱਖ ਭੂਮਿਕਾ ਪੰਜਾਬੀ ਫ਼ਿਲਮਾਂ ਦੀ ਮਸ਼ਹੂਰ ਅਦਾਕਾਰਾ ਰਾਜ ਧਾਲੀਵਾਲ ਵੱਲੋਂ ਨਿਭਾਈ ਗਈ ਹੈ ਤੇ ਉਹਨਾਂ ਦੇ ਨਾਲ ਸਰਤਾਜ ਸਿੱਧੂ, ਹਰਪ੍ਰੀਤ ਸੇਖੋਂ, ਭੁਪਿੰਦਰ ਸਿੰਘ, ਸਿਮਰਨ ਵੜੈਚ ਤੇ ਰੋਬਿਨ ਵੱਲੋਂ ਵੀ ਅਹਿਮ ਕਿਰਦਾਰ ਨਿਭਾਏ ਗਏ ਹਨ। ਗੀਤ ਦੇ ਨਿਰਦੇਸ਼ਕ ਬੌਬੀ ਬਾਜਵਾ ਹਨ ਤੇ ਗੀਤ ਨੂੰ ਬਲਵਿੰਦਰ ਸਿੰਘ ਤੇ ਅਰਸ਼ ਨਾਗਰਾ ਦੀ 'ਵੇਵਕਾਨੋ ਮਿਊਜ਼ਿਕ' ਕੰਪਨੀ ਦੇ ਬੈਨਰ ਹੇਠ 10 ਅਪ੍ਰੈਲ ਨੂੰ ਰਿਲੀਜ਼ ਕੀਤਾ ਜਾਵੇਗਾ। ਇਸ ਪ੍ਰੋਜੈਕਟ ਨੂੰ ਤਿਆਰ ਕਰਨ ਵਿੱਚ ਇਕਬਾਲ ਸਿੰਘ ਚੀਮਾ (ਪੰਜਾਬ ਫਿਲਮ ਸਿਟੀ) ਤੇ ਗੁਰਵਿੰਦਰ ਸਿੰਘ ਬਾਹਰਾ (ਰਿਆਤ-ਬਾਹਰਾ ਯੂਨੀਵਰਸਿਟੀ) ਦਾ ਵਿਸ਼ੇਸ਼ ਸਹਿਯੋਗ ਰਿਹਾ ਹੈ। ਸਮਾਗਮ ਵਿੱਚ ਬੋਲਦਿਆਂ ਮਲਵਿੰਦਰ ਸਿੰਘ ਕੰਗ ਤੇ ਬਾਬੂ ਸਿੰਘ ਮਾਨ ਵੱਲੋਂ ਇਸ ਗੀਤ ਦੀ ਕਾਮਯਾਬੀ ਲਈ ਸਮੁੱਚੀ ਟੀਮ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਤੇ ਭਵਿੱਖ ਵਿੱਚ ਵੀ ਅਜਿਹੇ ਉਪਰਾਲੇ ਕਰਨ ਦੀ ਅਪੀਲ ਕੀਤੀ ਗਈ। ਇਸ ਮੌਕੇ ਪਹੁੰਚਣ ਤੇ ਮੀਡੀਆ ਤੇ ਹੋਰ ਸੱਜਣਾਂ ਦਾ ਤਲਜਿੰਦਰ ਨਾਗਰਾ ਵਲੋਂ ਧੰਨਵਾਦ ਕੀਤਾ।

# ਸੁਖਜਿੰਦਰ ਰੰਧਾਵਾ ਨੇ ਲਾਲ ਸਿੰਘ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਸਾਬਕਾ ਖ਼ਜ਼ਾਨਾ ਮੰਤਰੀ ਸਵ. ਲਾਲ ਸਿੰਘ ਦੇ ਅਕਾਲ ਚਲਾਣੇ 'ਤੇ ਕਾਂਗਰਸ ਦੇ ਸੀਨੀਅਰ ਆਗੂ ਅਤੇ ਸਾਬਕਾ ਉੱਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਨੇ ਸਵ: ਲਾਲ ਸਿੰਘ ਦੀ ਰਿਹਾਇਸ਼ 'ਤੇ ਉਹਨਾਂ ਦੇ ਸਪੁੱਤਰ ਸਾਬਕਾ ਐਮ ਐੱਲ ਏ ਰਾਜਿੰਦਰ ਸਿੰਘ, ਪੰਜਾਬ ਸਰਵਿਸ ਸਿਲੈਕਸ਼ਨ ਬੋਰਡ ਦੀ ਸਾਬਕਾ ਮੈਂਬਰ ਬੀਬਾ ਰਵਿੰਦਰ ਕੌਰ ਅਤੇ ਹੋਰ ਪਰਵਾਰ ਨਾਲ ਆਪਣਾ ਦੁੱਖ ਸਾਂਝਾ ਕੀਤਾ । ਇਸ ਮੌਕੇ ਗੁਰਦਾਸਪੁਰ ਦੇ ਵਿਧਾਇਕ ਵਰਿੰਦਰਮੀਤ ਸਿੰਘ ਪਾਹੜਾ ਨੇ ਸਵ. ਲਾਲ ਸਿੰਘ ਦੇ ਪੁੱਤਰ ਰਾਜਿੰਦਰ ਸਿੰਘ (ਸਾਬਕਾ ਵਿਧਾਇਕ) ਬੀਬਾ ਰਵਿੰਦਰ ਕੌਰ ਅਤੇ ਸਮੁੱਚੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਲਾਲ ਸਿੰਘ ਸਾਡੇ ਸਾਰਿਆਂ ਲਈ ਪ੍ਰੇਰਨਾ ਸਰੋਤ ਸਨ। ਰੰਧਾਵਾ ਨੇ ਕਿਹਾ ਕਿ ਲਾਲ ਸਿੰਘ ਇਕ ਬੁੱਧੀਮਾਨ, ਸਭ ਧਰਮਾਂ ਅਤੇ ਪਾਰਟੀਆਂ ਦੇ ਆਗੂਆਂ ਦਾ ਸਤਿਕਾਰ ਕਰਨ ਵਾਲੇ, ਇਕ ਗ਼ੈਰ-ਵਿਵਾਦਿਤ ਰਾਜਸੀ ਆਗੂ ਸਨ ਸਨ, ਜਿਨ੍ਹਾਂ ਨੇ ਹਮੇਸ਼ਾ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਲੋਕ ਹਿੱਤਾਂ ਲਈ ਕੰਮ ਕੀਤਾ। ਉਹਨਾਂ ਕਿਹਾ ਕਿ ਲਾਲ ਸਿੰਘ ਨੇ ਪੰਜਾਬ ਅਤੇ ਸਮਾਜ ਦੀ ਮਜ਼ਬੂਤੀ ਲਈ ਵੱਡਾ ਯੋਗਦਾਨ ਪਾਇਆ ਅਤੇ ਉਨ੍ਹਾਂ ਦੇ ਵਿਰੋਧੀਆਂ ਨਾਲ ਵੀ ਹਮੇਸ਼ਾ ਸੁਖਾਵੇਂ ਸਬੰਧ ਰਹੇ। ਉਹਨਾਂ ਕਿਹਾ ਕਿ ਲਾਲ ਸਿੰਘ ਦੇ ਚਲੇ ਜਾਣ ਨਾਲ ਜਿਥੇ ਪਰਵਾਰ ਨੂੰ ਵੱਡਾ ਘਾਟਾ ਪਿਆ ਹੈ ਉੱਥੇ ਪੰਜਾਬ ਨੂੰ ਇਕ ਚੰਗੇ ਰਾਜ ਨੇਤਾ ਦੀ ਘਾਟ ਪੈ ਗਈ ਹੈ। ਇਸ ਮੌਕੇ ਉਹਨਾਂ ਪਰਵਾਰ ਨਾਲ ਆਪਣਾ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਉਹਨਾਂ ਸਵ: ਲਾਲ ਸਿੰਘ ਤੋਂ ਰਾਜਨੀਤੀ ਦੇ ਗੁਣ ਸਿੱਖੇ। ਉਹਨਾਂ ਕਿਹਾ ਕਿ ਸਵ. ਲਾਲ ਸਿੰਘ ਨੇ ਪੰਜਾਬ 'ਚ ਕਾਂਗਰਸ ਪਾਰਟੀ ਨੂੰ ਹਮੇਸ਼ਾ ਮਜ਼ਬੂਤ ਬਣਾਉਣ ਲਈ ਸਖਤ ਮਿਹਨਤ ਕੀਤੀ। ਇਸ ਮੌਕੇ ਮਹਿਲਾ ਕਾਂਗਰਸ ਦੀ ਸੂਬਾ ਪ੍ਰਧਾਨ ਗੁਰਸਰਨ ਕੌਰ ਰੰਧਾਵਾ, ਦਮੋਦਰ ਸਿੰਘ ਅਸਰਪੁਰ, ਹਰਮੇਲ ਸਿੰਘ ਮਕੌਰੜ, ਸੰਦੀਪ ਸੋਨੀ ਓ ਐਸ ਡੀ, ਸੀਤਲ ਸਿੰਘ ਭਾਨਰਾ, ਕੁਲਦੀਪ ਸਿੰਘ ਥਿੰਦ, ਮਕੌਰੜ, ਕੁਲਵਿੰਦਰ ਸਿੰਘ ਮੋਮੀ ਢਿੱਲੋਂ, ਤਰਸੇਮ ਸਿੰਘ ਝੰਡੀ, ਸਾਬਕਾ ਪ੍ਰਧਾਨ ਬਲਾਕ ਸੰਮਤੀ, ਰਣਜੀਤ ਸਿੰਘ ਕੇ ਐਸ ਫਾਰਮ ਡਕਾਲਾ, ਰਾਜ ਕੁਮਾਰ ਡਕਾਲਾ, ਨਾਇਬ ਸਿੰਘ ਭਾਨਰੀ ਬਲਾਕ ਪ੍ਰਧਾਨ ਸਰਪੰਚ ਦਵਿੰਦਰ ਸਿੰਘ ਰਾਮਗੜ੍ਹ ਅਤੇ ਹੋਰ ਬਹੁਤ ਸਾਰੇ ਆਗੂ ਹਾਜ਼ਰ ਸਨ।



## ਸੜਕ ਹਾਦਸੇ 'ਚ ਇੱਕ ਦੀ ਮੌਤ, ਇੱਕ ਗੰਭੀਰ ਜ਼ਖ਼ਮੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਪਿੰਡ ਦੁੱਲਵਾਂ ਨਜ਼ਦੀਕ ਟਰੈਕਟਰ ਅਤੇ ਮੋਟਰਸਾਈਕਲ ਦੀ ਟੱਕਰ ਦੌਰਾਨ ਇੱਕ ਨੌਜਵਾਨ ਦੀ ਮੌਤ ਹੋ ਜਾਣ ਅਤੇ ਉਸ ਦੇ ਇੱਕ ਸਾਥੀ ਦੇ ਗੰਭੀਰ ਜ਼ਖ਼ਮੀ ਹੋ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਜਸਵੀਰ ਸਿੰਘ (32) ਵਾਸੀ ਪਿੰਡ ਮਨਸੂਰਪੁਰ ਆਪਣੇ ਪਿੰਡ ਦੇ ਨੌਜਵਾਨ ਨਵਨੀਤ ਸਿੰਘ ਨੂੰ ਆਪਣੇ ਪਲਟੀਨਾ ਮੋਟਰਸਾਈਕਲ ਪਿੱਛੇ ਬਿਠਾ ਕੇ ਪਿੰਡ ਢੋਲੇਵਾਲ ਤੋਂ ਘਰ ਵੱਲ ਨੂੰ ਜਾ ਰਿਹਾ ਸੀ। ਰਾਤ ਕਰੀਬ 8.30 ਵਜੇ ਉਹ ਜਦੋਂ ਦੁੱਲਵਾਂ ਰੋਡ ਤੇ ਗੈਸ ਪਾਈਪ ਲਾਈਨ ਨਜ਼ਦੀਕ ਪੁੱਜੇ ਤਾਂ ਪਿੰਡ ਦੁੱਲਵਾਂ ਵਾਲੀ ਸਾਈਡ ਤੋਂ ਬੜੀ ਤੇਜ਼ ਰਫ਼ਤਾਰ ਨਾਲ ਆ ਰਹੇ ਮਹਿੰਦਰਾ 475 ਟਰੈਕਟਰ ਦੇ ਡਰਾਈਵਰ ਨੇ ਲਾਪਰਵਾਹੀ ਨਾਲ ਟਰੈਕਟਰ ਚਲਾਉਂਦੇ ਹੋਏ ਉਹਨਾਂ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ।ਇਸ ਹਾਦਸੇ ਦੌਰਾਨ ਮੋਟਰਸਾਈਕਲ ਚਲਾ ਰਹੇ ਜਸਵੀਰ ਸਿੰਘ ਦੀ ਮੌਤ ਹੋ ਗਈ ਜਦੋਂ ਕਿ ਪਿੱਛੇ ਬੈਠੇ ਨਵਨੀਤ ਸਿੰਘ ਦੀਆਂ ਦੋਵੇਂ ਲੱਤਾਂ ਟੁੱਟ ਗਈਆਂ।ਟਰੈਕਟਰ ਦੇ ਕਥਿਤ ਡਰਾਈਵਰ ਹਰਜਿੰਦਰ ਸਿੰਘ ਵਿਰੁੱਧ ਕੇਸ ਦਰਜ ਕਰਨ ਉਪਰੰਤ ਮ੍ਰਿਤਕ ਦੀ ਲਾਸ਼ ਨੂੰ ਵਾਰਿਸਾਂ ਦੇ ਹਵਾਲੇ ਕਰਕੇ ਥਾਣਾ ਖੇੜੀ ਨੌਧ ਸਿੰਘ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।


ਫਾਰਮ ਨੰ. [ਦੇਖੋ ਨਿਯਮ 33(2)]

ਦਫਤਰ ਵਸੂਲੀ ਅਫਸਰ-I/II
ਦਫਤਰ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3)
ਹੇਠਲੀ ਮੰਜ਼ਲ, ਐਸ ਸੀ ਓ 33-34-35, ਸੈਕਟਰ 17-ਏ,ਚੰਡੀਗੜ੍ਹ-160017
ਕਰਜ਼ਾ ਅਤੇ ਦਿਵਾਲੀਆਪਨ ਐਕਟ, 1993 ਨਾਲ ਪੜ੍ਹੇ ਜਾਂਦੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ 53 ਤਹਿਤ ਵਿਕਰੀ ਐਲਾਨ ਦਾ ਨਿਪਟਾਰਾ ਕਰਨ ਲਈ ਨੋਟਿਸ

ਈ ਐੱਕਸ ਐੱਚ ਨੰ. 1391

ਆਰ ਸੀ/316/2023 23.03.2026

ਐਸਰੈਕ (ਇੰਡੀਆ) ਲਿਮਟਿਡ
ਬਨਾਮ
ਮੈਸਰਜ਼ ਡੈਟਸਨ ਇੰਡੀਆ

ਸੇਵਾ 'ਚ (ਸੀ ਡੀ 1) ਮੈਸਰਜ਼ ਡੈਟਸਨ ਇੰਡੀਆ, ਸ੍ਰੀ ਰਾਜੇਸ਼ ਸ਼ਰਮਾ ਦੀ ਮਾਲਕੀ ਵਾਲੀ ਕੰਪਨੀ, ਜਿਸ ਦਾ ਰਜਿਸਟਰ ਦਫਤਰ 206, ਇੰਡਸਟ੍ਰੀਅਲ ਏਰੀਆ-ਏ, ਚੀਮਾ ਚੌਕ, ਲੁਧਿਆਣਾ, ਪੰਜਾਬ ਵਿਖੇ ਹੈ।
(ਸੀ ਡੀ 2) ਸ੍ਰੀ ਰਾਜੇਸ਼ ਸ਼ਰਮਾ ਮਾਲਕ ਮੈਸ. ਡੈਟਸਨ ਇੰਡੀਆ ਲਿਮਿਟਡ ਪੁੱਤਰ ਹੀਰਾ ਲਾਲ, ਰਜਿਸਟਰਡ ਦਫਤਰ 206, ਇੰਡਸਟ੍ਰੀਅਲ ਏਰੀਆ-ਏ, ਚੀਮਾ ਚੌਕ, ਲੁਧਿਆਣਾ ਵਿਖੇ।
ਨਾਲ ਹੀ: ਮਕਾਨ ਨੰ. 95-ਸੀ, ਕਿਚਲੂ ਨਗਰ, ਲੁਧਿਆਣਾ, ਪੰਜਾਬ।
(ਸੀ ਡੀ-3) ਸ੍ਰੀਮਤੀ ਰਚਨਾ ਸ਼ਰਮਾ (ਗਰੰਟਰ) ਪਤਨੀ ਰਾਜੇਸ਼ ਸ਼ਰਮਾ, ਵਾਸੀ ਮਕਾਨ ਨੰ. 95-ਸੀ, ਕਿਚਲੂ ਨਗਰ, ਲੁਧਿਆਣਾ, ਪੰਜਾਬ।
ਨਾਲ ਹੀ:206, ਇੰਡਸਟ੍ਰੀਅਲ ਏਰੀਆ-ਏ, ਚੀਮਾ ਚੌਕ, ਲੁਧਿਆਣਾ, ਪੰਜਾਬ।
ਜਦੋਂ ਕਿ ਤੁਹਾਨੂੰ ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ) ਦੇ ਪ੍ਰੀਜ਼ਾਈਡਿੰਗ ਅਫਸਰ ਦੁਆਰਾ ਆਦੇਸ਼ ਦਿੱਤਾ ਗਿਆ ਸੀ, ਜਿਸ ਨੇ ਓ ਏ/784/2021 'ਚ 24/05/2023 ਨੂੰ ਵਸੂਲੀ ਸਰਟੀਫਿਕੇਟ ਜਾਰੀ ਕੀਤਾ ਸੀ, ਜਿਸ 'ਚ ਬਿਨੈਕਾਰ ਨੂੰ ਰੁਪਏ 6,77,32,742.68 (ਛੇ ਕਰੋੜ ਸਤੱਤਰ ਲੱਖ ਬੱਤੀ ਹਜ਼ਾਰ ਸੱਤ ਸੌ ਬਤਾਲੀ ਰੁਪਏ ਅਤੇ ਅਠਾਹਠ ਪੈਸੇ ਕੇਵਲ) ਸਮੇਤ 03/03/2021 ਤੋਂ ਪ੍ਰਾਪਤੀ ਤੱਕ ਸਾਲਾਨਾ 10.00% ਦੀ ਦਰ 'ਤੇ ਸਾਧਾਰਨ ਵਿਆਜ ਅਤੇ 1,50,000 (ਇੱਕ ਲੱਖ ਪੰਜਾਹ ਹਜ਼ਾਰ ਰੁਪਏ ਕੇਵਲ) ਦੇ ਭਵਿੱਖੀ ਵਿਆਜ ਸਮੇਤ ਅਤੇ ਜਦੋਂ ਕਿ ਉਕਤ ਭੁਗਤਾਨ ਨਹੀਂ ਕੀਤਾ ਗਿਆ ਤਾਂ ਨਿਮਨਹਸਤਾਖਰੀ ਨੇ ਹੇਠਾਂ ਦਰਸਾਈ ਚੱਲ/ਅਚੱਲ ਜਾਇਦਾਦ ਦੀ ਵਿਕਰੀ ਦਾ ਹੁਕਮ ਜਾਰੀ ਕੀਤਾ ਹੈ। ਤੁਹਾਨੂੰ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ ਵਿਕਰੀ ਘੋਸ਼ਣਾ ਤਿਆਰ ਕਰਨ ਅਤੇ ਇਸ ਦੀਆਂ ਸ਼ਰਤਾਂ ਦਾ ਨਿਪਟਾਰਾ ਕਰਨ ਲਈ ਮਿਤੀ 15/04/2026 ਸਮਾਂ 10.30 ਵਜੇ ਸਵੇਰੇ ਨਿਰਧਾਰਤ ਕੀਤਾ ਗਿਆ ਹੈ। ਤੁਹਾਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਕਤ ਜਾਇਦਾਦ ਜਾਂ ਇਨ੍ਹਾਂ ਦੇ ਕਿਸੇ ਹਿੱਸੇ ਨਾਲ ਜੁੜੇ ਕਿਸੇ ਵੀ ਬੋਝ, ਚਾਰਜਿਜ਼, ਦਾਅਵਿਆਂ ਜਾਂ ਦੇਣਦਾਰੀਆਂ ਨੂੰ ਨਿਮਨਹਸਤਾਖਰੀ ਦੇ ਧਿਆਨ 'ਚ ਲਿਆਂਦਾ ਜਾਵੇ।

ਜਾਇਦਾਦ ਦਾ ਵੇਰਵਾ

ਪਲਾਟ ਨੰ. 95 ਸੀ ਦੇ ਉਪਰ ਮਕਾਨ ਨੰ. ਬੀ-19-1387/95 ਸੀ, ਰਕਬਾ 200 ਵਰਗ ਗਜ਼, ਜਿਸ 'ਚ ਦੋ ਕਮਰੇ, ਇੱਕ ਰਸੋਈ, ਦੋ ਬਾਥਰੂਮ, ਬਾਕੀ ਖਾਲੀ ਜ਼ਮੀਨ, ਜਿਸ 'ਚ ਚਾਰਦੀਵਾਰੀ ਹੈ, ਜਿਸ 'ਚ ਟੈਪ ਕੁਨੈਕਸ਼ਨ, ਬਿਜਲੀ ਫਿਟਿੰਗ ਅਤੇ ਕੁਨੈਕਸ਼ਨ ਹੈ, ਜਿਵੇਂ ਕਿ ਸਾਈਟ ਪਲਾਨ 'ਚ ਦਰਸਾਇਆ ਹੈ ਲਾਲ ਸਿਆਹੀ ਨਾਲ, ਜੋ ਕਿ ਪੂਰਬ ਵੱਲ ਪਲਾਟ ਨੰ. 96 ਸੀ, ਬਾਹੀ 60', ਪੱਛਮ : ਪਲਾਟ ਨੰ. 94 ਸੀ, ਬਾਹੀ 60', ਉੱਤਰ : ਸੜਕ 45' ਬਾਹੀ 30', ਦੱਖਣ : ਪਲਾਟ ਨੰ. 106 ਸੀ, ਬਾਹੀ 30', ਖਸਰਾ ਨੰ. 111-112, ਖੱਤਾ ਨੰ. 220/236-165/180, ਜਮ੍ਹਾਂਬੰਦੀ ਸਾਲ 1988-89, ਪਿੰਡ ਰਾਜਪੁਰਾ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 16/03/2026 ਨੂੰ ਜਾਰੀ ਕੀਤਾ ਗਿਆ।

ਵਸੂਲੀ ਅਫਸਰ,
ਕਰਜ਼ਾ ਵਸੂਲੀ ਟ੍ਰਿਬਿਊਨਲ (ਡੀ ਆਰ ਟੀ 3)


## ਐੱਨ ਐੱਸ ਐੱਸ ਐਡਵੈਂਚਰ ਕੈਂਪ 'ਚ ਵਿਦਿਆਰਥੀਆਂ ਨੇ ਲਿਆ ਭਾਗ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**- ਜੀ ਟੀ ਬੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਐੱਨ ਐੱਸ ਐੱਸ ਦੇ 6 ਉਤਸ਼ਾਹੀ ਵਲੰਟੀਅਰਾਂ ਅਰੁਣ ਧਵਨ, ਅਸ਼ੋਕ ਕੁਮਾਰ,ਵਰੁਣ ਧਵਨ, ਏਕਮ ਬਜਾਜ,ਵੰਸ਼ ਵਡੇਰਾ, ਰਾਘਵ ਪੁੱਤਰ, ਲੋਟਸ ਧੀਰ ਨੇ ਰੋਪੜ ਵਿਖੇ ਆਯੋਜਿਤ ਐੱਨ ਐੱਸ ਐੱਸ ਐਡਵੈਂਚਰ/ਹਾਈਕਿੰਗ ਟ੍ਰੈਕਿੰਗ ਕੈਂਪ (1 ਅਪ੍ਰੈਲ ਤੋਂ 5 ਅਪ੍ਰੈਲ) ਵਿੱਚ ਭਾਗ ਲੈ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਇਹ ਕੈਂਪ ਯੂਥ ਸਰਵਿਸਿਜ਼ ਵਿਭਾਗ ਪੰਜਾਬ ਦੀ ਰਹਿਨੁਮਾਈ ਹੇਠ ਲਗਾਇਆ ਗਿਆ ।ਕੈਂਪ ਦੌਰਾਨ ਵਿਦਿਆਰਥੀਆਂ ਨੇ ਕੁਦਰਤ ਦੇ ਨੇੜੇ ਰਹਿੰਦੇ ਹੋਏ ਟ੍ਰੈਕਿੰਗ, ਹਾਈਕਿੰਗ ਅਤੇ ਵੱਖ-ਵੱਖ ਟੀਮ ਗਤੀਵਿਧੀਆਂ ਵਿੱਚ ਹਿੱਸਾ ਲਿਆ। ਇਸ ਅਨੁਭਵ ਨੇ ਉਨ੍ਹਾਂ ਵਿੱਚ ਸਹਿਨਸ਼ੀਲਤਾ, ਆਤਮ-ਨਿਰਭਰਤਾ ਅਤੇ ਲੀਡਰਸ਼ਿਪ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ। ਵਿਦਿਆਰਥੀਆਂ ਨੇ ਨਵੀਆਂ ਚੁਣੌਤੀਆਂ ਨੂੰ ਸਵੀਕਾਰ ਕਰਦੇ ਹੋਏ ਆਪਣੇ ਹੁਨਰਾਂ ਨੂੰ ਨਿਖਾਰਿਆ।ਸਕੂਲ ਦੇ ਪ੍ਰਿੰਸੀਪਲ ਅਤੇ ਸਟਾਫ ਨੇ ਵੋਲੰਟੀਅਰਾਂ ਦੀ ਇਸ ਉਪਲਬਧੀ 'ਤੇ ਮਾਣ ਮਹਿਸੂਸ ਕੀਤਾ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਪ੍ਰੋਗਰਾਮਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਕੈਂਪ ਦੇ ਅੰਤ ਵਿੱਚ ਸਾਰੇ ਭਾਗੀਦਾਰਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।



# ਮਹਾਂ ਸੰਘਰਸ਼ ਕਮੇਟੀ ਤੇ ਡਾਕਟਰ ਭੀਮ ਰਾਓ ਅੰਬੇਦਕਰ ਐਸ ਸੀ/ਐਸ ਟੀ/ਓ ਬੀ ਸੀ ਵੈੱਲਫੇਅਰ ਸੋਸਾਇਟੀ ਦੀ ਮੀਟਿੰਗ

☛ 14 ਅਪ੍ਰੈਲ ਨੂੰ ਬਾਬਾ ਸਾਹਿਬ ਦਾ ਜਨਮ ਦਿਨ ਮਨਾਉਣ ਦਾ ਕੀਤਾ ਫੈਸਲਾ

**ਜਲਾਲਾਬਾਦ (ਜੀਤ ਕੁਮਾਰ)** ਐਸ ਸੀ /ਐਸ.ਟੀ./ਓ.ਬੀ.ਸੀ. ਮਹਾਂ ਸੰਘਰਸ਼ ਕਮੇਟੀ ਅਤੇ ਡਾਕਟਰ ਭੀਮ ਰਾਓ ਅੰਬੇਡਕਰ ਐਸ ਸੀ/ ਐਸ ਟੀ/ਓ ਬੀ ਸੀ ਵੈਲਫੇਅਰ ਸੋਸਾਇਟੀ (ਰਜਿ.) ਜਲਾਲਾਬਾਦ ਦੀ ਮੀਟਿੰਗ ਡਾ. ਕੌਰ ਸਿੰਘ ਤੇ ਨਿਵਾਸ ਸਥਾਨ 'ਤੇ ਕੀਤੀ। ਇਸ ਮੀਟਿੰਗ ਦੀ ਪ੍ਰਧਾਨਗੀ ਰੋਹਿਤ ਗੁਡਾਲੀਆ ਨੇ ਕੀਤੀ। ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਇਸ ਵਾਰ ਭਾਰਤ ਰਤਨ, ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਦਿਹਾੜਾ ਬੜੇ ਧੂਮਧਾਮ ਦੇ ਨਾਲ 14 ਅਪ੍ਰੈਲ ਨੂੰ ਡਰੀਮ ਵੀਲਾ ਪੈਲੇਸ ਮੁਕਤਸਰ ਰੋਡ ਜਲਾਲਾਬਾਦ ਸਵੇਰੇ 9 ਵਜੇ ਮਨਾਇਆ ਜਾਵੇਗਾ। ਇਸ ਮੌਕੇ ਅਹੁਦੇਦਾਰ ਰੋਹਿਤ ਗੁਡਾਲੀਆ, ਬਲਵੀਰ ਪੁਆਰ, ਦੇਸ ਰਾਜ ਗੁਡਾਲੀਆ, ਗੁਰਚੇਤ ਸਿੰਘ, ਬਲਦੇਵ ਸਿੰਘ, ਦੁਨੀ ਚੰਦ, ਰਮੇਸ਼ ਨੰਦਾ, ਮਾ. ਗੁਰਮੀਤ ਢਾਬਾ ਨੇ ਦੱਸਿਆ ਕਿ ਇਸ ਦਿਨ ਨੂੰ ਭਾਰਤ ਵਿੱਚ ਸਮਾਨਤਾ ਦਿਵਸ ਵਜੋਂ ਵੀ ਜਾਣਿਆ ਜਾਂਦਾ ਹੈ, ਜੋ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਨੂੰ ਸਮਰਪਤ ਹੈ। ਇਸ ਮੌਕੇ ਪ੍ਰਧਾਨ ਰੋਹਿਤ ਗੁਡਾਲੀਆ, ਸੀਨੀਅਰ ਜਨਰਲ ਸਕੱਤਰ ਮਾਸਟਰ ਜੋਗਿੰਦਰ ਪਾਲ, ਸੀ. ਮੀਤ ਪ੍ਰਧਾਨ ਡਾ. ਕੌਰ ਸਿੰਘ, ਮੀਤ ਪ੍ਰਧਾਨ ਬਲਦੇਵ ਸਿੰਘ, ਸੀ. ਮੀਤ ਪ੍ਰਧਾਨ ਮਾ. ਬਲਵੀਰ ਪੁਵਾਰ, ਦਿਹਾਤੀ ਜਨਰਲ ਸਕੱਤਰ ਗੁਰਚੇਤ ਸਿੰਘ ਸੈਦੋਕੇ, ਕੈਸ਼ੀਅਰ ਸਰਪੰਚ ਗੁਰਮੇਜ ਲਾਲ, ਜੁਇੰਟ ਕੈਸ਼ੀਅਰ ਨਿਰਭੈ ਸਿੰਘ, ਦੇਸ ਰਾਜ ਗੁਡਾਲੀਆ, ਗਿਆਨ ਚੰਦ ਐਕਸ ਐਸਡੀਓ, ਦੁਲੀ ਚੰਦ, ਰਮੇਸ਼ ਕੁਮਾਰ ਲਾਡੀ, ਡਾ. ਪ੍ਰਕਾਸ਼ ਦੋਸ਼ੀ, ਦੇਵਾਨੰਦ ਬਲੂਆਨਾ ਸੂਰਜ ਪ੍ਰਕਾਸ਼ ਬਲਦੇਵ ਸਿੰਘ ਨੂਰੇਕੇ, ਰਮੇਸ਼ ਨੰਦਾ, ਮੀਤ ਪ੍ਰਧਾਨ ਰਜੀਵ ਤਮੋਲੀਆ, ਸਰਪੰਚ ਤਿਲਕ ਰਾਜ, ਮਾਸਟਰ ਦਰਸ਼ਨ ਪੁਵਾਰ, ਡਾ. ਅਮਰਜੀਤ ਸਿੰਘ, ਰਕੇਸ਼ ਕੁਮਾਰ, ਓਮ ਪ੍ਰਕਾਸ਼ ਬੱਲੂਆਨਾ, ਸਤਨਾਮ ਸਿੰਘ ਫਲੀਆਂ ਵਾਲਾ ਆਦਿ ਹਾਜ਼ਰ ਸਨ।

## ਖ਼ੂਨਦਾਨ ਕੈਂਪ 14 ਨੂੰ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਖ਼ਾਲਸਾ ਸਾਜਨਾ ਦਿਵਸ ਵਿਸਾਖੀ ਦੇ ਪਵਿੱਤਰ ਤਿਉਹਾਰ ਮੌਕੇ ਪ੍ਰੈਸ ਕਲੱਬ ਰਜਿ: ਮਹਿਲ ਕਲਾਂ ਵੱਲੋਂ 27 ਵਾਂ ਵਿਸ਼ਾਲ ਖ਼ੂਨਦਾਨ ਕੈਂਪ 14 ਅਪ੍ਰੈਲ ਨੂੰ ਸਵੇਰੇ 9 ਵਜੇ ਤੋਂ 2 ਵਜੇ ਤੱਕ ਇਤਿਹਾਸਕ ਗੁਰਦੁਆਰਾ ਜੰਡਸਰ ਸਾਹਿਬ ਠੁੱਲੀਵਾਲ ਵਿਖੇ ਗੁਰਦੁਆਰਾ ਸਾਹਿਬ ਕਮੇਟੀ, ਗ੍ਰਾਮ ਪੰਚਾਇਤਾਂ, ਯੂਥ ਕਲੱਬਾਂ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ। ਮੁੱਖ ਪ੍ਰਬੰਧਕਾਂ ਅਵਤਾਰ ਸਿੰਘ ਅਣਖੀ, ਬਲਜਿੰਦਰ ਸਿੰਘ ਢਿੱਲੋਂ, ਪ੍ਰਧਾਨ ਮਿੱਠਾ ਸਿੰਘ, ਅਜੈਬ ਸਿੰਘ ਜੰਡਸਰ ਸਾਹਿਬ, ਸੋਨੀ ਮਾਂਗੇਵਾਲ, ਰਮਨਦੀਪ ਸਿੰਘ ਠੁੱਲੀਵਾਲ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਮੌਕੇ ਬਲੱਡ ਬੈਂਕ ਸਿਵਲ ਹਸਪਤਾਲ ਬਰਨਾਲਾ ਦੀ ਟੀਮ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰੇਗੀ।

# ਪ੍ਰਧਾਨ ਮੰਤਰੀ ਨੇ ਭਾਰਤ ਨੂੰ ਵਿਕਸਤ ਦੇਸ਼ਾਂ ਦੀ ਮੂਹਰਲੀ ਕਤਾਰ 'ਚ ਕੀਤਾ ਸੁਰੱਖਿਅਤ : ਡਾ. ਸੀਮਾਂਤ ਗਰਗ

**ਮੋਗਾ (ਇਕਬਾਲ ਸਿੰਘ ਖਹਿਰਾ)**- ਭਾਰਤੀ ਜਨਤਾ ਪਾਰਟੀ ਦੇ 47ਵੇਂ ਸਥਾਪਨਾ ਦਿਵਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਡਾਕਟਰ ਜਮਾਨਤ ਗਰਗ ਦੀ ਅਗਵਾਈ ਹੇਠ ਪੁਰਾਣੀ ਦਾਨਾ ਮੰਡੀ ਵਿਖੇ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੌਰਾਨ ਸ਼ਹੀਦੀ ਸਮਾਰਕ ਸਮਿਤੀ ਦੇ ਸਾਬਕਾ ਚੇਅਰਮੈਨ ਅਤੇ ਸਾਬਕਾ ਐਸ.ਐਮ.ਓ ਡਾ. ਰਾਜੇਸ਼ ਪੁਰੀ, ਆਰ.ਐਸ.ਐਸ. ਦੇ ਸੀਨੀਅਰ ਆਗੂ ਵਿਜੇ ਕੌਸ਼ਿਕ, ਸੀਨੀਅਰ ਭਾਜਪਾ ਆਗੂ ਐਡਵੋਕੇਟ ਰਾਜੇਸ਼ ਸ਼ਰਮਾ ਵੱਲੋਂ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਗਈ। ਡਾ. ਰਾਜੇਸ਼ ਪੁਰੀ, ਆਰ.ਐਸ.ਐਸ ਦੇ ਸੀਨੀਅਰ ਆਗੂ ਵਿਜੇ ਕੌਸ਼ਿਕ ਨੇ ਕਿਹਾ ਕਿ ਅੱਜ ਭਾਜਪਾ ਲਈ ਗੌਰਵਮਈ ਦਿਨ ਹੈ ਕਿ ਉਸ ਨੇ ਆਪਣਾ 47ਵਾਂ ਸਥਾਪਨਾ ਦਿਵਸ ਮਨਾਇਆ ਹੈ।ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਡਾਕਟਰ ਸਿਮਾਂਤ ਗਰਗ ਨੇ ਕਿਹਾ ਕਿ ਅੱਜ ਸਾਡੇ ਲਈ ਬੜੇ ਮਾਣ ਦੀ ਗੱਲ ਹੈ ਕਿ ਭਾਜਪਾ ਆਪਣਾ 47ਵਾਂ ਸਟਾਫ ਸਥਾਪਨਾ ਦਿਵਸ ਮਨਾ ਰਹੀ ਹੈ। ਅੱਜ ਭਾਰਤ ਨੂੰ ਵਿਕਸਿਤ ਦੇਸ਼ਾਂ ਦੀ ਮੂਹਰਲੀ ਕਤਾਰ ਵਿੱਚ ਸਥਾਪਿਤ ਹੈ। ਗਰਗ ਨੇ ਕਿਹਾ ਕਿ ਭਾਜਪਾ ਦੀ ਸਥਾਪਨਾ 6 ਅਪ੍ਰੈਲ, 1980 ਨੂੰ ਨਵੀਂ ਦਿੱਲੀ ਦੇ ਕੋਟਲਾ ਮੈਦਾਨ ਵਿੱਚ ਇੱਕ ਵਿਸ਼ਾਲ ਸੰਮੇਲਨ ਦੌਰਾਨ ਕੀਤੀ ਗਈ ਸੀ ਅਤੇ ਮਰਹੂਮ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਨੂੰ ਇਸ ਦੇ ਪਹਿਲੇ ਪ੍ਰਧਾਨ ਵਜੋਂ ਚੁਣਿਆ ਗਿਆ ਸੀ। ਇਸ ਸਮਾਗਮ ਦੌਰਾਨ ਐਡਵੋਕੇਟ ਅਜੈ ਗੁਲਾਟੀ, ਡਾ. ਰਮਿੰਦਰ ਸ਼ਰਮਾ, ਕੁਲਦੀਪ ਧੀਮਾਨ, ਰਜਨੀਸ਼ ਕਾਂਸਲ ਅਤੇ ਸੁਧੀਰ ਕੋਹਲੀ ਦੇ ਨਾਲ-ਨਾਲ ਭਾਜਪਾ ਜਨਰਲ ਸਕੱਤਰ ਮੁਖਤਿਆਰ ਸਿੰਘ, ਭਾਜਪਾ ਉਪ ਪ੍ਰਧਾਨ ਵਿੱਕੀ ਸਿਤਾਰਾ, ਉਪ ਪ੍ਰਧਾਨ ਰਾਹੁਲ ਗਰਗ ਅਤੇ ਸਾਬਕਾ ਆਈਟੀ [ਸੈੱਲ ਮੈਂਬਰ] ਮੌਜੂਦ ਸਨ।

ਮੁਕੇਸ਼ ਸ਼ਰਮਾ (ਸੈਲ ਇੰਚਾਰਜ), ਰਜਿੰਦਰ ਗਾਬਾ, ਵਿਜੇ ਮਿਸ਼ਰਾ (ਪ੍ਰਵਾਸੀ ਸੈੱਲ ਇੰਚਾਰਜ), ਸੁਕੇਸ਼ ਸੂਦ, ਮੰਡਲ ਪ੍ਰਧਾਨ ਭੁਪਿੰਦਰ ਹੈਪੀ, ਮੰਡਲ ਪ੍ਰਧਾਨ (ਬੱਧਨੀ ਕਲਾਂ) ਹੈਪੀ ਢੇਸੀ, ਮੰਡਲ ਪ੍ਰਧਾਨ (ਰੌਣਤਾ) ਤਰਨਜੀਤ ਸਿੰਘ, ਮਿੰਟੂ ਸਮਾਰਟ, ਦਵਿੰਦਰ ਸਿੰਘ, ਹਰਦੇਵ ਸਿੰਘ, ਸੰਜੀਵ ਮੰਗਲਾ, ਸੁਰਿੰਦਰ ਸਿੰਘ, ਕਾਮਰੇਡ ਬਲਬੀਰ, ਅਮਨ ਸ਼ਰਮਾ, ਸੁਰਿੰਦਰ ਸਿੰਘ, ਬਲਬੀਰ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਮੰਡਲ ਪ੍ਰਧਾਨ ਉਮਾਕਾਂਤ, ਸ਼ਸ਼ੀਕਾਂਤ ਪਾਂਡੇ, ਹਰਦੇਵ ਡਗਰੂ, ਪਵਨ ਗਰਗ, ਦੀਪਕ ਕੁਮਾਰ, ਜਸਵਿੰਦਰ ਧਾਲੀਵਾਲ, ਮੰਡਲ ਪ੍ਰਧਾਨ (ਬਾਘਾ ਪੁਰਾਣਾ) ਦੀਪਕ ਤਲਵਾੜ, ਗਗਨਦੀਪ ਲੂੰਬਾ, ਜਤਿਨ ਭੱਲਾ, ਦਵਿੰਦਰ ਸਿੰਘ, ਸੰਜੀਵ ਆਹੂਜਾ, ਸੰਦੀਪ ਸ਼ਰਮਾ, ਗੁਰਦੇਵ ਸਿੰਘ, ਅਮਿਤ ਗੁਪਤਾ, ਸੁਖਜੀਤ ਸਿੰਘ, ਸੁਖਜੀਤ ਸਿੰਘ ਪ੍ਰਧਾਨ, ਸੁਖਜੀਤ ਸਿੰਘ (ਮਿੰਦਰ ਸਿੰਘ)। ਭੇਖਾ, ਨੀਤੂ ਗੁਪਤਾ, ਅਨੀਤਾ ਅਰੋੜਾ, ਹੇਮੰਤ ਸੂਦ, ਵਿਕਾਸ ਕੁਮਾਰ, ਅਮਿਤ ਮਿੱਤਲ, ਮੁਕੇਸ਼ ਕੁਮਾਰ, ਮਨੋਜ ਕੁਮਾਰ, ਰਣਜੀਤ ਸਿੰਘ, ਸੁਨੀਲ ਜੈਨ, ਸੰਦੀਪ ਸੋਨੂੰ, ਪ੍ਰਕਾਸ਼ਵੀਰ, ਧਰਮਿੰਦਰ। ਕਾਂਡਾ, ਆਸ਼ਾ ਮਿੱਤਲ, ਪੱਪੂ ਟੱਕਰ, ਪਵਨ ਸਿੰਗਲਾ, ਚੇਤਨ ਸ਼ਰਮਾ, ਨਿਤਿਨ ਮਿੱਤਲ, ਕੁਲਦੀਪ ਧੀਮਾਨ, ਹੈਪੀ ਸੇਠੀ, ਨਿਸ਼ਾਨ ਭੱਟੀ, ਬਲਵੰਤ ਸਿੰਘ, ਸੰਜੀਵ ਗੁਪਤਾ, ਸ਼ੁਭਮ ਗੁਪਤਾ, ਵਿਕਾਸ ਗੁਪਤਾ, ਰੋਸ਼ਨ ਕੁਮਾਰ, ਧੀਰਜ ਕੁਮਾਰ, ਰਮੇਸ਼ ਕਾਂਸਲ, ਮਨੀਸ਼ ਕਾਂਸਲ, ਸਰਦੂਲ ਸਿੰਘ ਕੰਗ, ਸੁਨੀਲ ਜੈਨ, ਗੁਰਮੇਲ ਸਿੰਘ ਸਰਨ, ਵਿਕਾਸ ਤਿਵਾੜੀ, ਰਾਮਜੀ ਲਾਲ, ਗੀਤਾ ਆਰੀਆ, ਗਗਨ ਗਰੋਵਰ, ਪਿੰਟੂ ਕੁਮਾਰ, ਸੋਨੂੰ ਕੁਮਾਰ, ਗੁਲਸ਼ਨ ਵਿੱਕੀ, ਰੌਬਿਨ ਕਾਂਸਲ - ਧਰਮਿੰਦਰ ਕਾਂਡਾ ਦੇ ਨਾਲ - ਭਾਜਪਾ ਦੇ ਅਹੁਦੇਦਾਰ ਅਤੇ ਵਰਕਰ ਵੱਡੀ ਗਿਣਤੀ ਵਿੱਚ ਮੌਜੂਦ ਸਨ।




ਉੱਤਰ ਰੇਲਵੇ

ਈ-ਟੈਂਡਰ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਅਤੇ ਉਨ੍ਹਾਂ ਦੇ ਲਈ ਜੰਮੂ ਤਵੀ ਸਥਿਤ ਉਪ ਮੁੱਖ ਇੰਜੀਨੀਅਰ / ਬ੍ਰਿਜ ਲਾਇਨ ਦੁਆਰਾ ਹੇਠਾ ਲਿਖੇ ਕੰਮ ਦੇ ਲਈ ਖੁਲੀ ਟੈਂਡਰਾ ਮੰਗ ਕੀਤੀ ਜਾਂਦੀ ਹੈ :-

| ਲ. ਨੰ: | ਟੈਂਡਰ ਸੂਚਨਾ ਨੰਬਰ | ਕੰਮ ਦਾ ਨਾਮ | ਲਗਭਗ ਲਾਗਤ (ਰੁ:) | ਬੀਮਾ ਧਨਰਾਸ਼ੀ |
|---|---|---|---|---|
| 1 | OT-12-JAT-25-26 | ਸਟੀਲ ਗਰਡਰ ਦਾ ਸੰਯੋਜਨ, ਐਚਐਸਐਫਜੀ (HSFG) ਬੋਲਟਿੰਗਾਂ ਦੁਆਰਾ ਲਿੰਕਿੰਗ, ਐਚ-ਬੀਮ ਸਲੀਪਰ ਦੀ ਵਿਵਸਥਾ ਅਤੇ ਬ੍ਰਿਜ ਨੰਬਰ 100 (1X76.20 ਮੀ.) ਦੇ ਏਬਟਮੇਂਟ ਉਤੇ ਸਟੀਲ ਗਰਡਰ ਦਾ ਲਾਨਚਿੰਗ ਕੰਮ, ਜਿਸਵਿਚ ਸ਼ਾਹ ਨਹਿਰ ਉਤੇ ਕਿਮੀ 22/758.9 (ਪਟਿਯਾਲ ਹਾਜੀਪੁਰ ਦੇ ਮੱਧ, MEX ਤਲਵਾੜਾ ਸੈਕਸ਼ਨ) ਵਿਚ ਐਂਡ ਲਾਨਚਿੰਗ ਨੂੰ ਸੁਗਮ ਬਣਾਨ ਲਈ ਕੈਲੇਂਡਰ-ਹੈਮਿਲਟਨ ਸਪੇਨ ਦਾ ਲਾਨਚਿੰਗ ਨੋਜ ਦੇ ਰੂਪ ਵਿਚ ਉਪਯੋਗ ਕੀਤਾ ਜਾਣਾ ਸ਼ਾਮਿਲ ਹੈ, ਨਾਲ ਹੀ ਨੰਗਲਡੈਮ ਤਲਵਾੜਾ ਨਵੀ ਬ੍ਰਾਡ ਗੇਜ ਲਾਇਨ ਅਤੇ ਮੁਕੇਰਿਯਾ ਤਲਵਾੜਾ ਸਾਈਡਿੰਗ ਦੇ ਟੇਕਓਵਰਬ ਦਾ ਕੰਮ, ਬ੍ਰਿਜ ਲਾਇਨ ਜੰਮੂ (JAT) ਦੇ ਅਧਿਕਾਰ ਖੇਤਰ ਵਿਚ । | 46755505.37 | 935100.00 |

| ਖੁਲਣ ਦੀ ਮਿਤੀ | IREPS ਉਤੇ ਬੋਲੀ ਸ਼ੁਰੂ ਹੋਣ ਦੀ ਮਿਤੀ | ਟੈਂਡਰ ਪ੍ਰਪੱਤਰ ਦੀ ਲਾਗਤ ਰੁ: | ਪੂਰਾ ਕਰਨ ਦਾ ਸਮਾਂ |
|---|---|---|---|
| 29.04.2026 | 15.04.2026 | 0 | 08 Months |

| | |
|---|---|
| ਟੈਂਡਰ ਪੇਸ਼ ਕਰਨ ਤੇ ਖੁਲਣ ਦੀ ਮਿਤੀ ਤੇ ਸਮਾਂ | ਹਰੇਕ ਦੇ ਵਿਰੁਧ ਦਰਸ਼ਾਈ ਗਈ ਮਿਤੀਆਂ ਨੂੰ 11:30 ਵਜੇ ਤਕ ਅਤੇ ਉਸੀ ਮਿਤੀ ਨੂੰ 11:30 ਵਜੇ ਦੇ ਬਾਦ ਟੈਂਡਰ ਖੋਲੀ ਜਾਵੇਗੀ । |
| ਵੈੱਬਸਾਈਟ ਵੇਰਵਾ ਜਿਥੋਂ ਟੈਂਡਰ ਦੇ ਪੂਰਾ ਵੇਰਵਾ ਦੇਖਿਆ ਤੇ ਡਾਊਨਲੋਡ ਕੀਤਾ ਜਾਂ ਸਕਦਾ ਹੈ । | ਪੂਰੀ ਈ-ਟੈਂਡਰ ਸੂਚਨਾ ਉੱਤਰ ਰੇਲਵੇ ਅਰਥਾਤ www.nr.indianrailways.gov.in) (http://www.nr.indianrailways.gov.in) ਉਤੇ ਉਪਲਬੱਧ ਹੈ ਅਤੇ ਟੈਂਡਰ ਦਸਤਾਵੇਜ [www.ireps-gov.in](http://www-ireps.gov.in ਉਤੇ ਉਪਲਬੱਧ ਹੈ । |

No. 5-DYCEBLJAT-2025/26. ਮਿਤੀ : 07.04.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1153/26

## ਦਿਹਾਤੀ ਮਜ਼ਦੂਰ ਸਭਾ ਵੱਲੋਂ ਰੈਲੀ

# ਸਰਕਾਰਾਂ ਦੀਆਂ ਨੀਤੀਆਂ ਖਿਲਾਫ਼ ਤਿੱਖੇ ਬੱਝਵੇਂ ਘੋਲ ਵਿੱਢਣ ਦਾ ਦਿੱਤਾ ਹੋਕਾ





**ਜਲੰਧਰ (ਕੇਸਰ, ਰਜੇਸ਼ ਥਾਪਾ, ਲਖਵਿੰਦਰ ਸਿੰਘ ਆਧੀ)**-ਦਿਹਾਤੀ ਮਜ਼ਦੂਰ ਸਭਾ ਵੱਲੋਂ ਦੇਸ਼ ਭਗਤ ਯਾਦਗਾਰ ਜਲੰਧਰ ਦੇ ਗ਼ਦਰੀ ਬਾਬਾ ਜਵਾਲਾ ਸਿੰਘ ਠੱਠੀਆਂ ਆਡੀਟੋਰੀਅਮ ਵਿਖੇ ਸੂਬੇ ਦੇ ਬੇਜ਼ਮੀਨੇ-ਸਾਧਨਹੀਣ ਪੇਂਡੂ ਮਜ਼ਦੂਰਾਂ ਤੇ ਗਰੀਬਾਂ ਦੇ ਭੱਖਦੇ ਮਸਲਿਆਂ ਦੇ ਹੱਲ ਲਈ ਵਿਸ਼ਾਲ ਸੂਬਾਈ ਰੈਲੀ ਕੀਤੀ ਗਈ। ਸ਼ਹੀਦ-ਏ-ਆਜਮ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਸ਼ਹੀਦੀ ਦਿਹਾੜੇ ਤੇ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਦਕਰ ਦੇ ਜਨਮ ਦਿਵਸ ਨੂੰ ਸਮਰਪਿਤ ਇਸ ਰੈਲੀ ਦੀ ਪ੍ਰਧਾਨਗੀ ਸੂਬਾ ਪ੍ਰਧਾਨ ਸਾਥੀ ਦਰਸ਼ਨ ਨਾਹਰ ਨੇ ਕੀਤੀ। ਖ਼ਰਾਬ ਮੌਸਮ ਤੇ ਭਾਰੀ ਮੀਂਹ ਦੇ ਬਾਵਜੂਦ ਹਜ਼ਾਰਾਂ ਮਰਦ-ਔਰਤਾਂ ਹੱਥਾਂ 'ਚ ਲਾਲ ਝੰਡੇ ਫੜ੍ਹੀ ਕੇਂਦਰ ਸਰਕਾਰ ਖ਼ਿਲਾਫ਼ ਰੋਹ ਭਰਪੂਰ ਨਾਅਰੇ ਮਾਰਦੇ ਹੋਏ ਰੈਲੀ 'ਚ ਸ਼ਾਮਲ ਹੋਏ।ਸਭਾ ਦੇ ਸੂਬਾ ਜਨਰਲ ਸਕੱਤਰ ਸਾਥੀ ਗੁਰਨਾਮ ਸਿੰਘ ਦਾਊਦ, ਸੀਨੀਅਰ ਮੀਤ ਪ੍ਰਧਾਨ ਚਮਨ ਲਾਲ ਦਰਜਾਕੇ, ਪ੍ਰੈਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਤੇ ਮਨਰੇਗਾ ਵਰਕਰਜ ਯੂਨੀਅਨ ਪੰਜਾਬ ਦੇ ਸੂਬਾ ਕਨਵੀਨਰ ਦੀਪਕ ਠਾਕੁਰ ਨੇ ਸੰਬੋਧਨ ਕੀਤਾ। ਮੰਚ ਸੰਚਾਲਨ ਸੂਬਾ ਵਿੱਤ ਸਕੱਤਰ ਸਾਥੀ ਸ਼ਮਸ਼ੇਰ ਸਿੰਘ ਬਟਾਲਾ ਸਿੰਘ ਨੇ ਕੀਤਾ। ਅਮਰੀਕ ਸਿੰਘ ਦਾਊਦ, ਪਰਮਜੀਤ ਰੰਧਾਵਾ, ਪ੍ਰਕਾਸ਼ ਸਿੰਘ ਨੰਦਗੜ੍ਹ, ਗੁਰਨਾਮ ਸਿੰਘ ਭਿੰਡਰ, ਜਗਜੀਤ ਸਿੰਘ ਜੱਸੋਆਣਾ ਵੀ ਮੰਚ 'ਤੇ ਬਿਰਾਜਮਾਨ ਸਨ।ਬੁਲਾਰਿਆਂ ਨੇ ਜ਼ੋਰਦਾਰ ਮੰਗ ਕੀਤੀ ਕਿ ਪੇਂਡੂ ਕਿਰਤੀਆਂ ਨੂੰ ਰੁਜ਼ਗਾਰ ਤੋਂ ਵਾਂਝੇ ਕਰਦਾ ਵੀ ਬੀ ਜੀ ਰਾਮ ਜੀ ਕਾਨੂੰਨ ਰੱਦ ਕਰਕੇ ਮਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ ਤੇ 700 ਰੁਪਏ ਦਿਹਾੜੀ ਤਹਿਤ ਸਾਰੇ ਪਰਵਾਰ ਨੂੰ ਸਾਰਾ ਸਾਲ ਕੰਮ ਦਿੱਤਾ ਜਾਵੇ, ਪੇਂਡੂ ਤੇ ਸ਼ਹਿਰੀ ਗਰੀਬਾਂ ਨੂੰ ਨਿੱਤ ਵਰਤੋਂ ਦੀਆਂ ਸਾਰੀਆਂ ਜ਼ਰੂਰੀ ਵਸਤਾਂ ਸਰਕਾਰ ਵਲੋਂ ਸਰਵ ਜਨਕ ਜਨਤਕ ਵੰਡ ਪ੍ਰਣਾਲੀ ਤਹਿਤ ਡੀਪੂਆਂ ਰਾਹੀਂ ਅਤਿ ਸਸਤੇ ਭਾਅ 'ਤੇ ਦਿੱਤੀਆਂ ਜਾਣ, ਗਰੀਬਾਂ ਦਾ ਸਰਕਾਰੀ, ਗੈਰ ਸਰਕਾਰੀ, ਸਹਿਕਾਰੀ, ਮਾਈਕਰੋ ਫਾਇਨਾਂਸ ਕੰਪਨੀਆਂ ਸਮੇਤ ਸਮੁੱਚਾ ਕਰਜ਼ਾ ਮਾਫ ਕੀਤਾ ਜਾਵੇ, ਬੁਢਾਪਾ-ਵਿਧਵਾ-ਅੰਗਹੀਣ-ਆਸ਼ਰਿਤ ਪੈਨਸ਼ਨ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਲਗਾਤਾਰ ਦਿੱਤੀ ਜਾਵੇ ਤੇ ਪੈਨਸ਼ਨ ਦੇਣ ਲਈ ਔਰਤਾਂ ਦੀ ਉਮਰ 55 ਤੇ ਮਰਦਾਂ ਦੀ 58 ਸਾਲ ਮਿਥੀ ਜਾਵੇ, ਮੋਦੀ-ਮਾਨ ਸਰਕਾਰਾਂ ਵਲੋਂ ਚੋਣਾਂ 'ਚ ਕੀਤੇ ਵਾਅਦੇ ਤੇ ਗਾਰੰਟੀਆਂ ਇੰਨ-ਬਿੰਨ ਲਾਗੂ ਕੀਤੀਆਂ ਜਾਣ, ਕੇਂਦਰ ਸਰਕਾਰ ਨੂੰ ਕਰੜੇ ਹੱਥੀਂ ਲੈਂਦਿਆਂ ਸਾਥੀ ਪਾਸਲਾ ਨੇ ਕਿਹਾ ਕਿ ਆਰ ਐੱਸ ਐੱਸ ਨੇ ਦੇਸ਼ ਦੀ ਹੋਣੀ ਜ਼ਾਲਿਮ ਧਾੜਵੀਆਂ ਨਾਲ ਨੱਥੀ ਕਰ ਦਿੱਤੀ ਹੈ, ਕਿਉਂਕਿ ਤਾਨਾਸ਼ਾਹ ਟਰੰਪ, ਘੋਰ ਨਸਲਵਾਦੀ ਨੇਤਨਯਾਹੂ ਤੇ ਲੋਕਰਾਜ ਦਾ ਜਨਮਜਾਤ ਵੈਰੀ ਮੋਦੀ ਮੁਸੋਲਿਨੀ ਤੇ ਹਿਟਲਰ ਵਰਗੇ ਫਾਸਿਸਟਾਂ ਤੇ ਨਾਜ਼ੀਆਂ ਦੀ ਅਮਾਨਵੀ ਸੋਚ ਦੇ ਪਿਛਲੱਗ ਹਨ

## ਜ਼ਿਲ੍ਹਾ ਕਾਂਗਰਸ ਦੀ ਨਵੀਂ ਕਾਰਜਕਾਰਨੀ ਦਾ ਐਲਾਨ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਜ਼ਿਲ੍ਹਾ ਐੱਸ ਏ ਐੱਸ ਨਗਰ (ਮੋਹਾਲੀ) ਲਈ 51 ਮੈਂਬਰੀ ਨਵੀਂ ਕਾਰਜਕਾਰਿਨੀ ਕਮੇਟੀ ਦਾ ਐਲਾਨ ਕੀਤੇ ਜਾਣ ਤੋਂ ਬਾਅਦ ਹਲਕਾ ਡੇਰਾਬੱਸੀ ਸਮੇਤ ਪੂਰੇ ਜ਼ਿਲ੍ਹੇ ਦੇ ਕਾਂਗਰਸੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਖੁਸ਼ੀ ਦੇ ਮੌਕੇ 'ਤੇ ਅਖਿਲ ਭਾਰਤੀ ਕਾਂਗਰਸ ਕਮੇਟੀ ਦੇ ਓ ਬੀ ਸੀ ਵਿਭਾਗ ਦੀ ਵਿਚਾਰਧਾਰਕ ਸਲਾਹਕਾਰ ਕਮੇਟੀ ਦੇ ਮੈਂਬਰ ਤੇ ਪੰਜਾਬ ਕਾਂਗਰਸ ਦੇ ਬੁਲਾਰੇ ਅਮਿਤ ਬਾਵਾ ਸੈਣੀ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ ਵਿੱਚ ਨਵ-ਨਿਯੁਕਤ ਅਹੁਦੇਦਾਰਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ?ਸਮਾਰੋਹ ਦੌਰਾਨ ਪਾਰਟੀ ਦੇ ਸੀਨੀਅਰ ਆਗੂ ਅਮਿਤ ਬਾਵਾ ਸੈਣੀ ਨੇ ਨਵੀਂ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਜ਼ਿਲ੍ਹਾ ਪ੍ਰਧਾਨ ਕਮਲ ਕਿਸ਼ੋਰ ਸ਼ਰਮਾ ਦੀ ਦੂਰਅੰਦੇਸ਼ੀ ਸਦਕਾ ਹੀ ਮਿਹਨਤੀ ਤੇ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲੇ ਵਰਕਰਾਂ ਨੂੰ ਅਹੁਦਿਆਂ ਨਾਲ ਨਿਵਾਜਿਆ ਗਿਆ ਹੈ। ?ਨਵੀਂ



ਕਾਰਜਕਾਰਿਨੀ ਵਿੱਚ ਅਹਿਮ ਜ਼ਿੰਮੇਵਾਰੀਆਂ ਹਾਸਲ ਕਰਨ ਵਾਲੇ ਆਗੂਆਂ ਵਿੱਚ ਮਨੋਜ ਸ਼ਰਮਾ ਨੂੰ ਜ਼ਿਲ੍ਹਾ ਉਪ-ਪ੍ਰਧਾਨ, ਵਿਕਰਮ ਸਿੰਘ ਰਾਣਾ ਅਤੇ ਪ੍ਰਵੀਨ ਮਖੀਜਾ ਨੂੰ ਜ਼ਿਲ੍ਹਾ ਮਹਾਂਸਚਿਵ (ਜਨਰਲ ਸਕੱਤਰ), ਮਨਪ੍ਰੀਤ ਸਿੰਘ ਸੈਦਪੁਰਾ ਨੂੰ ਜ਼ਿਲ੍ਹਾ ਪ੍ਰਵਕਤਾ (ਬੁਲਾਰਾ) ਅਤੇ ਸਰਾਂਸ਼ ਸ਼ਰਮਾ ਨੂੰ ਜ਼ਿਲ੍ਹਾ ਖਜ਼ਾਨਚੀ ਨਿਯੁਕਤ ਕੀਤਾ ਗਿਆ ਹੈ। ਅਮਿਤ ਬਾਵਾ ਨੇ ਸਾਰੇ ਆਗੂਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ।

## ਸੁਖਬੀਰ ਬਾਦਲ ਪ੍ਰੰਪਰਾਵਾਂ, ਧਾਰਮਿਕ ਮਰਿਆਦਾ ਤੋਂ ਅਣਜਾਣ : ਵਡਾਲਾ



**ਮਹਿਤਪੁਰ, ਨੂਰਮਹਿਲ (ਰਾਜਾ, ਬਾਲ ਕ੍ਰਿਸ਼ਨ ਬਾਲੀ)**-ਸੁਖਬੀਰ ਸਿੰਘ ਬਾਦਲ ਇਹ ਕਹਿ ਰਹੇ ਹਨ ਕਿ ਦੋ ਦਸੰਬਰ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਆਦੇਸ਼ ਹੋਏ ਹਨ, ਉਹ ਇੱਕ ਸਾਜਿਸ਼ ਸੀ ਤੇ ਮੈਨੂੰ ਮਰਵਾਉਣ ਦੀ ਕੋਸ਼ਿਸ਼ ਸੀ। ਉਸ ਦੇ ਇਸ ਬਿਆਨ ਤੋਂ ਪਤਾ ਲੱਗਦਾ ਹੈ ਕਿ ਇੱਕ ਅਖੌਤੀ ਪੰਥਕ ਪਾਰਟੀ ਦਾ ਪ੍ਰਧਾਨ ਹੋਣ ਦੇ ਬਾਵਜੂਦ ਉਹ ਸ੍ਰੀ ਅਕਾਲ ਤਖਤ ਸਾਹਿਬ ਦੇ ਇਤਿਹਾਸ, ਪਰੰਪਰਾਵਾਂ ਤੇ ਮਰਿਆਦਾ ਤੋਂ ਪੂਰੀ ਤਰ੍ਹਾਂ ਅਣਜਾਣ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਗੁਰਪ੍ਰਤਾਪ ਸਿੰਘ ਵਡਾਲਾ ਨੇ ਇੱਕ ਲਿਖਤੀ ਪ੍ਰੈੱਸ ਬਿਆਨ ਵਿੱਚ ਕੀਤਾ। ਉਹਨਾਂ ਕਿਹਾ ਦੋ ਦਸੰਬਰ ਨੂੰ ਅਕਾਲੀ ਸਰਕਾਰਾਂ ਉੱਤੇ ਲੱਗੇ ਸਾਰੇ ਇਲਜ਼ਾਮ ਗੁਰੂ ਦੀ ਬਖਸ਼ਿਸ਼ ਨਾਲ ਧੋਤੇ ਗਏ ਸਨ ਜੇ ਸੁਖਬੀਰ ਸਾਰਾ ਕੁਝ ਸਿਰ ਝੁਕਾ ਕੇ ਮੰਨ ਲੈਂਦੇ, ਪਰ ਉਹ ਮੁਕਤਸਰ ਦੀ ਧਰਤੀ ਤੇ ਜਾ ਕੇ ਸਾਰੇ ਕੁਝ ਤੋਂ ਮੁੱਕਰ ਗਿਆ। ਇਸ ਤਰ੍ਹਾਂ ਟੁੱਟੀ ਗੰਢਣ ਵਾਲੇ ਗੁਰੂ ਦੀ ਧਰਤੀ ਤੋਂ ਉਹ ਫਿਰ ਗੁਰੂ ਨੂੰ ਬੇਦਾਵਾ ਦੇ ਬੈਠਾ। ਜੇ ਉਹ ਸੱਚੇ ਮਨ ਨਾਲ ਸੇਵਾ ਕਰਦਾ ਤਾਂ ਸਾਰੇ ਗੁਨਾਹ ਬਖਸ਼ੇ ਗਏ ਸਨ ਤੇ ਗੁਰੂ ਵੱਲੋਂ ਬਖਸ਼ੇ ਹੋਏ ਨੂੰ ਲੋਕਾਂ ਨੇ ਵੀ ਪ੍ਰਵਾਨ ਕਰ ਲੈਣਾ ਸੀ। ਵਡਾਲਾ ਨੇ ਕਿਹਾ ਕਿ ਸੁਖਬੀਰ ਨੂੰ ਆਪਣੇ ਅੰਦਰ ਝਾਤੀ ਮਾਰਨ ਦੀ ਲੋੜ ਹੈ।

## ਅਕਾਸ਼ ਬਾਂਸਲ ਨੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ

**ਕਪੂਰਥਲਾ (ਪ੍ਰੀਤ ਸੰਗੋਜਲਾ)**- 2019 ਬੈਚ ਦੇ ਆਈ ਏ ਐੱਸ ਅਧਿਕਾਰੀ ਅਕਾਸ਼ ਬਾਂਸਲ ਨੇ ਡਿਪਟੀ ਕਮਿਸ਼ਨਰ, ਕਪੂਰਥਲਾ ਵਜੋਂ ਅਹੁਦਾ ਸੰਭਾਲ ਲਿਆ। ਅਹੁਦਾ ਸੰਭਾਲਣ ਮੌਕੇ ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਸਮਾਂਬੱਧ ਅਤੇ ਪਾਰਦਰਸ਼ੀ ਪ੍ਰਸ਼ਾਸਨਿਕ ਸੇਵਾਵਾਂ ਪ੍ਰਦਾਨ ਕਰਨ ਦੇ ਨਾਲ-ਨਾਲ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਸੁਚੱਜੇ ਢੰਗ ਨਾਲ ਪਹੁੰਚਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਰਹੇਗੀ।ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪਹੁੰਚਣ ਉਪਰੰਤ ਉਨ੍ਹਾਂ ਨੇ ਗਾਰਡ ਆਫ ਆਨਰ ਦੀ ਸਲਾਮੀ ਲਈ ਅਤੇ ਬਾਅਦ ਵਿੱਚ ਅਹੁਦਾ ਸੰਭਾਲਿਆ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਚੱਲ ਰਹੇ ਵੱਖ-ਵੱਖ ਵਿਕਾਸ ਪ੍ਰਾਜੈਕਟਾਂ ਦੀ ਸਮੇਂ-ਸਮੇਂ 'ਤੇ ਸਮੀਖਿਆ ਕੀਤੀ ਜਾਵੇਗੀ ਅਤੇ ਇਨ੍ਹਾਂ ਨੂੰ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕਰਵਾਉਣ ਲਈ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਭਲਾਈ ਸਕੀਮਾਂ ਜਿਵੇਂ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ, ਮੁੱਖ ਮੰਤਰੀ ਤੀਰਥ ਯਾਤਰਾ, ਮੁਫਤ ਬਿਜਲੀ ਸਕੀਮ ਆਦਿ ਯੋਜਨਾਵਾਂ ਦਾ ਜ਼ਮੀਨੀ ਪੱਧਰ ਤੱਕ ਜਾਣਕਾਰੀ ਮੁਹੱਈਆ ਕਰਵਾ ਕੇ ਯੋਗ ਲਾਭਪਾਤਰੀਆਂ ਤੱਕ ਇਨ੍ਹਾਂ ਦਾ ਲਾਭ ਪਹੁੰਚਾਇਆ ਜਾਵੇਗਾ।

## ਪੁਆਧ ਦੇ ਲੋਕ-ਕਵੀ ਗੁਰਬਚਨ ਸਿੰਘ 'ਆਜ਼ਾਦ' ਦੀਆਂ ਦੋ ਪੁਸਤਕਾਂ ਲੋਕ-ਅਰਪਣ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਪੰਜਾਬੀ ਸਾਹਿਤ ਸਭਾ (ਰਜਿ:), ਡੇਰਾਬੱਸੀ ਵੱਲੋਂ ਸਥਾਨਕ ਪਾਰਸ ਹੋਟਲ ਵਿਖੇ ਸਾਬਕਾ ਨਗਰ ਕੌਂਸਲ ਪ੍ਰਧਾਨ ਭੁਪਿੰਦਰ ਸਿੰਘ ਸੈਣੀ ਸਟੇਟ ਐਵਾਰਡੀ ਦੇ ਸਹਿਯੋਗ ਨਾਲ ਇੱਕ ਵਿਸ਼ੇਸ਼ ਸਾਹਿਤਕ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਉਹਨਾਂ ਦੇ ਪਿਤਾ ਤੇ ਪੁਆਧ ਦੇ ਪ੍ਰਸਿੱਧ ਲੋਕ-ਕਵੀ ਗੁਰਬਚਨ ਸਿੰਘ 'ਆਜ਼ਾਦ' ਦੇ 82ਵੇਂ ਜਨਮ ਦਿਨ ਮੌਕੇ, ਉਹਨਾਂ ਦੀਆਂ ਦੋ ਕਿਤਾਬਾਂ ਸਵੈ-ਜੀਵਨੀ 'ਮੇਰਾ ਜੀਵਨ ਮੇਰੀ ਗਾਥਾ' (ਤੀਜਾ ਐਡੀਸ਼ਨ) ਅਤੇ ਕਾਵਿ-ਸੰਗ੍ਰਹਿ 'ਰੰਗ-ਬਰੰਗ' (ਦੂਜਾ ਐਡੀਸ਼ਨ) ਲੋਕ-ਅਰਪਣ ਕੀਤੇ ਗਏ।ਸਮਾਗਮ ਦੀ ਸ਼ੁਰੂਆਤ ਸਭਾ ਦੇ ਪ੍ਰਧਾਨ ਜੈਲਦਾਰ ਸਿੰਘ ਹੱਸਮੁੱਖ ਵੱਲੋਂ ਸਾਹਿਤ-ਪ੍ਰੇਮੀਆਂ ਦੇ ਸੁਆਗਤ ਨਾਲ ਕੀਤੀ ਗਈ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਸਾਬਕਾ ਵਿਧਾਇਕ ਐੱਨ ਕੇ ਸ਼ਰਮਾ ਨੇ 'ਆਜ਼ਾਦ' ਦੀ ਸਾਹਿਤਕ ਦੇਣ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਨ੍ਹਾਂ ਦੀਆਂ ਲਿਖਤਾਂ ਸਾਡੇ ਖੇਤਰ ਦਾ ਅਸਲ ਸਰਮਾਇਆ ਹਨ, ਜਿਹਨਾਂ ਵਿੱਚ ਪੁਆਧ ਦੀ ਧਰਮ-ਨਿਰਪੱਖਤਾ ਅਤੇ ਆਪਸੀ ਸਾਂਝ ਝਲਕਦੀ ਹੈ। ਪ੍ਰੋਗਰਾਮ ਦੀ ਪ੍ਰਧਾਨਗੀ ਕਰ ਰਹੇ ਪੁਆਧੀ ਪੰਜਾਬੀ ਸੱਥ, ਮੁਹਾਲੀ ਦੇ ਮੁਖੀ ਸ੍ਰੀ ਮਨਮੋਹਨ ਸਿੰਘ ਦਾਊਂ ਨੇ ਕਿਹਾ ਕਿ 'ਆਜ਼ਾਦ' ਨੇ ਪੁਆਧੀ ਬੋਲੀ ਅਤੇ ਸੱਭਿਆਚਾਰ ਨੂੰ ਕੌਮਾਂਤਰੀ ਪੱਧਰ 'ਤੇ ਪਛਾਣ ਦਿਵਾਈ ਹੈ। ਉਹਨਾਂ ਕਿਹਾ ਕਿ ਹੱਕ-ਸੱਚ 'ਤੇ ਪਹਿਰਾ ਦੇਣਾ ਇੱਕ ਸੱਚੇ ਸਾਹਿਤਕਾਰ ਦਾ ਧਰਮ ਹੈ ਜਿਸ ਨੂੰ ਆਜ਼ਾਦ ਨੇ ਬਾਖ਼ੂਬੀ ਨਿਭਾਇਆ ਹੈ। ਜ਼ਿਕਰਯੋਗ ਹੈ ਕਿ ਅੱਜ ਸਾਬਕਾ ਹਲਕਾ ਵਿਧਾਇਕ ਐੱਨ ਕੇ ਸ਼ਰਮਾ, ਪ੍ਰੈੱਸ ਕਲੱਬ ਦੇ ਪ੍ਰਧਾਨ ਹਰਜੀਤ ਲੱਕੀ ਤੇ ਲੇਖਕ ਦੇ ਪੋਤਰੇ ਤੇਜਵੀਰ ਸੈਣੀ ਦਾ ਵੀ ਜਨਮ ਦਿਨ ਸੀ। ਲੇਖਕ ਦੇ ਪਰਿਵਾਰ ਵੱਲੋਂ ਸਮੂਹ ਸਾਹਿਤ-ਪ੍ਰੇਮੀਆਂ ਨੂੰ ਵਿਦਾਇਗੀ ਮੌਕੇ ਪੌਦੇ ਭੇਟ ਕੀਤੇ ਗਏ।ਗਿਆਨੀ ਧਰਮ ਸਿੰਘ ਭੰਖਰਪੁਰ, ਲੈਕਚਰਾਰ ਜੈਪਾਲ ਵੱਲੋਂ ਕਿਤਾਬਾਂ ਤੇ ਚਰਚਾ ਕੀਤੀ ਗਈ। ਇਸ ਹੋਰਨਾਂ ਤੋਂ ਇਲਾਵਾ ਹਰਨੇਕ ਸਿੰਘ ਸੈਣੀ, ਕ੍ਰਿਸ਼ਨਪਾਲ ਸ਼ਰਮਾ, ਰੋਟਰੀ ਕਲੱਬ ਦੇ ਸਕੱਤਰ ਹਰਿੰਦਰ ਹਨੀ, ਐਡਵੋਕੇਟ ਕੰਵਲਜੀਤ ਸਿੰਘ, ਸ਼ਾਮ ਸਿੰਘ ਸੰਧੂ, ਐਡਵੋਕੇਟ ਅਨਮੋਲ ਸਿੰਘ, ਡਾ. ਬੀ.ਆਰ. ਅੰਬੇਡਕਰ ਸੁਸਾਇਟੀ ਦੇ ਪ੍ਰਧਾਨ ਭਾਗ ਸਿੰਘ ਘੋੜੇਵਾਲ, ਭਜਨਬੀਰ ਸਿੰਘ, ਅਨਿਲ ਚੌਹਾਨ, ਜਸਵੀਰ ਪਰਾਗਪੁਰੀ, ਪ੍ਰੋ. ਰਵਿੰਦਰ ਸਿੰਘ, ਕਮਲਦੀਪ ਕੌਰ, ਪਰਵੀਨ ਕੌਰ, ਰਾਮ ਲਾਲ ਅਸਤ, ਚੰਦਰਪਾਲ ਅੱਤਰੀ, ਮਲਕੀਤ ਸਿੰਘ ਮਲਕਪੁਰ, ਸੁਰਜੀਤ ਕੋਹਾੜ, ਸਤਗੁਰ ਸਿੰਘ ਨੇ ਵੀ ਸ਼ਿਰਕਤ ਕੀਤੀ।



## ਪਾਠਕ ਸੱਥ ਵੱਲੋਂ 'ਸੂਹੀ ਸਵੇਰ' ਤੇ ਵਿਚਾਰ-ਚਰਚਾ

**ਬੰਗਾ (ਅਵਤਾਰ ਕਲੇਰ)**

ਅਦਾਰਾ ਪਾਠਕ ਸੱਥ ਨਵਾਂਸ਼ਹਿਰ ਵਲੋਂ ਕਿਤਾਬ 'ਸੂਹੀ ਸਵੇਰ' ਤੇ ਵਿਚਾਰ ਚਰਚਾ ਕਰਵਾਈ ਗਈ। ਇਸ ਦਾ ਆਗਾਜ਼ ਲਖਵਿੰਦਰ ਰਾਹੋਂ ਨੇ ਕਰਦਿਆਂ ਕਿਹਾ ਕਿ ਕਿਤਾਬ ਸਮਾਜ ਨੂੰ ਬਦਲਣ ਦਾ ਸੁਨੇਹਾ ਦਿੰਦੀ ਹੈ।ਪਰ ਲੋਕ ਸਮੱਸਿਆਵਾਂ ਤੇ ਰੁਝੇਵਿਆਂ ਵਿੱਚ ਐਨੇ ਜਿਆਦਾ ਉਲਝੇ ਹੋਏ ਹਨ ਕਿ ਇਸ ਪਾਸੇ ਤੁਰਨ ਤੋਂ ਪਾਸਾ ਵੱਟ ਰਹੇ ਹਨ। ਅਮਰਜੀਤ ਸਿੰਘ ਧਰਮਕੋਟ ਨੇ ਕਿਹਾ ਕਿ ਕਿਤਾਬ ਪੜ੍ਹ ਕੇ ਮਹਿਸੂਸ ਹੁੰਦਾ ਹੈ, ਸਮਾਜ ਨੂੰ ਸਮਝਣਾ ਕਿਉਂ ਜ਼ਰੂਰੀ ਹੈ। ਸਮਾਜ ਪਹਿਲਾ ਨਾਲੋਂ ਬੇਹਤਰ ਹੋਇਆ ਵੀ ਹੈ ਕਿਉਂਕਿ ਗੁਲਾਮਦਾਰੀ ਯੁੱਗ ਨਾਲੋਂ ਹੁਣ ਅਸੀਂ ਵਧੀਆ ਸਥਿਤੀ ਵਿਚ ਹਾਂ ਪਰ ਅਜੇ ਹੋਰ ਤਬਦੀਲੀ ਦੀ ਜ਼ਰੂਰਤ ਹੈ। ਜਸਵੀਰ ਜੱਸੀ ਦੇ ਅਨੁਸਾਰ ਹਾਕਮ ਜਮਾਤ ਨਹੀਂ ਚਾਹੁੰਦੀ ਕਿ ਲੋਕ ਕਿਸੇ ਤਬਦੀਲੀ ਵਾਲੇ ਪਾਸੇ ਨੂੰ ਤੁਰਨ ਉਹ ਲੋਕਾਂ ਨੂੰ ਫਿਰਕੂ ਝਗੜਿਆਂ ਵਿਚ ਫਸਾਈ ਰੱਖਦੇ ਹਨ। ਜਰਨੈਲ ਸਿੰਘ ਜਾਫਰਪੁਰ ਵਲੋਂ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਸਾਹਿਤ ਸਮਾਜ ਦਾ ਸ਼ੀਸ਼ਾ ਹੁੰਦਾ ਹੈ। ਸਮਾਜ ਤਬਦੀਲੀ ਦੀ ਆਸ ਰੱਖਣ ਵਾਲੇ ਲੋਕਾਂ ਲਈ ਇਸ ਦੇ ਖਾਸੇ ਨੂੰ ਸਮਝਣਾ ਪੈਣਾ ਹੈ।ਇੰਜੀ. ਜਸਵੀਰ ਮੋਰੋਂ ਦੇ ਵਿਚਾਰ ਪੇਸ਼ ਕਰਦਿਆਂ ਕਿਹਾ,ਕਿਰਤੀ ਵਰਗ ਦੀ ਲੁੱਟ ਕਰਨ ਵਾਲੀ ਸਰਮਾਏਦਾਰੀ ਜਮਾਤ ਕਦੇ ਨਹੀਂ ਚਾਹੁੰਦੀ ਕਿ ਆਮ ਲੋਕ ਕਦੇ ਸਿੱਖਿਅਤ ਤੇ ਲਾਮਬੰਦ ਹੋਣ। ਸੰਦੀਪ ਨਈਅਰ ਨੇ ਕਿਹਾ ਕਿ ਕਲਾ ਤੇ ਸਿਨੇਮਾ ਸਾਡੇ ਸਮਾਜ ਤੇ ਬਹੁਤ ਜਿਆਦਾ ਅਸਰ ਕਰਦੇ ਹਨ। ਹਾਕਮ ਜਮਾਤ ਸਿਨੇਮਾ ਨੂੰ ਆਪਣੇ ਹਿੱਤ ਲਈ ਵਰਤਦਾ ਆਇਆ ਹੈ। ਪਰਮਜੀਤ ਕਰਿਆਮ ਵੱਲੋਂ ਆਪਣੀਆਂ ਨਵੀਆਂ ਕਵਿਤਾਵਾਂ ਸੁਣਾ ਕਿ ਸਰੋਤਿਆਂ ਨਾਲ ਸਾਂਝ ਪਾਈ। ਲਾਇਬ੍ਰੇਰੀਅਨ ਇੰਚਾਰਜ ਅਨੂਪ ਰਾਣਾ ਨੂੰ ਅਦਾਰਾ ਪਾਠਕ ਸੱਥ ਵਲੋਂ ਨਾਵਲ 'ਕੈਂਪਸ 1996' ਭੇਟ ਕੀਤਾ ਗਿਆ।



## ਤਰਕਸ਼ੀਲ ਸੁਸਾਇਟੀ ਦਾ ਵਫਦ ਐੱਸ ਪੀ ਨੂੰ ਮਿਲਿਆ

**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)**-ਤਰਕਸ਼ੀਲ ਸੁਸਾਇਟੀ ਪੰਜਾਬ ਦੀ ਫਗਵਾੜਾ ਇਕਾਈ ਦਾ ਵਫਦ ਸੂਬਾ ਆਗੂ ਜਸਵਿੰਦਰ ਫਗਵਾੜਾ ਦੀ ਅਗਵਾਈ ਹੇਠ ਐੱਸ ਪੀ ਫਗਵਾੜਾ ਨੂੰ ਮਿਲਿਆ। ਵਫਦ ਨੇ ਪਿਛਲੇ ਦਿਨੀਂ ਫਗਵਾੜਾ ਦੀ ਇੱਕ ਮੰਦ ਬੁਧੀ ਲੜਕੀ ਨਾਲ ਇੱਕ ਅਖੌਤੀ ਬਾਬੇ ਵੱਲੋਂ ਕਿਸੇ ਧਾਰਮਿਕ ਜਗ੍ਹਾ ਕਹੇ ਜਾਂਦੇ ਸਥਾਨ ਤੇ ਗਲਤ ਹਰਕਤਾਂ ਕਰਨ ਸਬੰਧੀ ਖ਼ਬਰ ਸੋਸ਼ਲ ਮੀਡੀਆ ਉਤੇ ਵਾਇਰਲ ਹੋਈ ਸੀ। ਵਫ਼ਦ ਨੇ ਇਸ ਕੇਸ ਦੀ ਗੰਭੀਰਤਾ ਨਾਲ ਜਾਂਚ ਕਰਵਾ ਕੇ ਉਕਤ ਬਾਬੇ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ। ਵਫਦ ਨੇ ਸੰਵਿਧਾਨ ਦੇ ਆਰਟੀਕਲ 51(1) ਅਨੁਸਾਰ ਵਿਗਿਆਨਿਕ ਵਿਚਾਰਾਂ ਦੇ ਪ੍ਰਚਾਰ ਦੀ ਵਜਾਏ ਅੰਧਵਿਸ਼ਵਾਸ ਫ਼ੈਲਾ ਕੇ ਆਮ ਲੋਕਾਂ ਦੀ ਕੀਤੀ ਜਾ ਰਹੀ ਆਰਥਿਕ ਤੇ ਸਮਾਜਿਕ ਲੁੱਟ ਬੰਦ ਕਰਵਾਉਣ ਦੀ ਮੰਗ ਕੀਤੀ। ਉਕਤ ਪੁਲਿਸ ਅਧਿਕਾਰੀ ਨੇ ਕਾਨੂੰਨ ਦੀ ਪਾਲਣਾ ਕਰਨ ਦਾ ਵਿਸਵਾਸ਼ ਦਿਵਾਇਆ ।ਇਸ ਸਮੇਂ ਸੋਸਾਇਟੀ ਆਗੂ ਸੁਖਦੇਵ ਫਗਵਾੜਾ, ਸੁਰਿੰਦਰਪਾਲ ਪੱਦੀ, ਬਲਵਿੰਦਰ ਪ੍ਰੀਤ ਅਤੇ ਅਵਿਨਾਸ਼ ਹਰਦਾਸਪੁਰ ਹਾਜ਼ਰ ਸਨ। ਇਹ ਜਾਣਕਾਰੀ ਸੋਸਾਇਟੀ ਦੇ ਬੁਲਾਰੇ ਸੁਰਿੰਦਰ ਪਾਲ ਪੱਦੀ ਨੇ ਪ੍ਰੈੱਸ ਨੂੰ ਜਾਰੀ ਕੀਤੀ।

## ਬੀਬੀ ਰਣਜੀਤ ਕੌਰ ਖਾਲਸਾ ਪੰਜ ਤੱਤਾਂ 'ਚ ਵਲੀਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਸੇਵਾ ਤੇ ਸਿਮਰਨ ਦੇ ਪੁੰਜ ਸ੍ਰੀਮਾਨ ਸੰਤ ਬਾਬਾ ਨਿਧਾਨ ਸਿੰਘ ਜੀ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਦੇ ਭਰਾਤਾ ਦੀ ਪੋਤ ਨੂੰਹ ਤੇ ਪ੍ਰਸਿੱਧ ਕੀਰਤਨੀਏ ਭਾਈ ਰਣਜੋਧ ਸਿੰਘ ਨਡਾਲੋਂ ਦੇ ਮਾਤਾ ਬੀਬੀ ਰਣਜੀਤ ਕੌਰ ਖਾਲਸਾ ਜੋ ਅਕਾਲ ਚਲਾਣਾ ਕਰ ਗਏ ਸਨ, ਦਾ ਅੱਜ ਪਿੰਡ ਨਡਾਲੋਂ ਦੇ ਸ਼ਮਸ਼ਾਨਘਟ ਵਿੱਚ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਇਸ ਮੌਕੇ ਚਿਖਾ ਨੂੰ ਅਗਨੀ ਦਿਖਾਉਣ ਦੀ ਅਰਦਾਸ ਗੁਰਦੁਆਰਾ ਸੰਤ ਬਾਬਾ ਨਿਧਾਨ ਸਿੰਘ ਦੇ ਮੁੱਖ ਗ੍ਰੰਥੀ ਭਾਈ ਅਕਾਸ਼ਦੀਪ ਸਿੰਘ ਬਾਸਰਕੇ ਗਿੱਲਾਂ ਨੇ ਕੀਤੀ ਤੇ ਚਿਖਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਭਾਈ ਰਣਜੋਧ ਸਿੰਘ ਨੇ ਦਿਖਾਈ। ਇਸ ਤੋਂ ਪਹਿਲਾਂ ਭਾਈ ਸੁਖਦੇਵ ਸਿੰਘ ਜੀ ਨਡਾਲੋਂ, ਭਾਈ ਜਸਲੀਨ ਸਿੰਘ ਜੀ ਪਾਂਸ਼ਟਾ, ਭਾਈ ਅਮਨਦੀਪ ਸਿੰਘ ਜੀ ਲੁਧਿਆਣਾ ਤੇ ਭਾਈ ਜਸਕੀਰਤ ਸਿੰਘ ਜੀ ਲੁਧਿਆਣਾ ਨੇ ਵੈਰਾਗਮਈ ਕੀਰਤਨ ਕੀਤਾ। ਇਸ ਮੌਕੇ ਜੋਗਿੰਦਰ ਕੌਰ, ਗੁਰਮੀਤ ਸਿੰਘ ਘੜਿਆਲ, ਮਹਿੰਦਰ ਸਿੰਘ ਬਡਿਆਲ, ਜਗਦੀਪ ਸਿੰਘ ਆਦਮਪੁਰ, ਤਰਸੇਮ ਸਿੰਘ ਕੂਕੋਵਾਲ, ਜਗਤਾਰ ਸਿੰਘ ਦਿੱਲੀ, ਜਥੇ. ਇਕਬਾਲ ਸਿੰਘ ਖੇੜਾ, ਲਖਵਿੰਦਰ ਸਿੰਘ ਬਿੰਦਾ, ਧਰਮਿੰਦਰ ਸਿੰਘ ਸੋਨੂੰ, ਅਮਰਜੀਤ ਸਿੰਘ ਖਾਲਸਾ ਜਾਂਗਲੀਆਣਾ, ਬਾਬਾ ਜਰਨੈਲ਼ ਸਿੰਘ, ਸਰਬਪ੍ਰੀਤ ਸਿੰਘ ਸਾਬੀ, ਦਲਵੀਰ ਸਿੰਘ ਭੱਟੀ, ਹਰਪ੍ਰੀਤ ਕੌਰ, ਹਰਵਿੰਦਰ ਕੌਰ, ਗੁਰਦੀਪ ਕੌਰ, ਗੁਰਵਿੰਦਰ ਕੌਰ, ਜਸਪ੍ਰੀਤ ਕੌਰ, ਦਿਆਲ ਕੌਰ, ਬੀਬੀ ਸੁਰਿੰਦਰ ਕੌਰ ਮਾਹਿਲਪੁਰ, ਹਰਮਨ ਸਿੰਘ, ਜਗਮੋਹਣ ਸਿੰਘ ਜੱਗੀ ਹਵੇਲੀ, ਪਰਮਜੀਤ ਸਿੰਘ ਪੰਮਾ ਬਾਹੋਵਾਲ, ਹਰਭਜਨ ਕੌਰ ਆਦਿ ਹਾਜ਼ਰ ਸਨ।



## ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਦਾਨੀ ਸੱਜਣ ਵੱਲੋਂ ਟਰੈਕਟਰ ਭੇਟ

**ਮੁਹਾਲੀ (ਗੁਰਜੀਤ ਬਿੱਲਾ)**-ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਕਾਰ ਸੇਵਾ ਲਈ ਦਾਨੀ ਸੱਜਣ ਵੱਲੋਂ ਸੋਨਾਲੀਕਾ 735 ਪਾਵਰ ਪਲੱਸ ਟਰੈਕਟਰ ਭੇਟ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਸਵੇਰ ਵੇਲੇ ਦਾਨੀ ਸੱਜਣ ਨੇ ਪਰਵਾਰ ਸਮੇਤ ਆ ਕੇ ਇਹ ਸੋਨਾਲੀਕਾ 73 ਪਾਵਰ ਪਲੱਸ ਟਰੈਕਟਰ ਗੁਰਦੁਆਰਾ ਸਾਹਿਬ ਵਿਖੇ ਭੇਟ ਕੀਤਾ। ਟਰੈਕਟਰ ਦੇ ਸਾਰੇ ਕਾਗਜ਼ਾਤ, ਬੀਮਾ ਆਦਿ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੇ ਨਾਂਅ 'ਤੇ ਹੈ।ਦਾਨੀ ਸੱਜਣ ਵੱਲੋਂ ਟਰੈਕਟਰ ਤੇ ਲੱਗਣ ਵਾਲਾ ਸਾਰਾ ਸਮਾਨ ਵੀ ਲਗਵਾ ਕੇ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪ੍ਰਬੰਧਕ ਕਮੇਟੀ ਅਤੇ ਸੇਵਾਦਾਰਾਂ ਵੱਲੋਂ ਇਕੱਠੇ ਹੋ ਕੇ ਕੜਾਹ ਪ੍ਰਸ਼ਾਦਿ ਦੀ ਦੇਗ ਸਜਾ ਕੇ ਅਰਦਾਸੀਆ ਸਿੰਘ ਤੋਂ ਦਾਨੀ ਸੱਜਣ ਦੇ ਪਰਿਵਾਰ ਦੀ ਚੜ੍ਹਦੀ ਕਲਾ ਲਈ ਅਰਦਾਸ ਕਰਵਾਈ ਗਈ।



## ਵਿਸ਼ਵ ਸਿਹਤ ਦਿਵਸ ਮਨਾਇਆ




**ਜਲੰਧਰ (ਇਕਬਾਲ ਸਿੰਘ ਉਭੀ)**

ਸੇਂਟ ਸੋਲਜਰ ਮੈਨੇਜਮੈਂਟ ਐਂਡ ਟੈਕਨੀਕਲ ਇੰਸਟੀਚਿਊਟ ਕਪੂਰਥਲਾ ਰੋਡ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਇੱਕ ਜਾਣਕਾਰੀ ਭਰਪੂਰ ਪੇਸ਼ਕਾਰੀ ਰਾਹੀਂ ਚੰਗੀ ਸਿਹਤ, ਸਫਾਈ, ਸੰਤੁਲਿਤ ਖੁਰਾਕ, ਤੰਦਰੁਸਤੀ ਅਤੇ ਸਿਹਤਮੰਦ ਜੀਵਨ ਸ਼ੈਲੀ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ। ਸਮਾਗਮ ਦੌਰਾਨ, ਵਿਦਿਆਰਥੀਆਂ ਨੂੰ ਸਰੀਰਕ ਤੇ ਮਾਨਸਿਕ ਸਿਹਤ ਨੂੰ ਕਿਵੇਂ ਬਣਾਈ ਰੱਖਣਾ ਹੈ, ਇਸ ਬਾਰੇ ਮਾਰਗਦਰਸ਼ਨ ਕੀਤਾ ਗਿਆ, ਜੋ ਕਿ ਇੱਕ ਸਫਲ ਜੀਵਨ ਲਈ ਜ਼ਰੂਰੀ ਹੈ। ਉਨ੍ਹਾਂ ਨੂੰਆਪਣੀ ਰੋਜ਼ਾਨਾ ਰੁਟੀਨ ਵਿੱਚ ਸਿਹਤਮੰਦ ਆਦਤਾਂ ਅਪਣਾਉਣ ਤੇ ਦੂਜਿਆਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਫੈਲਾਉਣਲਈ ਵੀ ਉਤਸ਼ਾਹਿਤ ਕੀਤਾ ਗਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਰੋਹਨ ਸ਼ਰਮਾ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਤੇ ਤੇਜ਼ ਰਫ਼ਤਾਰ ਜ਼ਿੰਦਗੀ ਵਿੱਚ ਸਿਹਤਮੰਦ ਰਹਿਣ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਸਾਰਿਆਂ ਨੂੰ ਆਪਣੀ ਸਿਹਤ ਅਤੇ ਤੰਦਰੁਸਤੀ ਦਾ ਧਿਆਨ ਰੱਖਣ ਲਈ ਉਤਸ਼ਾਹਿਤ ਕੀਤਾ। ਚੇਅਰਮੈਨ ਅਨਿਲ ਚੋਪੜਾ ਤੇ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਵਿਦਿਆਰਥੀਆਂ ਲਈ ਅਜਿਹੇ ਜਾਗਰੂਕਤਾ ਪ੍ਰੋਗਰਾਮ ਦੇ ਆਯੋਜਨ ਵਿੱਚ ਸੰਸਥਾ ਦੇ ਯਤਨਾਂ ਦੀ ਸ਼ਲਾਘਾ ਕੀਤੀ।

## ਗੁਰੂ ਨਾਨਕ ਦੇਵ 'ਵਰਸਿਟੀ ਕਾਲਜ 'ਚ ਵਿਸ਼ਵ ਸਿਹਤ ਦਿਵਸ ਮਨਾਇਆ



**ਫਿਲੌਰ (ਨਿਰਮਲ)**-ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਵਿੱਚ ਡਾਇਰੈਕਟਰ, ਯੁਵਕ ਸੇਵਾਵਾਂ, ਪੰਜਾਬ ਯੁਵਾ ਭਵਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਾਲਜ ਦੀ ਐੱਨ ਐੱਸ ਐੱਸ ਇਕਾਈ ਵੱਲੋਂ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਇੱਕ ਸ਼ਬਦ ਰਾਹੀਂ ਕੀਤੀ ਗਈ। ਪ੍ਰੋਗਰਾਮ ਅਫਸਰ ਪ੍ਰੋਫੈਸਰ ਸੋਨੀਆ ਨੇ ਅੱਜ ਦੇ ਮੁੱਖ ਵਿਸ਼ੇ ਵਿਸ਼ਵ ਸਿਹਤ ਦਿਵਸ ਨਾਲ ਜਾਣੂ ਕਰਵਾਇਆ। ਇਸ ਮੌਕੇ ਡਾ. ਪਰਮਜੀਤ ਕੌਰ ਤੇ ਵਿਦਿਆਰਥੀਆਂ ਨੇ ਕਵਿਤਾਵਾਂ, ਭਾਸ਼ਣ ਤੇ ਪੀ ਪੀ ਟੀ ਰਾਹੀਂ ਵਿਚਾਰ ਸਾਂਝੇ ਕੀਤੇ। ਕਾਲਜ ਦੀ ਲਾਇਬ੍ਰੇਰੀ ਵਿੱਚ ਸਿਹਤ ਸੰਬੰਧੀ ਪੁਸਤਕਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਓ ਐੱਸ ਡੀ ਡਾ. ਰਾਜਵਿੰਦਰ ਕੌਰ ਹੁੰਦਲ ਨੇ ਆਪਣੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਵਿਦਿਆਰਥੀਆਂ ਵਿੱਚ ਸਕਾਰਾਤਮਕ ਸੋਚ, ਚੰਗੀ ਸਿਹਤ ਲਈ ਖੇਡਾਂ ਦਾ ਮਹੱਤਵ, ਸਰੀਰਕ ਸਿਹਤ ਦੇ ਨਾਲ ਨਾਲ ਮਾਨਸਿਕ ਤੰਦਰੁਸਤੀ ਨਾਲ ਅੱਗੇ ਵਧਣ ਲਈ ਪ੍ਰੇਰਿਆ। ਸਮਾਗਮ ਦੇ ਅੰਤ ਵਿੱਚ ਉਹਨਾਂ ਨੇ ਸਮੂਹ ਅਧਿਆਪਕ ਤੇ ਐੱਨ ਐੱਸ ਐੱਸ ਦੇ ਸਮੂਹ ਵਿਦਿਆਰਥੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਮਿਹਨਤ ਕਰਨ ਵਾਲੇ ਹਮੇਸ਼ਾ ਕਾਮਯਾਬ ਹੁੰਦੇ ਹਨ।

## ਦਰਸ਼ਵੀਰ ਸਿੰਘ ਰਾਣਾ ਨੂੰ ਗ੍ਰਿਫ਼ਤਾਰ ਕਰਨ ਦੇ ਵਿਰੋਧ 'ਚ ਧਰਨਾ

**ਨਕੋਦਰ (ਮਨਜੀਤ ਮਾਨ)**

ਮੁੱਖ ਮੰਤਰੀ ਪੰਜਾਬ ਸਰਕਾਰ ਭਗਵੰਤ ਸਿੰਘ ਮਾਨ ਵੱਲੋਂ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਆਉਣਾ ਸੀ ਜਿਸ ਦੌਰਾਨ ਤੜਕਸਾਰ ਹੀ ਜਲ ਸਪਲਾਈ ਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਰਜਿ 26 ਦੇ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ ਨੂੰ ਗਿਰਫ਼ਤਾਰ ਕਰਕੇ ਥਾਣਾ ਗੜਦੀਵਾਲ ਵਿਖੇ ਲਿਜਾਇਆ ਗਿਆ ਜਦੋਂ ਇਸ ਸਬੰਧੀ ਜਥੇਬੰਦੀ ਦੇ ਵਰਕਰ ਤੇ ਆਗੂਆਂ ਨੂੰ ਸੂਚਨਾ ਮਿਲੀ ਤਾਂ ਉਨ੍ਹਾਂ ਤੁਰੰਤ ਐਕਸ਼ਨ ਲੈਂਦਿਆਂ ਸੂਬੇ ਭਰ ਵਿੱਚ ਸਰਕਾਰ ਖ਼ਿਲਾਫ਼ ਜ਼ੋਰਦਾਰ ਪ੍ਰਦਰਸ਼ਨ ਕੀਤਾ। ਜਲ ਸਪਲਾਈ ਦਫ਼ਤਰ ਮਲਸੀਆਂ ਵਿਖੇ ਵੀ ਬ੍ਰਾਂਚ ਸ਼ਾਹਕੋਟ ਤੇ ਨਕੋਦਰ ਦੇ ਸਾਥੀਆਂ ਵੱਲੋਂ ਇੱਕਠੇ ਹੋ ਕੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।ਇਸ ਉਪਰੰਤ ਜਾਣਕਾਰੀ ਦਿੰਦਿਆਂ ਸੂਬਾ ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਸ਼ੀਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਆਮਦ ਤੇ ਸਾਡਾ ਕੋਈ ਵੀ ਵਿਰੋਧ ਪ੍ਰਦਰਸ਼ਨ ਕਰਨ ਦਾ ਫੈਸਲਾ ਨਹੀਂ ਸੀ।ਪਰ ਇਸ ਦੇ ਬਾਵਜੂਦ ਵੀ ਜਥੇਬੰਦੀ ਦੇ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ ਨੂੰ ਸਵੇਰੇ ਹੀ ਗਿਰਫ਼ਤਾਰ ਕੀਤਾ ਗਿਆ ਹੈ ਜਿਸ ਦੇ ਵਿਰੋਧ ਵਿੱਚ ਧਰਨਾ ਪ੍ਰਦਰਸ਼ਨ ਕੀਤਾ ਗਿਆ ਹੈ। ਜਥੇਬੰਦੀ ਦੇ ਸੂਬੇ ਭਰ ਵਿੱਚ ਹੋਏ ਜ਼ਬਰਦਸਤ ਪ੍ਰਦਰਸ਼ਨ ਤੋਂ ਬਾਅਦ ਮਜਬੂਰਨ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ ਨੂੰ ਰਿਹਾਅ ਕਰਨ ਪਿਆ।ਇਸ ਮੌਕੇ ਵਿੱਤ ਸਕੱਤਰ ਰੇਸ਼ਮ ਸਿੰਘ ਭੋਇਪੁਰ, ਜੁਆਇੰਟ ਸਕੱਤਰ ਸ਼ਿੰਦਰਪਾਲ ਸੰਧੂ, ਮੀਤ ਪ੍ਰਧਾਨ ਕੁਲਦੀਪ ਚੰਦ ਨਾਹਰ, ਮੀਤ ਪ੍ਰਧਾਨ ਸੰਦੀਪ ਸਿੰਘ ਕੰਗ ਤੋਂ ਇਲਾਵਾ ਵਰਕਰ ਸਾਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



## ਵਿਸਾਖੀ ਜੋੜ ਮੇਲਾ ਤੇ ਜਨਮ ਦਿਨ ਸੰਬੰਧੀ ਸਮਾਗਮ 13 ਤੇ 14 ਨੂੰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਡੇਰਾ 108 ਸੰਤ ਬਾਬਾ ਹੰਸ ਰਾਜ ਮਹਾਰਾਜ ( ਰਜਿ.) ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਪੰਡਵਾਂ ਵਿਖੇ ਦੇਸ਼- ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ 22ਵਾਂ ਸ੍ਰੀ ਗੁਰੂ ਰਵਿਦਾਸ ਵਿਸਾਖੀ ਜੋੜ ਮੇਲਾ ਤੇ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਦੇ ਸੰਬੰਧ ਵਿੱਚ ਇੱਕ ਵਿਸ਼ੇਸ਼ ਸਮਾਗਮ 14 ਅਪ੍ਰੈਲ ਨੂੰ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਤ ਮਹਿੰਦਰ ਪਾਲ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇਕ ਸੁਸਾਇਟੀ ਪੰਜਾਬ, ਸੰਤ ਬੀਬੀ ਬਿਮਲਾ ਰਾਣੀ, ਸੰਤ ਜਸਵਿੰਦਰ ਪਾਲ ਤੇ ਸੰਤ ਮੋਹਨ ਪਾਲ ਨੇ ਸਾਂਝੇ ਤੌਰ ਤੇ ਦੱਸਿਆ ਕਿ 13 ਅਪ੍ਰੈਲ ਨੂੰ ਸਰੋਵਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵਿਖੇ ਨਿਸ਼ਾਨ ਸਾਹਿਬ ਜੀ ਨੂੰ ਚੋਲਾ ਪਹਿਨਾਉਣ ਦੀ ਰਸਮ ਸਵੇਰੇ 9 ਵਜੇ ਕੀਤੀ ਜਾਵੇਗੀ। ਉਪਰੰਤ ਰਾਤ ਦੇ ਦੀਵਾਨ ਸਜਾਏ ਜਾਣਗੇ। ਜਿਸ ਵਿੱਚ ਮਿਸ਼ਨਰੀ ਗਾਇਕ ਵਿੱਕੀ ਬਹਾਦਰ ਕੇ ਆਪਣਾ ਧਾਰਮਿਕ ਪ੍ਰੋਗਰਾਮ ਪੇਸ਼ ਕਰਨਗੇ। ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਜਾਪ 10 ਅਪ੍ਰੈਲ ਦਿਨ ਸ਼ੁਕਰਵਾਰ ਤੋਂ 14 ਅਪ੍ਰੈਲ ਦਿਨ ਮੰਗਲਵਾਰ ਤੱਕ ਚੱਲਣਗੇ। 14 ਅਪ੍ਰੈਲ ਦਿਨ ਮੰਗਲਵਾਰ ਨੂੰ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਸਵੇਰੇ 9 ਵਜੇ ਭੋਗ ਪੈਣਗੇ। ਉਸ ਤੋਂ ਬਾਅਦ ਭਾਈ ਪਰਮਜੀਤ ਸਿੰਘ ਪਰਵਾਨਾ ਰੁੜਕੀ ਵਾਲੇ ਤੇ ਸ੍ਰੀ ਗੁਰੂ ਰਵਿਦਾਸ ਮਾਡਲ ਸਕੂਲ ਦੇ ਵਿਦਿਆਰਥੀ ਕਥਾ ਕੀਰਤਨ ਕਰਨਗੇ। ਗਾਇਕਾ ਗਿੱਲ ਸਿਸਟਰਜ਼ ਤੇ ਗਾਇਕ ਰਣਜੀਤ ਰਾਣਾ ਵੀ ਆਪਣੀ ਹਾਜ਼ਰੀ ਲਗਵਾਉਣਗੇ। ਇਸ ਮੌਕੇ ਸੰਤਾਂ ਮਹਾਂਪੁਰਸ਼ਾਂ ਨੇ ਇਲਾਕਾ ਨਿਵਾਸੀ ਸੰਗਤਾਂ ਨੂੰ ਇਸ ਸਮਾਗਮ ਵਿੱਚ ਸ਼ਾਮਿਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਬੇਨਤੀ ਕੀਤੀ। ਗੁਰੂ ਕੇ ਲੰਗਰ ਅਤੁੱਟ ਚੱਲਣਗੇ।

## ਹਰਦੀਪ ਕੁਮਾਰ ਦੇ ਪਿਤਾ ਸਵਰਨ ਚੰਦ ਨੂੰ ਨਮ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਈ



**ਫਗਵਾੜਾ (ਡਾ. ਰਮਨ, ਕਮਲ ਰਾਏ)**

ਪੰਜਾਬ ਰਾਜ ਪਾਵਰਕਾਮ ਲਿ. ਦੇ ਵਧੀਕ ਨਿਗਰਾਨ ਇੰਜੀਨੀਅਰ ਹਰਦੀਪ ਕੁਮਾਰ ਦੇ ਸਤਿਕਾਰਯੋਗ ਪਿਤਾ ਸਵਰਨ ਚੰਦ ਜੋ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਸਵਰਗ ਸਿਧਾਰ ਗਏ ਸਨ, ਉਹਨਾਂ ਨੂੰ ਹਜਾਰਾਂ ਨਮ ਅੱਖਾਂ ਨੇ ਭੂਆ ਧਮੜੀ ਸ਼ਮਸ਼ਾਨਘਾਟ ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਗਮਗੀਨ ਮਾਹੌਲ ਵਿੱਚ ਅੰਤਿਮ ਵਿਦਾਈ ਦਿੱਤੀ। ਇਸ ਮੌਕੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ, ਪਾਵਰਕਾਮ ਦੇ ਡਿਪਟੀ ਚੀਫ ਇੰਜੀਨੀਅਰ ਪਵਨ ਬੀਸਲਾ ਨਵਾਂਸ਼ਹਿਰ, ਦਵਿੰਦਰ ਕੁਲਥਮ, ਸੰਤੋਸ਼ ਕੁਮਾਰ ਗੋਗੀ ਜਿਲ੍ਹਾ ਸਕੱਤਰ ਆਮ ਆਦਮੀ ਪਾਰਟੀ, ਅਸ਼ੋਕ ਕੁਲਥਮ, ਦਵਿੰਦਰ ਸਿੰਘ ਐਕਸ ਈ ਐੱਨ ਤੋਂ ਇਲਾਵਾ ਜਸਪਾਲ ਐਕਸ ਈ ਐੱਨ ਜਲੰਧਰ, ਅਜੀਤ ਸਿੰਘ ਰਿਟਾ. ਐੱਸ ਡੀ ਓ, ਆਤਮਜੀਤ ਸਿੰਘ, ਜੋਤੀ ਪ੍ਰਕਾਸ਼ ਐੱਸ ਡੀ ਓ ਤੇ ਸਿਟੀ ਕੇਬਲ ਦੇ ਡਾਇਰੈਕਟਰ ਐੱਚ ਐੱਸ ਬਸਰਾ, ਬਸਪਾ ਆਗੂ ਪਰਵੀਨ ਬੰਗਾ, ਰਿੰਪਲ ਕੁਮਾਰ ਸਰਪੰਚ ਵਜੀਦੋਵਾਲ, ਗੁਰਮੀਤ ਸਿੰਘ ਸਰਪੰਚ ਲੱਖਪੁਰ, ਲਾਇਨ ਗੁਰਦੀਪ ਸਿੰਘ ਕੰਗ, ਸਰਬ ਨੌਜਵਾਨ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ, ਢਾਡੀ ਗੁਰਦਿਆਲ ਸਿੰਘ ਲੱਖਪੁਰ, ਕੌਂਸਲਰ ਮਨੀਸ਼ ਪ੍ਰਭਾਕਰ ਸਮੇਤ ਵੱਡੀ ਗਿਣਤੀ ਵਿੱਚ ਸਿਆਸੀ, ਸਮਾਜਿਕ ਅਤੇ ਧਾਰਮਿਕ ਜੱਥੇਬੰਦੀਆਂ ਦੇ ਆਗੂਆਂ ਨੇ ਸਵ. ਸਵਰਨ ਚੰਦ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕਰਦਿਆਂ ਪਰਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ। ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦਾ ਭੋਗ ਤੇ ਅੰਤਮ ਅਰਦਾਸ 11 ਅਪ੍ਰੈਲ ਨੂੰ ਟੂਰਾ ਬਸਰਾ ਜਠੇਰੇ ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਦੁਪਹਿਰ 1 ਤੋਂ 2 ਵਜੇ ਤੱਕ ਹੋਵੇਗੀ। ਇਸ ਮੌਕੇ ਹਰਜਿੰਦਰ ਗੋਗਨਾ ਲੈਕਚਰਾਰ, ਨਰਿੰਦਰ ਸਿੰਘ ਸੈਣੀ, ਮੁਲਖਰਾਜ ਰਿਟਾ. ਨਾਇਬ ਤਹਿਸੀਲਦਾਰ, ਕੌਂਸਲਰ ਜਤਿੰਦਰ ਵਰਮਾਨੀ, ਗੁਰਦਿਆਲ ਸਿੰਘ ਭੁੱਲਾਰਾਈ ਸਾਬਕਾ ਚੇਅਰਮੈਨ ਬਲਾਕ ਸੰਮਤੀ, ਗੁਰਜੀਤ ਪਾਲ ਵਾਲੀਆ, ਰਿਟਾ. ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ, ਡਾ. ਅਮਰਜੀਤ ਬੰਗੜ ਆਦਿ ਹਾਜਰ ਸਨ।

## ਡਾ. ਸੁੱਖੀ ਵੱਲੋਂ ਵੱਖ-ਵੱਖ ਕਾਰਜਾਂ ਦਾ ਉਦਘਾਟਨ



**ਬੰਗਾ (ਅਵਤਾਰ ਕਲੇਰ)**-ਬੰਗਾ ਹਲਕੇ ਦੇ ਪਿੰਡ ਮੇਹਲੀ ਵਿਖੇ ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ ਨੇ 37 ਲੱਖ ਰੁਪਏ ਦੀ ਲਾਗਤ ਨਾਲ ਹੋਏ ਤੇ ਹੋਣ ਵਾਲੇ ਕਾਰਜਾਂ ਦਾ ਉਦਘਾਟਨ ਕੀਤਾ। ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਤੋਂ ਲੈ ਕੇ ਮੇਹਲੀ ਕਲੋਨੀ ਤੱਕ ਰਸਤੇ ਦੀ ਉਸਾਰੀ ਰੰਗਲਾ ਪੰਜਾਬ ਸਕੀਮ ਤਹਿਤ ਉਦਘਾਟਨ ਕੀਤਾ। ਇਸ ਰਸਤੇ ਤੇ 6 ਲੱਖ ਰੁਪਏ 15ਵੇਂ ਵਿੱਤ ਕਮਿਸ਼ਨ ਸਕੀਮ ਤਹਿਤ ਖਰਚ ਆਇਆ।ਗੰਦੇ ਪਾਣੀ ਦੇ ਨਿਕਾਸ ਵਾਲੇ ਛੱਪੜ ਵਿੱਚ ਥਾਪਰ ਮਾਡਲ ਦੀ ਉਸਾਰੀ ਨਾਲ ਸਬੰਧੀ ਪ੍ਰੋਜੈਕਟ ਕੀਮਤ 27 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗਾ ਤੇ 9 ਲੱਖ ਰੁਪਏ ਆ ਚੁੱਕੇ ਹਨ। ਮੇਹਲੀ ਕਲੋਨੀ ਤੋਂ ਲੈ ਕੇ ਗੰਦੇ ਪਾਣੀ ਦੇ ਨਿਕਾਸ ਲਈ 4 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਾਲੇ ਦਾ ਉਦਘਾਟਨ ਵੀ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਸੁੱਖੀ ਨੇ ਕਿਹਾ ਕਿ ਵਿਕਾਸ ਕਾਰਜਾਂ ਚ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਸਾਰੇ ਬੰਗਾ ਹਲਕੇ 'ਚ ਵਿਕਾਸ ਕਾਰਜਾਂ ਲਈ ਸਰਕਾਰ ਵੱਲੋਂ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ। ਸਰਪੰਚ ਸਰਬਜੀਤ ਕੌਰ ਵਲੋਂ ਡਾ. ਸੁੱਖੀ ਅਤੇ ਉਨ੍ਹਾਂ ਨਾਲ ਪਹੁੰਚੇ ਹੋਏ ਆਗੂਆਂ ਦਾ ਸਿਰਪਾਓ ਨਾਲ ਸਨਮਾਨਤ ਕੀਤਾ। ਡਾ. ਜਸਪਾਲ ਕਲੇਰ ਵਲੋਂ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਡਾ ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ, ਆਦੇਸ਼ ਕੁਮਾਰ ਬੀ ਡੀ ਪੀ ਓ ਬੰਗਾ, ਸੁਖਵਿੰਦਰ ਕੁਮਾਰ ਸਫਰੀ ਪੰਚਾਇਤ ਸਕੱਤਰ,ਪਵਨਜੀਤ ਸਿੰਘ ਸਿੱਧੂ ਹਲਕਾ ਸੰਗਠਨ ਇੰਚਾਰਜ, ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਯੂਥ ਆਗੂ ਵਿਪਨ ਰਾਣਾ, ਕਮਲਜੀਤ ਸਿੰਘ ਮੇਹਲੀ, ਸਰਬਜੀਤ ਕੌਰ ਸਰਪੰਚ,ਡਾ ਜਸਪਾਲ ਕਲੇਰ, ਕੇਵਲ ਰਾਮ ਪੰਚ, ਲਖਵੀਰ ਰਾਮ ਪੰਚ, ਰਵਿੰਦਰ ਸਿੰਘ ਨੰਬਰਦਾਰ ,ਪਰਵਿੰਦਰ ਸਿੰਘ ਨੰਬਰਦਾਰ,ਹਰਭਜਨ ਸਿੰਘ, ਠੇਕੇਦਾਰ ਦਰਸ਼ਨ ਰਾਮ, ਅਵਤਾਰ ਰਾਮ, ਮਾਸਟਰ ਜੋਗਿੰਦਰ ਸਿੰਘ ਆਦਿ ਹਾਜ਼ਰ ਸਨ।

## ਅਕਾਲੀ ਦਲ ਵੱਲੋਂ ਬਾਹਰੀ ਵਿਅਕਤੀਆਂ ਨੂੰ ਟਿਕਟ ਦੇਣ ਦਾ ਵਿਰੋਧ ਕਰਾਂਗੇ : ਲੇਸੜੀਵਾਲ

**ਆਦਮਪੁਰ (ਪਰਮਜੀਤ ਸਿੰਘ)**

ਹਲਕਾ ਆਦਮਪੁਰ ਵਿੱਚ ਇੱਕ ਆਪ ਨੇਤਾ ਵੱਲੋਂ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਦੀ ਚਰਚਾਵਾਂ ਵਿਚਕਾਰ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਐੱਸ ਸੀ ਵਿੰਗ ਦੇ ਜ਼ਿਲ੍ਹਾ ਜਲੰਧਰ ਦਿਹਾਤੀ ਦੇ ਪ੍ਰਧਾਨ ਰਹੇ ਸੀਨੀਅਰ ਆਗੂ ਧਰਮਪਾਲ ਲੇਸੜੀਵਾਲ ਨੇ ਪੱਤਰਕਾਰ ਵਾਰਤਾ ਦੌਰਾਨ ਕਿਹਾ ਕਿ ਮੈਂ ਸ਼੍ਰੋਮਣੀ ਅਕਾਲੀ ਦਲ ਦੇ 2017 ਦੇ ਵਿੱਚ ਆਇਆ ਸੀ ਤੇ 2017 ਤੋਂ ਲੈ ਕੇ ਹੁਣ ਤੱਕ ਮੈਂ ਵੱਖ ਵੱਖ ਅਹੁਦੇ ਦੇ ਉੱਤੇ ਕੰਮ ਕੀਤਾ ਤੇ ਕਰ ਰਿਹਾ। ਅੱਜ ਤੱਕ ਸ਼੍ਰੋਮਣੀ ਅਕਾਲੀ ਦਲ ਦਾ ਗਰਾਫ ਜਿਹੜਾ ਪਿਛਲੇ ਸਮੇਂ ਦੌਰਾਨ ਕਾਫੀ ਹੇਠਾਂ ਜਾਂਦਾ ਰਿਹਾ ਉਸ ਵੇਲੇ ਪਾਰਟੀ ਨੂੰ ਛੱਡ ਆਉਂਦੀਆਂ ਸਰਕਾਰਾਂ ਦਾ ਅਨੰਦ ਮਾਣਦੇ ਰਹੇ ਲੋਕ ਅੱਜ ਕੱਲ ਫਿਰ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਤ ਵੇਖ ਵਾਪਿਸ ਲਈ ਕੋਸ਼ਿਸ਼ਾਂ ਕਰ ਰਹੇ ਹਨ। ਇਹ ਉਹ ਲੋਕ ਹਨ ਜਿਹੜੇ ਲੋਕਾਂ ਨੇ 10 ਸਾਲ ਅਕਾਲੀ ਦਲ ਸੱਤਾ ਦੇ ਵਿੱਚ ਆਨੰਦ ਮਾਣਿਆ ਜਦੋਂ ਅਕਾਲੀ ਦਲ ਕਮਜ਼ੋਰ ਹੋਇਆ ਤਾਂ ਇਹ ਪਹਿਲਾਂ ਕਾਂਗਰਸ ਤੇ 'ਆਪ' ਦੀ ਸਰਕਾਰ ਆਉਣ ਤੇ ਸੱਤਾ ਸੁੱਖ ਭੋਗਣ ਲਈ ਉੱਥੇ ਜਾ ਪਹੁੰਚੇ । ਹੁਣ 'ਆਪ' ਦੀ ਪੰਜ ਸਾਲ ਪੂਰੇ ਹੋਣ ਨੇੜੇ ਆਏ ਅਤੇ ਪੰਜਾਬ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਤ ਦੁਬਾਰਾ ਵੇਖ ਹੁਣ ਹਲਕਾ ਇੰਚਾਰਜ ਬਣਨ ਨੂੰ ਕੋਸ਼ਿਸ਼ਾਂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਉਹ ਅੱਜ ਵੀ ਸ਼੍ਰੋਮਣੀ ਅਕਾਲੀ ਦਲ ਦੇ ਵਫਾਦਾਰ ਸਿਪਾਹੀ ਹਨ ਤੇ ਆਉਂਦੀਆਂ ਚੋਣਾਂ ਦੌਰਾਨ ਵੀ ਹਲਕੇ ਅੰਦਰ ਪਾਰਟੀ ਦੀ ਜਿੱਤ ਲਈ ਦਿਨ ਰਾਤ ਇੱਕ ਕਰਨਗੇ। ਪਰ ਜੇਕਰ ਪਾਰਟੀ ਨੇ ਦੂਸਰੀ ਪਾਰਟੀ ਚੋਂ ਕੋਈ ਵਿਅਕਤੀ ਲਿਆ ਕੇ ਚੋਣ ਲੜਾਉਂਦੀ ਹੈ ਉਸ ਦਾ ਅਸੀਂ ਡਟਵਾਂ ਵਿਰੋਧ ਕਰਾਂਗੇ ।ਇਸ ਮੌਕੇ ਉਨ੍ਹਾਂ ਨਾਲ ਜਸਪਾਲ ਸਿੰਘ ਸਾਬਕਾ ਸਰਪੰਚ ਚੋਮੋਂ, ਅਮਰਦੀਪ ਦੀਪਾ, ਸ਼ੰਮੀ ਕੁਮਾਰ, ਬਿੱਟੂ, ਵਿਨੋਦ ਕੁਮਾਰ ਬਿਆਸ ਪਿੰਡ, ਰਾਣਾ ਅਲਾਵਲਪੁਰ, ਜਸਪ੍ਰੀਤ ਸਿੰਘ ਸਾਬਕਾ ਪੰਚ, ਮਾਇਕਲ ਮਸੀਹ, ਸਾਬੀ ਗਿੱਲ, ਅਜੇ ਕੁਮਾਰ ਹੀਰ, ਸਿਕੰਦਰ ਸਿੰਘ, ਲਾਲ ਚੰਦ ਮਹਿਰਾ, ਗਗਨ ਨਿੱਝਰ, ਨਵਪ੍ਰੀਤ, ਮਨਜੀਤ ਪੁਆਰ, ਲਵਪ੍ਰੀਤ ਪੁਆਰ, ਹਰਭਜਨ ਸਿੰਘ, ਮਨੋਹਰ ਲਾਲ, ਭਜਨ ਲਾਲ, ਪਰਮਜੀਤ ਹੀਰ ਅਤੇ ਹੋਰ ਹਾਜ਼ਰ ਸਨ।



## ਅੱਜ ਬਿਜਲੀ ਬੰਦ ਰਹੇਗੀ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਬਿਜਲੀ ਵਿਭਾਗ ਤੋਂ ਮਿਲੀ ਜਾਣਕਾਰੀ ਅਨੁਸਾਰ ਅੱਜ 9 ਅਪ੍ਰੈਲ ਨੂੰ 66 ਕੇ.ਵੀ. ਸਬ ਸਟੇਸ਼ਨ ਗੜ੍ਹਸ਼ੰਕਰ ਤੋਂ ਚੱਲਦੇ 11 ਕੇ.ਵੀ. ਡੁੱਗਰੀ ਯੂ.ਪੀ.ਐਸ. ਫੀਡਰ, 11 ਕੇ.ਵੀ. ਭੱਜਲਾਂ ਕੰਢੀ ਫੀਡਰ ਅਤੇ 66 ਕੇ ਵੀ ਸਬ ਸਟੇਸ਼ਨ ਮੋਲਾ ਤੋਂ ਚੱਲਦੇ 11 ਕੇ ਵੀ ਮੋਲਾ ਵਾਹਿਦਪੁਰ ਯੂ ਪੀ ਐੱਸ ਫੀਡਰ ਦੀ ਜ਼ਰੂਰੀ ਮੁਰੰਮਤ ਹੋਣ ਕਰਕੇ ਬਿਜਲੀ ਸਪਲਾਈ ਸਵੇਰੇ 10.00 ਵਜੇ ਤੋਂ ਸ਼ਾਮ 05.00 ਵਜੇ ਤੱਕ ਬੰਦ ਰਹੇਗੀ। ਜਿਸ ਕਾਰਨ ਇਹਨਾਂ ਫੀਡਰਾਂ ਤੇ ਪੈਂਦੇ ਪਿੰਡ ਡੁੱਗਰੀ, ਭੰਮੀਆਂ, ਘਾਗੋ ਰੋੜਾਵਾਲੀ, ਸ਼ਾਹਪੁਰ, ਸਦਰਪੁਰ, ਖਾਨਪੁਰ, ਗੜੀ ਮੱਟੋਂ, ਬੀਰਮਪੁਰ, ਸੋਲੀ, ਲਹਿਰਾ, ਘਾਗੋਂ ਰੋੜਾਵਾਲੀ, ਅਨੰਦ ਆਸ਼ਰਮ ਗੜ੍ਹਸ਼ੰਕਰ, ਮੋਲਾ, ਵਾਹਿਦਪੁਰ ਦੇ ਘਰਾਂ ਦੀ ਬਿਜਲੀ ਸਪਲਾਈ ਬੰਦ ਰਹੇਗੀ ਤੇ ਪਿੰਡ ਭੱਜਲਾਂ, ਹਾਜੀਪੁਰ, ਸਾਧੋਵਾਲ, ਪਾਰੋਵਾਲ, ਪੁਰਖੋਵਾਲ ਦੇ ਘਰਾਂ ਤੇ ਖੇਤੀਬਾੜੀ ਟਿਊਬਵੈੱਲ ਕੁਨੈਕਸ਼ਨਾਂ ਦੀ ਬਿਜਲੀ ਸਪਲਾਈ ਵੀ ਬੰਦ ਰਹੇਗੀ।ਇਹ ਜਾਣਕਾਰੀ ਇੰਜੀ. ਲਾਜਪਤ ਰਾਏ ਸਹਾਇਕ ਕਾਰਜਕਾਰੀ ਇੰਜੀਨੀਅਰ, ਦਿਹਾਤੀ ਉਪ ਮੰਡਲ ਗੜ੍ਹਸ਼ੰਕਰ ਵਲੋਂ ਦਿੱਤੀ ਗਈ।

## ਖੂਨਦਾਨ ਕੈਂਪ ਭਲਕੇ

ਫਿਲੌਰ (ਨਿਰਮਲ)- ਖਾਲਸਾ ਪੰਥ ਦੀ ਸਾਜਨਾ ਦਿਵਸ (ਵਿਸਾਖੀ) ਤੇ ਡਾ. ਬੀ ਆਰ ਅੰਬੇਦਕਰ ਦੇ ਜਨਮ ਦਿਵਸ ਨੂੰ ਸਮਰਪਤ ਵਿਸ਼ੇਸ਼ ਖੂਨ ਦਾਨ ਕੈਂਪ 10 ਅਪ੍ਰੈਲ ਨੂੰ ਸਵੇਰੇ 9 ਤੋਂ ਦੁਪਹਿਰ 2 ਵਜੇ ਤੱਕ ਕਮਿਊਨਿਟੀ ਹਾਲ ਫਿਲੌਰ ਵਿਖੇ ਲਗਾਇਆ ਜਾ ਰਿਹਾ ਹੈ।

## ਨੂਰ-ਏ-ਖ਼ੁਦਾ ਦਰਬਾਰ ਬਾਬਾ ਮੰਗੂ ਸ਼ਾਹ ਵਿਖੇ ਨਤਮਸਤਕ ਹੋਇਆ ਸ਼ਿਵਮ ਮਾਹੀ



**ਫਗਵਾੜਾ (ਡਾ. ਰਮਨ)**

ਫੁਟਬਾਲ ਦੇ ਉੱਭਰਦੇ ਖਿਡਾਰੀ ਸ਼ਿਵਮ ਮਾਹੀ (18) ਪੁੱਤਰ ਲੇਟ ਨਰੇਸ਼ ਕੁਮਾਰ ਵਾਸੀ ਪਿੰਡ ਬੱਡੋਂ ਜਿਲ੍ਹਾ ਹੁਸ਼ਿਆਰਪੁਰ ਨੇ ਫੁਟਬਾਲ ਅਕੈਡਮੀ 'ਚ ਸਿਲੈਕਸ਼ਨ ਹੋਣ ਉਪਰੰਤ ਨੂਰ-ਏ-ਖੁਦਾ ਦਰਬਾਰ ਬਾਬਾ ਮੰਗੂ ਸ਼ਾਹ ਪਿੰਡ ਸਾਹਨੀ ਤਹਿਸੀਲ ਫਗਵਾੜਾ ਵਿਖੇ ਨਤਮਸਤਕ ਹੋ ਕੇ ਬਾਬਾ ਮੰਗੂ ਸ਼ਾਹ ਦਾ ਸ਼ੁਕਰਾਨਾ ਕੀਤਾ। ਇਸ ਦੌਰਾਨ ਉਸਨੇ ਦਰਬਾਰ ਦੇ ਗੱਦੀ ਨਸ਼ੀਨ ਸਾਂਈ ਕਰਨੈਲ ਸ਼ਾਹ ਦਾ ਅਸ਼ੀਰਵਾਦ ਵੀ ਪ੍ਰਾਪਤ ਕੀਤਾ। ਸ਼ਿਵਮ ਮਾਹੀ ਦੀ ਮਾਤਾ ਜਸਬੀਰ ਕੌਰ ਤੇ ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਬਚਪਨ ਤੋਂ ਹੀ ਸ਼ਿਵਮ ਮਾਹੀ ਦਾ ਪੜ੍ਹਾਈ ਦੇ ਨਾਲ ਖੇਡਾਂ ਪ੍ਰਤੀ ਡੂੰਘਾ ਰੁਝਾਨ ਰਿਹਾ ਹੈ। ਉਹ ਫੁਟਬਾਲ ਦਾ ਬਿਹਤਰੀਨ ਖਿਡਾਰੀ ਹੈ ਤੇ ਨੈਸ਼ਨਲ ਤੇ ਇੰਟਰਨੈਸ਼ਨਲ ਪੱਧਰ 'ਤੇ ਫੁਟਬਾਲ ਟੀਮ ਵਿੱਚ ਖੇਡਣ ਦੀ ਇੱਛਾ ਰੱਖਦਾ ਹੈ। ਹਾਲ ਹੀ ਵਿੱਚ ਇੱਕ ਨਾਮਵਰ ਫੁਟਬਾਲ ਅਕੈਡਮੀ ਨੇ ਉਸ ਦੀ ਪ੍ਰਤਿਭਾ ਨੂੰ ਪਹਿਚਾਣਦੇ ਹੋਏ ਉਸਦੀ ਸਿਲੈਕਸ਼ਨ ਕੀਤੀ ਹੈ। ਉਹਨਾਂ ਦੱਸਿਆ ਕਿ ਸ਼ਿਵਮ ਮਾਹੀ ਤੇ ਪਰਵਾਰ ਦੀ ਬਾਬਾ ਮੰਗੂ ਸ਼ਾਹ ਦੇ ਦਰਬਾਰ ਪ੍ਰਤੀ ਡੂੰਘੀ ਆਸਥਾ ਹੈ ਜਿਹਨਾਂ ਦੀ ਮਿਹਰ ਸਦਕਾ ਸ਼ਿਵਮ ਮਾਹੀ ਦੀ ਫੁਟਬਾਲ ਅਕੈਡਮੀ ਵਿੱਚ ਸਿਲੈਕਸ਼ਨ ਹੋਈ ਹੈ। ਇਸ ਲਈ ਉਹ ਦਰਬਾਰ ਵਿਖੇ ਨਤਮਸਤਕ ਹੋ ਕੇ ਬਾਬਾ ਜੀ ਦਾ ਸ਼ੁਕਰਾਨਾ ਕਰਨ ਲਈ ਪੁੱਜੇ ਹਨ। ਦਰਬਾਰ ਦੇ ਗੱਦੀ ਨਸ਼ੀਨ ਸਾਂਈ ਕਰਨੈਲ ਸ਼ਾਹ ਨੇ ਸ਼ਿਵਮ ਮਾਹੀ ਨੂੰ ਅਸ਼ੀਰਵਾਦ ਦਿੰਦਿਆਂ ਖੇਡਾਂ ਵਿੱਚ ਉੱਚਾ ਮੁਕਾਮ ਹਾਸਲ ਕਰਨ ਦੀ ਅਰਦਾਸ ਕੀਤੀ।

## ਬੰਟੀ ਸਮਾਲ ਬੱਸ ਅਪਰੇਟਰ ਯੂਨੀਅਨ ਦੇ ਪ੍ਰਧਾਨ ਨਿਯੁਕਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪੰਜਾਬ ਸਮਾਲ ਬੱਸ ਆਪਰੇਟਰ ਯੂਨੀਅਨ ਦੀ ਜ਼ਰੂਰੀ ਮੀਟਿੰਗ ਚੇਅਰਮੈਨ ਗੋਪਾਲ ਸਿੰਘ ਖਨੌੜਾ ਦੀ ਪ੍ਰਧਾਨਗੀ ਹੇਠ ਬੱਸ ਸਟੈਂਡ ਮੋਰਿੰਡਾ ਵਿਖੇ ਹੋਈ। ਜਿਸ ਵਿੱਚ ਮਿੰਨੀ ਬੱਸ ਆਪਰੇਟਰਾਂ ਨੂੰ ਆ ਰਹੀਆਂ ਦਰਪੇਸ਼ ਮੁਸ਼ਕਲਾਂ ਸਬੰਧੀ ਵਿਚਾਰ-ਵਿਟਾਦਰਾਂ ਕੀਤਾ ਗਿਆ। ਇਸ ਮੌਕੇ ਇੰਦਰਪਾਲ ਸਿੰਘ ਬੰਟੀ ਗੁਰੂ ਨਾਨਕ ਬੱਸ ਮੋਰਿੰਡਾ ਨੂੰ ਸਰਬਸੰਮਤੀ ਨਾਲ ਜਿਲ੍ਹਾ ਰੂਪਨਗਰ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਨਵ-ਨਿਯੁਕਤ ਪ੍ਰਧਾਨ ਇੰਦਰਪਾਲ ਸਿੰਘ ਬੰਟੀ ਨੇ ਪੰਜਾਬ ਸਮਾਲ ਬੱਸ ਆਪਰੇਟਰ ਯੂਨੀਅਨ ਹੈੱਡ ਆਫਿਸ ਸ੍ਰੀ ਫਤਹਿਗੜ੍ਹ ਸਾਹਿਬ ਦੇ ਸੂਬਾ ਚੇਅਰਮੈਨ ਗੋਪਾਲ ਸਿੰਘ ਖਨੌੜਾ, ਯੂਨੀਅਨ ਦੇ ਸਮੂਹ ਅਹੁਦੇਦਾਰਾਂ ਅਤੇ ਹਾਜ਼ਰ ਮੈਂਬਰਾਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਮਿੰਨੀ ਬੱਸ ਯੂਨੀਅਨ ਵੱਲੋਂ ਉਨ੍ਹਾਂ ਨੂੰ ਦਿੱਤੀ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਇਸ ਮੌਕੇ ਬਲਕਾਰ ਸਿੰਘ ਮਾਂਗਟ ਪ੍ਰਧਾਨ ਜਿਲ੍ਹਾ ਫਤਹਿਗੜ੍ਹ ਸਾਹਿਬ, ਰੂਪ ਸਿੰਘ ਕੰਗ ਮੋਰਿੰਡਾ, ਐਡਵੋਕੇਟ ਮਨੀਕਰਨ ਸਿੰਘ ਢਿੱਲੋਂ ਨਾਨਕਸ਼ਾਹੀ ਬੱਸ ਸਰਵਿਸ ਸ੍ਰੀ ਚਮਕੌਰ ਸਾਹਿਬ, ਅਮਰਜੀਤ ਸਿੰਘ ਢਿੱਲੋਂ, ਸੁਖਪ੍ਰੀਤ ਸਿੰਘ ਸ਼ੇਖੂਪੁਰ ਬੱਸ ਸਰਵਿਸ ਰੋਪੜ੍ਹ, ਰਾਮ ਕੁਮਾਰ ਸ਼ਰਮਾ ਬੱਸ ਸਰਵਿਸ ਸ੍ਰੀ ਆਨੰਦਪੁਰ ਸਾਹਿਬ, ਦਵਿੰਦਰ ਸਿੰਘ ਪੰਜਕੋਹਾ, ਗੁਰਧਿਆਨ ਸਿੰਘ ਅਤੇ ਰਣਧੀਰ ਸਿੰਘ ਆਦਿ ਹਾਜ਼ਰ ਸਨ।

## ਈਸਟਰ ਅੱਜ ਮਨਾਇਆ ਜਾਵੇਗਾ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਚਰਚ ਕਮੇਟੀ ਮੋਰਿੰਡਾ ਵਲੋਂ ਸਥਾਨਕ ਸਾਧੂ ਸੁੰਦਰ ਸਿੰਘ ਮੈਮੋਰੀਅਲ ਚਰਚ ਵਿਖੇ ਈਸਟਰ ਡੇ ਉਤਸਵ 9 ਅਪ੍ਰੈਲ ਦਿਨ ਵੀਰਵਾਰ ਨੂੰ ਬੜੇ ਉਤਸ਼ਾਹ ਪੂਰਵਕ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੇਜਰ ਮਸੀਹ ਪ੍ਰਧਾਨ ਕ੍ਰਿਸਚਨ ਨੈਸ਼ਨਲ ਫਰੰਟ ਜ਼ਿਲ੍ਹਾ ਰੂਪਨਗਰ ਨੇ ਦੱਸਿਆ ਕਿ 9 ਅਪ੍ਰੈਲ ਨੂੰ ਈਸਟਰ ਡੇ ਉਤਸਵ ਮੌਕੇ ਸ਼ਾਮ 6 ਵਜੇ ਤੋਂ ਰਾਤ 11 ਵਜੇ ਤੱਕ ਪ੍ਰਸਿੱਧ ਕਲਾਕਾਰ ਸਟੀਫਨ ਮੁਨੀਰ ਵਲੋਂ ਕਵਾਲੀਆਂ ਪੇਸ਼ ਕੀਤੀਆਂ ਜਾਣਗੀਆਂ। ਉਹਨਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਮੇਂ ਸਿਰ ਚਰਚ ਨੇੜੇ ਨਗਰ ਕੌਂਸਲ ਮੋਰਿੰਡਾ ਵਿਖੇ ਪਹੁੰਚ ਕੇ ਕਵਾਲੀਆਂ ਦਾ ਆਨੰਦ ਮਾਨਣ।

# ਢੰਗਰਾਲੀ ਤੇ ਖੇੜਪੁਰ ਵਾਸੀਆਂ ਵੱਲੋਂ ਰੈਡੀ ਮਿਕਸ ਕੰਕਰੀਟ ਪਲਾਂਟ ਲਗਾਉਣ ਦਾ ਵਿਰੋਧ



**ਮੋਰਿੰਡਾ (ਨਿਹਾਲ ਸਿੰਘ ਕਲਸੀ)**
ਪਿੰਡ ਖੇੜਪੁਰ ਤੇ ਢੰਗਰਾਲੀ ਦੀਆਂ ਪੰਚਾਇਤਾਂ ਤੇ ਇਹਨਾਂ ਪਿੰਡਾਂ ਦੇ ਵਸਨੀਕਾਂ ਵਾਸਨੀਕਾਂ ਵੱਲੋਂ ਪਿੰਡ ਦੇ ਨੇੜੇ ਲੱਗਣ ਜਾ ਰਹੇ ਰੈਡੀ ਮਿਕਸ ਕੰਕਰੀਟ ਪਲਾਂਟ ਦੇ ਲੱਗਣ ਦਾ ਡਟਵਾਂ ਵਿਰੋਧ ਕੀਤਾ ਗਿਆ।ਵਿਰੋਧ ਕਰਨ ਵਾਲਿਆਂ ਵਿੱਚ ਸਰਪੰਚ ਰਣਦੀਪ ਸਿੰਘ ਢੰਗਰਾਲੀ, ਸਰਪੰਚ ਕਮਲਜੀਤ ਕੌਰ ਖੇੜਪੁਰ, ਸਵਰਨ ਸਿੰਘ ਬਾਠ, ਹਰਜਿੰਦਰ ਸਿੰਘ ਖਟੜਾ, ਸਾਬਕਾ ਸਰਪੰਚ ਬਲਦੇਵ ਸਿੰਘ, ਸਾਬਕਾ ਸਰਪੰਚ ਸਪਿੰਦਰ ਸਿੰਘ, ਪੰਚ ਗੁਰਪ੍ਰੀਤ ਸਿੰਘ, ਨੰਬਰਦਾਰ ਗੁਰਮੀਤ ਸਿੰਘ, ਜਗਤਾਰ ਸਿੰਘ ਖਟੜਾ, ਰਣਜੋਧ ਸਿੰਘ ਤੇ ਹਰਜੋਤ ਸਿੰਘ ਢੰਗਰਾਲੀ ਆਦਿ ਆਗੂਆਂ ਨੇ ਕਿਹਾ ਕਿ ਪਿੰਡ ਦੇ ਨੇੜੇ ਹੀ ਜਿੱਥੇ ਇਹ ਆਰ ਐੱਮ ਸੀ ਕੰਕਰੀਟ ਪਲਾਂਟ ਲੱਗਣ ਜਾ ਰਿਹਾ ਹੈ। ਪਲਾਂਟ ਲੱਗਣ ਨਾਲ ਉਨ੍ਹਾਂ ਦੀ ਸਿਹਤ ਤੇ ਵਾਤਾਵਰਨ 'ਤੇ ਬੁਰਾ ਅਸਰ ਪਵੇਗਾ। ਉਹਨਾਂ ਕਿਹਾ ਕਿ ਇੱਥੇ ਪਲਾਂਟ ਲਗਾਉਣ ਵਾਲੇ ਮਾਲਕਾਂ /ਪ੍ਰਬੰਧਕਾਂ ਨੇ ਇੱਥੇ ਇਨ੍ਹਾਂ ਪਿੰਡਾਂ ਦੇ ਨੇੜੇ ਕੰਕਰੀਟ ਪਲਾਂਟ ਲਗਾਉਣ ਲਈ ਪਹਿਲਾਂ ਦੋਨਾਂ ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਕਿਸੇ ਵੀ ਪੰਚਾਇਤ ਤੋਂ ਮਨਜ਼ੂਰੀ ਨਹੀਂ ਲਈ ਗਈ। ਉਹਨਾਂ ਇਹ ਵੀ ਕਿਹਾ ਕਿ ਜਦੋਂ ਇੱਥੇ ਇਮਾਰਤ ਦੀ ਜਾਂ ਪਲਾਂਟ ਲਗਾਉਣ ਦੀ ਇਮਾਰਤ ਦਾ ਕੰਮ ਸ਼ੁਰੂ ਕੀਤਾ ਗਿਆ ਤਾਂ ਉਸ ਸਮੇਂ ਪਿੰਡ ਵਾਸੀਆਂ ਵੱਲੋਂ ਪੁੱਛੇ ਜਾਣ ਤੇ ਉਹਨਾਂ ਨੇ ਕਿਹਾ ਸੀ ਕਿ ਇੱਥੇ ਫਾਰਮ ਹਾਊਸ ਬਣਾਇਆ ਜਾ ਰਿਹਾ ਹੈ ਜਦ ਕਿ ਹੁਣ ਬਾਅਦ ਵਿੱਚ ਇਹ ਜਾਣਕਾਰੀ ਮਿਲੀ ਹੈ ਕਿ ਇੱਥੇ ਫਾਰਮ ਹਾਊਸ ਨਹੀਂ ਆਰ ਐੱਮ ਸੀ ਪਲਾਂਟ ਲਗਾਉਣ ਦੀ ਯੋਜਨਾ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਉਹ ਆਰ ਐੱਮ ਸੀ ਪਲਾਂਟ ਲੱਗਣ ਦਾ ਡੱਟ ਕੇ ਵਿਰੋਧ ਕਰਨਗੇ।ਇਸ ਮੌਕੇ ਤੇ ਇਲਾਕਾ ਨਿਵਾਸੀ ਨਛੱਤਰ ਸਿੰਘ, ਹਰਜੋਤ ਸਿੰਘ, ਮਨਪ੍ਰੀਤ ਸਿੰਘ ਪੰਚ, ਸੁਰਜੀਤ ਸਿੰਘ, ਗੁਰਜੀਤ ਸਿੰਘ ਬਾਠ, ਅਵਤਾਰ ਸਿੰਘ ਬਾਠ, ਹਰਜੀਤ ਸਿੰਘ ਸਰੋ, ਸੱਜਣ ਸਿੰਘ ਪੰਚ ਆਦਿ ਪਿੰਡ ਤੇ ਇਲਾਕਾ ਵਾਸੀ ਵੀ ਮੌਜੂਦ ਸਨ। ਆਰ ਐੱਮ ਸੀ ਪਲਾਂਟ ਲਗਾਉਣ ਵਾਲੇ ਕਰਮਜੀਤ ਸਿੰਘ ਦਵਾਲੀ ਨੇ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਇੱਥੇ ਵਿਰੋਧ ਕਰਨ ਤੇ ਦੋ ਚਾਰ ਦਿਨ ਲਈ ਕੰਮ ਬੰਦ ਕਰ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਇਹ ਪ੍ਰੋਜੈਕਟ ਗਰੀਨ ਕੈਟਾਗਰੀ ਵਿੱਚ ਆਉਂਦਾ ਹੈ ਅਤੇ ਇਸ ਦਾ ਲੋਕਾਂ ਜਾਂ ਫਸਲਾਂ ਤੇ ਕੋਈ ਮਾਰੂ ਪ੍ਰਭਾਵ ਨਹੀਂ। ਉਹ ਪਿੰਡ ਵਾਸੀਆਂ ਦੀ ਸਹਿਮਤੀ ਨਾਲ ਹੀ ਇੱਥੇ ਅਗਲਾ ਕੰਮ ਸ਼ੁਰੂ ਕਰਨਗੇ।

# ਐਵਰੈਸਟ ਬੇਸ ਕੈਂਪ ਫਤਿਹ ਕਰਕੇ ਪਹੁੰਚੇ ਗੁਰਚਰਨ ਸਿੰਘ ਸਨਮਾਨਤ

**ਮੇਹਟੀਆਣਾ (ਜਗਤਾਰ ਭੁੰਗਰਨੀ)**
ਐਵਰੈਸਟ ਬੇਸ ਕੈਂਪ ਫਤਿਹ ਕਰਕੇ ਹੁਸ਼ਿਆਰਪੁਰ ਪਹੁੰਚੇ ਟ੍ਰੈਕਰ ਗੁਰਚਰਨ ਸਿੰਘ ਦਾ ਹੁਸ਼ਿਆਰਪੁਰ ਫੋਟੋਗ੍ਰਾਫਰ ਐਸੋਸੀਏਸ਼ਨ ਵਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਸੰਜੀਵ ਅਰੋੜਾ ਨੇ ਕਿਹਾ ਕਿ ਗੁਰਚਰਨ ਸਿੰਘ ਨੇ ਬੇਸ ਕੈਂਪ ਤੇ ਝੰਡਾ ਲਹਿਰਾ ਕੇ ਹੁਸ਼ਿਆਰਪੁਰ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਗੱਲਬਾਤ ਕਰਦਿਆ ਟਰੈਕਰ ਗੁਰਚਰਨ ਸਿੰਘ ਨੇ ਦੱਸਿਆ ਕਿ ਉਨਾ ਨੇ 25 ਮਾਰਚ ਆਪਣੇ ਸਾਥੀਆਂ ਸੀਨੀਅਰ ਟ੍ਰੈਕਰ ਹਰਦੀਪ ਜੌਹਲ ਟਾਂਡਾ ਤੇ ਤਲਵਿੰਦਰ ਸਿੰਘ ਚੰਡੀਗੜ੍ਹ ਦੇ ਨਾਲ ਲੁਕਲਾ ਨੇਪਾਲ ਤੋਂ ਐਵਰੈਸਟ ਬੇਸ ਕੈਂਪ ਲਈ ਟਰੈਕ ਸ਼ੁਰੂ ਕੀਤਾ, ਤੇ ਕਾਫੀ ਔਕੜਾਂ ਦਾ ਸਾਹਮਣਾ ਕਰਦੇ ਫਾਗਡਿੰਗ, ਨਾਮਚੇ ਬਜਾਰ, ਟੈਂਗਬੋਚੇ, ਡਿੰਗਬੁਚੇ, ਲਿਬੋਚੇ, ਗੋਰਖਸ਼ੇਪ ਤੋ 6 ਵੇਂ ਦਿਨ 5364 ਮੀਟਰ ਉੱਚੀ ਐਵਰੈਸਟ ਬੇਸ ਕੈਂਪ ਪਹੁੰਚ ਕੇ ਆਪਣਾ ਰਾਸ਼ਟਰੀ ਝੰਡਾ ਤਿਰੰਗਾ ਲਹਿਰਾ ਕੇ ਫਤਹਿ ਦੇ ਜਸ਼ਨ ਮਨਾਏ, ਬੇਸ ਕੈਂਪ ਤੇ ਅੱਧਾ ਕੁ ਘੰਟਾ ਰੁਕ ਕੇ ਵਾਪਸ ਚੱਲ ਪਏ ਤੇ ਤੀਸਰੇ ਦਿਨ ਲੁਕਲਾ ਪਹੁੰਚੇ ਜਿਥੋਂ ਚੜ੍ਹਨਾ ਸ਼ੁਰੂ ਕੀਤਾ ਸੀ। ਗੁਰਚਰਨ ਸਿੰਘ ਨੇ ਕਿਹਾ ਬਹੁਤ ਦੇਰ ਤੋ ਮੇਰਾ ਸੁਪਨਾ ਸੀ ਕਿ ਐਵਰੈਸਟ ਬੇਸ ਕੈਂਪ ਤੇ ਤਿਰੰਗਾ ਲਹਿਰਾਵਾਂ ਜੋ ਕਿ ਹੁਣ ਪੂਰਾ ਹੋਇਆ। ਉਨਾਂ ਦੱਸਿਆ ਕਿ ਭਾਰੀ ਬਰਫਬਾਰੀ ਅਤੇ ਤਿਲਕਵੇਂ ਰਸਤੇ ਹੋਣ ਦੇ ਬਾਵਜੂਦ ਵੀ ਸਾਥੀ ਤਜਰਬੇਕਾਰ ਟ੍ਰੈਕਰ ਹਰਦੀਪ ਜੌਹਲ ਤੇ ਤਲਵਿੰਦਰ ਸਿੰਘ ਦੇ ਸਾਥ ਸਦਕਾ 9 ਦਿਨਾਂ ਟਰੈਕ ਪੂਰਾ ਕਰਨ ਚ ਕਾਮਯਾਬ ਹੋਏ ਜੋ ਕਿ ਆਮ ਤੌਰ ਤੇ 10 ਤੋ12 ਦਿਨ 'ਚ ਪੂਰਾ ਹੁੰਦਾ ਹੈ।ਇਸ ਮੌਕੇ ਹਰਜਾਪ ਸਿੰਘ, ਨਰੇਸ਼ ਕੁਮਾਰ ਸਬਾ, ਕਰਮਬੀਰ ਸਿੰਘ, ਅਨਿਲ ਕੁਮਾਰ ਹਰਜਿੰਦਰ ਕੁਮਾਰ ਵੀ ਹਾਜ਼ਰ ਸਨ।



# ਕਲਸੀ ਨਗਰ ਨਿਵਾਸੀਆਂ ਦੇ ਵਫਦ ਨੇ ਅਵਿਨਾਸ਼ ਚੰਦਰ ਨੂੰ ਦਿੱਤਾ ਮੰਗ ਪੱਤਰ

**ਫਿਲੌਰ (ਨਿਰਮਲ)**
ਫਿਲੌਰ ਵਿਧਾਨ ਸਭਾ ਹਲਕੇ ਦੇ ਮਾਤਾ ਕਲਸੀ ਨਗਰ ਦੇ ਨਿਵਾਸੀਆਂ ਤੇ ਵਪਾਰੀਆਂ ਦਾ ਇੱਕ ਵਫ਼ਦ ਨੇ ਭਾਰਤੀ ਰਾਸ਼ਟਰੀ ਰਾਜਮਾਰਗ ਅਥਾਰਟੀ ਦੇ ਹੁਕਮਾਂ ਸਬੰਧੀ ਭਾਜਪਾ ਦੇ ਸੂਬਾ ਕੋਰ ਕਮੇਟੀ ਮੈਂਬਰ ਤੇ ਸਾਬਕਾ ਸੀ ਪੀ ਐੱਸ ਅਵਿਨਾਸ਼ ਚੰਦਰ ਨੂੰ ਇੱਕ ਮੰਗ ਪੱਤਰ ਸੌਂਪਿਆ। ਇਸ ਮੌਕੇ ਜਲੰਧਰ ਭਾਜਪਾ ਦੇ ਜਨਰਲ ਸਕੱਤਰ ਅਸ਼ੋਕ ਸਰੀਨ ਹਿੱਕੀ, ਫਿਲੌਰ ਭਾਜਪਾ ਮੰਡਲ ਪ੍ਰਧਾਨ ਵਿਨੋਦ ਰਹੇਜਾ ਤੇ ਸੀਨੀਅਰ ਭਾਜਪਾ ਆਗੂ ਐਸ ਸੀ ਮੋਰਚਾ ਪੰਜਾਬ ਦੇ ਨੇਤਾ ਗੋਲਡੀ ਨਾਹਰ ਮੌਜੂਦ ਸਨ। ਐਨ ਐਚ ਏ ਆਈ ਦੇ ਹੁਕਮਾਂ ਦਾ ਹਵਾਲਾ ਦਿੰਦੇ ਹੋਏ, ਪੰਜਾਬ ਸਰਕਾਰ ਨੇ ਸੈਂਕੜੇ ਦੁਕਾਨਦਾਰਾਂ ਅਤੇ ਪਰਿਵਾਰਾਂ ਨੂੰ ਢਾਹੁਣ ਦੇ ਹੁਕਮ ਦਿੱਤੇ ਹਨ ਜੋ ਉਨ੍ਹਾਂ ਦੇ ਘਰਾਂ ਵਿੱਚ ਰਹਿੰਦੇ ਹਨ। ਪ੍ਰਭਾਵਿਤ ਵਸਨੀਕਾਂ ਨੇ ਦੱਸਿਆ ਕਿ ਉਹ ਪਿਛਲੇ 40 ਸਾਲਾਂ ਤੋਂ ਮਾਤਾ ਕਲਸੀ ਨਗਰ ਵਿੱਚ ਰਹਿ ਰਹੇ ਹਨ। ਇਹ ਇਲਾਕਾ ਇੱਕ ਸੁਚੱਜੇ ਢੰਗ ਨਾਲ ਸੰਗਠਿਤ ਰਿਹਾਇਸ਼ੀ ਅਤੇ ਵਪਾਰਕ ਖੇਤਰ ਵਿੱਚ ਵਿਕਸਤ ਹੋਇਆ ਹੈ, ਜਿਸ ਵਿੱਚ ਕਲੋਨੀ ਦੇ ਅੰਦਰ ਲਗਭਗ 200 ਦੁਕਾਨਾਂ ਚੱਲ ਰਹੀਆਂ ਹਨ, ਜੋ ਵੱਡੀ ਗਿਣਤੀ ਵਿੱਚ ਵਿਅਕਤੀਆਂ ਤੇ ਪਰਵਾਰਾਂ ਲਈ ਰੋਜ਼ੀ-ਰੋਟੀ ਦਾ ਮੁੱਖ ਸਰੋਤ ਪ੍ਰਦਾਨ ਕਰਦੀਆਂ ਹਨ। ਇਸ ਤੋਂ ਇਲਾਵਾ, ਇਸ ਖੇਤਰ ਵਿੱਚ ਲਗਭਗ 175 ਪਰਵਾਰ ਰਹਿੰਦੇ ਹਨ। ਜੇਕਰ ਕਲੋਨੀ ਨੂੰ ਖਾਲੀ ਕਰਵਾਇਆ ਜਾਂਦਾ ਹੈ, ਤਾਂ ਇਹ ਸਾਰੇ ਪਰਵਾਰ ਬੇਘਰ ਹੋ ਜਾਣਗੇ। ਉਨ੍ਹਾਂ ਕਿਹਾ ਕਿ ਅਸੀਂ ਤੁਹਾਨੂੰ ਐੱਨ ਐੱਚ ਏ ਆਈ ਦੀ ਬੇਦਖਲੀ ਦੇ ਹੁਕਮਾਂ 'ਤੇ ਮੁੜ ਵਿਚਾਰ ਕਰਨ ਤੇ ਦਖਲ ਦੇਣ ਦੀ ਬੇਨਤੀ ਕਰਦੇ ਹਾਂ। ਇਸ ਮੌਕੇ



ਅਵਿਨਾਸ਼ ਚੰਦਰ ਨੇ ਭਰੋਸਾ ਦਿੱਤਾ ਕਿ ਕੇਂਦਰ ਦੀ ਭਾਜਪਾ ਸਰਕਾਰ ਕਦੇ ਵੀ ਲੋਕ ਵਿਰੋਧੀ ਫੈਸਲੇ ਨਹੀਂ ਲੈਂਦੀ।ਉਨ੍ਹਾਂ ਕਿਹਾ ਕਿ ਇਸ ਸਬੰਧੀ ਸਬੰਧਤ ਅਧਿਕਾਰੀਆਂ ਨਾਲ ਗੱਲ ਕਰਕੇ ਇਸ ਗੰਭੀਰ ਮੁੱਦੇ ਦਾ ਹੱਲ ਲੱਭਿਆ ਜਾਵੇਗਾ ਤਾਂ ਜ ਆਮ ਲੋਕਾਂ ਦੀਆਂ ਸੁਰੱਖਿਆ ਸਹੂਲਤਾਂ ਦੀ ਜ਼ਰੂਰਤ ਨੂੰ ਪੂਰਾ ਕੀਤਾ ਜਾ ਸਕੇ। ਇਸ ਮੌਕੇ ਮਾਤਾ ਕਲਸੀ ਦੇਵੀ ਨਗਰ ਫਿਲੌਰ ਦੇ ਵਸਨੀਕ ਰਵਿੰਦਰ ਕੁਮਾਰ, ਅਸ਼ੋਕ ਕੁਮਾਰ, ਪ੍ਰਵੀਨ ਕੁਮਾਰ, ਸ਼ਾਮ ਅਵਧ, ਭਾਰਤੀ, ਰਿਸ਼ੀ, ਜਗਨ ਨਾਥ, ਮਾਨਾ, ਬਬਲੂ, ਬੂਟਾ ਰਾਮ, ਜਗਤਾਰ ਸਿੰਘ, ਰਾਮ ਅਵਧ ਭਾਰਤੀ ਆਦਿ ਮੌਜੂਦ ਸਨ।

# ਸਿਵਲ ਹਸਪਤਾਲ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ



**ਦਸੂਹਾ (ਕਰਨੈਲ ਮਾਂਗਟ)**
ਸਿਵਲ ਸਰਜਨ ਹੁਸ਼ਿਆਰਪੁਰ ਡਾ. ਮੰਦੀਪ ਕਮਲ ਦੇ ਹੁਕਮਾਂ ਅਨੁਸਾਰ ਤੇ ਐੱਸ ਐੱਮ ਓ ਡਾ.ਮਨਮੋਹਨ ਸਿੰਘ ਸਿਵਲ ਹਸਪਤਾਲ ਦਸੂਹਾ ਦੀ ਅਗਵਾਈ ਹੇਠ ਸਿਵਲ ਹਸਪਤਾਲ ਦਸੂਹਾ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਇਸ ਮੌਕੇ ਐੱਸ ਐੱਮ ਓ ਡਾ. ਮਨਮੋਹਨ ਸਿੰਘ ਸਿਵਲ ਹਸਪਤਾਲ ਦਸੂਹਾ ਨੇ ਦੱਸਿਆ ਕਿ ਇਸ ਵਿਸ਼ਵ ਸਿਹਤ ਦਿਵਸ ਮਨਾਉਣ ਦਾ ਮੁੱਖ ਉਦੇਸ਼ ਸਿਹਤ ਦੇ ਮਿਆਰ ਨੂੰ ਉੱਚਾ ਚੁੱਕਣਾ ਹੈ ਅਤੇ ਦੁਨੀਆ ਭਰ ਦੇ ਲੋਕਾਂ ਨੂੰ ਸਿਹਤ ਸੰਬੰਧੀ ਜਾਗਰੂਕ ਕਰਨਾ ਅਤੇ ਸਿਹਤ ਸੇਵਾਵਾਂ ਨੂੰ ਸੁਧਾਰਨ ਲਈ ਪ੍ਰੇਰਿਤ ਕਰਨਾ ਹੈ।ਲੋਕਾਂ ਨੂੰ ਬਿਮਾਰੀਆਂ ਤੋਂ ਬਚਾਅ, ਸਫਾਈ ਅਤੇ ਸਿਹਤਮੰਦ ਜੀਵਨ ਸ਼ੈਲੀ ਬਾਰੇ ਜਾਣਕਾਰੀ ਦੇਣਾ। ਹਰ ਵਿਅਕਤੀ ਤੱਕ ਸਸਤੀ ਤੇ ਚੰਗੀ ਸਿਹਤ ਸਹੂਲਤ ਪਹੁੰਚਾਉਣ ਦਾ ਸੁਨੇਹਾ ਦੇਣਾ। ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ, ਕਸਰਤ ਨੂੰ ਉਤਸ਼ਾਹਿਤ ਕਰਨਾ,ਸਫਾਈ ਰੱਖਣ ਅਤੇ ਬਿਮਾਰੀਆਂ ਤੋਂ ਬਚਾਅ ਲਈ ਜ਼ਰੂਰੀ ਸਲਾਹਾਂ ਦਿੱਤੀਆਂ ਗਈਆਂ।

ਇਸ ਮੌਕੇ ਡਾ.ਕਰਨਜੀਤ ਸਿੰਘ, ਡਾ. ਹਰਸ਼ਪ੍ਰੀਤ ਕੌਰ, ਜਸਵਿੰਦਰ ਕੌਰ ਨਰਸਿੰਗ ਸਿਸਟਰ, ਸੀਮਾ ਭਾਰਦਵਾਜ ਸਟਾਫ਼ ਨਰਸ, ਐੱਲ ਐੱਚ ਵੀ ਕੁਲਜੀਤ ਕੌਰ, ਏ ਐੱਨ ਐੱਮ ਬਖਸ਼ੀਸ਼ ਕੌਰ, ਐੱਮ ਐੱਲ ਟੀ ਸੁਮਨਪ੍ਰੀਤ ਕੌਰ, ਐੱਮ ਐੱਲ ਟੀ ਹਰਦਿਆਲ ਸਿੰਘ, ਸਿਹਤ ਕਰਮਚਾਰੀ ਗੁਰਨਾਮ ਸਿੰਘ, ਨਰਸਿੰਗ ਕਾਲਜ ਦੇ ਟੀਚਰ ਤੇ ਵਿਦਿਆਰਥੀ ਹਾਜ਼ਰ ਸਨ।

# ਖਾਲਸਾ ਕਾਲਜੀਏਟ ਸਕੂਲ 'ਚ ਦਾਖਲਿਆਂ ਪ੍ਰਤੀ ਵਿਦਿਆਰਥੀਆਂ ਵਿੱਚ ਉਤਸ਼ਾਹ

**ਮਾਹਿਲਪੁਰ (ਸ਼ਫ਼ਰੀ)**
ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਕੈਂਪਸ ਵਿੱਚ ਚੱਲ ਰਹੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ, ਮਾਹਿਲਪੁਰ ਵਿੱਚ ਸੈਸ਼ਨ 2026-27 ਅਧੀਨ ਵੱਖ ਵੱਖ ਸਟਰੀਮਜ ਵਿੱਚ ਦਾਖ਼ਲਿਆਂ ਪ੍ਰਤੀ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਸਬੰਧੀ ਗੱਲ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ



ਨੇ ਦੱਸਿਆ ਕਿ ਕਾਲਜੀਏਟ ਸਕੂਲ ਵਿੱਚ ਮੈਡੀਕਲ, ਨਾਨ ਮੈਡੀਕਲ, ਕਾਮਰਸ ਅਤੇ ਆਰਟਸ ਦੇ ਸਟਰੀਮ ਸਫਲਤਾਪੂਰਵਕ ਚੱਲ ਰਹੇ ਹਨ ਜਿਸ ਤਹਿਤ ਸੈਸ਼ਨ 2026-27 ਵਿੱਚ ਦਾਖਿਲਾ ਲੈਣ ਦੇ ਚਾਹਵਾਨ ਵਿਦਿਆਰਥੀ ਕਾਲਜ ਵਿੱਚ ਪੁੱਜ ਕੇ ਆਪਣੇ ਕੈਰੀਅਰ ਅਨੁਸਾਰ ਉਕਤ ਕੋਰਸਾਂ ਵਿੱਚ ਦਾਖਿਲਾ ਹਾਸਿਲ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਦੀ ਕੈਰੀਅਰ ਸੇਧ ਅਤੇ ਕਾਉਂਸਲਿੰਗ ਲਈ ਕਾਲਜ ਵਿੱਚ ਵਿਸ਼ੇਸ਼ ਦਾਖਿਲਾ ਸੈੱਲ ਸਥਾਪਿਤ ਕੀਤਾ ਗਿਆ ਹੈ ਜਿੱਥੇ ਦਾਖਲਾ ਲੈਣ ਦੇ ਇਛੁੱਕ ਵਿਦਿਆਰਥੀਆਂ ਨੂੰ ਹਾਜ਼ਰ ਅਧਿਆਪਕਾਂ ਵਲੋਂ ਉਨ੍ਹਾਂ ਦੀ ਰੁਚੀ ਅਤੇ ਕੈਰੀਅਰ ਅਨੁਸਾਰ ਵੱਖ ਵੱਖ ਸਟਰੀਮਜ ਵਿੱਚ ਦਾਖਿਲ ਹੋਣ ਦੀ ਸੇਧ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਕਾਲਜੀਏਟ ਸਕੂਲ ਵਿੱਚ ਗਿਆਰਵੀਂ ਅਤੇ ਬਾਰ੍ਹਵੀਂ ਜਮਾਤਾਂ ਦੀ ਵਧੀਆ ਪੜ੍ਹਾਈ ਅਤੇ ਵਿਦਿਆਰਥੀਆਂ ਦੀ ਸਹੂਲਤ ਵਾਸਤੇ ਵਾਤਾਵਰਨ ਅਨੁਕੂਲਿਤ ਸਮਾਰਟ ਕਲਾਸ ਰੂਮ, ਆਧੁਨਿਕ ਲੈਬਾਰਟਰੀਆਂ,ਵੱਖ ਵੱਖ ਵਜੀਫਾ ਰਾਸ਼ੀਆਂ ਦੇ ਪ੍ਰਬੰਧਾਂ ਸਮੇਤ ਵਿਦਿਆਰਥੀਆਂ ਲਈ ਵਿਸ਼ੇਸ਼ ਕੋਚਿੰਗ ਕਲਾਸਾਂ ਦਾ ਇੰਤਜਾਮ ਹੈ।

# 2010 ਤੋਂ ਬੋਰਡ ਪ੍ਰੀਖਿਆਵਾਂ 'ਚ ਅਸਫ਼ਲ ਰਹੇ ਵਿਦਿਆਰਥੀਆਂ ਲਈ ਵਿਸ਼ੇਸ਼ ਮੌਕਾ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੇ 350ਵੇਂ ਸ਼ਹੀਦੀ ਵਰ੍ਹੇ ਨੂੰ ਸਮਰਪਿਤ ਇਕ ਅਹਿਮ ਹਮਦਰਦੀ-ਭਰਪੂਰ ਪਹਿਲ ਕਰਦਿਆਂ ਪੰਜਾਬ ਸਕੂਲ ਸਿੱਖਿਆ ਬੋਰਡ ਉਨ੍ਹਾਂ ਵਿਦਿਆਰਥੀਆਂ ਲਈ ਯਕਮੁਸ਼ਤ ਵਿਸ਼ੇਸ਼ ਮੌਕਾ (ਮਰਸੀ ਚਾਂਸ) ਦੇਣ ਜਾ ਰਿਹਾ ਹੈ, ਜੋ 10ਵੀਂ ਜਾਂ 12ਵੀਂ ਬੋਰਡ ਪ੍ਰੀਖਿਆ ਪਾਸ ਨਹੀਂ ਸਨ ਕਰ ਸਕੇ।ਇਹ ਐਲਾਨ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਦੇ ਪ੍ਰਕਾਸ਼ ਪੁਰਬ ਮੌਕੇ ਕੀਤਾ।ਇਸ ਪਹਿਲਕਦਮੀ ਲਈ ਯੋਗਤਾ ਅਤੇ ਦਾਇਰੇ ਬਾਰੇ ਸਿੱਖਿਆ ਮੰਤਰੀ ਨੇ ਦੱਸਿਆ ਕਿ ਉਹ ਸਾਰੇ ਵਿਦਿਆਰਥੀ, ਜੋ ਮਾਰਚ 2010 ਤੋਂ ਹੁਣ ਤੱਕ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਕਿਸੇ ਵੀ ਪ੍ਰੀਖਿਆ ਵਿੱਚ ਬੈਠੇ ਹਨ ਅਤੇ ਪਾਸ ਨਹੀਂ ਸਨ ਹੋਏ, ਉਹ ਵਿਸ਼ੇਸ਼ ਮੌਕੇ (ਮਰਸੀ ਚਾਂਸ) ਲਈ ਯੋਗ ਹੋਣਗੇ। ਇਸ ਮੌਕੇ ਦਾ ਲਾਭ ਉਹ ਵਿਦਿਆਰਥੀ ਲੈ ਸਕਦੇ ਹਨ, ਜਿਨ੍ਹਾਂ ਨੇ ਘੱਟੋ-ਘੱਟ ਇੱਕ ਵਿਸ਼ਾ ਪਾਸ ਕੀਤਾ ਹੈ। ਦਸਵੀਂ ਅਤੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਲਈ ਇਹ ਵਿਸ਼ੇਸ਼ ਸਹੂਲਤ ਉਨ੍ਹਾਂ ਨੂੰ ਆਪਣਾ ਬੋਰਡ ਸਰਟੀਫਿਕੇਸ਼ਨ ਪ੍ਰਾਪਤ ਕਰਨ ਦਾ ਅੰਤਮ ਰਸਤਾ ਪ੍ਰਦਾਨ ਕਰੇਗੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਆਨਲਾਈਨ ਰਜਿਸਟ੍ਰੇਸ਼ਨ ਪ੍ਰਕਿਰਿਆ 27 ਅਪ੍ਰੈਲ ਨੂੰ ਸ਼ੁਰੂ ਹੋਵੇਗੀ ਤੇ ਵਿਸ਼ੇਸ਼ ਪ੍ਰੀਖਿਆਵਾਂ 15 ਜੁਲਾਈ 2026 ਤੋਂ ਹੋਣਗੀਆਂ। ਉਨ੍ਹਾਂ ਕਿਹਾ ਕਿ ਵਿਸਤਾਰਥ ਨਿਰਦੇਸ਼, ਵਿਸ਼ਾ-ਵਾਰ ਸਿਲੇਬਸ ਅਤੇ ਅਪਲਾਈ ਕਰਨ ਲਈ ਲਿੰਕ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅਧਿਕਾਰਤ ਵੈੱਬਸਾਈਟ 'ਤੇ ਉਪਲਬਧ ਹੋਵੇਗਾ।

# ਜੀ ਟੀ ਯੂ ਵੱਲੋਂ ਮੰਗਾਂ ਸੰਬੰਧੀ ਲੈ ਉਪ ਜ਼ਿਲ੍ਹਾ ਸਿਖਿਆ ਅਫਸਰ ਨਾਲ ਮੁਲਾਕਾਤ

**ਜਲੰਧਰ (ਰਾਜੇਸ਼ ਥਾਪਾ)**-ਗੌਰਮਿੰਟ ਟੀਚਰਜ ਯੂਨੀਅਨ ਜਿਲਾ ਜਲੰਧਰ ਦਾ ਡੈਪੂਟੇਸ਼ਨ ਜ਼ਿਲ੍ਹਾ ਪ੍ਰਧਾਨ ਕਰਨੈਲ ਫਿਲੌਰ ਦੀ ਅਗਵਾਈ ਹੇਠ ਜਿਲਾ ਸਿੱਖਿਆ ਅਫਸਰ ਪ੍ਰਾਇਮਰੀ ਜਲੰਧਰ ਦੇ ਦਫਤਰ ਵਿਖੇ ਜਿਲਾ ਸਿੱਖਿਆ ਅਫਸਰ ਦੀ ਗੈਰ ਹਾਜ਼ਰੀ ਵਿੱਚ ਉਪ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਾਇਮਰੀ ਮਨੀਸ਼ ਕੁਮਾਰ ਨੂੰ ਮਿਲਿਆ ਤੇ ਵਫਦ ਨੇ ਅਧਿਆਪਕਾਂ ਦੀਆਂ ਤਨਖਾਹਾਂ ਦੇ ਬਜਟ ਸਬੰਧੀ, ਜਿਹਨਾਂ ਬਲਾਕਾਂ ਵਿੱਚ ਬੀ ਪੀ ਈ ਓ ਦਾ



ਵਾਧੂ ਚਾਰਜ ਦਿੱਤਾ ਗਿਆ ਹੈ ਉਸ ਵਿੱਚ ਬੀ ਪੀ ਈ ਓ ਦੇ ਬੈਠਣ ਦਾ ਕੋਈ ਪੱਕਾ ਦਿਨ ਫਿਕਸ ਕਰਨ ਤੇ ਨਵ ਨਿਯੁਕਤ 6635 ਈ ਟੀ ਟੀ ਅਧਿਆਪਕਾਂ ਦੀਆਂ ਤਨਖਾਹਾਂ ਤੇ ਹੋਰ ਮੰਗਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ। ਇਸ ਸਮੇਂ ਗੌਰਮਿੰਟ ਟੀਚਰਜ ਯੂਨੀਅਨ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਤੀਰਥ ਸਿੰਘ ਬਾਸੀ, ਜ਼ਿਲ੍ਹਾ ਜਲੰਧਰ ਦੇ ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕਲਾਰ, ਜਿਲ੍ਹਾ ਸਕੱਤਰ ਸੁਖਵਿੰਦਰ ਸਿੰਘ ਮੱਕੜ, ਮੀਤ ਪ੍ਰਧਾਨ ਗੁਰਿੰਦਰ ਸਿੰਘ, ਪ੍ਰੈੱਸ ਸਕੱਤਰ ਵੇਦ ਰਾਜ, ਸਹਾਇਕ ਪ੍ਰੈੱਸ ਸਕੱਤਰ ਪ੍ਰੇਮ ਖਲਵਾੜਾ, ਜੁਆਇੰਟ ਸਕੱਤਰ ਕਮਲਦੇਵ ਸਿੰਘ ਕੁਲਭੂਸ਼ਨ ਗੁਪਤਾ, ਕਮੇਟੀ ਮੈਂਬਰ, ਮੰਗਲਜੀਤ ਸਿੰਘ, ਰਾਕੇਸ਼ ਕੁਮਾਰ, ਬਖਸੀ ਰਾਮ, ਜਗਸੀਰ ਫਿਲੌਰ ਤੇ ਰਣਜੀਤ ਸਿੰਘ ਹਾਜਰ ਸਨ।

# ਨਾਇਬ ਸਿੰਘ ਸੈਣੀ ਨੇ ਸ੍ਰੀਰਾਮਪੁਰ ਵਿਧਾਨ ਸਭਾ 'ਚ ਕੀਤਾ ਰੋਡ ਸ਼ੋਅ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਹੈ ਕਿ ਬੰਗਾਲ ਦੀ ਜਨਤਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਬਣਾਉਣਾ ਚਾਹੁੰਦੀ ਹੈ। ਇਸ ਲਈ ਬੰਗਾਲ ਵਿੱਚ ਚਾਰੇ ਪਾਸੇ ਭਾਜਪਾ ਦੀ ਲਹਿਰ ਚੱਲ ਰਹੀ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪੱਛਮੀ ਬੰਗਾਲ ਦੇ ਦੌਰੇ ਦੌਰਾਨ ਸ੍ਰੀਰਾਮਪੁਰ ਵਿਧਾਨ ਸਭਾ ਦੇ ਉਮੀਦਵਾਰ ਦੀ ਨਾਮਜ਼ਦਗੀ ਭਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਨੇ ਸ੍ਰੀਰਾਮਪੁਰ ਵਿਧਾਨ ਸਭਾ ਦੇ ਉਮੀਦਵਾਰ ਦੇ ਪੱਖ ਵਿੱਚ ਰੋਡ ਸ਼ੋਅ ਕਰਕੇ ਲੋਕਾਂ ਨੂੰ ਭਾਜਪਾ ਦੇ ਸਮਰਥਨ ਵਿੱਚ ਵੋਟ ਪਾਉਣ ਦੀ ਅਪੀਲ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਬੰਗਾਲ ਦੇ ਲੋਕਾਂ ਨੇ ਹੁਣ ਮਨ ਬਣਾ ਲਿਆ ਹੈ ਕਿ ਭਾਜਪਾ ਸਰਕਾਰ ਬਣਾਉਣੀ ਹੈ।ਉਨ੍ਹਾਂ ਕਿਹਾ ਕਿ ਬੰਗਾਲ ਦੀ ਮਮਤਾ ਬਨਰਜੀ ਸਰਕਾਰ ਨੇ ਘੁਸਪੈਠੀਆਂ ਨੂੰ ਸੁਰੱਖਿਆ ਦੇਣ ਦਾ ਕੰਮ ਕੀਤਾ ਹੈ। ਇਸ ਨਾਲ ਸਾਡੇ ਆਰਥਿਕ, ਸੱਭਿਆਚਾਰਕ ਅਤੇ ਸਮਾਜਿਕ ਤਾਣੇ-ਬਾਣੇ ਨੂੰ ਠੇਸ ਪਹੁੰਚਾਉਣ ਦਾ ਕੰਮ ਕੀਤਾ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਗਰੀਬ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ।

# ਜੇ ਡੀ ਸੈਂਟਰਲ ਸਕੂਲ ਆਦਰਮਾਨ ਵਿਖੇ ਸ਼ੈਸਨ 2026-27 ਦੀ ਸ਼ੁਰੂਆਤ




**ਮਹਿਤਪੁਰ (ਰਾਜਾ)**
ਜੇ ਡੀ ਸੈਂਟਰਲ ਸਕੂਲ ਆਦਰਾਮਾਨ ਵਿਖੇ ਸ਼ੈਸਨ 2026-27 ਦੀ ਸ਼ੁਰੂਆਤ ਬਹੁਤ ਹੀ ਸ਼ਾਨਦਾਰ ਢੰਗ ਨਾਲ ਕੀਤੀ ਗਈ । ਸਕੂਲ ਵਿੱਚ ਛੋਟੇ ਬੱਚਿਆਂ ਦੇ ਸਵਾਗਤ ਲਈ ਕਾਰਟੂਨ ਚਰਿੱਤਰ ਬੁਲਾਏ ਗਏ। ਜਿਨ੍ਹਾਂ ਵਿੱਚ ਟਾਮ ਐਂਡ ਜੈਰੀ, ਮਿਕੀ ਮਾਊਸ, ਬੱਗਜ ਬੰਨੀ ਆਦਿ ਕਾਰਟੂਨ ਕਰੈਕਟਰ ਨਜ਼ਰ ਆਏ ।ਕਾਰਟੂਨ ਕਰੈਕਟਰਾਂ ਨੂੰ ਸਕੂਲ ਵਿੱਚ ਆਇਆ ਦੇਖ ਕੇ ਬੱਚਿਆਂ ਦੀ ਖ਼ੁਸ਼ੀ ਦਾ ਕੋਈ ਠਿਕਾਣਾ ਨਾ ਰਿਹਾ । ਸਵ. ਰਵੀਪਾਲ ਸਿੰਘ ਦੇ ਦੇਖੇ ਸੁਪਨਿਆਂ ਨੂੰ ਪੂਰਾ ਕਰਨ ਲਈ ਸਕੂਲ ਦੇ ਮੌਜੂਦਾ ਚੇਅਰਮੈਨ ਸਿਮਰਨਜੀਤ ਸਿੰਘ ਮੋਮੀ, ਪ੍ਰਿੰਸੀਪਲ ਰੰਜਨਾ ਰਾਏ ਤੇ ਅਜੈ ਰਾਏ ਪੂਰਾ ਯੋਗਦਾਨ ਦੇ ਰਹੇ ਹਨ । ਉਨ੍ਹਾਂ ਦੇ ਸੁਪਨਿਆਂ ਨੂੰ ਪੂਰਾ ਕਰਦੇ ਹੋਏ ਸਕੂਲ ਵਿੱਚ ਸ਼ੈਸਨ 2026-27 ਦੀ ਸ਼ੁਰੂਆਤ ਕਰਦਿਆਂ ਪ੍ਰਿੰਸੀਪਲ ਮੈਡਮ ਰੰਜਨਾ ਰਾਏ ਨੇ ਬੱਚਿਆਂ ਨੂੰ ਨਵੀਆਂ ਜਮਾਤਾਂ ਵਿੱਚ ਆਉਣ ਕਾਰਨ ਵਧਾਈ ਦਿੰਦੇ ਹੋਏ ਹਮੇਸ਼ਾ ਜ਼ਿੰਦਗੀ ਦੇ ਸਫ਼ਰ ਵਿੱਚ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ ।ਸਕੂਲ ਇੱਕ ਅਜਿਹੀ ਸੰਸਥਾ ਹੈ ਜਿੱਥੇ ਬੱਚੇ ਆਪਣੇ ਮਾਪਿਆਂ ਵੱਲੋਂ ਦੇਖੇ ਹੋਏ ਸੁਪਨਿਆਂ ਨੂੰ ਪੂਰਾ ਕਰਦੇ ਤੇ ਆਪਣੇ ਭਵਿੱਖ ਨੂੰ ਉੱਜਵਲ ਬਣਾਉਂਦੇ ਹਨ।

# ਮੁਫਤ ਮੈਡੀਕਲ ਕੈਂਪ ਲਗਾਇਆ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਭਗਵਾਨ ਰਵਿਦਾਸ ਆਸ਼ਰਮ ਹਰਿਦੁਆਰ ਵਿਖੇ ਹੋਏ ਇਕ ਧਾਰਮਿਕ ਸਮਾਗਮ ਦੌਰਾਨ ਸਿੱਧ ਯੋਗੀ ਟਰੱਸਟ ਪਿੰਡ ਖਾਨਪੁਰ ਵੱਲੋਂ ਡਾਕਟਰ ਜਸਵੰਤ ਸਿੰਘ ਥਿੰਦ ਐੱਸ ਐੱਮ ਓ ਸਿਵਲ ਹਸਪਤਾਲ ਮਾਹਿਲਪੁਰ ਦੇ ਭਰਪੂਰ ਸਹਿਯੋਗ ਸਦਕਾ ਡਾਕਟਰ ਪ੍ਰਭ ਹੀਰ ਤੇ ਉਹਨਾਂ ਦੀ ਟੀਮ ਵਿੱਚ ਸ਼ਾਮਿਲ ਹਰਜਿੰਦਰ ਕੁਮਾਰੀ, ਨਵਜੋਤ ਕੌਰ ਹਰਜੋਤ ਕੌਰ ਅਤੇ ਭੁਪਿੰਦਰ ਕੁਮਾਰ ਦੁਆਰਾ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। 108 ਸੰਤ ਰਮੇਸ਼ ਦਾਸ ਜੀ ਮਹਾਰਾਜ ਸ਼ੇਰਪੁਰ ਢੱਕੋ ਵਾਲਿਆਂ ਦੇ ਅਸ਼ੀਰਵਾਦ ਸਦਕਾ ਲਗਾਏ ਗਏ ਇਸ ਕੈਂਪ ਮੌਕੇ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇਕ ਸੁਸਾਇਟੀ ਦੇ ਪ੍ਰਧਾਨ 108 ਸੰਤ ਨਿਰਮਲ ਦਾਸ ਮਹਾਰਾਜ ਬਾਬੇ ਜੋੜੇ, ਜਨਰਲ ਸਕੱਤਰ 108 ਸੰਤ ਇੰਦਰ ਦਾਸ ਜੀ, 108 ਸੰਤ ਰਮੇਸ਼ ਦਾਸ ਜੀ ਮਹਾਰਾਜ ਸਮੇਤ ਸ੍ਰੀ ਗੁਰੂ ਰਵਿਦਾਸ ਨਾਮ ਲੇਵਾ ਸੰਗਤਾਂ ਤੇ ਸੰਤ ਮਹਾਂਪੁਰਸ਼ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਸੰਤਾਂ ਮਹਾਂਪੁਰਸ਼ਾਂ ਵੱਲੋਂ ਡਾਕਟਰ ਪ੍ਰਭਹੀਰ ਤੇ ਉਨਾਂ ਦੀ ਸਮੁੱਚੀ ਟੀਮ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ।

# ਜ਼ਿਲ੍ਹਾ ਪੱਧਰੀ ਜਾਗਰੂਕਤਾ ਸੈਮੀਨਾਰ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**
ਸਿਹਤ ਵਿਭਾਗ ਪੰਜਾਬ ਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਸੀਨੀਅਰ ਮੈਡੀਕਲ ਅਫ਼ਸਰ ਡਾ. ਨਵਜੋਤ ਸਿੰਘ ਅਤੇ ਡਾ. ਨੇਹਾ ਪਾਲ ਦੀ ਅਗਵਾਈ ਹੇਠ ਵਿਸ਼ਵ ਸਿਹਤ ਦਿਵਸ ਦੇ ਮੌਕੇ 'ਤੇ ਜ਼ਿਲ੍ਹਾ ਪੱਧਰੀ ਜਾਗਰੂਕਤਾ ਸੈਮੀਨਾਰ ਆਯੋਜਿਤ ਕੀਤਾ ਗਿਆ।ਇਸ ਮੌਕੇ 'ਤੇ ਡਿਪਟੀ ਮਾਸ ਮੀਡੀਆ ਅਫਸਰ ਰਮਨਦੀਪ ਕੌਰ, ਡਿਪਟੀ ਮਾਸ ਮੀਡੀਆ ਅਫਸਰ ਰਵਿੰਦਰ ਜੱਸਲ, ਬਲਾਕ ਐਕਸਟੈਂਸ਼ਨ ਐਜੂਕੇਟਰ ਰੋਹਿਤ ਸ਼ਰਮਾ, ਤੇ ਹੋਰ ਪੈਰਾ ਮੈਡੀਕਲ ਸਟਾਫ ਸਮੇਤ ਨਰਸਿੰਗ ਵਿਦਿਆਰਥਣਾਂ ਹਾਜ਼ਰ ਸਨ।

ਡਾ. ਰਣਜੀਤ ਸਿੰਘ, ਜ਼ਿਲਾ ਪਰਵਾਰ ਭਲਾਈ ਅਫ਼ਸਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਅੱਜ ਵਿਸ਼ਵ ਪੱਧਰ 'ਤੇ ਵਿਸ਼ਵ ਸਿਹਤ ਦਿਵਸ ਨੂੰ ਥੀਮ 'ਸਿਹਤ ਲਈ ਇਕੱਠੇ ਹੋਵੋ ਤੇ ਵਿਗਿਆਨ ਨਾਲ ਖੜੇ ਹੋਵੋ' ਅਧੀਨ ਮਨਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਮੌਕੇ 'ਤੇ ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਗਈਆਂ ਤੇ ਮਰੀਜ਼ਾਂ ਨੂੰ ਵੱਖ-ਵੱਖ ਬਿਮਾਰੀਆਂ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਅਜੋਕਾ ਯੁੱਗ ਵਿਗਿਆਨਕ ਯੁੱਗ ਹੈ, ਇਸ ਲਈ ਲੋਕਾਂ ਨੂੰ ਵਹਿਮਾਂ-ਭਰਮਾਂ 'ਤੇ ਵਿਸ਼ਵਾਸ ਕਰਨ ਦੀ ਬਜਾਏ ਮੈਡੀਕਲ ਸਾਇੰਸ 'ਤੇ ਭਰੋਸਾ ਕਰਦੇ ਹੋਏ ਸਿਹਤ ਸੰਸਥਾਵਾਂ ਤੋਂ ਹੀ ਇਲਾਜ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਹੋਰ ਦੱਸਿਆ ਕਿ ਹਰ ਸਾਲ 7 ਅਪ੍ਰੈਲ ਨੂੰ ਵਿਸ਼ਵ ਸਿਹਤ ਦਿਵਸ ਮਨਾਇਆ ਜਾਂਦਾ ਹੈ, ਜੋ ਸਾਨੂੰ ਚੰਗੀ ਸਿਹਤ ਦੀ ਮਹੱਤਤਾ ਦਾ ਅਹਿਸਾਸ ਕਰਾਉਂਦਾ ਹੈ। ਇਹ ਦਿਨ ਪਹਿਲੀ ਵਾਰ ਸਾਲ 1950 ਵਿੱਚ ਮਨਾਇਆ ਗਿਆ ਸੀ, ਜਦਕਿ ਇਸ ਦੀ ਸ਼ੁਰੂਆਤ ਸਾਲ 1948 ਵਿੱਚ ਵਿਸ਼ਵ ਸਿਹਤ ਸੰਗਠਨ ਦੀ ਸਥਾਪਨਾ ਨਾਲ ਹੋਈ ਸੀ।

ਉਨ੍ਹਾਂ ਕਿਹਾ ਕਿ ਇਹ ਦਿਨ ਸਿਰਫ ਇੱਕ ਦਿਨ ਦੀ ਗਤੀਵਿਧੀ ਨਹੀਂ, ਸਗੋਂ ਇੱਕ ਮੌਕਾ ਹੈ ਜਿਸ ਰਾਹੀਂ ਅਸੀਂ ਆਪਣੇ ਜੀਵਨ ਅਤੇ ਸਮਾਜ ਵਿੱਚ ਚੰਗੀ ਸਿਹਤ ਨੂੰ ਪਹਿਲ ਦੇ ਸਕਦੇ ਹਾਂ ਅਤੇ ਸਿਹਤਮੰਦ ਤੇ ਖ਼ੁਸ਼ਹਾਲ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾ ਸਕਦੇ ਹਾਂ। ਡਾ. ਨੇਹਾ ਪਾਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਚੰਗੀ ਸਿਹਤ ਲਈ ਸਾਨੂੰ ਪੌਸ਼ਟਿਕ ਆਹਾਰ ਲੈਣਾ, ਪੂਰੀ ਅਤੇ ਲੋੜੀਂਦੀ ਨੀਂਦ ਲੈਣੀ ਅਤੇ ਹਰ ਰੋਜ਼ ਹਲਕੀ ਕਸਰਤ ਕਰਨੀ ਬਹੁਤ ਜ਼ਰੂਰੀ ਹੈ।

# ਬਸਪਾ ਵੱਲੋਂ ਵਰਕਰ ਸੰਮੇਲਨ 25 ਨੂੰ



**ਆਦਮਪੁਰ (ਪਰਮਜੀਤ ਸਿੰਘ)**-ਬਹੁਜਨ ਸਮਾਜ ਪਾਰਟੀ ਵੱਲੋਂ ਸੂਬੇ ਭਰ ਵਿੱਚ ਸ਼ੁਰੂ ਕੀਤੀ ਗਈ ਪੰਜਾਬ ਸੰਭਾਲੋ ਮੁਹਿੰਮ ਤਹਿਤ ਹਲਕਾ ਆਦਮਪੁਰ ਵਿੱਚ 25 ਅਪ੍ਰੈਲ ਨੂੰ ਵਰਕਰ ਸੰਮੇਲਨ ਕੀਤਾ ਜਾ ਰਿਹਾ। ਇਸ ਦੀ ਜਾਣਕਾਰੀ ਦਿੰਦਿਆਂ ਬਸਪਾ ਸੂਬਾ ਜਨਰਲ ਸਕੱਤਰ ਤੇ ਹਲਕਾ ਆਦਮਪੁਰ ਦੇ ਇੰਚਾਰਜ ਬਲਵਿੰਦਰ ਕੁਮਾਰ ਐਡਵੋਕੇਟ ਨੇ ਕਿਹਾ ਕਿ ਹਲਕੇ ਵਿੱਚ ਪਾਰਟੀ ਦੀ ਮੁਹਿੰਮ ਨੂੰ ਹੋਰ ਹੁਲਾਰਾ ਦੇਣ ਦੇ ਲਈ ਇਹ ਸੰਮੇਲਨ ਕੀਤਾ ਜਾ ਰਿਹਾ ਹੈ। ਇਹ ਸੰਮੇਲਨ ਜਨਤਾ ਪੈਲਸ ਆਦਮਪੁਰ ਭੋਗਪੁਰ ਰੋਡ ਤੇ ਕੀਤਾ ਜਾ ਰਿਹਾ ਹੈ। ਇਹ ਸੰਮੇਲਨ 25 ਅਪ੍ਰੈਲ ਨੂੰ ਸਵੇਰੇ 11 ਵਜੇ ਸ਼ੁਰੂ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਇਸ ਦੇ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਬਸਪਾ ਦੇ ਕੇਂਦਰੀ ਕੋਆਰਡੀਨੇਟਰ ਰਣਧੀਰ ਸਿੰਘ ਬੇਣੀਪਾਲ, ਪ੍ਰਤਾਪ ਸਿੰਘ ਤੇ ਸੂਬਾ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਬਤੌਰ ਮੁੱਖ ਮਹਿਮਾਨ ਪਹੁੰਚਣਗੇ। ਉਹਨਾਂ ਕਿਹਾ ਕਿ ਹਲਕੇ ਵਿੱਚ ਪਾਰਟੀ ਦੀ ਮੁਹਿੰਮ ਨੂੰ ਸਾਰੇ ਹੀ ਵਰਗਾਂ ਦੇ ਲੋਕਾਂ ਵੱਲੋਂ ਬਹੁਤ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਹਨਾਂ ਸਾਰੇ ਵਰਗਾਂ ਦੇ ਲੋਕਾਂ ਨੂੰ ਬਸਪਾ ਦੀ ਪੰਜਾਬ ਸੰਭਾਲੋ ਮੁਹਿੰਮ ਨਾਲ ਜੁੜਨ ਦਾ ਸੱਦਾ ਵੀ ਦਿੱਤਾ ।ਬਸਪਾ ਸੂਬਾ ਸਕੱਤਰ ਇੰਜੀਨੀਅਰ ਜਸਵੰਤ ਰਾਏ, ਬਲਦੇਵ ਸਲਾਲਾ, ਮਦਨ ਮੱਦੀ, ਹਰਜਿੰਦਰ ਬਿੱਲਾ ਤੇ ਪਾਰਟੀ ਵਿੱਚ ਹੁਣੇ ਸ਼ਾਮਿਲ ਹੋਏ ਬੂਟਾ ਸਿੰਘ ਮੌਜੂਦ ਸਨ।

# ਬਰਸਟ ਨੇ ਪਟਿਆਲਾ ਵਿਖੇ ਕਣਕ ਦੀ ਖਰੀਦ ਕਰਵਾਈ ਸ਼ੁਰੂ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਅਨਾਜ ਮੰਡੀ ਪਟਿਆਲਾ ਦਾ ਦੌਰਾ ਕੀਤਾ ਗਿਆ ਤੇ ਕਣਕ ਦੀ ਖਰੀਦ ਸ਼ੁਰੂ ਕਰਵਾਈ ਗਈ। ਇਸ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਦੀਆਂ ਸਮੂਹ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਦੀ ਸਹੂਲਤਾਂ ਨੂੰ ਮੁੱਖ ਰੱਖਦਿਆਂ ਹੋਇਆ ਪੁਖਤਾ ਪ੍ਰਬੰਧ ਕੀਤੇ ਗਏ ਹਨ ਤੇ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਮੰਡੀ ਵਿੱਚ ਖਰੀਦ ਸ਼ੁਰੂ ਕਰਵਾਉਂਦਿਆਂ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਕਣਕ ਦੀ ਸਰਕਾਰੀ ਖਰੀਦ 1 ਅਪ੍ਰੈਲ ਤੋਂ ਸ਼ੁਰੂ ਹੋ ਗਈ ਹੈ। ਅਜੇ ਮੰਡੀਆਂ ਵਿੱਚ ਕਣਕ ਦੀ ਆਮਦ ਘੱਟ ਹੋ ਰਹੀ ਹੈ, ਪਰ ਆਉਣ ਵਾਲੇ ਦਿਨਾਂ ਵਿੱਚ ਮੰਡੀਆਂ ਵਿੱਚ ਫਸਲ ਦੀ ਬੰਪਰ ਆਮਦ ਹੋਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਫ਼ਸਲ ਦਾ ਇੱਕ-ਇੱਕ ਦਾਣਾ ਖ਼ਰੀਦਣ ਲਈ ਵਚਨਬੱਧ ਹੈ। ਮੰਡੀਆਂ ਅਤੇ ਖਰੀਦ ਕੇਂਦਰਾਂ ਵਿੱਚ ਸਾਫ਼-ਸਫਾਈ, ਬਿਜਲੀ, ਪੀਣ ਵਾਲੇ ਪਾਣੀ, ਬਾਥਰੂਮਾਂ, ਛਾਂ, ਬੈਠਣ ਆਦਿ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਬਰਸਟ ਨੇ ਦੱਸਿਆ ਕਿ ਹਾੜੀ ਸੀਜਨ ਦੇ ਮੱਦੇਨਜ਼ਰ ਸੂਬੇ ਵਿੱਚ ਕਣਕ ਦੀ ਖਰੀਦ ਕਰਵਾਉਣ ਲਈ ਕੁੱਲ 1896 ਮੰਡੀਆਂ ਨੋਟੀਫਾਈ ਕੀਤੀਆਂ ਗਈਆਂ ਹਨ। ਇਸਦੇ ਨਾਲ ਹੀ ਸੀਜਨ ਦੌਰਾਨ ਫਸਲ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਹੋਇਆ ਆਰਜੀ ਖਰੀਦ ਕੇਂਦਰ ਘੋਸ਼ਿਤ ਕਰਨ ਦੀ ਪ੍ਰਕਿਰਿਆ ਚੱਲ ਰਹੀ ਹੈ, ਜਿਸ ਦੇ ਤਹਿਤ ਹੁਣ ਤੱਕ 456 ਆਰਜੀ ਮੰਡੀਆਂ ਘੋਸ਼ਿਤ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਸਾਲ 2026-27 ਦੌਰਾਨ ਕਣਕ ਦਾ ਘੱਟੋ-ਘੱਟ ਸਮਰਥਨ ਮੁੱਲ 2585 ਰੁਪਏ ਪ੍ਰਤੀ ਕੁਇੰਟਲ ਘੋਸ਼ਿਤ ਕੀਤਾ ਗਿਆ ਹੈ। ਉੱਚ ਅਧਿਕਾਰੀਆਂ ਵੱਲੋਂ ਮੰਡੀਆਂ ਵਿੱਚ ਜਾ ਕੇ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ, ਤਾਂ ਜੋ ਮੰਡੀਆਂ ਵਿੱਚ ਖਰੀਦ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ। ਇਸ ਦੇ ਨਾਲ ਹੀ ਸੀਜਨ ਦੌਰਾਨ ਕਿਸਾਨਾਂ ਦੀ ਸਹੂਲਤ ਲਈ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਹੈ। ਸ. ਬਰਸਟ ਨੇ ਦੱਸਿਆ ਕਿ 6 ਅਪ੍ਰੈਲ ਤੱਕ ਸੂਬੇ ਦੀਆਂ ਮੰਡੀਆਂ ਵਿੱਚ 6093 ਮੀਟ੍ਰਿਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ, ਜਿਸ ਵਿੱਚੋਂ



3544 ਮੀਟ੍ਰਿਕ ਟਨ ਕਣਕ ਦੀ ਖਰੀਦ ਹੋ ਚੁੱਕੀ ਹੈ।ਇਸ ਮੌਕੇ ਮਾਰਕਿਟ ਕਮੇਟੀ ਪਟਿਆਲਾ ਦੇ ਚੇਅਰਮੈਨ ਅਸ਼ੋਕ ਸਿਰਸਵਾਲ, ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਸੀਨੀਅਰ ਵਾਈਸ ਪ੍ਰਧਾਨ ਤੇ ਨਵੀਂ ਅਨਾਜ ਮੰਡੀ ਪਟਿਆਲਾ ਦੇ ਪ੍ਰਧਾਨ ਇੰਜੀ. ਸਤਵਿੰਦਰ ਸਿੰਘ ਸੈਣੀ, ਜਿਲਾ ਮੰਡੀ ਅਫ਼ਸਰ ਅਸਲਮ ਮੁਹੰਮਦ, ਮਾਰਕੀਟ ਕਮੇਟੀ ਦੇ ਸੈਕਟਰੀ ਜੋਨੀ ਗਰਗ, ਵੇਅਰ ਹਾਊਸ ਦੇ ਇੰਸਪੈਕਟਰ ਕ੍ਰਿਸਨ ਕੁਮਾਰ, ਪਨਗਰੇਨ ਦੇ ਇੰਸਪੈਕਟਰ ਮੇਜਰ ਸਿੰਘ ਗਿੱਲ, ਪਨਸਪ ਦੇ ਇੰਸਪੈਕਟਰ ਜਗਜੀਤ ਸਿੰਘ, ਮਾਰਕਫੈਡ ਦੇ ਇੰਸਪੈਕਟਰ ਅਸ਼ੋਕ ਕੁਮਾਰ, ਨਵੀਂ ਅਨਾਜ ਮੰਡੀ ਪਟਿਆਲਾ ਦੇ ਜਨਰਲ ਸਕੱਤਰ ਨਰੇਸ਼ ਮਿੱਤਲ ਭੋਲਾ, ਅਸ਼ੋਕ ਕੁਮਾਰ ਸੋਢੀ, ਚਰਨਦਾਸ ਗੋਇਲ, ਦਵਿੰਦਰ ਕੁਮਾਰ ਬੱਗਾ, ਸੰਜੀਵਨ ਮਿੱਤਲ, ਬਹਾਲ ਸਿੰਘ, ਦਿਨੇਸ਼ ਅਗਰਵਾਲ, ਉਮੇਸ਼ ਅਗਰਵਾਲ, ਤੀਰਥ ਬਾਂਸਲ, ਨਰਿੰਦਰ ਲੌਟ, ਜਗਦੀਸ਼ ਚੰਦ, ਕੁਲਵਿੰਦਰ ਸਿੰਘ, ਪਰਮਜੀਤ ਸਿੰਘ ਮਿਰਜਾਪੁਰ ਸਮੇਤ ਹੋਰ ਲੋਕ ਵੀ ਮੌਜੂਦ ਰਹੇ।

# ਜ਼ਿਲ੍ਹਾ ਕਪੂਰਥਲਾ 'ਚ ਪੁਲਸ ਵੱਲੋਂ ਸਰਚ ਮੁਹਿੰਮ



**ਕਪੂਰਥਲਾ (ਮਨਜੀਤ ਮਾਨ)**-ਮਾਨਯੋਗ ਮੁੱਖ ਮੰਤਰੀ ਪੰਜਾਬ ਤੇ ਜ਼ਿਲ੍ਹਾ ਕਪੂਰਥਲਾ ਦੇ ਐੱਸ ਐੱਸ ਪੀ ਸ੍ਰੀ ਗੌਰਵ ਤੂਰਾ ਦੇ ਦਿਸ਼ਾ ਨਿਰਦੇਸ਼ ਤੇ ਜੋ ਲੋਕ ਨਸ਼ੇ ਦਾ ਕਾਰੋਬਾਰ ਕਰਦੇ ਹਨ ਤੇ ਉਹਨਾਂ ਉੱਤੇ ਪਰਚੇ ਦਰਜ ਹਨ, ਉਹਨਾਂ ਦੇ ਪਿੰਡ ਹਮੀਰਾ ਵਿਖੇ ਘਰਾਂ ਵਿੱਚ ਜਾ ਕੇ ਸਰਚ ਆਪ੍ਰੇਸ਼ਨ ਕੀਤਾ ਗਿਆ। ਜਾਣਕਾਰੀ ਦਿੰਦਿਆਂ ਡੀ ਐੱਸ ਪੀ ਹਰਪ੍ਰੀਤ ਸਿੰਘ ਤੇ ਸਭ ਡਵੀਜ਼ਨ ਭੁਲੱਥ ਡੀ ਐੱਸ ਪੀ ਕਰਨੈਲ ਸਿੰਘ ਵੱਲੋਂ ਦੱਸਿਆ ਗਿਆ ਕਿ ਜੋ ਲੋਕ ਨਸ਼ੇ ਦਾ ਕਾਰੋਬਾਰ ਕਰਦੇ ਹਨ ਉਹਨਾਂ ਦੇ ਘਰਾਂ ਵਿੱਚ ਸਰਚ ਆਪ੍ਰੇਸ਼ਨ ਚਲਾਇਆ ਗਿਆ ਤੇ ਉਨਾਂ ਨੂੰ ਸਖਤ ਚਿਤਾਵਨੀ ਵੀ ਦਿੱਤੀ ਗਈ ਕੀ ਉਹ ਨਸ਼ੇ ਦਾ ਕਾਰੋਬਾਰ ਛੱਡ ਦੇਣ ਨਹੀਂ ਤਾਂ ਇਲਾਕਾ ਛੱਡ ਦੇਣ ਨਹੀਂ ਤਾਂ ਉਨ੍ਹਾਂ ਉੱਪਰ ਕਾਨੂੰਨ ਮੁਤਾਬਕ ਕਾਰਵਾਈ ਕੀਤੀ ਜਾਵੇਗੀ।ਜੋ ਲੋਕ ਨਸ਼ੇ ਦਾ ਸੇਵਨ ਕਰਦੇ ਹਨ ਉਹਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣਾ ਇਲਾਜ ਸਰਕਾਰ ਵੱਲੋਂ ਜੋ ਨਸ਼ਾ ਛਡਾਓ ਕੇਂਦਰ ਖੋਲ੍ਹੇ ਗਏ ਹਨ ਉਹਨਾਂ ਵਿੱਚ ਜਾ ਕੇ ਕਰਵਾਉਣ ਜਾਂ ਫਿਰ ਥਾਣਾ ਸੁਭਾਨਪੁਰ ਦੇ ਐਸ ਐਚ ਓ ਹਰਜਿੰਦਰ ਸਿੰਘ ਨਾਲ ਸੰਪਰਕ ਕਰਨ। ਆਮ ਲੋਕਾਂ ਨੂੰ ਵੀ ਅਪੀਲ ਕੀਤੀ ਜੋ ਲੋਕ ਨਸ਼ਾ ਵੇਚਦੇ ਹਨ ਉਹਨਾਂ ਦੀ ਜਾਣਕਾਰੀ ਪੁਲਿਸ ਪ੍ਰਸ਼ਾਸਨ ਨੂੰ ਦਿੱਤੀ ਜਾਵੇ, ਉਹਨਾਂ ਦਾ ਨਾਂਅ ਗੁਪਤ ਰੱਖਿਆ ਜਾਵੇਗਾ।

## ਸੰਯੁਕਤ ਕਿਸਾਨ ਮੋਰਚਾ ਮੰਨੀਆਂ ਮੰਗਾਂ ਲਾਗੂ ਕਰਵਾਉਣ ਤੱਕ ਸੰਘਰਸ਼ ਕਰੇਗਾ : ਤਲਵਿੰਦਰ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸੰਯੁਕਤ ਕਿਸਾਨ ਮੋਰਚਾ ਭਾਰਤ ਦੇ ਸੱਦੇ ਤੇ ਸਾਰੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ ਦਫ਼ਤਰਾਂ ਮੂਹਰੇ ਸਵੇਰੇ 11 ਵਜੇ ਤੋਂ ਲੈ ਕੇ ਬਾਅਦ ਦੁਪਹਿਰ 2 ਵਜੇ ਤੱਕ ਕੇਂਦਰ ਤੇ ਸੂਬਾ ਸਰਕਾਰ ਦੀ ਵਾਅਦਾ ਖਿਲਾਫੀ ਤੇ ਵਧੀਕੀਆਂ ਵਿਰੁੱਧ ਰੋਸ ਪ੍ਰਦਰਸ਼ਨ ਕੀਤੇ ਗਏ। ਜਿਨ੍ਹਾਂ ਵਿੱਚ ਕਿਸਾਨ ਜਥੇਬੰਦੀਆਂ ਦੇ ਨਾਲ ਮਜ਼ਦੂਰ, ਮੁਲਾਜ਼ਮ ਤੇ ਹੋਰ ਲੋਕ ਪੱਖੀ ਇਨਸਾਫ਼ਪਸੰਦ ਜਥੇਬੰਦੀਆਂ ਨੇ ਸ਼ਮੂਲੀਅਤ ਕੀਤੀ। ਬਿਜਲੀ ਤੇ ਕਿਰਤ ਸਬੰਧੀ ਲਿਆਂਦੇ ਨਵੇਂ ਕਾਨੂੰਨਾਂ ਤੇ ਦੇਸ਼ ਦੇ ਲੋਕਾਂ ਦੇ ਹੱਕ ਗਿਰਵੀ ਰੱਖ ਕੇ ਕੀਤੇ ਵਿਦੇਸ਼ੀ ਵਪਾਰ ਸਮਝੌਤਿਆਂ ਦੀ ਘੋਰ ਨਿੰਦਿਆ ਕਰਦਿਆਂ ਇਨ੍ਹਾਂ ਨੂੰ ਰੱਦ ਕਰਨ ਦੀ ਮੰਗ ਤੇ ਜ਼ੋਰ ਦਿੱਤਾ ਗਿਆ।ਧਰਨੇ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਦੇ ਯੂਨੀਅਨ ਪ੍ਰਧਾਨ ਮਾਸਟਰ ਸ਼ਿੰਗਾਰਾ ਸਿੰਘ ਸਮੇਤ ਯੂਨੀਅਨ ਦੇ ਜ਼ਿਲ੍ਹੇ ਭਰ ਚੋਂ ਆਗੂਆਂ, ਮੈਂਬਰਾਂ ਤੇ ਵਿਸ਼ੇਸ਼ ਤੌਰ ਤੇ ਔਰਤਾਂ ਨੇ ਭਰਵਾਂ ਯੋਗਦਾਨ ਪਾਇਆ ਤੇ ਅੱਗੋਂ ਵੀ ਸੰਯੁਕਤ ਕਿਸਾਨ ਮੋਰਚੇ ਦੇ ਹਰ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਯੂਨੀਅਨ ਦੇ ਜ਼ਿਲ੍ਹਾ ਪ੍ਰਚਾਰ ਸਕੱਤਰ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਸਾਨਾਂ ਤੇ ਮਜ਼ਦੂਰਾਂ, ਮੁਲਾਜ਼ਮਾਂ ਸਮੇਤ ਸਾਰੇ ਕਿਰਤੀ ਲੋਕਾਂ ਦੀਆਂ ਮੰਗਾਂ ਜਲਦ ਤੋਂ ਜਲਦ ਮੰਨਣ ਤੇ ਲਾਗੂ ਕਰਨ ਲਈ ਕਿਹਾ।

# ਵਿਕਸਿਤ ਭਾਰਤ 2047 ਵਿਜਨ ਅਨੁਸਾਰ ਵਿਕਸਿਤ ਹਰਿਆਣਾ ਦਸਤਾਵੇਜ ਤਿਆਰ : ਰਾਓ ਨਰਬੀਰ ਸਿੰਘ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਨੇ ਕਿਹਾ ਕਿ ਵਿਕਸਿਤ ਭਾਰਤ 2047 ਦੇ ਵਿਜਨ ਨੂੰ ਸਾਕਾਰ ਕਰਨ ਲਈ ਸੂਬੇ ਵਿੱਚ ਵਿਕਸਿਤ ਹਰਿਆਣਾ ਦਸਤਾਵੇਜ ਤਿਆਰ ਕੀਤਾ ਗਿਆ ਹੈ। ਇਸ ਦਸਤਾਵੇਜ ਤਹਿਤ ਸਾਰੇ ਵਿਭਾਗਾਂ ਨੂੰ ਸਾਲ 2030, 2036 ਅਤੇ 2047 ਨੂੰ ਟੀਚਾ ਮਨੰਦੇ ਹੋਏ ਆਪਣੇ-ਆਪਣੇ ਵਿਜਨ, ਸਵਰੂਪ ਅਤੇ ਚੁਣੌਤੀਆਂ ਅਨੁਸਾਰ ਕਾਰਜ ਯੋਜਨਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।ਉਨ੍ਹਾਂ ਨੇ ਦੱਸਿਆ ਕਿ ਰਾਸ਼ਟਰੀ ਰਾਜਧਾਨੀ ਖੇਤਰ ਵਿਕਸਿਤ ਭਾਰਤ ਦਾ ਕੇਂਦਰ ਬਿੰਦੂ ਰਵੇਗਾ।

ਇਸੇ ਨੂੰ ਧਿਆਨ ਵਿੱਚ ਰੱਖਦੇ ਹੋਏ ਹਰਿਆਣਾ ਸਰਕਾਰ ਨੇ ਆਪਣੀ ਉਦਯੋਗਿਕ ਨੀਤੀ ਵਿੱਚ ਲੋੜਵੰਦ ਸੋਧ ਕੀਤੇ ਹਨ ਤੇ ਮੇਕ ਇਨ ਹਰਿਆਣਾ ਨੀਤੀ ਦਾ ਡ੍ਰਾਫਟ ਤਿਆਰ ਕੀਤਾ ਹੈ ਜਿਸ ਨਾਲ ਸੂਬੇ ਨੂੰ ਉਦਯੋਗਿਕ ਨਿਵੇਸ਼ ਦਾ ਪ੍ਰਮੁੱਖ ਕੇਂਦਰ ਬਣਾਇਆ ਜਾ ਸਕੇ। ਰਾਓ ਨਰਬੀਰ ਸਿੰਘ ਨੇ ਕਿਹਾ ਕਿ ਨਵੇਂ ਉਦਯੋਗਿਕ ਨਿਵੇਸ਼ ਨੂੰ ਆਕਰਸ਼ਿਤ ਕਰਨ ਲਈ ਕੈਪਿਟਲ ਸਬਸਿਡੀ, ਰਿਸਰਚ ਅਤੇ ਵਿਕਾਸ ਗਤੀਵਿਧੀਆਂ ਲਈ ਵਿਤੀ ਪ੍ਰੋਤਸਾਹਨ ਅਤੇ ਹਰਿਆਣਾ ਕੌਸ਼ਲ ਰੁਜਗਾਰ ਨਿਗਮ ਰਾਹੀ ਯੁਵਾਵਾਂ ਦੀ ਭਰਤੀ ਨੂੰ ਵਾਧਾ ਦਿੱਤਾ ਜਾਵੇਗਾ।ਉਨ੍ਹਾਂ ਨੇ ਦੱਸਿਆ ਕਿ ਸਥਾਨਕ ਯੁਵਾਵਾਂ ਨੂੰ ਉਦਯੋਗਾਂ ਵਿੱਚ ਵੱਧ ਤੋਂ ਵੱਧ ਰੁਜਗਾਰ ਉਪਲਬੱਧ ਕਰਾਉਣ ਦੇ ਉਦੇਸ਼ ਨਾਲ ਮੌਜੂਦਾ ਵਿੱਚ ਦਿੱਤੀ ਜਾ ਰਹੀ 48,000 ਰੁਪਏ ਪ੍ਰਤੀ ਕਰਮਚਾਰੀ ਦੀ ਏਮਪਲਾਇਮੇਂਟ ਸਬਸਿਡੀ ਨੂੰ ਵਧਾ ਕੇ 1 ਲੱਖ ਰੁਪਏ ਪ੍ਰਤੀ ਕਰਮਚਾਰੀ ਪ੍ਰਤੀ ਸਾਲ ਕੀਤਾ ਜਾਵੇਗਾ।

# ਵਪਾਰੀਆਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਸੰਬੰਧੀ ਮੀਟਿੰਗ




**ਕਪੂਰਥਲਾ (ਮਨਜੀਤ ਮਾਨ)**- ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਕਪੂਰਥਲਾ ਦੀ ਇੱਕ ਹੰਗਾਮੀ ਮੀਟਿੰਗ ਡਿਪਟੀ ਕਮਿਸ਼ਨਰ ਕਪੂਰਥਲਾ ਸਾਹਿਬ ਦੇ ਕਾਨਫਰੰਸ ਹਾਲ ਵਿੱਚ ਡੀ ਸੀ, ਐੱਸ ਐੱਸ ਪੀ ਤੇ ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ (ਐਕਸਾਈਜ਼ ਅਤੇ ਟੈਕਸੇਸ਼ਨ ਵਿਭਾਗ ਕਪੂਰਥਲਾ) ਦੇ ਜ਼ਿਲ੍ਹਾ ਚੇਅਰਮੈਨ ਕੰਵਰ ਇਕਬਾਲ ਸਿੰਘ, ਅਸਿਸਟੈਂਟ ਕਮਿਸ਼ਨਰ ਕਿਰਪਾਲ ਵੀਰ ਸਿੰਘ, ਏ ਡੀ ਸੀ ਵਿਕਾਸ ਵਰਿੰਦਰ ਪਾਲ ਸਿੰਘ ਬਾਜਵਾ ਸਮੇਤ ਲਕਸ਼ ਚੌਧਰੀ ਚੇਅਰਮੈਨ ਹਲਕਾ ਭੁਲੱਥ, ਜਰਨੈਲ ਸਿੰਘ ਮਰਵਾਹਾ ਚੇਅਰਮੈਨ ਹਲਕਾ ਟ੍ਰੇਡਰਜ਼ ਕਮਿਸ਼ਨ ਸੁਲਤਾਨਪੁਰ ਲੋਧੀ, ਸੁਸ਼ੀਲ ਕੁਮਾਰ ਬੋਬੀ ਚਮ ਚੇਅਰਮੈਨ ਹਲਕਾ ਟ੍ਰੇਡਰਜ਼ ਕਮਿਸ਼ਨ ਫਗਵਾੜਾ, ਰਮਨ ਮਲਹੋਤਰਾ ਚੇਅਰਮੈਨ ਹਲਕਾ ਟ੍ਰੇਡਰਜ਼ ਕਮਿਸ਼ਨ ਕਪੂਰਥਲਾ ਆਦਿ ਦੀ ਅਗਵਾਈ ਹੇਠ ਹੋਈ। ਵਿੱਤ ਮੰਤਰੀ ਪੰਜਾਬ ਐਡਵੋਕੇਟ ਹਰਪਾਲ ਸਿੰਘ ਚੀਮਾ ਚੇਅਰਮੈਨ ਪੰਜਾਬ ਟ੍ਰੇਡਰਜ਼ ਕਮਿਸ਼ਨ ਤੇ ਅਨਿਲ ਠਾਕੁਰ ਵਾਈਸ ਚੇਅਰਮੈਨ ਪੰਜਾਬ ਟ੍ਰੇਡਰਜ਼ ਕਮਿਸ਼ਨ ਵੱਲੋਂ ਪੂਰੇ ਪੰਜਾਬ ਵਿੱਚ ਕੀਤੀਆਂ ਜਾ ਰਹੀਆਂ ਵਪਾਰੀਆਂ ਅਤੇ ਸਰਕਾਰੀ ਅਧਿਕਾਰੀਆਂ ਦੀਆਂ ਮੀਟਿੰਗਾਂ ਵਿੱਚ ਵਪਾਰੀਆਂ ਵੱਲੋਂ ਲਿਖਤੀ ਰੂਪ ਵਿੱਚ ਦਿੱਤੀਆਂ ਜਾ ਰਹੀਆਂ ਸ਼ਿਕਾਇਤਾਂ ਜੋ ਕਿ ਪੰਜਾਬ ਸਰਕਾਰ ਦੇ ਪੋਰਟਲ ਤੇ ਆਨਲਾਈਨ ਦਰਜ਼ ਹਨ, ਦੇ ਨਿਵਾਰਨ ਸਬੰਧੀ ਨਗਰ ਨਿਗਮ ਕਪੂਰਥਲਾ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਸਿਵਲ ਸਰਜਨ, ਜ਼ਿਲ੍ਹਾ ਮਾਲ ਅਫ਼ਸਰ, ਸਹਾਇਕ ਕਮਿਸ਼ਨਰ ਸਟੇਟ ਟੈਕਸ, ਸਹਾਇਕ ਕਮਿਸ਼ਨਰ ਆਬਕਾਰੀ, ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ, ਨਿਗਰਾਨ ਇੰਜੀਨੀਅਰ ਪੀ ਐੱਸ ਪੀ ਸੀ ਐੱਲ, ਕਾਰਜਕਾਰੀ ਇੰਜੀਨੀਅਰ ਲੋ.ਨਿ.ਵਿ, ਕਾਰਜਕਾਰੀ ਇੰਜੀਨੀਅਰ ਜਲ ਸਪਲਾਈ ਤੇ ਸੈਨੀਟੇਸ਼ਨ, ਜ਼ਿਲ੍ਹਾ ਖ਼ੁਰਾਕ ਤੇ ਸਪਲਾਈ ਕੰਟਰੋਲਰ ਆਦਿ ਵਿਭਾਗਾਂ ਤੋਂ ਆਏ ਅਧਿਕਾਰੀਆਂ ਤੋਂ ਵਪਾਰੀਆਂ ਵੱਲੋਂ ਲਿਖਤੀ ਰੂਪ ਵਿੱਚ ਆਈਆਂ 113 ਸ਼ਿਕਾਇਤਾਂ ਨੂੰ ਹੱਲ ਕਰਨ ਸਬੰਧੀ ਰਿਪੋਰਟ ਮੰਗੀ ਗਈ। ਜਿਸ ਬਾਬਤ ਹਰ ਅਧਿਕਾਰੀ ਨੇ ਆਪੋ-ਆਪਣਾ ਪੱਖ ਰੱਖ ਕੇ ਲਿਖਤੀ ਰੂਪ ਵਿੱਚ ਰਿਪੋਰਟ ਪੇਸ਼ ਕੀਤੀ। ਪੰਜਾਬ ਸਰਕਾਰ ਦੇ ਪੋਰਟਲ ਤੇ ਨਜ਼ਰ ਆ ਰਹੀਆਂ ਬਚਦੀਆਂ 76 ਸ਼ਿਕਾਇਤਾਂ ਸਬੰਧੀ ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਕੁਮਾਰ ਪੰਚਾਲ ਨੇ ਹਰ ਵਿਭਾਗ ਨੂੰ ਛੇਤੀ ਤੋਂ ਛੇਤੀ ਬਚਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਦਾ ਹੁਕਮ ਦਿੱਤਾ।ਐੱਸ ਐੱਸ ਪੀ ਕਪੂਰਥਲਾ ਗੌਰਵ ਤੁਰਾ ਨੇ ਜਿੱਥੇ ਵੱਖ-ਵੱਖ ਵਿਭਾਗਾਂ ਤੋਂ ਆਏ ਅਧਿਕਾਰੀਆਂ ਨੂੰ ਕੰਮ ਵਿੱਚ ਤੇਜ਼ੀ ਲਿਆਉਣ ਬਾਬਤ ਕਿਹਾ ਉਥੇ ਹੀ ਉਨ੍ਹਾਂ ਨੇ ਇਹ ਵੀ ਦੱਸਿਆ ਕਿ ਪ੍ਰਸ਼ਾਸਨਿਕ ਤੌਰ ਤੇ ਮੇਰੇ ਵਿਭਾਗ ਵੱਲੋਂ ਜ਼ਿਲ੍ਹਾ ਪੱਧਰ ਤੇ ਬਹੁਤ ਹੀ ਵਧੀਆ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ।

# ਸਿਹਤ ਮਨੁੱਖ ਦੀ ਸਭ ਤੋਂ ਵੱਡੀ ਪੂੰਜੀ : ਸੰਜੀਵ ਭਗਤ

**ਕਪੂਰਥਲਾ (ਪ੍ਰੀਤ ਸੰਗੋਜਲਾ)**-ਸਿਵਲ ਸਰਜਨ ਡਾਕਟਰ ਸੰਜੀਵ ਭਗਤ ਨੇ ਦੱਸਿਆ ਕਿ ਵਿਸ਼ਵ ਸਿਹਤ ਦਿਵਸ ਹਰ ਸਾਲ 7 ਅਪ੍ਰੈਲ ਨੂੰ ਤਾਂ ਮਨਾਇਆ ਜਾਂਦਾ ਹੈ ਤਾਂ ਕਿ ਮਨੁਖਤਾ ਨੂੰ ਦਰਪੇਸ਼ ਆ ਰਹੀਆਂ ਸਿਹਤ ਸਮੱਸਿਆਵਾਂ ਵੱਲ ਧਿਆਨ ਖਿੱਚਿਆ ਜਾ ਸਕੇ। ਉਨ੍ਹਾਂ ਕਿਹਾ ਕਿ 7 ਅਪ੍ਰੈਲ ਦਾ ਦਿਨ ਪੂਰੀ ਮਨੁੱਖਤਾ ਨੂੰ ਆਪਣੀ ਸਭ ਤੋਂ ਵੱਡੀ ਪੂੰਜੀ ਸਿਹਤ ਬਾਰੇ ਸੋਚਣ ਦਾ ਮੌਕਾ ਦਿੰਦਾ ਹੈ। ਸਾਲ 1948 'ਚ ਵਿਸ਼ਵ ਸਿਹਤ ਸੰਗਠਨ ਦੀ ਸਥਾਪਨਾ ਹੋਈ ਸੀ ਤੇ ਉਦੋਂ ਤੋਂ ਹੀ ਇਹ ਦਿਨ ਸਿਹਤ ਪ੍ਰਤੀ ਜਾਗਰੂਕਤਾ ਦਾ ਪ੍ਰਤੀਕ ਬਣ ਗਿਆ। ਇਸ ਸਾਲ ਦਾ ਥੀਮ ਸਿਹਤ ਲਈ ਇਕਜੁੱਟ : ਵਿਗਿਆਨ ਦੇ ਨਾਲ ਖੜ੍ਹੋ ਮੌਜੂਦਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਇਹ ਵਿਸ਼ਾ ਸਾਨੂੰ ਦੱਸਦਾ ਹੈ ਕਿ ਜਦੋਂ ਦੁਨੀਆ ਭਿਆਨਕ ਬਿਮਾਰੀਆਂ ਤੇ ਸਿਹਤ ਸੰਕਟਾਂ ਨਾਲ ਘਿਰੀ ਹੋਵੇ ਤਾਂ ਸਿਰਫ਼ ਵਿਗਿਆਨਕ ਤੱਥ ਅਤੇ ਆਪਸੀ ਏਕਤਾ ਹੀ ਸਾਨੂੰ ਬਚਾ ਸਕਦੀ ਹੈ। ਵਿਸ਼ਵ ਸਿਹਤ ਦਿਵਸ ਸਾਨੂੰ ਨਵੀਂ ਸਵੇਰ ਦਾ ਸੱਦਾ ਦੇ ਰਿਹਾ ਹੈ। ਸਿਵਲ ਸਰਜਨ ਡਾਕਟਰ ਸੰਜੀਵ ਭਗਤ ਨੇ ਦੱਸਿਆ ਕਿ ਅੱਜ ਦੇ ਮਸ਼ੀਨੀ ਯੁੱਗ 'ਚ ਅਸੀਂ ਆਪਣੇ ਕੁਦਰਤੀ ਸੋਮਿਆਂ ਦੀ ਸਾਂਭ ਸੰਭਾਲ ਨਹੀਂ ਕਰ ਰਹੇ ਜਿਸ ਕਾਰਨ ਗਲੋਬਲ ਵਾਰਮਿੰਗ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਰੁੱਖ ਲਗਾਉਣ ਦੀ ਥਾਂ ਅਸੀਂ ਇਨ੍ਹਾਂ ਨੂੰ ਕੱਟ ਰਹੇ ਹਾ ਜਿਸ ਦਾ ਹੀ ਇਹ ਨਤੀਜਾ ਹੈ ਕਿ ਸਾਡਾ ਹਵਾ ਤੇ ਪਾਣੀ ਪੂਰੀ ਤਰ੍ਹਾਂ ਦੁਸ਼ਿਤ ਹੋ ਚੁੱਕੇ ਹਨ।

## 6 ਸਿਖਲਾਈ ਅਧੀਨ ਆਈ ਏ ਐੱਸ ਅਧਿਕਾਰਿਆਂ ਦੀ ਨਿਯੁਕਤੀ ਦੇ ਆਦੇਸ਼

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ ਤੁਰੰਤ ਪ੍ਰਭਾਵ ਨਾਲ 6 ਸਿਖਲਾਈ ਅਧੀਨ ਆਈ ਏ ਐੱਸ ਅਧਿਕਾਰਿਆਂ ਦੇ ਨਿਯੁਕਤੀ ਆਦੇਸ਼ ਜਾਰੀ ਕੀਤੇ ਹਨ।ਅਮਿਤੇਜ ਪਾਂਗਟੇ ਨੂੰ ਨੂੰਹ ਅਤੇ ਮੁਸਕਾਨ ਸ੍ਰੀਵਾਸਤਵ ਨੂੰ ਫਰੀਦਾਬਾਦ ਵਿੱਚ ਸਹਾਇਕ ਕਮੀਸ਼ਨਰ ਲਗਾਇਆ ਗਿਆ ਹੈ। ਇਸੇ ਤਰ੍ਹਾਂ ਸ਼ਿਵਾਨੀ ਪਾਂਚਾਲ ਨੂੰ ਕੈਥਲ, ਸੋਹਮ ਸ਼ੈਲੇਂਦਰ ਨੂੰ ਕਰਨਾਲ, ਵਿਸ਼ਾਲ ਸਿੰਘ ਨੂੰ ਰੋਹਤਕ ਅਤੇ ਵਿਵੇਕ ਯਾਦਵ ਨੂੰ ਹਿਸਾਰ ਵਿੱਚ ਸਹਾਇਕ ਕਮੀਸ਼ਨਰ ਲਗਾਇਆ ਗਿਆ ਹੈ।

## ਰਵਿੰਦਰ ਕੁਮਾਰ ਨੇ ਪ੍ਰੋਫੈਸਰ ਵਜੋਂ ਅਹੁਦਾ ਸੰਭਾਲਿਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਨਜ਼ਦੀਕੀ ਪਿੰਡ ਮਹਿਰੋਵਾਲ ਦੇ ਜੰਮਪਲ ਪ੍ਰੋਫੈਸਰ ਡਾਕਟਰ ਰਵਿੰਦਰ ਕੁਮਾਰ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਪਬਲਿਕ ਰਿਲੇਸ਼ਨ ਦੇ ਪ੍ਰੋਫੈਸਰ ਵਜੋਂ ਅਹੁਦਾ ਸੰਭਾਲ ਕੇ ਜ਼ਿਲ੍ਹਾ ਹੁਸ਼ਿਆਰਪੁਰ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਉਹਨਾਂ ਦੱਸਿਆ ਕਿ ਉਹ ਮਹਿਰੋਵਾਲ ਪਿੰਡ ਦੇ ਸਰਕਾਰੀ ਪ੍ਰਾਇਮਰੀ ਸਕੂਲ, ਸਰਕਾਰੀ ਹਾਈ ਸਕੂਲ ਢਾਡਾ ਕਲਾਂ ਅਤੇ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲ ਪੁਰ ਤੋਂ ਪੜ੍ਹਾਈ ਕਰਨ ਉਪਰੰਤ ਗੁਰੂ ਨਾਨਕ ਦੇਵ ਇੰਜੀਨਿਅਰਿੰਗ ਕਾਲਜ



ਲੁਧਿਆਣਾ ਤੋਂ ਐੱਮ ਟੈੱਕ ਕਰਨ ਉਪਰੰਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੋਂ ਡਾਕਟਰੇਟ (ਪੀ ਐੱਚ ਡੀ) ਕੀਤੀ। ਜ਼ਿਕਰਯੋਗ ਹੈ ਕਿ ਉਹ ਪਿਛਲੇ ਚੌਵੀ ਸਾਲਾਂ ਤੋਂ ਅਧਿਆਪਨ ਕਿੱਤੇ ਵਿੱਚ ਸੇਵਾਵਾਂ ਨਿਭਾ ਰਹੇ ਹਨ।ਉਹ ਕਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਕਾਨਫਰੰਸਾਂ ਵਿੱਚ ਬੈਸਟ ਐਵਾਰਡ ਨਾਲ ਵੀ ਸਨਮਾਨਤ ਹੋ ਚੁੱਕੇ ਹਨ।ਪਿੰਡ ਮਹਿਰੋਵਾਲ ਤੇ ਇਲਾਕੇ ਦੇ ਲੋਕ ਉਹਨਾਂ ਦੀ ਨਿਯੁਕਤੀ ਹੋਣ 'ਤੇ ਮਾਣ ਮਹਿਸੂਸ ਕਰ ਰਹੇ ਹਨ।

# ਹੈਰੋਇਨ ਸਮੇਤ ਕੀਤਾ ਕਾਬੂ

**ਲੌਂਗੋਵਾਲ (ਪ੍ਰਦੀਪ ਸੱਪਲ):** ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਪੁਲਸ ਵੱਲੋਂ ਵਿੱਢੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਸਰਤਾਜ ਸਿੰਘ ਇੰਚਾਰਜ ਚੌਂਕੀ ਬਡਰੁੱਖਾਂ ਸਮੇਤ ਪੁਲਸ ਪਾਰਟੀ ਦੇ ਚੈਕਿੰਗ ਸ਼ੱਕੀ ਪੁਰਸ਼ਾਂ ਅਤੇ ਵਹੀਕਲਾਂ ਦੇ ਬਰਨਾਲਾ-ਸੰਗਰੂਰ ਮੇਨ ਰੋਡ ਤੋਂ ਸੂਆ ਦੀ ਪੱਕੀ ਸੜਕ-ਸੜਕ ਪਿੰਡ ਦੁੱਗਾਂ ਨੂੰ ਜਾ ਰਹੇ ਸੀ ਤਾਂ ਦੌਰਾਨੇ ਚੈਕਿੰਗ ਗੁਰਚਰਨ ਸਿੰਘ ਉਰਫ ਪੋਪਲੀ ਵਾਸੀ ਕੁੰਨਰਾਂ ਰੋਡ ਭਾਈ ਕੀ ਸਮਾਧ ਲੌਂਗੋਵਾਲ ਨੂੰ 9 ਗ੍ਰਾਮ ਹੈਰੋਇਨ / ਚਿੱਟਾ ਕਾਬੂ ਕਰਕੇ ਉਸਦੇ ਵਿਰੁੱਧ ਮੁਕੱਦਮਾ ਦਰਜ ਰਜਿਸਟਰ ਕਰਵਾਇਆ ਗਿਆ। ਮੁਲਜ਼ਮ ਗੁਰਚਰਨ ਸਿੰਘ ਉਰਫ ਪੋਪਲੀ ਖਿਲਾਫ ਪਹਿਲਾਂ ਵੀ ਐਨ.ਡੀ. ਪੀ.ਐਸ. ਐਕਟ 02 ਮੁਕੱਦਮੇ ਦਰਜ ਹਨ।ਇਸ ਤੋਂ ਇਲਾਵਾ ਵਾਰ-ਵਾਰ ਜੁਰਮ ਨਾ ਕਰਨ ਤੋਂ ਪਾਬੰਦ ਕਰਨ ਲਈ ਇਸ ਵਿਰੁੱਧ ਦੋ ਵਾਰ ਮਾਨਯੋਗ ਐਸ.ਡੀ.ਐਮ. ਸੰਗਰੂਰ ਦੀ ਅਦਾਲਤ ਵਿੱਚ ਰੋਕੂ ਕਾਰਵਾਈ ਤਹਿਤ ਕਲੰਦਰੇ ਪੇਸ਼ ਕੀਤੇ ਜਾ ਚੁੱਕੇ ਹਨ।



ਸਿੰਘ ਚਾਹਲ ਐਸ.ਐਸ.ਪੀ. ਸੰਗਰੂਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਹਰਵਿੰਦਰ ਸਿੰਘ ਖਹਿਰਾ ਡੀ.ਐਸ.ਪੀ ਸੁਨਾਮ ਦੀ ਸੁਪਰਵੀਜਨ ਹੇਠ ਥਾਣਾ ਲੌਂਗੋਵਾਲ ਦੀ ਪੁਲਸ ਨੇ ਕਾਮਯਾਬੀ ਦਰਜ ਕੀਤੀ ਹੈ। ਇਸ ਕੇਸ ਵਿੱਚ ਸਹਾਇਕ ਥਾਣੇਦਾਰ ਸੁਖਵੀਰ

# ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਬੱਸ ਰਵਾਨਾ

**ਸਨੌਰ (ਰਾਜਿੰਦਰ ਸਿੰਘ ਥਿੰਦ)** ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਤੀਰਥ ਯਾਤਰਾ' ਸਕੀਮ ਹੇਠ ਹਲਕਾ ਸਨੌਰ ਦੇ ਅਧੀਨ ਪਿੰਡ ਸਰੁਸਤੀਗੜ ਤੋਂ ਸਰਪੰਚ ਰਾਜਾ ਧੰਜੂ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਵਿਖੇ ਹਰੀ ਝੰਡੀ ਦਿਖਾ ਕੇ ਬੱਸ ਰਵਾਨਾ ਕੀਤੀ ਗਈ।ਇਸ ਮੌਕੇ ਸਰਪੰਚ ਰਾਜਾ ਧੰਜੂ ਨੇ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂ ਸ੍ਰੀ ਹਰਮੰਦਰ ਸਾਹਿਬ ਤੇ ਰਾਮ ਤੀਰਥ ਮੰਦਰ ਅਤੇ ਹੋਰ ਪ੍ਰਸਿੱਧ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨਗੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਖਾਸ ਤੌਰ 'ਤੇ ਬਜ਼ੁਰਗਾਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਲਈ ਵਰਦਾਨ ਸਾਬਿਤ ਹੋ ਰਹੀ ਹੈ।ਉਨ੍ਹਾਂ ਦੱਸਿਆ ਕਿ ਹਲਕੇ ਸਨੌਰ ਤੋਂ ਪਹਿਲਾਂ ਵੀ ਕਈ ਬੱਸਾਂ ਧਾਰਮਿਕ ਯਾਤਰਾ ਲਈ ਭੇਜੀਆਂ ਜਾ ਚੁੱਕੀਆਂ ਹਨ, ਜਿਨ੍ਹਾਂ ਦਾ ਵੱਡੀ ਗਿਣਤੀ ਵਿੱਚ ਲੋਕ ਲਾਹਾ ਲੈ ਰਹੇ ਹਨ ਅਤੇ ਆਉਣ ਵਾਲੇ ਸਮੇਂ 'ਚ ਇਹ ਯਾਤਰਾ ਜਾਰੀ ਰੱਖੀ ਜਾਵੇਗੀ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਬਲਦੇਵ ਸਿੰਘ ਚੇਅਰਮੈਨ ਮਾਰਕਿਟ ਕਮੇਟੀ ਦੇਵੀਗੜ੍ਹ, ਜਸਪ੍ਰੀਤ ਸਿੰਘ ਮਾੜੂ , ਗੁਰਿੰਦਰਪਾਲ ਸਿੰਘ ਦਾਲਤੀਵਾਲਾ ਬਲਾਕ ਸੰਮਤੀ ਮੈਂਬਰ, ਭੁਪਿੰਦਰ ਸਿੰਘ ਸਾਬਕਾ ਸਰਪੰਚ ਸੁੰਦਰ ਸਿੰਘ ਵਾਲਾ, ਮੋਹਨ ਲਾਲ ਘੜਾਮੀਆ, ਅਰਮਾਨ ਥਿੰਦ ਸ਼ਾਦੀਪੁਰ ਆਦਿ ਹਾਜ਼ਰ ਸਨ।



# ਸੁਵਿਧਾ ਕੇਂਦਰਾਂ 'ਚ ਲੱਗੀਆਂ ਲੰਮੀਆਂ ਲਾਈਨਾਂ ਤੋਂ ਲੋਕ ਅੱਕੇ

**ਬਰੇਟਾ (ਰੀਤਵਾਲ)** ਸਰਕਾਰ ਵੱਲੋਂ ਪੰਜਾਬ ਦੀਆਂ ਜਨਰਲ ਔਰਤਾਂ ਦੇ ਖਾਤਿਆਂ ਵਿੱਚ 1000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਨਾਲ ਸੰਬੰਧਿਤ ਔਰਤਾਂ ਦੇ ਖਾਤਿਆਂ ਵਿੱਚ 1500 ਪ੍ਰਤੀ ਮਹੀਨਾ ਪਾਉਣ ਦੇ ਵਾਅਦੇ ਕਾਰਨ ਸੁਵਿਧਾ ਕੇਂਦਰਾਂ ਵਿੱਚ ਜ਼ਿਆਦਾਤਰ ਅਨੁਸੂਚਿਤ ਜਾਤੀ ਦੀਆਂ ਔਰਤਾਂ ਦੀਆਂ ਵੱਡੀਆਂ ਵੱਡੀਆਂ ਲਾਈਨਾਂ ਲੱਗ ਰਹੀਆਂ ਹਨ।ਨਗਰ ਕੌਂਸਲ ਦੇ ਦਫਤਰ ਵਿੱਚ ਬਣੇ ਸੁਵਿਧਾ ਕੇਂਦਰ ਵਿੱਚ ਸਵੇਰੇ 6 ਵਜੇ ਤੋਂ ਹੀ ਲੰਬੀਆਂ ਲੰਬੀਆਂ ਲਾਈਨਾਂ ਲੱਗ ਜਾਂਦੀਆਂ ਹਨ।ਪਹਿਲਾਂ ਉਥੇ ਖੜੇ ਲੋਕਾਂ ਦੇ ਵਿੱਚੋਂ ਹੀ ਇੱਕ ਪੜ੍ਹਿਆ ਹੋਇਆ ਵਿਅਕਤੀ ਸਭ ਦੇ ਨਾਂਅ ਦਰਜ ਕਰਨੇ ਸ਼ੁਰੂ ਕਰ ਦਿੰਦਾ ਹੈ ਪ੍ਰੰਤੂ ਜਦੋਂ 9 ਵਜੇ ਦਫਤਰ ਖੁੱਲ੍ਹਦਾ ਹੈ ਤਾਂ ਉਹ ਉਨ੍ਹਾ ਲਿਖੇ ਹੋਏ ਲੜੀਵਾਰ ਨਾਵਾਂ ਨੂੰ ਨਹੀਂ ਮੰਨਦੇ। ਮੁਲਾਜ਼ਮ ਕਹਿੰਦੇ ਹਨ ਕਿ ਸਾਡੇ ਹਿਸਾਬ ਨਾਲ ਟੋਕਨ ਲੈ ਕੇ ਜਾਓਗੇ ਤਾਂ ਉਸ ਦੇ ਹਿਸਾਬ ਨਾਲ ਹੀ ਨੰਬਰ ਆਵੇਗਾ ਅਤੇ ਮੁਲਾਜ਼ਮ ਹਰ ਰੋਜ਼ 50 ਹੀ ਟੋਕਨ ਦਿੰਦੇ ਹਨ।ਸੁਵਿਧਾ ਕੇਂਦਰ ਅੱਗੇ ਘੱਟੋ ਘੱਟ 200 ਵਿਅਕਤੀਆਂ ਦੀ ਭੀੜ ਹੁੰਦੀ ਹੈ ਅਤੇ ਬਾਕੀ ਲੋਕਾਂ ਨੂੰ ਵਾਪਸ ਨਿਰਾਸ਼ ਹੀ ਮੁੜਨਾ ਪੈਂਦਾ ਹੈ।ਸੁਵਿਧਾ ਕੇਂਦਰ ਅੱਗੇ ਖੜ੍ਹੇ ਵਿਅਕਤੀਆਂ ਕਾਲਾ ਸਿੰਘ, ਅਮਰੀਕ ਸਿੰਘ ਅਤੇ ਗੁਰਮੇਲ ਕੌਰ ਨੇ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਲੋਕਾਂ ਦੀ ਪ੍ਰੇਸ਼ਾਨੀ ਨੂੰ ਦੇਖਦੇ ਹੋਏ ਕੁੱਝ ਹੋਰ ਕਾਊਂਟਰਾਂ ਦਾ ਪ੍ਰਬੰਧ ਕੀਤਾ ਜਾਵੇ।



# ਭਾਜਪਾ ਆਗੂਆਂ ਨੇ ਸਵਾਮੀ ਬ੍ਰਹਮਦੇਵ ਤੋਂ ਲਿਆ ਅਸ਼ੀਰਵਾਦ



**ਸਮਾਣਾ (ਇਕਬਾਲ ਸਿੰਘ ਬੱਲ)** ਜਗਦੰਬਾ ਆਸ਼ਰਮ ਸਮਾਣਾ ਵੱਲੋਂ ਅਗਰਵਾਲ ਧਰਮਸ਼ਾਲਾ ਵਿਖੇ ਕਰਵਾਏ ਜਾ ਰਹੇ ਧਾਰਮਿਕ ਸਮਾਗਮ ਦੌਰਾਨ ਗੰਗਾ ਨਗਰ ਵਾਲੇ ਸਵਾਮੀ ਬ੍ਰਹਮਦੇਵ ਜੀ ਮਹਾਰਾਜ ਵੱਲੋਂ ਪਵਿੱਤਰ ਰਾਮ ਕਥਾ ਦਾ ਗੁਣਗਾਨ ਕੀਤਾ ਜਾ ਰਿਹਾ ਹੈ। ਇਸ ਮੌਕੇ ਵੱਖ-ਵੱਖ ਰਾਜਨੀਤਿਕ ਅਤੇ ਸਮਾਜਿਕ ਸ਼ਖਸੀਅਤਾਂ ਨੇ ਨਤਮਸਤਕ ਹੋ ਕੇ ਸੰਤਾਂ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਭਾਜਪਾ ਆਗੂ ਪਰਦੱਮਣ ਸਿੰਘ ਵਿਰਕ, ਭਾਜਪਾ ਮੰਡਲ ਪ੍ਰਧਾਨ ਜਤਿੰਦਰ ਸ਼ਰਮਾ, ਸੋਸ਼ਲ ਮੀਡੀਆ ਇੰਚਾਰਜ ਸੰਜੀਵ ਗਰਗ, ਸਾਬਕਾ ਸਰਪੰਚ ਅਮਰਿੰਦਰ ਸਿੰਘ ਢੋਟ, ਦਿਨੇਸ਼ ਜੈਨ ਅਤੇ ਭੁਜਿੰਦਰ ਸ਼ਰਮਾ ਨੇ ਕਥਾ ਸਰਵਣ ਕੀਤੀ।ਸਵਾਮੀ ਬ੍ਰਹਮਦੇਵ ਜੀ ਨੇ ਆਈਆਂ ਸੰਗਤਾਂ ਨੂੰ ਭਗਵਾਨ ਸ੍ਰੀ ਰਾਮ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਣ ਅਤੇ ਨੇਕੀ ਦੇ ਰਾਹ 'ਤੇ ਚੱਲਣ ਦਾ ਸੰਦੇਸ਼ ਦਿੱਤਾ।

# ਸਿੰਗਲਾ ਤੇ ਡਿਪਟੀ ਕਮਿਸ਼ਨਰ ਵੱਲੋਂ ਮਾਨਸਾ ਸ਼ਹਿਰ ਦੇ ਵਿਕਾਸ ਕਾਰਜਾਂ ਦਾ ਅਚਨਚੇਤ ਨਿਰੀਖਣ

**ਮਾਨਸਾ (ਆਤਮਾ ਸਿੰਘ ਪਮਾਰ)** ਮਾਨਸਾ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਗਤੀ ਦੇਣ ਅਤੇ ਲੋਕਾਂ ਨੂੰ ਦਰਪੇਸ਼ ਮੁਸ਼ਕਿਲਾਂ ਦੇ ਸਥਾਈ ਹੱਲ ਲਈ ਵਿਧਾਇਕ ਡਾ. ਵਿਜੈ ਸਿੰਗਲਾ ਅਤੇ ਡਿਪਟੀ ਕਮਿਸ਼ਨਰ ਸ਼੍ਰੀਮਤੀ ਨਵਜੋਤ ਕੌਰ ਆਈ.ਏ.ਐਸ ਵੱਲੋਂ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਜਿਵੇਂ ਕਾਲੀ ਮਾਤਾ ਮੰਦਰ ਰੋਡ ਨੇੜੇ ਰੇਲਵੇ ਫਾਟਕ, ਸੀ.ਸੀ.ਬੀ. (ਕਰੀਟੀਕਲ ਕੇਅਰ ਬਲਾਕ), ਮੂਸਾ ਚੂੰਗੀ ਰੋਡ ਨੇੜੇ ਪੀਰ ਖ਼ਾਨਾ, ਗ੍ਰੀਨ ਵੈਲੀ ਰੋਡ, ਚਕੇਰੀਆਂ ਫਾਟਕ ਰੋਡ 'ਤੇ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਦਾ ਅਚਨਚੇਤ ਨਿਰੀਖਣ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਕੁੱਝ ਵਿਕਾਸ ਕਾਰਜਾਂ 'ਚ ਹੋ ਰਹੀ ਦੇਰੀ ਦਾ ਵੀ ਗੰਭੀਰ ਨੋਟਿਸ ਲੈਂਦਿਆਂ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਠੇਕੇਦਾਰਾਂ ਨੂੰ ਤਾੜਨਾ ਕੀਤੀ ਅਤੇ ਕੰਮ 'ਚ ਤੇਜ਼ੀ ਲਿਆਉਣ ਦੇ ਸਖ਼ਤ ਆਦੇਸ਼ ਜਾਰੀ ਕੀਤੇ।ਵਿਧਾਇਕ ਸਿੰਗਲਾ ਨੇ ਸਖ਼ਤ ਸ਼ਬਦਾਂ 'ਚ ਹਦਾਇਤ ਕੀਤੀ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਵਿਕਾਸ ਕਾਰਜਾਂ ਨੂੰ ਸਮਾਂਬੱਧ, ਪਾਰਦਰਸ਼ੀ ਅਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਵਲੋਂ ਸਿਵਲ ਹਸਪਤਾਲ ਮਾਨਸਾ ਵਿਖੇ ਕਰੀਬ 16.50 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋ ਰਹੇ ਅਤਿ-ਆਧੁਨਿਕ ਕਾਰਡੀਅਕ ਕੇਅਰ ਸੈਂਟਰ ਦੇ ਨਿਰਮਾਣ ਕਾਰਜਾਂ ਦਾ ਵੀ ਨਿਰੀਖਣ ਕੀਤਾ ਗਿਆ। ਉਹਨਾਂ ਦੱਸਿਆ ਕਿ ਇੱਥੇ ਪਾਰਕਿੰਗ ਵਿਵਸਥਾ ਨੂੰ ਯਕੀਨੀ ਬਣਾਉਣ ਲਈ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ।ਵਿਧਾਇਕ ਡਾ. ਸਿੰਗਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ਼ਹਿਰ ਵਾਸੀਆਂ ਨੂੰ ਬੁਨਿਆਦੀ ਸਹੂਲਤਾਂ ਦੇਣ ਲਈ ਵਚਨਬੱਧ ਹੈ ਅਤੇ ਵਿਕਾਸ ਕਾਰਜਾਂ 'ਚ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਜਾਂ ਜਨਤਕ ਪੈਸੇ ਦੀ ਦੁਰਵਰਤੋਂ ਨੂੰ ਸਹਿਣ ਨਹੀਂ ਕੀਤਾ ਜਾਵੇਗਾ।



# ਬਾਦਲ ਨੇ ਲਾਲਵਾ ਦੇ ਗ੍ਰਹਿ ਵਿਖੇ ਪੁੱਜ ਦੁੱਖ ਪ੍ਰਗਟਾਇਆ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਸਾਬਕਾ ਚੇਅਰਮੈਨ ਜਥੇਦਾਰ ਮਹਿੰਦਰ ਸਿੰਘ ਲਾਲਵਾ ਦੇ ਛੋਟੇ ਭਰਾ ਕਮੀਰ ਸਿੰਘ ਲਾਲਵਾ ਨਮਿੱਤ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਰੋਹ ਗੁਰਦੁਆਰਾ ਗੁਰੂ ਰਾਮਦਾਸ ਸਾਹਿਬ ਲਾਲਵਾ ਵਿਖੇ ਹੋਇਆ। ਜਿਸ ਉਪਰੰਤ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਉਹਨਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਜਥੇਦਾਰ ਮਹਿੰਦਰ ਸਿੰਘ ਲਾਲਵਾ ਦੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।ਇਸ ਤੋਂ ਪਹਿਲਾਂ ਕਮੀਰ ਸਿੰਘ ਲਾਲਵਾ ਨਮਿੱਤ ਸ਼ਰਧਾਂਜਲੀ ਸਮਾਗਮ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸੁਰਜੀਤ ਸਿੰਘ ਗੜ੍ਹੀ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ, ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਕੌਮੀ ਜਥੇਬੰਦਕ ਸਕੱਤਰ ਡੀਟੀਓ ਕਰਨ ਸਿੰਘ, ਅਕਾਲੀ ਦਲ ਦੇ ਹਲਕਾ ਸ਼ੁਤਰਾਣਾ ਦੇ ਇੰਚਾਰਜ ਬਾਬੂ ਕਬੀਰ ਦਾਸ, ਸਾਬਕਾ ਵਿਧਾਇਕ ਜਗਤਾਰ ਸਿੰਘ ਰਾਜਲਾ, ਨਾਭਾ ਦੇ ਇੰਚਾਰਜ ਮੱਖਣ ਸਿੰਘ ਲਾਲਕਾ, ਸ਼੍ਰੋਮਣੀ ਅਕਾਲੀ ਦਲ ਹਲਕਾ ਲਹਿਰਾਗਾਗਾ ਦੇ ਇੰਚਾਰਜ ਗਗਨਦੀਪ ਸਿੰਘ ਖੰਡੇਬਾਦ, ਸਾਬਕਾ ਚੇਅਰਮੈਨ ਲਖਬੀਰ ਸਿੰਘ ਲੌਟ, ਅਮਰਜੀਤ ਸਿੰਘ ਪੰਜਰਥ, ਭਾਜਪਾ ਆਗੂ ਰਮੇਸ਼ ਕੁਮਾਰ ਕੁੱਕੂ, ਸਮੇਤ ਵੱਖ ਵੱਖ ਆਗੂਆਂ ਨੇ ਕਮੀਰ ਸਿੰਘ ਲਾਲਵਾ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ।



## ਮਜ਼ਦੂਰ ਵਰਗ ਨੂੰ ਆਰਥਿਕ ਪੱਖੋਂ ਮਜ਼ਬੂਤ ਕਰੇਗੀ ਜੀ ਰਾਮ ਜੀ ਯੋਜਨਾ : ਇੰਦਰਜੀਤ ਸਿੰਘ

**ਭੀਖੀ (ਧਰਮਵੀਰ ਸ਼ਰਮਾ)**- ਭਾਰਤੀ ਜਨਤਾ ਪਾਰਟੀ ਦੇ ਸਹਾਇਕ ਸੰਗਠਨ ਵਿਕਸਤ ਭਾਰਤ ਜੀ ਰਾਮ ਜੀ ਸੈੱਲ ਦਾ ਸੂਬਾ ਸਕੱਤਰ ਇੰਦਰਜੀਤ ਸਿੰਘ ਮੋਹਰ ਸਿੰਘ ਵਾਲਾ ਨੂੰ ਨਿਯੁਕਤ ਕੀਤੇ ਜਾਣ ਤੋਂ ਬਾਅਦ ਪਿੰਡ ਪਹੁੰਚਣ 'ਤੇ ਉਨ੍ਹਾਂ ਦਾ ਪਿੰਡ ਦੀ ਪੰਚਾਇਤ, ਮੋਹਤਬਰ ਵਿਅਕਤੀਆਂ, ਪਿੰਡ ਵਾਸੀਆਂ ਤੇ ਉਨ੍ਹਾਂ ਦੇ ਹਮਾਇਤੀਆਂ ਵਲੋਂ ਰੋਡ ਸ਼ੋਅ ਕਰਕੇ ਭਰਵਾਂ ਸੁਆਗਤ ਕੀਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਇੰਦਰਜੀਤ ਸਿੰਘ ਮੋਹਰ ਸਿੰਘ ਵਾਲਾ ਨੇ ਕਿਹਾ ਕਿ ਜੀ ਰਾਮ ਜੀ ਯੋਜਨਾ ਮਜ਼ਦੂਰ ਵਰਗ ਲਈ ਵਰਦਾਨ ਸਾਬਿਤ ਹੋਵੇਗੀ ਤੇ ਇਸ ਯੋਜਨਾ ਨਾਲ ਮਜ਼ਦੂਰਾਂ ਨੂੰ ਆਰਥਕ ਮਜ਼ਬੂਤੀ ਮਿਲਣ ਦੇ ਨਾਲ ਉਨ੍ਹਾਂ ਦੀ ਜੀਵਨਸ਼ੈਲੀ 'ਚ ਵੀ ਸੁਧਾਰ ਹੋਵੇਗਾ।ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਮਜ਼ਦੂਰਾਂ ਨੂੰ ਸਰਕਾਰੀ ਸਕੀਮਾਂ ਨਾਲ ਜੋੜਿਆ ਜਾਵੇਗਾ, ਜਿਸ ਨਾਲ ਉਨ੍ਹਾਂ ਨੂੰ ਆਰਥਿਕ ਸਹਾਇਤਾ, ਬੀਮਾ ਸੁਵਿਧਾਵਾਂ ਤੇ ਹੋਰ ਸਮਾਜਿਕ ਸੁਰੱਖਿਆ ਯੋਜਨਾਵਾਂ ਦਾ ਸਿੱਧਾ ਲਾਭ ਮਿਲੇਗਾ।ਇੰਦਰਜੀਤ ਸਿੰਘ ਨੇ ਕਿਹਾ ਕਿ ਜੀ ਰਾਮ ਜੀ ਸਕੀਮ ਨਾਲ ਮਜ਼ਦੂਰਾਂ ਨੂੰ ਗਰੰਟਿਡ 125 ਦਿਨ ਰੋਜ਼ਗਾਰ ਮਿਲੇਗਾ, ਜਿਸ ਨਾਲ ਉਨ੍ਹਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ ਤੇ ਉਹ ਸਿੱਖਿਆ, ਸਿਹਤ ਤੇ ਹੋਰ ਬੁਨਿਆਦੀ ਲੋੜਾਂ ਨੂੰ ਅਸਾਨੀ ਨਾਲ ਪੂਰਾ ਕਰ ਸਕਣਗੇ।ਇਸ ਮੌਕੇ ਉਨ੍ਹਾਂ ਇਸ ਨਿਯੁਕਤੀ ਲਈ ਚੇਅਰਮੈਨ ਭੀਮ ਸਿੰਘ ਕੋਟਲੀ, ਕੋ-ਕਨਵੀਨਰ ਚਮਕੀਲਾ ਸਿੰਘ ਤੇ ਭਾਜਪਾ ਲੀਡਰਸ਼ਿਪ ਦਾ ਧੰਨਵਾਦ ਕੀਤਾ।



# ਭਾਰਤੀ ਜਨਤਾ ਪਾਰਟੀ ਦਾ 47ਵਾਂ ਸਥਾਪਨਾ ਦਿਵਸ ਮਨਾਇਆ

**ਜਲਾਲਾਬਾਦ (ਬਲਵਿੰਦਰ ਸਿੰਘ, ਜੀਤ ਕੁਮਾਰ, ਰਣਬੀਰ ਕੌਰ ਢਾਬਾ)** ਭਾਰਤੀ ਜਨਤਾ ਪਾਰਟੀ ਮੰਡਲ ਜਲਾਲਾਬਾਦ (ਪੱਛਮੀ) ਸ਼ਹਿਰੀ ਵੱਲੋਂ 47ਵੇਂ ਸਥਾਪਨਾ ਦਿਵਸ ਮੌਕੇ ਇੱਕ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਸਮਾਰੋਹ ਦੀ ਅਗਵਾਈ ਮੰਡਲ ਪ੍ਰਧਾਨ ਸੰਦੀਪ ਮਲੂਜਾ ਨੇ ਕੀਤੀ।ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਅਤੇ ਮੰਡਲ ਜਲਾਲਾਬਾਦ ਦੇ ਪ੍ਰਭਾਰੀ ਰਾਜ ਚੌਹਾਨ, ਦਰਸ਼ਨ ਲਾਲ ਵਧਵਾ (ਸਟੇਟ ਕਾਰਜਕਾਰਨੀ ਮੈਂਬਰ), ਜਸਵਿੰਦਰ ਵਰਮਾ (ਸਟੇਟ ਕਾਰਜਕਾਰਨੀ ਮੈਂਬਰ), ਮਿੱਟੂ ਡੂਮਰਾ (ਕੋ-ਕਨਵੀਨਰ ਇੰਡਸਟਰੀ ਸੈੱਲ), ਦੀਪਕ ਸਹਿਗਲ, ਹਰਭਜਨ ਦਰਗਨ (ਕੋ-ਕਨਵੀਨਰ ਐਨਜੀਓ ਸੈੱਲ), ਰਾਹੁਲ ਚਾਵਲਾ (ਮੀਡੀਆ ਪ੍ਰਭਾਰੀ, ਜ਼ਿਲ੍ਹਾ ਫ਼ਾਜ਼ਿਲਕਾ), ਕ੍ਰਿਸ਼ਨ ਲਾਲ ਗਗਨੇਜਾ, ਵਿਜੇ ਮਲੂਜਾ (ਉਪ ਪ੍ਰਧਾਨ), ਦੀਪਕ ਕੁਮਾਰ, ਗਗਨ ਵਾਟਸ (ਜਰਨਲ ਸਕੱਤਰ), ਗਿਆਨ ਚੰਦ (ਸਕੱਤਰ), ਰਮੇਸ਼ ਕੁਮਾਰ, ਬਲਵਿੰਦਰ ਸਿੰਘ ਮਿੱਠੂ ਅਤੇ ਭਗਵਾਨ ਦਾਸ ਫੌਜੀ (ਪਰਮੁੱਖ ਬੱਲੂਆਣਾ) ਸਮੇਤ ਹੋਰ ਆਗੂ ਮੌਜੂਦ ਸਨ।ਸਮਾਰੋਹ ਦੇ ਅੰਤ ਵਿੱਚ ਸਾਰੇ ਹਾਜ਼ਰ ਮੈਂਬਰਾਂ ਨੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਦਾ ਸੰਕਲਪ ਲਿਆ।



# ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ

**ਤਲਵੰਡੀ ਸਾਬੋ (ਜਗਦੀਪ ਗਿੱਲ)**- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦੇ ਭਾਸ਼ਾਵਾਂ ਵਿਭਾਗ ਅਤੇ ਸੋਸ਼ਲ ਸਾਇੰਸਜ਼ ਵਿਭਾਗ ਦੇ ਐਨ.ਐਸ.ਐਸ ਯੂਨਿਟ ਵੱਲੋਂ ਵਿਸ਼ਵ ਸਿਹਤ ਦਿਵਸ ਮੌਕੇ ਇੱਕ ਲੈਕਚਰ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਐਨ ਐਸ ਐਸ ਯੂਨਿਟ ਦੇ ਕੋਆਰਡੀਨੇਟਰ ਡਾ ਸੁਨੀਤਾ ਰਾਣੀ ਨੇ ਵਿਦਿਆਰਥੀਆਂ ਨੂੰ ਸਰੀਰਕ ਅਤੇ ਮਾਨਸਿਕ ਸਿਹਤ ਪ੍ਰਤੀ ਜਾਗਰੂਕ ਕਰਦਿਆਂ ਕਈ ਪੱਖਾਂ 'ਤੇ ਚਾਨਣਾ ਪਾਇਆ। ਇਸ ਦੌਰਾਨ ਸਰੀਰਕ ਸਿੱਖਿਆ ਦੇ ਸਹਾਇਕ ਪ੍ਰੋਫੈਸਰ ਹਰਵਿੰਦਰ ਸਿੰਘ ਨੇ ਵਿਸ਼ਵ ਪੱਧਰੀ ਸਿਹਤ ਦਿਵਸ ਦੀ ਮਹੱਤਤਾ ਬਾਰੇ ਦੱਸਦਿਆਂ ਵਿਦਿਆਰਥੀਆਂ ਨੂੰ ਚੰਗੀ ਸਿਹਤ ਪ੍ਰਤੀ ਚੇਤਨ ਕਰਦਿਆਂ ਖੇਡ ਮੈਦਾਨਾਂ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਉਹਨਾਂ ਸਰੀਰਕ ਸਿਹਤ ਦੇ ਵਿਕਾਸ ਦੇ ਨਾਲ-ਨਾਲ ਮਾਨਸਿਕ ਸਿਹਤ ਨਾਲ ਸੰਬੰਧਿਤ ਜਾਣਕਾਰੀ ਪ੍ਰਦਾਨ ਕੀਤੀ। ਮੰਚ ਸੰਚਾਲਕ ਦੀ ਭੂਮਿਕਾ ਸਹਾਇਕ ਪ੍ਰੋਫੈਸਰ ਗੁਰਮੀਤ ਸਿੰਘ ਵੱਲੋਂ ਨਿਭਾਈ ਗਈ। ਇਸ ਉਪਰੰਤ ਸਹਾ ਪ੍ਰੋਫੈਸਰ ਅਮਨਦੀਪ ਕੌਰ ਦੀ ਦੇਖ-ਰੇਖ ਹੇਠ ਵਿਭਿੰਨ ਸਰੀਰਕ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚੋਂ ਪੁਜੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਡਾ ਸੰਦੀਪ ਰਾਣਾ ਮੁਖੀ ਭਾਸ਼ਾਵਾਂ ਵਿਭਾਗ ਅਤੇ ਡਾ ਬਲਦੇਵ ਸਿੰਘ ਮੁਖੀ ਸੋਸ਼ਲ ਸਾਇੰਸਜ਼ ਵਿਭਾਗ ਵੱਲੋਂ ਸਨਮਾਨਿਤ ਕੀਤਾ ਗਿਆ। ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਨੇ ਇਸ ਕਾਰਜ ਦੀ ਸ਼ਲਾਘਾ ਕਰਦਿਆਂ ਅਜਿਹੀਆਂ ਗਤੀਵਿਧੀਆਂ ਕਰਵਾਉਂਦੇ ਰਹਿਣ ਦੀ ਪ੍ਰੇਰਨਾ ਦਿੱਤੀ।



# ਕੋਹਲੀ ਨੇ ਲੈਹਲ ਤੋਂ ਸ਼ਰਧਾਲੂਆਂ ਦੀ ਬੱਸ ਕੀਤੀ ਰਵਾਨਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਹਲਕਾ ਪਟਿਆਲਾ ਸ਼ਹਿਰੀ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦੇ ਤਹਿਤ ਵਾਰਡ ਨੰਬਰ 57 ਲੈਹਲ ਤੋਂ ਸ਼ਰਧਾਲੂਆਂ ਦੀ ਬੱਸ ਨੂੰ ਰਵਾਨਾ ਕੀਤਾ। ਕੋਹਲੀ ਨੇ ਦੱਸਿਆ ਕਿ ਇਹ ਬੱਸ ਯਾਤਰੀਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ, ਭਗਵਾਨ ਵਾਲਮੀਕਿ ਤੀਰਥ ਸਥਲ, ਜਲ੍ਹਿਆਂਵਾਲਾ ਬਾਗ, ਪਾਰਟੀਸ਼ਨ ਮਿਊਜ਼ੀਅਮ, ਵਾਘਾ ਬਾਰਡਰ ਅਤੇ ਅੰਮ੍ਰਿਤਸਰ ਦੇ ਹੋਰ ਧਾਰਮਿਕ ਸਥਾਨਾਂ ਦੀ ਯਾਤਰਾ ਕਰਵਾਏਗੀ। ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੇ ਲੋਕਾਂ ਦੀ ਸੇਵਾ ਲਈ ਸਹੀ ਮਾਅਨਿਆਂ ਵਿੱਚ ਵਿਲੱਖਣ ਉਪਰਾਲਾ ਕੀਤਾ ਹੈ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਸਾਰੇ ਸ਼ਰਧਾਲੂਆਂ ਨੂੰ ਪ੍ਰਸਾਦ ਵੀ ਵੰਡਿਆ ਜਾਂਦਾ ਹੈ ਅਤੇ ਜਿਹੜੇ ਲੋਕ ਕਿਸੇ ਕਾਰਨ ਪਵਿੱਤਰ ਅਸਥਾਨਾਂ ਦੇ ਦਰਸ਼ਨ ਕਰਨ ਤੋਂ ਵਾਂਝੇ ਰਹਿ ਗਏ ਸਨ, ਉਨ੍ਹਾਂ ਸ਼ਰਧਾਲੂਆਂ ਲੋਕਾਂ ਲਈ ਇਹ ਸਕੀਮ ਵਰਦਾਨ ਸਾਬਤ ਹੋ ਰਹੀ ਹੈ। ਇਸ ਮੌਕੇ ਵਾਰਡ ਨੰਬਰ 57 ਤੋਂ ਰਾਹੁਲ ਚੌਹਾਨ, ਜਗਤਾਰ ਜੱਗੀ ਬਲਾਕ ਪ੍ਰੈਜ਼ੀਡੈਂਟ , ਹਰਮਨ ਸੰਧੂ ਯੂਥ ਪ੍ਰੈਜ਼ੀਡੈਂਟ ਹਲਕਾ ਪਟਿਆਲਾ ਸਮੇਤ ਇਲਾਕਾ ਨਿਵਾਸੀ ਵੀ ਹਾਜ਼ਰ ਸਨ।



## ਵਾਰਡ ਨੰਬਰ 9 'ਚ ਹੋਵੇਗਾ 42 ਲੱਖ ਦਾ ਵਿਕਾਸ ਕਾਰਜ : ਕੌਂਸਲਰ ਵਿਕਰਮ ਜੱਸੀ

**ਜਗਰਾਉਂ (ਸੰਜੀਵ ਅਰੋੜਾ)** ਜਗਰਾਉਂ ਨਗਰ ਕੌਂਸਲ ਦੇ ਵਾਰਡ ਨੰਬਰ 9 ਵਿੱਚ ਕੁਝ ਹੀ ਦਿਨਾਂ ਵਿੱਚ 42 ਲੱਖ ਦੇ ਵਿਕਾਸ ਕਾਰਜ ਸ਼ੁਰੂ ਕੀਤੇ ਜਾਣਗੇ। ਇਹ ਗੱਲ ਮੀਡੀਆ ਨਾਲ ਕਰਦੇ ਹੋਏ ਕੌਂਸਲਰ ਵਿਕਰਮ ਜੱਸੀ ਨੇ ਦੱਸਿਆ ਕਿ ਨਗਰ ਕੌਂਸਲ ਵਿੱਚ ਹੋਈ ਮੀਟਿੰਗ ਵਿੱਚ ਉਨ੍ਹਾਂ ਵੱਲੋਂ ਵਾਰਡ ਨੰਬਰ 9 ਦੇ 42 ਲੱਖ ਦੇ ਵਿਕਾਸ ਕਾਰਜ ਦੇ ਕੰਮ ਪਾਸ ਕਰਵਾਏ ਗਏ ਹਨ। ਜੱਸੀ ਨੇ ਦੱਸਿਆ ਕਿ ਇੰਨ੍ਹਾਂ ਪੈਸਿਆਂ ਨਾਲ ਮਹਾਂਵੀਰ ਕਲੋਨੀ ਦੀ ਗਲੀ ਨੰਬਰ 1, 2, 3, 4 ਅਤੇ ਮਹਾਂਵੀਰ ਕਲੋਨੀ ਦੀ ਮੇਨ ਗਲੀ ਬਣਾਈ ਜਾਵੇਗੀ ਅਤੇ ਚੁੰਗੀ ਨੰਬਰ ਸੱਤ ਤੋਂ ਲੈ ਕੇ ਅਗਵਾੜ ਲੋਪੋ ਤੱਕ ਸੀਵਰੇਜ ਦੀ ਵੱਡੀ ਮਸ਼ੀਨਾਂ ਨਾਲ ਸਫਾਈ ਕੀਤੀ ਜਾਵੇਗੀ। ਵਾਰਡ ਵਿੱਚ ਚੱਲ ਰਹੇ ਕੰਮਾਂ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਵਾਰਡ ਵਿੱਚ ਪਹਿਲਾਂ ਹੀ 30 ਲੱਖ ਤੋਂ ਵੱਧ ਦੇ ਵਿਕਾਸ ਕਾਰਜ ਸ਼ੁਰੂ ਕੀਤੇ ਜਾ ਚੁੱਕੇ ਹਨ, ਜਿਸ ਵਿੱਚ ਮੁਹੱਲਾ ਖਟਿਕਾ, ਅਗਵਾੜ ਲਧਾਈ ਦੀ ਗਲੀਆ ਅਤੇ ਅਗਵਾੜ ਪੋਨਾ ਦੀ ਗਲੀਆਂ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਵਾਰਡ ਦੇ ਜੋ ਵੀ ਪੈਂਡਿੰਗ ਕੰਮ ਹਨ, ਉਹ ਵੀ ਜਲਦੀ ਪੂਰੇ ਕੀਤੇ ਜਾਣਗੇ ਅਤੇ ਭਵਿੱਖ ਵਿੱਚ ਵੀ ਵਾਰਡ ਵਿੱਚ ਵਿਕਾਸ ਦੇ ਕਾਰਜ ਕੀਤੇ ਜਾਣਗੇ। ਜੱਸੀ ਨੇ ਕਿਹਾ ਕਿ ਵਾਰਡ ਦਾ ਹਰ ਵਾਸੀ ਉਨ੍ਹਾਂ ਦਾ ਪਰਿਵਾਰਿਕ ਮੈਂਬਰ ਹੈ ਅਤੇ ਵਾਰਡ ਦੇ ਹਰ ਨਿਵਾਸੀ ਦੇ ਦੁੱਖ ਸੁੱਖ ਵਿੱਚ ਸ਼ਾਮਲ ਹੋਣਾ ਉਨ੍ਹਾਂ ਦੇ ਪਰਿਵਾਰ ਦਾ ਮੁੱਢਲਾ ਫਰਜ਼ ਹੈ ਅਤੇ ਉਹ ਆਪਣਾ ਫਰਜ ਹਮੇਸ਼ਾ ਨਿਭਾਉਂਦੇ ਰਹਿਣਗੇ।



## ਪੱਛੜੀਆਂ ਸ਼੍ਰੇਣੀਆਂ ਲਈ 27 ਪ੍ਰਤੀਸ਼ਤ ਰਾਖਵਾਂਕਰਨ ਦੀ ਮੰਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ):** ਪੱਛੜੀਆਂ ਸ਼੍ਰੇਣੀਆਂ (ਬੀ.ਸੀ. ਭਾਈਚਾਰੇ) ਦੇ ਹੱਕਾਂ ਅਤੇ ਮੰਗਾਂ ਨੂੰ ਲੈ ਕੇ ਫਿਰੋਜ਼ਪੁਰ ਵਿਖੇ ਇਕ ਮੰਗ ਪੱਤਰ ਸੌਂਪਣ ਦੀ ਤਿਆਰੀ ਕੀਤੀ ਗਈ ਹੈ। ਭਾਈਚਾਰੇ ਦੇ ਆਗੂ ਭਗਵਾਨ ਸਿੰਘ ਸਾਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੱਛੜੀਆਂ ਸ਼੍ਰੇਣੀਆਂ ਲਈ 27 ਪ੍ਰਤੀਸ਼ਤ ਰਾਖਵਾਂਕਰਨ ਲਾਗੂ ਕਰਵਾਉਣ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਲੈ ਕੇ ਸਮੁੱਚਾ ਭਾਈਚਾਰਾ ਇਕਜੁੱਟ ਹੋ ਰਿਹਾ ਹੈ। ਇਸ ਮੰਗ ਨੂੰ ਪੂਰਾ ਕਰਵਾਉਣ ਲਈ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਨੂੰ ਇਕ ਵਿਸ਼ੇਸ਼ ਮੰਗ ਪੱਤਰ ਸੌਂਪਿਆ ਜਾਵੇਗਾ। ਭਗਵਾਨ ਸਿੰਘ ਸਾਮਾ ਨੇ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ ਸਾਰੇ ਵੀਰਾਂ ਅਤੇ ਭਾਈਚਾਰੇ ਦੇ ਲੋਕਾਂ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਉਹ ਆਪਣੇ ਹੱਕਾਂ ਦੀ ਰਾਖੀ ਲਈ ਇਸ ਮੁਹਿੰਮ ਵਿਚ ਵੱਧ-ਚੜ੍ਹ ਕੇ ਹਿੱਸਾ ਲੈਣ। ਉਨ੍ਹਾਂ ਕਿਹਾ ਕਿ ਜਦੋਂ ਤੱਕ ਭਾਈਚਾਰਾ ਇਕੱਠਾ ਹੋ ਕੇ ਆਪਣੀ ਆਵਾਜ਼ ਬੁਲੰਦ ਨਹੀਂ ਕਰੇਗਾ, ਉਦੋਂ ਤੱਕ ਸਰਕਾਰਾਂ ਵੱਲੋਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਵੱਲ ਧਿਆਨ ਨਹੀਂ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਭਾਈਚਾਰੇ ਵੱਲੋਂ ਇਕੱਤਰ ਹੋਣ 9 ਅਪ੍ਰੈਲ 2026 ਨੂੰ ਦੁਪਹਿਰ 2 ਵਜੇ ਸਾਰਾਗੜ੍ਹੀ ਗੁਰਦੁਆਰਾ ਸਾਹਿਬ ਫਿਰੋਜ਼ਪੁਰ ਛਾਉਣੀ ਪ੍ਰੋਗਰਾਮ ਉਲੀਕਿਆ ਹੈ। ਇਸ ਮੌਕੇ ਭਾਈਚਾਰੇ ਦੇ ਆਗੂਆਂ ਨੇ ਦੱਸਿਆ ਕਿ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਪਹਿਲਾਂ ਸਾਰੇ ਵੀਰ ਇਕੱਤਰ ਹੋਣਗੇ ਜਿੱਥੋਂ ਕਾਫਲੇ ਦੇ ਰੂਪ ਵਿੱਚ ਡਿਪਟੀ ਕਮਿਸ਼ਨਰ ਦਫ਼ਤਰ ਪਹੁੰਚ ਕੇ ਮੰਗ ਪੱਤਰ ਦਿੱਤਾ ਜਾਵੇਗਾ। ਉਨ੍ਹਾਂ ਉਮੀਦ ਜਤਾਈ ਕਿ ਇਸ ਵਾਰ ਭਾਰੀ ਗਿਣਤੀ ਵਿਚ ਪਹੁੰਚ ਕੇ ਲੋਕ ਆਪਣੀ ਏਕਤਾ ਦਾ ਸਬੂਤ ਦੇਣਗੇ ਤਾਂ ਜੋ 27 ਪ੍ਰਤੀਸ਼ਤ ਰਾਖਵਾਂਕਰਨ ਦੇ ਮੁੱਦੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਸ਼ਾਸਨ ਅਤੇ ਸਰਕਾਰ ਤੱਕ ਪਹੁੰਚਾਇਆ ਜਾ ਸਕੇ।

# ਸੋਮਲ ਨੇ ਨਗਰ ਕੌਂਸਲ ਪ੍ਰਸ਼ਾਸਨ ਦਾ ਚਾਰਜ ਸੰਭਾਲਿਆ

**ਨਾਭਾ (ਵਰਿੰਦਰ ਵਰਮਾ)** ਪੰਜਾਬ ਸਰਕਾਰ ਵੱਲੋਂ ਨਗਰ ਨਿਗਮ ਅਤੇ ਨਗਰ ਕੌਂਸਲਾਂ ਦੇ ਭੰਗ ਹੋਣ ਦੇ ਨੋਟੀਫਿਕੇਸ਼ਨ ਜਾਰੀ ਬਾਅਦ ਨਾਭਾ ਕੌਂਸਲ ਦੇ ਪ੍ਰਸ਼ਾਸਨ ਦਾ ਚਾਰਜ ਐਸ ਡੀ ਐਮ ਨਾਭਾ ਵੱਲੋਂ ਸੰਭਾਲ ਲਿਆ ਗਿਆ।ਐਸ ਡੀ ਐਮ ਨਾਭਾ ਅਰਵਿੰਦਰ ਪਾਲ ਸਿੰਘ ਸੋਮਲ ਦਾ ਨਾਭਾ ਨਗਰ ਕੌਂਸਲ ਪੁੱਜਣ 'ਤੇ ਕੌਂਸਲ ਦੇ ਕਾਰਜ ਸਾਧਕ ਅਫਸਰ ਗੁਰਚਰਨ ਸਿੰਘ ਅਤੇ ਕੌਂਸਲ ਸਟਾਫ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਐਸ ਡੀ ਐਮ ਅਰਵਿੰਦਰ ਪਾਲ ਸੋਮਲ ਨੇ ਨਾਭਾ ਕੌਂਸਲ ਪ੍ਰਸ਼ਾਸਨ ਦੇ ਕਾਰਜਾਂ ਦੀ ਸਮੀਖਿਆ ਕੀਤੀ ਅਤੇ ਚੱਲ ਰਹੇ ਵਿਕਾਸ ਕਾਰਜਾਂ ਸੰਬੰਧੀ ਜਾਣਕਾਰੀ ਪ੍ਰਾਪਤ ਕੀਤੀ। ਐਸ ਡੀ ਐਮ ਅਰਵਿੰਦਰ ਪਾਲ ਸੋਮਲ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਨਾਭਾ ਨਗਰ ਕੌਂਸਲ ਪ੍ਰਸ਼ਾਸਨ ਵੱਲੋਂ ਵਿਕਾਸ ਕਾਰਜ ਬਦਸਤੂਰ ਜਾਰੀ ਰਹਿਣਗੇ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਨਗਰ ਕੌਂਸਲ ਪ੍ਰਸ਼ਾਸਨ ਨਾਲ ਜੁੜੇ ਕਿਸੇ ਵੀ ਯੋਗ ਸਰਕਾਰੀ ਕਾਰਜ ਲਈ ਕਿਸੇ ਵੀ ਸ਼ਹਿਰ ਵਾਸੀ ਨੂੰ ਕੋਈ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।



## ਭਵਿਆ ਪਾਂਧੀ ਨੇ ਖੇਡ ਮੁਕਾਬਲਿਆਂ 'ਚ ਕੀਤਾ ਸ਼ਾਨਦਾਰ ਪ੍ਰਦਰਸ਼ਨ

**ਬਠਿੰਡਾ, (ਪਰਵਿੰਦਰ ਜੀਤ ਸਿੰਘ)** ਪਾਲੀਟੈਕਨੀਕਲ ਕਾਲਜ ਬਠਿੰਡਾ ਦੀ ਵਿਦਿਆਰਥਣ ਭਵਿਆ ਪਾਂਧੀ ਨੇ ਜਲੰਧਰ ਵਿੱਚ ਸੀ ਟੀ ਗਰੁੱਪ ਜਲੰਧਰ ਵੱਲੋਂ ਕਰਵਾਏ ਗਏ ਇੱਕ ਪ੍ਰਤਿਸ਼ਠਿਤ ਖੇਡ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਇੱਕ ਗੋਲਡ ਮੈਡਲ ਅਤੇ ਇੱਕ ਸਿਲਵਰ ਮੈਡਲ ਜਿੱਤ ਕੇ ਆਪਣੇ ਕਾਲਜ ਅਤੇ ਸ਼ਹਿਰ ਦਾ ਨਾਮ ਰੌਸ਼ਨ ਕੀਤਾ ਹੈ।ਭਵਿਆ ਪਾਂਧੀ ਨੇ 200 ਮੀਟਰ ਦੌੜ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਗੋਲਡ ਮੈਡਲ ਜਿੱਤਿਆ, ਜਦਕਿ ਸ਼ਾਟਪੁੱਟ (ਗੋਲਾ ਫੈਂਕ) ਮੁਕਾਬਲੇ ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਸਿਲਵਰ ਮੈਡਲ ਆਪਣੇ ਨਾਮ ਕੀਤਾ। ਇਸ ਉਪਲਬਧੀ ਨਾਲ ਨਾ ਸਿਰਫ ਪਾਲੀਟੈਕਨੀਕਲ ਕਾਲਜ ਬਠਿੰਡਾ, ਸਗੋਂ ਪੂਰੇ ਬਠਿੰਡਾ ਇਲਾਕੇ ਵਿੱਚ ਖੁਸ਼ੀ ਅਤੇ ਮਾਣ ਦਾ ਮਾਹੌਲ ਬਣਿਆ ਹੋਇਆ ਹੈ।ਭਵਿਆ ਪਾਂਧੀ ਨੇ ਆਪਣੀ ਮਿਹਨਤ, ਲਗਨ ਅਤੇ ਕਾਬਲਿਯਤ ਨਾਲ ਇਹ ਸਫਲਤਾ ਹਾਸਲ ਕੀਤੀ ਹੈ।ਭਵਿਆ ਪਾਂਧੀ ਦੇ ਪਿਤਾ ਮਨੀਸ਼ ਪਾਂਧੀ ਨੇ ਇਸ ਸਫਲਤਾ 'ਤੇ ਖੁਸ਼ੀ ਜ਼ਾਹਿਰ ਕਰਦੇ ਹੋਏ ਕਿਹਾ ਕਿ ਇਹ ਉਸ ਦੀ ਲਗਾਤਾਰ ਮਿਹਨਤ ਅਤੇ ਸਮਰਪਣ ਦਾ ਨਤੀਜਾ ਹੈ। ਕਾਲਜ ਪ੍ਰਸ਼ਾਸਨ ਅਤੇ ਸਟਾਫ ਵੱਲੋਂ ਵੀ ਭਵਿਆ ਪਾਂਧੀ ਨੂੰ ਇਸ ਸ਼ਾਨਦਾਰ ਉਪਲਬਧੀ ਲਈ ਦਿਲੋਂ ਵਧਾਈ ਦਿੱਤੀ।



# ਡਾ. ਸਾਰਿਕਾ ਸਨਮਾਨਿਤ

**ਸਮਰਾਲਾ, (ਸੁਰਜੀਤ ਸਿੰਘ)** ਸਥਾਨਕ ਸਿਵਲ ਹਸਪਤਾਲ ਦੀ ਐਸ ਐਮ ਓ ਡਾ. ਸਾਰਿਕਾ ਨੂੰ ਹਸਪਤਾਲ ਵਿੱਚ ਤਰੱਕੀ ਉਪਰੰਤ ਨਵਾਂ ਓਹਦਾ ਸੰਭਾਲਣ ਤੇ ਮਾਛੀਵਾੜਾ ਸਾਹਿਬ ਸੋਸ਼ਲ ਵੈਲਫੇਅਰ ਸੋਸਾਇਟੀ ਐਨ ਜੀ ਓ ਦੇ ਪ੍ਰਧਾਨ ਸ਼ਿਵ ਕੁਮਾਰ ਸ਼ੀਵਲੀ ਦੀ ਅਗਵਾਈ ਵਿੱਚ ਐਨ ਜੀ ਓ ਦੇ ਮੈਂਬਰਾਂ ਵੱਲੋਂ ਸਨਮਾਨਿਤ ਕੀਤਾ ਗਿਆ ਅਤੇ ਜੀ ਆਇਆਂ ਕਿਹਾ ਗਿਆ।ਇਸ ਵੇਲੇ ਐਨ ਜੀ ਓ ਨੇ ਉਹਨਾਂ ਨੂੰ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਚਿੱਤਰ ਭੇਟ ਕੀਤਾ। ਸ਼ਿਵਲੀ ਨੇ ਕਿਹਾ ਕਿ ਇਹ ਇੱਕ ਐਨ ਜੀ ਓ ਦਾ ਫਰਜ਼ ਹੈ ਕਿ ਸ਼ਹਿਰ ਵਿਚ ਤਰੱਕੀ ਪ੍ਰਾਪਤ ਕਰਕੇ ਆਏ ਨਵੇਂ ਅਧਿਕਾਰੀ ਦਾ ਸਨਮਾਨ ਕੀਤਾ ਜਾਵੇ। ਉਹਨਾਂ ਕਿਹਾ ਕਿ ਅਜਿਹਾ ਕਰਨ ਨਾਲ ਲੋਕਾਂ ਦੀ ਸੇਵਾ ਕਰਨ ਲਈ ਅਧਿਕਾਰੀ ਦੀ ਹੌਸਲਾ ਅਫ਼ਜ਼ਾਈ ਹੁੰਦੀ ਹੈ। ਇਸ ਮੌਕੇ ਡਾ ਸਾਰਿਕਾ ਨੇ ਕਿਹਾ ਕਿ ਉਹ ਇਸ ਹਸਪਤਾਲ ਵਿਚ ਸਰਕਾਰ ਵੱਲੋਂ ਜਾਰੀ ਕੀਤੇ ਸਿਹਤ ਸੰਬੰਧੀ ਪੈਰਾਮੀਟਰਜ ਤੇ ਡੱਟ ਕੇ ਪਹਿਰਾ ਦੇਣਗੇ। ਉਹਨਾਂ ਕਿਹਾ ਕਿ ਹਸਪਤਾਲ ਵਿਚ ਇਲਾਜ ਲਈ ਆਏ ਮਰੀਜ਼ਾਂ ਦਾ ਸਹੀ ਇਲਾਜ਼ ਹੋਵੇ ਅਤੇ ਉਹਨਾਂ ਨੂੰ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਤੋਂ ਇਲਾਵਾ ਐਨ ਜੀ ਓ ਮੈਂਬਰ ਬਲਵੰਤ ਸਿੰਘ, ਸਤੀਸ਼ ਕੁਮਾਰ ਤੋਂ ਇਲਾਵਾ ਹਸਪਤਾਲ ਦੇ ਡਾ ਰਾਵੀ ਕੌਸ਼ਲ, ਡਾ ਨਵਨੀਤ ਕੌਰ ਅਤੇ ਡਾ ਮਾਨਵ ਵੀ ਮੌਜੂਦ ਰਹੇ।



# ਪੰਜਾਬ ਦੇ ਕਰਮਚਾਰੀ ਅਤੇ ਪੈਨਸ਼ਨਰ ਵਿਧਾਨ ਸਭਾ ਚੋਣਾਂ 'ਚ ਪੰਜਾਬ ਸਰਕਾਰ ਨੂੰ ਹਰਾ ਦੇਣਗੇ : ਗੁਰਮੇਲ ਨਾਹਰ

**ਮੋਗਾ (ਇਕਬਾਲ ਸਿੰਘ ਖਹਿਰਾ)**- ਪਾਵਰ ਕਾਮ ਟ੍ਰਾਂਸਕੋ ਪੈਨਸ਼ਨਰ ਯੂਨੀਅਨ (ਏ.ਆਈ.ਟੀ.ਯੂ.ਸੀ.) ਦੀ ਮਾਸਿਕ ਮੀਟਿੰਗ ਗੁਰਮੇਲ ਸਿੰਘ ਨਾਹਰ ਅਤੇ ਗੁਰਨਾਮ ਸਿੰਘ ਪ੍ਰਧਾਨ ਦੀ ਸਾਂਝੀ ਪ੍ਰਧਾਨਗੀ ਹੇਠ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ ਦੇ ਕਾਮਰੇਡ ਸਤੀਸ਼ ਲੂੰਬਾ ਹਾਲ ਵਿੱਚ ਹੋਈ। ਮੀਟਿੰਗ ਵਿੱਚ ਯੂਨੀਅਨ ਦੇ ਕਈ ਪੈਨਸ਼ਨਰਾਂ ਨੇ ਹਿੱਸਾ ਲਿਆ। ਸੂਬਾ ਪੱਧਰੀ ਆਗੂ ਗੁਰਮੇਲ ਸਿੰਘ ਨਾਹਰ, ਤੇਜਾ ਸਿੰਘ ਬਰਾੜ, ਗੁਰਨਾਮ ਸਿੰਘ, ਪ੍ਰਿਯਵਰਤ ਗੁਪਤਾ, ਦਰਸ਼ਨ ਲਾਲ ਸ਼ਰਮਾ, ਡਿਪਟੀ ਜਨਰਲ ਸਕੱਤਰ ਪੀ.ਐਸ.ਈ.ਬੀ. ਐਂਪਲਾਈਜ਼ ਫੈਡਰੇਸ਼ਨ (ਏ.ਆਈ.ਟੀ.ਯੂ.ਸੀ.) ਜੋਗਿੰਦਰ ਸਿੰਘ ਨੇ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਆਪਣੇ ਸਾਂਝੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਪ੍ਰਤੀ ਬਿਲਕੁਲ ਵੀ ਗੰਭੀਰ ਨਹੀਂ। ਹੁਣ, ਪੰਜਾਬ ਦੇ ਸਾਰੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸਰਕਾਰ ਨੂੰ ਹਰਾਉਣ ਦਾ ਫੈਸਲਾ ਕੀਤਾ ਹੈ। ਪੰਜਾਬ ਸਰਕਾਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਨੂੰ ਅਣਦੇਖਾ ਕਰਕੇ ਅਤੇ ਬੇਤੁਕੇ ਬਿਆਨ ਦੇ ਕੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਨਜ਼ਰਅੰਦਾਜ਼ ਕਰਕੇ ਸਮਾਂ ਖਰੀਦਣ ਦੀ ਕੋਸ਼ਿਸ਼ ਕਰ ਰਹੀ ਹੈ, ਇਸ ਤਰ੍ਹਾਂ ਅਦਾਲਤ ਦੀ ਉਲੰਘਣਾ ਕਰ ਰਹੀ ਹੈ। ਇਸ ਸਰਕਾਰ ਦੇ ਕਾਰਜਕਾਲ ਵਿੱਚ ਜਨਤਾ ਦਾ ਹਰ ਵਰਗ ਦੁੱਖ ਝੱਲ ਰਿਹਾ ਹੈ ਅਤੇ ਸੰਘਰਸ਼ ਕਰਨ ਲਈ ਮਜਬੂਰ ਹੈ। ਸਰਕਾਰ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਸਾਲਾਂ ਤੋਂ ਕਰੋੜਾਂ ਰੁਪਏ ਦੀ ਤਨਖਾਹ ਸੋਧ ਅਦਾਇਗੀ, ਮਹਿੰਗਾਈ ਭੱਤੇ ਦੀਆਂ ਅਦਾਇਗੀਆਂ ਅਤੇ ਕੇਂਦਰੀ ਪੈਟਰਨ ਦੇ ਆਧਾਰ 'ਤੇ 16% ਮਹਿੰਗਾਈ ਭੱਤੇ ਦੀਆਂ ਪੰਜ ਕਿਸ਼ਤਾਂ ਜਾਰੀ ਨਾ ਕਰਨ ਦਾ ਬਕਾਇਆ ਹੈ। ਪੰਜਾਬ ਸਰਕਾਰ ਸਮੇਂ-ਸਮੇਂ 'ਤੇ ਪੰਜਾਬ ਵਿੱਚ ਤਾਇਨਾਤ ਆਲ ਇੰਡੀਆ ਸਰਵਿਸਿਜ਼ ਅਤੇ ਨਿਆਂਇਕ ਅਧਿਕਾਰੀਆਂ ਨੂੰ ਤਨਖਾਹ ਸੋਧ ਅਤੇ ਮਹਿੰਗਾਈ ਭੱਤੇ ਦੇ ਰਹੀ ਹੈ, ਹਾਲਾਂਕਿ ਇਹ ਰਕਮਾਂ ਸਰਕਾਰੀ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਸਾਂਝੇ ਬਜਟ ਵਿੱਚੋਂ ਅਦਾ ਕੀਤੀਆਂ ਜਾ ਰਹੀਆਂ ਹਨ। ਹਾਲਾਂਕਿ, ਪੈਨਸ਼ਨਰਾਂ ਅਤੇ ਕਰਮਚਾਰੀਆਂ ਲਈ ਬਜਟ ਪ੍ਰਬੰਧਾਂ ਦੀ ਘਾਟ ਸਰਕਾਰ ਦੇ ਮਾੜੇ ਇਰਾਦਿਆਂ ਦਾ ਸਬੂਤ ਹੈ। ਸਮਾਜ ਦੇ ਸਾਰੇ ਵਰਗਾਂ ਦੇ ਸਾਂਝੇ ਸੰਘਰਸ਼ ਦਾ ਸਰਕਾਰ 'ਤੇ ਕੋਈ ਅਸਰ ਨਹੀਂ ਪੈ ਰਿਹਾ ਹੈ। ਜੇਕਰ ਸਰਕਾਰ ਨੇ ਗੰਭੀਰਤਾ ਨਾਲ ਨਾ ਲਿਆ ਅਤੇ ਸਮਾਜ ਦੇ ਸਾਰੇ ਵਰਗਾਂ ਦੀਆਂ ਜਾਇਜ਼ ਮੰਗਾਂ ਨੂੰ ਪੂਰਾ ਨਾ ਕੀਤਾ ਤਾਂ ਇਸ ਦੀ ਕੀਮਤ ਚੁਕਾਉਣ ਲਈ ਤਿਆਰ ਰਹਿਣਾ ਪਵੇਗਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਜੋਗਿੰਦਰ ਸਿੰਘ, ਸਵਰਨ ਸਿੰਘ, ਅੰਗਰੇਜ਼ ਸਿੰਘ, ਅਸ਼ੋਕ ਕੁਮਾਰ, ਜ਼ੋਰਾ ਸਿੰਘ, ਸੂਰਜ ਪ੍ਰਕਾਸ਼ ਸ਼ਰਮਾ, ਸ਼ਿੰਦਰਪਾਲ, ਦਰਸ਼ਨ ਸਿੰਘ, ਤਿਰਲੋਕ ਸਿੰਘ, ਬਲਦੇਵ ਸਿੰਘ ਅਵਤਾਰ ਸਿੰਘ, ਜਗਜੀਤ ਸਿੰਘ, ਗੁਰਦੇਵ ਸਿੰਘ, ਦੇਵ ਰਾਜ, ਅੰਮ੍ਰਿਤ ਲਾਲ, ਮਹਿੰਦਰ ਸਿੰਘ ਕਪੂਰ ਸਿੰਘ, ਇੰਦਰਜੀਤ ਸਿੰਘ, ਭਗਵੰਤ ਰਾਏ, ਬਲਕਾਰ ਸਿੰਘ, ਰਣਮੇਲ ਸਿੰਘ, ਗੁਰਮੇਲ ਸਿੰਘ, ਹਰਦੀਪ ਸਿੰਘ, ਗੁਰਮੇਲ ਸਿੰਘ, ਜਗਰਾਜ ਸਿੰਘ ਹਾਜ਼ਰ ਸਨ।



## ਮੈਕਰੋ ਗਲੋਬਲ ਨੇ ਲਗਵਾਇਆ ਕੈਨੇਡਾ ਦਾ ਸੁਪਰ ਵੀਜ਼ਾ

**ਜਗਰਾਉਂ (ਸੰਜੀਵ ਅਰੋੜਾ)** ਮੈਕਰੋ ਗਲੋਬਲ ਮੋਗਾ ਦੀ ਜਗਰਾਉਂ ਬ੍ਰਾਂਚ ਜੋ ਕਿ ਪਿਛਲੇ ਬਹੁਤ ਸਮੇਂ ਤੋਂ ਧੜਾਧੜ ਵੀਜ਼ੇ ਲਗਵਾ ਕੇ ਖਿੱਚ ਦਾ ਕੇਂਦਰ ਬਣੀ ਹੋਈ ਹੈ। ਸੰਸਥਾ ਦੇ ਐਮ. ਡੀ. ਗੁਰਮਿਲਾਪ ਸਿੰਘ ਡੱਲਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਸਥਾ ਦੇ ਤਜ਼ਰਬੇਕਾਰ ਅਤੇ ਮਿਹਨਤੀ ਸਟਾਫ਼ ਵੱਲੋਂ ਦਿੱਤੀਆਂ ਜਾ ਰਹੀਆਂ ਯੋਗ ਸੇਵਾਵਾਂ ਕਰਕੇ ਸੰਸਥਾ ਦੇ ਵਿਦਿਆਰਥੀ ਆਈਲੈਟਸ ਵਿੱਚ ਵਧੀਆ ਸਕੋਰ ਪ੍ਰਾਪਤ ਕਰ ਰਹੇ ਹਨ ਅਤੇ ਇਮੀਗ੍ਰੇਸ਼ਨ ਦੇ ਪਾਰਦਰਸ਼ੀ ਢੰਗ ਨਾਲ ਕੀਤੇ ਜਾ ਰਹੇ ਕੰਮ ਕਰਕੇ ਵੱਡੀ ਗਿਣਤੀ ਵਿੱਚ ਲਗਾਤਾਰ ਕੈਨੇਡਾ, ਆਸਟ੍ਰੇਲੀਆ ਜਾਣ ਵਾਲੇ ਚਾਹਵਾਨ ਲੋਕਾਂ ਦੇ ਵਿਜ਼ਟਰ ਵੀਜ਼ੇ ਲੱਗ ਰਹੇ ਹਨ, ਜਿੰਨ੍ਹਾਂ ਵਿੱਚੋਂ ਕਰਮਜੀਤ ਕੌਰ ਕੰਗ ਨਿਵਾਸੀ ਸਮਰਾਲਾ ਦਾ ਸੁਪਰ ਵੀਜ਼ਾ ਵੀ ਮੈਕਰੋ ਗਲੋਬਲ ਦੀ ਜਗਰਾਉਂ ਬ੍ਰਾਂਚ ਨੇ ਲਗਵਾ ਕੇ ਦਿੱਤਾ ਹੈ। ਇਸ ਮੌਕੇ ਗੁਰਮਿਲਾਪ ਸਿੰਘ ਡੱਲਾ ਨੇ ਕਰਮਜੀਤ ਕੌਰ ਕੰਗ ਤੇ ਉਸ ਦੇ ਪਰਿਵਾਰ ਨੂੰ ਵਧਾਈ ਦਿੱਤੀ।



# ਧੂਰੀ ਵਿਕਾਸ ਮੰਚ ਨੇ ਡੀ ਆਰ ਐੱਮ ਨੂੰ ਸੌਂਪਿਆ ਮੰਗ ਪੱਤਰ

**ਧੂਰੀ (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**- ਅੰਬਾਲਾ ਰੇਲਵੇ ਡਵੀਜ਼ਨ ਦੇ ਮੈਨੇਜਰ ਵਿਨੋਦ ਭਾਟੀਆ ਵੱਲੋਂ ਸਥਾਨਕ ਰੇਲਵੇ ਸਟੇਸ਼ਨ ਦੇ ਕੀਤੇ ਗਏ ਦੌਰੇ ਦੌਰਾਨ ਧੂਰੀ ਵਿਕਾਸ ਮੰਚ ਧੂਰੀ ਦੇ ਆਹੁੱਦੇਦਾਰਾਂ ਵੱਲੋਂ ਰੇਲਵੇ ਸਟੇਸ਼ਨ 'ਤੇ ਯਾਤਰੂਆਂ ਨੂੰ ਦਰਪੇਸ਼ ਮੁਸ਼ਕਲਾਂ ਸੰਬੰਧੀ ਮੰਗ ਪੱਤਰ ਸੌਂਪਿਆ ਗਿਆ।ਡੀ.ਆਰ.ਐੱਮ. ਵਿਨੋਦ ਭਾਟੀਆ ਸਥਾਨਕ ਰੇਲਵੇ ਸਟੇਸ਼ਨ 'ਤੇ ਚੱਲ ਰਹੇ ਵਿਕਾਸ ਕਾਰਜਾ ਦਾ ਜਾਇਜ਼ਾ ਲੈਣ ਲਈ ਪੁੱਜੇ ਸਨ।ਇਸ ਮੌਕੇ ਧੂਰੀ ਵਿਕਾਸ ਮੰਚ ਧੂਰੀ ਦੇ ਉੱਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ, ਸਕੱਤਰ ਜਨਰਲ ਹੰਸ ਰਾਜ ਬਜਾਜ ਤੇ ਮੀਡੀਆ ਸਕੱਤਰ ਮਨੋਹਰ ਸਿੰਘ ਸੱਗੂ ਵੱਲੋਂ ਡੀ.ਆਰ.ਐੱਮ. ਨੂੰ ਸੌਂਪੇ ਗਏ ਮੰਗ ਪੱਤਰ ਰਾਹੀਂ ਰੇਲਵੇ ਗੱਡੀਆਂ ਦੇ ਸਥਾਨਕ ਰੇਲਵੇ ਸਟੇਸ਼ਨ 'ਤੇ ਠਹਿਰਾ ਤੇ ਰੂਟ 'ਚ ਵਾਧਾ ਕਰਨ ਦੀ ਮੰਗ ਕਰਦਿਆਂ ਸਵਾਰੀ ਗੱਡੀ ਨੰਬਰ 54631 ਹਿਸਾਰ-ਧੂਰੀ ਨੂੰ ਲੁਧਿਆਣਾ ਤੱਕ, ਰੇਲ ਗੱਡੀ ਨੰਬਰ 54766 ਬਠਿੰਡਾ-ਧੂਰੀ ਨੂੰ ਅੰਬਾਲਾ ਤੱਕ, ਗੱਡੀ ਨੰਬਰ 54553 ਅੰਬਾਲਾ-ਧੂਰੀ ਨੂੰ ਪੁਰਾਣੇ ਸਮੇਂ ਮੁਤਾਬਿਕ ਬਹਾਲ ਕਰਨ, ਰੇਲ ਗੱਡੀਆਂ ਅੰਦਰ ਸਫ਼ਾਈ ਦੇ ਪੁਖਤਾ ਪ੍ਰਬੰਧ ਕਰਨ, ਰੇਲਵੇ ਕੁਆਟਰਾਂ ਦੇ ਨਵੀਨੀਕਰਨ, ਸਟੇਸ਼ਨ 'ਤੇ ਚੱਲ ਰਹੇ ਵਿਕਾਸ ਕਾਰਜਾਂ 'ਚ ਨਿਰਧਾਰਤ ਮਾਪ ਦੰਡਾਂ ਮੁਤਾਬਿਕ ਮੈਟੀਰੀਅਲ ਦੀ ਵਰਤੋਂ ਯਕੀਨੀ ਬਣਾਉਣ ਦੀ ਮੰਗ ਕੀਤੀ ਗਈ।ਡੀ.ਆਰ.ਐੱਮ. ਵਿਨੋਦ ਭਾਟੀਆ ਨੇ ਮੰਚ ਨੂੰ ਭਰੋਸਾ ਦਿੱਤਾ ਕਿ ਮੰਗ ਪੱਤਰ 'ਚ ਸ਼ਾਮਲ ਮੰਗਾਂ ਨੂੰ ਰੇਲਵੇ ਬੋਰਡ ਤੱਕ ਪਹੁੰਚਾ ਕੇ ਹੱਲ ਕਰਵਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ।



# ਚੈਰੀਟੇਬਲ ਟਰੱਸਟ ਵੱਲੋਂ ਅੰਗਹੀਣ ਵਿਅਕਤੀਆਂ ਨੂੰ ਵਿੱਤੀ ਸਹਾਇਤਾ

**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**- ਡਾਕਟਰ ਐਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਸ੍ਰੀ ਮੁਕਤਸਰ ਸਾਹਿਬ ਵਿਖੇ 110 ਅੰਗਹੀਣ ਵਿਅਕਤੀਆਂ ਨੂੰ ਇੱਕ ਲੱਖ ਦਸ ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਗਈ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਇਹ ਅੰਗਹੀਣ ਵਿਅਕਤੀ ਕੰਮ ਕਰਨ ਤੋਂ ਅਸਮਰਥ ਹਨ ਅਤੇ ਕਈ ਲੰਮੇ ਸਮੇਂ ਤੋਂ ਵੱਖ ਵੱਖ ਬੀਮਾਰੀਆਂ ਤੋਂ ਪੀੜਤ ਹਨ।ਇਨ੍ਹਾਂ ਅੰਗਹੀਣ ਵਿਅਕਤੀਆਂ ਨੂੰ ਹਰ ਮਹੀਨੇ ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਸਹਾਇਤਾ ਰਾਸ਼ੀ ਦਿੱਤੀ ਜਾਂਦੀ ਹੈ ਤਾਂ ਜੋ ਇਹ ਲੋਕ ਆਪਣੀਆਂ ਰੋਜ਼ਾਨਾ ਦੀਆਂ ਲੋੜਾਂ ਪੂਰੀਆਂ ਕਰ ਸਕਣ।ਸਹਾਇਤਾ ਰਾਸ਼ੀ ਲੈਣ ਉਪਰੰਤ ਅੰਗਹੀਣ ਵਿਅਕਤੀਆਂ ਵੱਲੋਂ ਡਾ. ਓਬਰਾਏ ਦਾ ਧੰਨਵਾਦ ਕੀਤਾ ਗਿਆ ਤੇ ਕਿਹਾ ਕਿ ਡਾ. ਓਬਰਾਏ ਹਮੇਸ਼ਾ ਸਾਡੀ ਲਾਠੀ ਬਣ ਕੇ ਸਾਡੇ ਨਾਲ ਖੜਦੇ ਹਨ ਤੇ ਬਹੁਤ ਹੀ ਲੰਬੇ ਸਮੇਂ ਤੋਂ ਸਾਡੀ ਬਾਂਹ ਫੜੀ ਹੋਈ ਹੈ।ਇਸ ਮੌਕੇ ਬਲਵਿੰਦਰ ਸਿੰਘ ਬਰਾੜ ਰਿਟਾ ਪ੍ਰਿੰਸੀਪਲ, ਬਰਨੇਕ ਸਿੰਘ ਰਿਟਾ ਲੈਕਚਰਾਰ, ਮਲਕੀਤ ਸਿੰਘ ਰਿਟਾ ਬੈਂਕ ਮੈਨੇਜਰ, ਬਲਜੀਤ ਸਿੰਘ ਮਾਨ ਰਿਟਾ. ਪ੍ਰਿੰਸੀਪਲ, ਗੁਰਪਾਲ ਸਿੰਘ ਪਾਲੀ,ਸੋਮ ਨਾਥ, ਸੁਖਦਰਸ਼ਨ ਸਿੰਘ ਬੇਦੀ ਰਿਟਾ ਜ਼ਿਲ੍ਹਾ ਉੱਪ ਸਿੱਖਿਆ ਅਫ਼ਸਰ, ਚਰਨਜੀਤ ਸਿੰਘ, ਸੁਖਬੀਰ ਸਿੰਘ ਜੈਲਦਾਰ, ਅਸ਼ੋਕ ਕੁਮਾਰ ਆਦਿ ਹਾਜ਼ਰ ਸਨ।



## ਸਮਾਜ ਲਈ ਇੱਕ ਵਧੀਆ ਸੁਨੇਹਾ ਲੈ ਕੇ ਆ ਰਹੀ ਹੈ 'ਮਿੱਠਾ ਜ਼ਹਿਰ'

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਲੁਧਿਆਣਾ ਸ਼ਹਿਰ ਦੇ ਵਾਸੀ ਧਰੁਵ ਕਾਲੀਆ ਜਲਦ ਹੀ ਵੱਡੇ ਪਰਦੇ 'ਤੇ ਦਿਖਾਈ ਦੇਣ ਵਾਲੇ ਹਨ ਹਨ। ਉਹਨਾਂ ਦੀ ਆਉਣ ਵਾਲੀ ਫਿਲਮ ਮਿੱਠਾ ਜ਼ਹਿਰ ਆਗਾਮੀ 10 ਅਪ੍ਰੈਲ ਨੂੰ ਸਿਨੇਮਾਂ ਘਰਾਂ ਵਿੱਚ ਰਿਲੀਜ਼ ਲਈ ਤਿਆਰ ਹੈ।ਇਸ ਵਿੱਚ ਮੁੱਖ ਭੂਮਿਕਾ ਵਿੱਚ ਧਰੁਵ ਕਾਲੀਆ ਨੇ ਬਾਖੂਬੀ ਆਪਣੇ ਕਿਰਦਾਰ ਨੂੰ ਨਿਭਾਇਆ ਹੈ ਅਤੇ ਇਸ ਫਿਲਮ ਦੀ ਕਹਾਣੀ ਵੀ ਧਰੁਵ ਨੇ ਹੀਂ ਲਿਖੀ ਹੈ।ਇਸ ਫਿਲਮ ਦੇ ਪ੍ਰੋਡਿਊਸਰ ਬਲਵਿੰਦਰ ਕਾਲੀਆ ਅਤੇ ਕੋ ਪ੍ਰੋਡਿਊਸਰ ਅਨੀਤਾ ਕਾਲੀਆ ਹਨ।ਇਸ ਫਿਲਮ ਦੇ ਸਹਿ ਕਲਾਕਾਰਾਂ ਵਿੱਚ ਰੂਹ ਸੰਘਾ, ਪੂਨਮ ਸੂਦ, ਕਰਮ ਕੌਰ, ਰਣਜੀਤ ਰਿਆਜ, ਰਵਿੰਦਰ ਮੰਡ, ਚਮਕੌਰ ਐਸ ਸੋਹਲ ਅਤੇ ਪਾਲੀ ਮੰਗਤ ਨੇ ਵੀ ਆਪਣੇ ਕਿਰਦਾਰਾਂ ਨੂੰ ਵਧੀਆ ਤਰੀਕੇ ਨਾਲ ਨਿਭਾਇਆ ਹੈ।



# ਲਾਲ ਸਿੰਘ ਨੇ ਹਮੇਸ਼ਾ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਲੋਕ ਹਿੱਤਾਂ ਲਈ ਕੰਮ ਕੀਤਾ : ਜਸਬੀਰ ਡਿੰਪਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਸਾਬਕਾ ਖ਼ਜ਼ਾਨਾ ਮੰਤਰੀ ਸਵ. ਲਾਲ ਸਿੰਘ ਦੇ ਅਕਾਲ ਚਲਾਣੇ ਤੋਂ ਬਾਅਦ ਪਰਵਾਰ ਨਾਲ ਦੁੱਖ ਸਾਂਝਾ ਕਰਨ ਲਈ ਮੰਗਲਵਾਰ ਨੂੰ ਪੰਜਾਬ ਕਾਂਗਰਸ ਦੇ ਸੀਨੀਅਰ ਆਗੂ, ਸਾਬਕਾ ਲੋਕ ਸਭਾ ਐੱਮ. ਪੀ. ਅਤੇ ਸਾਬਕਾ ਵਿਧਾਇਕ ਤੇ ਯੂਥ ਕਾਂਗਰਸ ਦੇ ਪ੍ਰਧਾਨ ਰਹੇ ਜਸਬੀਰ ਸਿੰਘ ਡਿੰਪਾ ਅਤੇ ਕਾਂਗਰਸੀ ਆਗੂ ਦੀਪਇੰਦਰ ਢਿੱਲੋਂ ਪਹੁੰਚੇ।ਉਨ੍ਹਾਂ ਸਾਬਕਾ ਵਿਧਾਇਕ ਰਜਿੰਦਰ ਸਿੰਘ ਦੇ ਸਮੁੱਚੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਇਸ ਮੌਕੇ ਡਿੰਪਾ ਨੇ ਕਿਹਾ ਕਿ ਸਵ. ਲਾਲ ਸਿੰਘ ਇਕ ਬੁੱਧੀਮਾਨ, ਸਭ ਧਰਮਾਂ ਅਤੇ ਪਾਰਟੀਆਂ ਦੇ ਆਗੂਆਂ ਦਾ ਸਤਿਕਾਰ ਕਰਨ ਵਾਲੇ ਅਤੇ ਇਕ ਗੈਰ-ਵਿਵਾਦਿਤ ਰਾਜਸੀ ਆਗੂ ਸਨ, ਜਿਨ੍ਹਾਂ ਨੇ ਹਮੇਸ਼ਾ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਲੋਕਹਿੱਤਾਂ ਲਈ ਕੰਮ ਕੀਤਾ। ਉਨ੍ਹਾਂ ਕਿਹਾ ਕਿ ਲਾਲ ਸਿੰਘ ਨੇ ਪੰਜਾਬ ਅਤੇ ਸਮਾਜ ਦੀ ਮਜ਼ਬੂਤੀ ਲਈ ਵੱਡਾ ਯੋਗਦਾਨ ਪਾਇਆ ਅਤੇ ਉਨ੍ਹਾਂ ਦੇ ਵਿਰੋਧੀ ਨਾਲ ਵੀ ਹਮੇਸ਼ਾ ਸੁਖਾਵੇਂ ਸੰਬੰਧ ਰਹੇ। ਲਾਲ ਸਿੰਘ ਦੇ ਚਲੇ ਜਾਣ ਨਾਲ ਜਿੱਥੇ ਪਰਿਵਾਰ ਨੂੰ ਵੱਡਾ ਘਾਟਾ ਪਿਆ ਹੈ, ਉੱਥੇ ਪੰਜਾਬ ਨੂੰ ਇਕ ਚੰਗੇ ਰਾਜਨੇਤਾ ਦੀ ਘਾਟ ਪੈ ਗਈ ਹੈ। ਕਾਂਗਰਸ ਪਾਰਟੀ ਨੂੰ ਉਨ੍ਹਾਂ ਦੇ ਅਕਾਲ ਚਲਾਣੇ ਦਾ ਬਹੁਤ ਵੱਡਾ ਘਾਟਾ ਪਿਆ ਹੈ। ਉਹ ਹਮੇਸ਼ਾ ਕਾਂਗਰਸ ਪਾਰਟੀ ਦੇ ਸੰਕਟ ਮੋਚਕ ਰਹੇ ਹਨ। ਉਨ੍ਹਾਂ ਕਿਹਾ ਕਿ ਸਵ. ਲਾਲ ਸਿੰਘ ਨੇ ਜਿਥੇ ਪੰਜਾਬ ਵਿਚ ਕਾਂਗਰਸ ਪਾਰਟੀ ਨੂੰ ਹਮੇਸ਼ਾ ਮਜ਼ਬੂਤ ਬਣਾਉਣ ਲਈ ਸਖਤ ਮਿਹਨਤ ਕੀਤੀ, ਸ਼ਾਇਦ ਹੀ ਕਿੱਸੇ ਰਾਜ ਨੇਤਾ ਨੇ ਆਪਣੀ ਪਾਰਟੀ ਪ੍ਰਤੀ ਕੁਝ ਕਰ ਸਕਿਆ ਹੋਵੇ। ਇਸ ਮੌਕੇ ਹਰਮੇਲ ਸਿੰਘ ਮਕੌੜ ਸੁਰਿੰਦਰ ਮਿੱਤਲ ਬਲਬੇੜਾ, ਨੰਬਰਦਾਰ ਸ਼ੀਤਲ ਸਿੰਘ ਭਾਨਰਾ,, ਤਰਸੇਮ ਸਿੰਘ ਝੰਡੀ ਸਾਬਕਾ ਚੇਅਰਮੈਨ ਬਲਾਕ ਸੰਮਤੀ, ਰਣਜੀਤ ਸਿੰਘ ਐੱਸ. ਕੇ. ਫਾਰਮ ਡਕਾਲਾ ਡਾ. ਰਾਜ ਕੁਮਾਰ ਡਕਾਲਾ, ਨਾਇਬ ਸਿੰਘ ਭਾਨਰੀ ਬਲਾਕ ਪ੍ਰਧਾਨ, ਸਰਪੰਚ ਦਵਿੰਦਰ ਸਿੰਘ ਰਾਮਗੜ੍ਹ, ਸੁਖਦੇਵ ਸਿੰਘ ਨਿਜ਼ਾਮਨੀ ਵਾਲਾ, ਦਮੋਦਰ ਸਿੰਘ , ਗੋਪਾਲ ਸਿੰਘ, ਸੋਮਪਾਲ ਸਿੰਘ ਸਨੌਰ ਸਮੇਤ ਵੱਡੀ ਗਿਣਤੀ 'ਚ ਪਤਵੰਤੇ ਸੱਜਣ ਸ਼ਾਮਿਲ ਸਨ। ਲਾਲ ਸਿੰਘ ਦੀ ਅੰਤਿਮ ਅਰਦਾਸ 10 ਅਪ੍ਰੈਲ 12 ਤੋਂ 1 ਵਜੇ ਗੁਰਦੁਆਰਾ ਸਾਹਿਬ ਸ੍ਰੀ ਮੋਤੀ ਬਾਗ ਪਟਿਆਲਾ ਵਿਖੇ ਹੋਵੇਗੀ।



## 'ਈਟ ਰਾਈਟ ਮੇਲਾ-2026' ਬਹਾਵਲਪੁਰ ਪੈਲੇਸ ਵਿਖੇ ਅੱਜ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਵੱਲੋਂ ਖੁਰਾਕ ਤੇ ਡਰੱਗਜ਼ ਪ੍ਰਸ਼ਾਸਨ ਪੰਜਾਬ ਦੇ ਸਹਿਯੋਗ ਨਾਲ 9 ਅਪ੍ਰੈਲ ਨੂੰ ਬਹਾਵਲਪੁਰ ਪੈਲੇਸ ਵਿਖੇ ਈਟ ਰਾਈਟ ਮੇਲਾ-2026 ਕਰਵਾਇਆ ਜਾ ਰਿਹਾ ਹੈ। ਇਹ ਮੇਲਾ ਸਵੇਰੇ 10 ਵਜੇ ਸ਼ੁਰੂ ਹੋ ਕੇ ਦਿਨ ਭਰ ਜਾਰੀ ਰਹੇਗਾ। ਇਸ ਬਾਰੇ ਜਾਣਕਾਰੀ ਦਿੰਦਿਆਂ ਮੇਲੇ ਦੇ ਨੋਡਲ ਅਫ਼ਸਰ ਅਤੇ ਵਧੀਕ ਡਿਪਟੀ ਕਮਿਸ਼ਨਰ ( ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ ਨੇ ਦੱਸਿਆ ਕਿ ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਉਨ੍ਹਾਂ ਦੱਸਿਆ ਕਿ ਇਸ ਮੇਲੇ ਦਾ ਮੁੱਖ ਉਦੇਸ਼ ਲੋਕਾਂ ਨੂੰ ਮੂਲ ਅਨਾਜਾਂ (ਮਿਲੇਟਸ) ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਹੈ ਅਤੇ ਉਨ੍ਹਾਂ ਨੂੰ ਆਪਣੀ ਰੋਜ਼ਾਨਾ ਦੀ ਖੁਰਾਕ ਵਿੱਚ ਇਹਨਾਂ ਅਨਾਜਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਨਾ ਹੈ, ਤਾਂ ਜੋ ਲੋਕ ਬਿਮਾਰੀਆਂ ਤੋਂ ਬਚ ਕੇ ਤੰਦਰੁਸਤ ਜੀਵਨ ਜੀ ਸਕਣ।



## ਸਿਹਤ ਦਿਵਸ 'ਤੇ ਯੋਗਾ ਕੈਂਪ ਲਗਾਇਆ

**ਜਗਰਾਉਂ (ਅਮਿਤ ਖੰਨਾ)** ਰੂਪ ਵਾਟਿਕਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਿਹਤ ਦਿਵਸ ਬਹੁਤ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ।ਇਸ ਮੌਕੇ ਨੂੰ ਮਨਾਉਣ ਲਈ ਸਕੂਲ ਕੈਂਪਸ ਵਿੱਚ ਇੱਕ ਛੋਟਾ ਜਿਹਾ ਯੋਗਾ ਕੈਂਪ ਲਗਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਯੋਗਾ ਕੈਂਪ ਵਿੱਚ ਹਿੱਸਾ ਲਿਆ, ਵੱਖ-ਵੱਖ ਯੋਗ ਆਸਣ ਅਤੇ ਪ੍ਰਾਣਾਯਾਮ ਦਾ ਅਭਿਆਸ ਕੀਤਾ।ਸਕੂਲ ਦੇ ਪੀ.ਟੀ.ਅਧਿਆਪਕ ਨੇ ਯੋਗਾ ਦੀ ਮਹੱਤਤਾ ਬਾਰੇ ਦੱਸਿਆ ਅਤੇ ਉਨ੍ਹਾਂ ਨੂੰ ਸਹੀ ਯੋਗਾ ਅਭਿਆਸ ਸਿਖਾਏ।ਉਨ੍ਹਾਂ ਦੱਸਿਆ ਕਿ ਨਿਯਮਤ ਯੋਗਾ ਅਭਿਆਸ ਸਰੀਰ ਨੂੰ ਸਿਹਤਮੰਦ ਰੱਖਦਾ ਹੈ ਅਤੇ ਮਨ ਨੂੰ ਸ਼ਾਂਤੀ ਦਿੰਦਾ ਹੈ।ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪ੍ਰਿੰਸੀਪਲ ਸ਼੍ਰੀਮਤੀ ਵਿੰਮੀ ਠਾਕੁਰ ਨੇ ਕਿਹਾ ਕਿ ਸਿਹਤ ਜ਼ਿੰਦਗੀ ਦੀ ਸਭ ਤੋਂ ਵੱਡੀ ਸੰਪਤੀ ਹੈ। ਉਨ੍ਹਾਂ ਬੱਚਿਆਂ ਨੂੰ ਸੰਤੁਲਿਤ ਖੁਰਾਕ ਅਤੇ ਨਿਯਮਤ ਯੋਗਾ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਲਈ ਉਤਸ਼ਾਹਿਤ ਕੀਤਾ। ਯੋਗਾ ਕੈਂਪ ਦੌਰਾਨ, ਬੱਚਿਆਂ ਨੇ ਸਾਰੀਆਂ ਗਤੀਵਿਧੀਆਂ ਵਿੱਚ ਉਤਸ਼ਾਹ ਅਤੇ ਅਨੁਸ਼ਾਸਨ ਨਾਲ ਹਿੱਸਾ ਲਿਆ।



# ਗੁਰਦਾਸਪੁਰ ਪੁਲਸ ਵਿਰੁੱਧ ਮੋਰਚਾ ਲਾਉਣ ਦਾ ਫੈਸਲਾ: ਕਿਸਾਨ ਆਗੂ



ਬਟਾਲਾ (ਤਰਲੋਕ ਬੱਗਾ)-ਫੈਜ਼ਪੁਰਾ ਰੋਡ ਦੇ ਲਿਬਰੇਸ਼ਨ ਦਫਤਰ ਵਿਖੇ ਪੰਜਾਬ ਕਿਸਾਨ ਯੂਨੀਅਨ (ਆਈ ਕੇ ਐੱਮ ਐੱਸ) ਦੀ ਕੀਤੀ ਗਈ ਕਨਵੈਨਸ਼ਨ ਵਿੱਚ ਜ਼ਿਲਾ ਗੁਰਦਾਸਪੁਰ ਕਮੇਟੀ ਦੀ ਚੋਣ ਐਡਵੋਕੇਟ ਐੱਚ ਐੱਸ ਮੱਲੀ ਭਾਗੋਕਾਵਾਂ, ਗੁਰਿੰਦਰ ਸਿੰਘ ਖੱਦਰ ਅਤੇ ਜਰਨੈਲ ਸਿੰਘ ਸਪਰਾ ਕੋਠੀ ਦੀ ਪ੍ਰਧਾਨਗੀ ਹੇਠ ਕੀਤੀ ਗਈ।ਚੋਣ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ 'ਚੋਂ ਕਰੀਬ ਪੰਜ ਦਰਜਨ ਅਹੁਦੇਦਾਰਾਂ ਨੇ ਹਿੱਸਾ ਲਿਆ।ਇਸ ਸਮੇਂ 17 ਮੈਂਬਰੀ ਜ਼ਿਲ੍ਹਾ ਕਮੇਟੀ ਦੀ ਚੋਣ ਕੀਤੀ ਗਈ ਜਿਸ ਦੇ ਪ੍ਰਧਾਨ ਹਰਵਿੰਦਰ ਸਿੰਘ ਮੱਲੀ ਆਦੀਆ, ਸਕੱਤਰ ਅਸ਼ਵਨੀ ਕੁਮਾਰ ਲੱਖਣ ਕਲਾਂ ਨੂੰ ਚੁਣਿਆ ਗਿਆ।ਕਿਸਾਨ ਮਸਲਿਆਂ ਉਪਰ ਵੱਖ-ਵੱਖ ਪਾਸ ਕੀਤੇ ਮਤਿਆਂ ਸਮੇਤ ਇੱਕ ਮਤੇ ਵਿੱਚ ਬਲਾਕ ਕਲਾਨੌਰ ਦੇ ਪਿੰਡ ਸ਼ਹੂਰ ਕਲਾਂ ਦੇ ਕਿਸਾਨ ਆਗੂ ਅਤੇ ਮੌਜੂਦਾ ਸਰਪੰਚ ਮੰਗਲ ਸਿੰਘ ਦੇ 21 ਸਾਲਾ ਪੁੱਤਰ ਦਿਲਪ੍ਰੀਤ ਸਿੰਘ ਜੋ ਸ਼ੂਗਰ ਮਿੱਲ ਬਟਾਲਾ ਵਿਖੇ ਗੰਨੇ ਦੀ ਟਰਾਲੀ ਖੜੀ ਕਰਕੇ 16 ਜਨਵਰੀ ਨੂੰ ਗੁਰਦਾਸਪੁਰ ਦੇ ਬੱਸ ਅੱਡੇ ਉਪਰ ਕਰੀਬ 12 ਵਜੇ ਬੱਸ ਤੋਂ ਉਤਰਿਆ ਸੀ ਅਤੇ ਆਪਣੇ ਪਿਤਾ ਨਾਲ ਆਪਣੇ ਪਿੰਡ ਸ਼ਹੂਰ ਕਲਾਂ ਨੂੰ ਜਾਣ ਲੱਗਾ ਤਾਂ ਕਰੀਬ 6 ਹਥਿਆਰ ਹਥਿਆਰਬੰਦ ਨੌਜਵਾਨਾਂ ਨੇ ਉਸ ਉੱਪਰ ਕਾਤਲਾਨਾ ਹਮਲਾ ਕਰਕੇ ਬਹੁਤ ਸਾਰੀਆਂ ਤੇਜ਼ਧਾਰ ਸੱਟਾਂ ਲਾਉਣ ਸਮੇਤ ਉਸ ਦੀਆਂ ਦੋਨੋਂ ਲੱਤਾਂ ਅਤੇ ਇੱਕ ਬਾਂਹ ਤੋੜ ਦਿੱਤੀ ਸੀ ਪਰ ਥਾਣਾ ਸਿਟੀ ਗੁਰਦਾਸਪੁਰ ਦੀ ਪੁਲਸ ਨੇ ਇਸ ਨੰਗੀ ਚਿੱਟੀ ਗੁੰਡਾਗਰਦੀ ਵਿਰੁੱਧ ਮੰਗਲ ਸਿੰਘ ਦੇ ਬਿਆਨਾ ਉਪਰ ਫੌਰੀ ਐੱਫ ਆਈ ਆਰ ਦਰਜ ਕਰਨ ਦੀ ਬਜਾਏ 4 ਦਿਨ 20 ਜਨਵਰੀ ਨੂੰ ਅਣਪਛਾਤੇ ਵਿਅਕਤੀਆਂ ਵਿਰੁੱਧ ਐੱਫ ਆਈ ਆਰ ਦਰਜ ਕੀਤੀ ਸੀ,ਪਰ ਪੁਲਸ ਨੂੰ ਦੋਸ਼ੀਆਂ ਦੀ ਪਹਿਚਾਣ ਵਾਲੀ ਵੀਡੀਓ ਅਤੇ ਹਮਲੇ ਦੀ ਸਾਰੀ ਸਾਜ਼ਿਸ਼ ਦੱਸਣ ਦੇ ਬਾਵਜੂਦ ਵੀ ਢਾਈ ਮਹੀਨੇ ਬਾਅਦ ਵੀ ਪੁਲਸ ਦੋਸ਼ੀਆਂ ਦੇ ਨਾਵਾਂ ਨੂੰ ਐੱਫਆਈਆਰ ਵਿੱਚ ਦਰਜ ਨਹੀਂ ਕਰ ਰਹੀ, ਜਦੋਂ ਕਿ ਪਰਿਵਾਰ ਬਹੁਤ ਵਾਰ ਐਸਐਸਪੀ ਗੁਰਦਾਸਪੁਰ ਨੂੰ ਵੀ ਮਿਲ ਚੁੱਕਾ ਹੈ, ਜਦੋਂ ਲੜਕਾ ਦਿਲਪ੍ਰੀਤ ਸਿੰਘ ਅਜੇ ਵੀ ਚੱਲਣ ਫਿਰਨ ਤੋਂ ਅਸਮਰੱਥ ਬਿਸਤਰ ਤੇ ਹੈ, ਇਸ ਮਤੇ ਵਿੱਚ ਸਮੇਂ ਮੰਗ ਕੀਤੀ ਗਈ ਕਿ ਗੁਰਦਾਸਪੁਰ ਦੀ ਪੁਲਿਸ ਦੋਸ਼ੀਆਂ ਤੇ ਸਾਜ਼ਿਸ਼ ਕਾਰਾਂ ਦੇ ਨਾਂ ਐੱਫ ਆਈ ਆਰ ਵਿੱਚ ਦਰਜ ਕਰਕੇ ਫੌਰੀ ਉਹਨਾਂ ਨੂੰ ਗਿਰਫਤਾਰ ਕਰੇ, ਦੂਸਰੇ ਮਤੇ ਵਿੱਚ ਰਣਜੀਤ ਸਿੰਘ ਆਧੀਆਂ ਦੇ ਝੂਠੇ ਪੁਲਸ ਮੁਕਾਬਲੇ ਸਬੰਧੀ ਪੈਰਵਾਈ ਕਰ ਰਹੇ ਹਰਵਿੰਦਰ ਸਿੰਘ ਮੱਲੀ ਨੂੰ ਪੁਲਸ ਵੱਲੋਂ ਝੂਠੇ ਕੇਸਾਂ ਵਿੱਚ ਉਲਝਾਉਣ ਦੀਆਂ ਸਾਜ਼ਿਸ਼ਾਂ ਦਾ ਗੰਭੀਰ ਨੋਟਸ ਲੈ ਗਿਆ ਅਤੇ ਇਨ੍ਹਾਂ ਦੋਨਾਂ ਸਵਾਲਾਂ ਨੂੰ ਲੈ ਕੇ ਥਾਣਾ ਸਿਟੀ ਗੁਰਦਾਸਪੁਰ ਤੇ ਐੱਸਐੱਸਪੀ ਗੁਰਦਾਸਪੁਰ ਮੋਹਰੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਧਰਨਾ ਦੇਣ ਦੀ ਵੀ ਚੇਤਾਵਨੀ ਦਿੱਤੀ ਗਈ।ਇਸ ਸਮੇਂ ਰਣਧੀਰ ਸਿੰਘ ਦੋਸਤਪੁਰ, ਮੋਹਨ ਸਿੰਘ ਗਵਾਰੇ, ਜਗਜੀਤ ਸਿੰਘ ਸ਼ੇਖ ਕਬੀਰ, ਨਰਿੰਦਰ ਸਿੰਘ ਭਾਗੋਕਾਵਾਂ, ਗੁਰਦੀਪ ਸਿੰਘ ਕਾਮਲਪੁਰ, ਰਾਜੂ ਬਟਾਲਾ, ਪ੍ਰੇਮ ਮਸੀਹ ਸੋਨਾ, ਚੰਦਨਜੀਤ ਸਿੰਘ ਆਧੀਆ, ਨਿਰਮਲ ਸਿੰਘ ਸੁੱਚਾ ਸਿੰਘ, ਸ਼ਖ ਕਬੀਰ ਅਤੇ ਜੋਗਿੰਦਰ ਪਾਲ ਲੇਹਲ ਹਾਜ਼ਰ ਸਨ।

# ਮਾਨ ਸਰਕਾਰ ਨੇ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਲਈ ਵਾਰਾਨਸੀ ਲਈ ਮਹੀਨਾਵਾਰ ਤੀਰਥ ਯਾਤਰਾ ਟਰੇਨਾਂ ਦਾ ਪ੍ਰਸਤਾਵ ਰੱਖਿਆ



ਚੰਡੀਗੜ੍ਹ, (ਗੁਰਜੀਤ ਬਿੱਲਾ) ਗੁਰੂ ਰਵਿਦਾਸ ਜੀ ਦੇ ਆਉਣ ਵਾਲੇ 650ਵੇਂ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਤਹਿਤ ਪੰਜਾਬ ਤੋਂ ਵਾਰਾਨਸੀ ਤੱਕ ਟਰੇਨ ਰਾਹੀਂ ਵਿਸ਼ੇਸ਼ ਤੀਰਥ ਯਾਤਰਾ ਚਲਾਉਣ ਦਾ ਪ੍ਰਸਤਾਵ ਦਿੱਤਾ ਹੈ। ਪੰਜਾਬ ਸੱਭਿਆਚਾਰ ਅਤੇ ਸੈਰ-ਸਪਾਟਾ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਇਸ ਪ੍ਰੋਜੈਕਟ ਨੂੰ ਮੁਕੰਮਲ ਤੌਰ 'ਤੇ ਚਲਾਉਣ ਲਈ ਇੰਡੀਅਨ ਰੇਲਵੇ ਕੇਟਰਿੰਗ ਐਂਡ ਟੂਰਿਜ਼ਮ ਕਾਰਪੋਰੇਸ਼ਨ (ਆਈ ਆਰ ਸੀ ਟੀ ਸੀ), ਚੰਡੀਗੜ੍ਹ ਨਾਲ ਸੰਪਰਕ ਕੀਤਾ ਹੈ। ਪ੍ਰਸਤਾਵ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਤੋਂ ਹਰ ਮਹੀਨੇ 1000 ਤੋਂ 1200 ਸ਼ਰਧਾਲੂ ਇਸ ਧਾਰਮਿਕ ਯਾਤਰਾ 'ਤੇ ਜਾਣਗੇ। ਉਨ੍ਹਾ ਕਿਹਾ ਕਿ ਇਹ ਯਾਤਰਾ ਪੰਜਾਬ ਦੇ ਇੱਕ ਨਿਰਧਾਰਤ ਸਥਾਨ ਤੋਂ ਮਹੀਨੇ ਵਿੱਚ ਇੱਕ ਵਾਰ ਚਲਾਈ ਜਾਵੇਗੀ ਅਤੇ ਇਹ ਸੇਵਾਵਾਂ ਅਪ੍ਰੈਲ ਤੋਂ ਨਵੰਬਰ ਤੱਕ ਚਲਾਉਣ ਦੀ ਯੋਜਨਾ ਹੈ। ਇੱਕ ਵਿਸ਼ੇਸ਼ ਟ੍ਰੇਨ ਦਾ ਪ੍ਰਬੰਧ ਕੀਤਾ ਜਾਵੇਗਾ, ਜਿਸ ਵਿੱਚ ਰਹਿਣ-ਸਹਿਣ, ਖਾਣ-ਪੀਣ ਅਤੇ ਵਾਰਾਨਸੀ ਵਿੱਚ ਸਥਾਨਕ ਆਵਾਜਾਈ ਸਮੇਤ ਮੁਕੰਮਲ ਸਹੂਲਤਾਂ ਦਿੱਤੀਆਂ ਜਾਣਗੀਆਂ।

ਪੰਜਾਬ ਸਰਕਾਰ ਨੇ ਆਈ ਆਰ ਸੀ ਟੀ ਸੀ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਪ੍ਰਸਤਾਵ ਦੀ ਜਾਂਚ ਕਰਕੇ ਜਲਦੀ ਤੋਂ ਜਲਦੀ ਜਵਾਬ ਦੇਣ, ਤਾਂ ਜੋ ਆਪਸੀ ਸਹਿਮਤੀ ਵਾਲੀਆਂ ਸ਼ਰਤਾਂ 'ਤੇ ਇੱਕ ਸਮਝੌਤਾ ਪੱਤਰ ਸਾਈਨ ਕੀਤਾ ਜਾ ਸਕੇ ਅਤੇ ਇਸ ਪਹਿਲਕਦਮੀ ਨੂੰ ਬਿਨਾਂ ਕਿਸੇ ਦੇਰੀ ਦੇ ਲਾਗੂ ਕੀਤਾ ਜਾ ਸਕੇ।

ਬਾਲੀ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੇ ਸੰਬੰਧ ਵਿੱਚ ਵਾਰਾਨਸੀ ਲਈ ਨਿਯਮਤ ਯਾਤਰਾਵਾਂ ਦਾ ਆਯੋਜਨ ਕਰਨ ਦਾ ਫੈਸਲਾ ਵਿਸ਼ੇਸ਼ ਮਹੱਤਵ ਰੱਖਦਾ ਹੈ।

# ਲਾਈਨਮੈਨ ਮਨਜੀਤ ਸਿੰਘ ਖੇਲਾ ਸੇਵਾ-ਮੁਕਤੀ 'ਤੇ ਸਨਮਾਨਿਤ

## * ਗੰਡੀਵਿੰਡ ਵੱਲੋਂ ਮੰਗਾਂ ਦੀ ਪ੍ਰਾਪਤੀ ਲਈ ਭਲਕੇ ਪਟਿਆਲਾ ਧਰਨੇ 'ਚ ਪਹੁੰਚਣ ਦਾ ਸੱਦਾ



ਤਰਨ ਤਾਰਨ (ਨਜ਼ਸ)-ਪਾਵਰਕਾਮ ਅਦਾਰੇ ਦੀ ਖਡੂਰ ਸਾਹਿਬ ਸਬ-ਡਵੀਜ਼ਨ ਤੋਂ ਅਦਾਰੇ ਵਿੱਚ 40 ਸਾਲ ਦੀ ਬੇਦਾਗ਼ ਸੇਵਾ ਕਰਨ ਉਪਰੰਤ ਸੇਵਾ-ਮੁਕਤ ਹੋਏ ਲਾਈਨਮੈਨ ਮਨਜੀਤ ਸਿੰਘ ਖੇਲਾ ਨੂੰ ਸਨਮਾਨਿਤ ਕਰਨ ਲਈ ਉਪ-ਮੰਡਲ ਅਫਸਰ ਇੰਜ: ਕੁਲਵਿੰਦਰ ਸਿੰਘ ਬਾਗੜੀਆਂ ਦੀ ਅਗਵਾਈ ਹੇਠ ਸਮੂਹ ਸਟਾਫ ਨੇ ਸ਼ਾਨਦਾਰ ਸਮਾਗਮ ਕਰਕੇ ਅਦਾਰੇ ਵਿੱਚ ਪੂਰੀ ਲਗਨ ਅਤੇ ਨੇਕ ਨੀਤੀ ਨਾਲ ਕੀਤੀ ਬੇਦਾਗ਼ ਸੇਵਾ ਬਦਲੇ ਯਾਦਗਾਰੀ ਤੋਹਫ਼ੇ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਜਥੇਬੰਦੀ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ, ਸਰਕਲ ਪ੍ਰਧਾਨ ਅਤੇ ਜ਼ੋਨ ਕਨਵੀਨਰ ਕੁਲਵਿੰਦਰ ਸਿੰਘ ਬਾਗੜੀਆਂ, ਸਕੱਤਰ ਪੂਰਨ ਦਾਸ, ਖਜ਼ਾਨਚੀ ਲਖਵਿੰਦਰ ਸਿੰਘ ਬਹਿਲਾ, ਜ਼ੋਨ ਕੋ-ਕਨਵੀਨਰ ਮੇਜਰ ਸਿੰਘ ਨਾਗੋਕੇ, ਡਵੀਜ਼ਨ ਪ੍ਰਧਾਨ ਤਰਜੀਤ ਸਿੰਘ ਨਾਗੋਕੇ, ਖਜ਼ਾਨਚੀ ਬਚਿੱਤਰ ਸਿੰਘ ਖੇਲਾ, ਸਬ-ਡਵੀਜ਼ਨ ਪ੍ਰਧਾਨ ਮਨਜਿੰਦਰ ਸਿੰਘ ਵੈਰੋਵਾਲ, ਸਕੱਤਰ ਸਵਿੰਦਰ ਸਿੰਘ ਵੈਰੋਵਾਲ, ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਦੇ ਸਰਕਲ ਆਗੂ ਅਵਤਾਰ ਕ੍ਰਿਸ਼ਨ ਸਮੇਤ ਭਰਾਤਰੀ ਜਥੇਬੰਦੀ ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ ਦੇ ਆਗੂ ਸੁਰਜੀਤ ਸਿੰਘ ਨਾਗੋਕੇ ਆਦਿ ਨੇ ਮਨਜੀਤ ਸਿੰਘ ਖੇਲਾ ਵੱਲੋਂ ਇਮਾਨਦਾਰ ਰਹਿ ਕੇ ਕੀਤੀ ਡਿਊਟੀ ਲਈ ਅਤੇ ਫੈਡਰੇਸ਼ਨ ਏਟਕ ਜਥੇਬੰਦੀ ਦੇ ਝੰਡੇ ਹੇਠ ਮੁਲਾਜ਼ਮ ਹਿੱਤਾਂ ਅਤੇ ਅਦਾਰੇ ਦੀ ਹੋਂਦ ਬਚਾਉਣ ਲਈ ਲੜੇ ਸੰਘਰਸ਼ਾਂ ਵਿੱਚ ਪਾਏ ਵੱਡਮੁੱਲੇ ਯੋਗਦਾਨ ਲਈ ਜ਼ੋਰਦਾਰ ਪ੍ਰਸ਼ੰਸਾ ਕੀਤੀ।ਮਨਜੀਤ ਸਿੰਘ ਖੇਲਾ ਅਤੇ ਉਨ੍ਹਾਂ ਦੀ ਪਤਨੀ ਨੂੰ ਜਥੇਬੰਦੀਆਂ ਦੀ ਤਰਫ਼ੋਂ ਸਨਮਾਨ ਚਿੰਨ੍ਹ ਸ਼ੀਲਡਾਂ, ਦਸਤਾਰ ਤੇ ਦੁਸ਼ਾਲਾ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ।ਸੂਬਾ ਪ੍ਰਧਾਨ ਗੰਡੀਵਿੰਡ ਨੇ ਹਾਜ਼ਰੀਨ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ 10 ਅਪਰੈਲ ਦੇ ਮੁੱਖ ਦਫਤਰ ਪਟਿਆਲਾ ਸਾਹਮਣੇ ਮੰਗਾਂ ਦੀ ਪ੍ਰਾਪਤੀ ਲਈ ਦਿੱਤੇ ਜਾ ਰਹੇ ਰੋਸ ਧਰਨੇ ਨੂੰ ਕਾਮਯਾਬ ਕਰਨ ਵਾਸਤੇ ਵੱਡੀ ਗਿਣਤੀ ਵਿੱਚ ਵਹੀਰਾਂ ਘੱਤ ਕੇ ਪਹੁੰਚਣ ਦਾ ਸੱਦਾ ਦਿੱਤਾ। ਸਮਾਗਮ 'ਚ ਸ੍ਰੀ ਖੇਲਾ ਦੇ ਵੱਡੀ ਗਿਣਤੀ ਵਿੱਚ ਰਿਸ਼ਤੇਦਾਰਾਂ, ਉਨ੍ਹਾਂ ਦੀ ਬੇਟੀ ਐਡਵੋਕੇਟ ਅੰਮ੍ਰਿਤਪਾਲ ਕੌਰ, ਐਡਵੋਕੇਟ ਹਰਪ੍ਰੀਤ ਸਿੰਘ ਸੰਧਾਵਾਲੀਆ, ਵੀਰ ਸਿੰਘ ਜੱਬੋਵਾਲ, ਮੇਜਰ ਸਿੰਘ ਜਾਣੀਆਂ, ਜਸਵਿੰਦਰ ਸਿੰਘ ਪ੍ਰਿੰਗੜੀ, ਸ਼ਿੰਗਾਰਾ ਸਿੰਘ ਰਾਮਪੁਰੀਆ, ਬਲਦੇਵ ਸਿੰਘ ਸਰਹਾਲੀ, ਜੰਗ ਸਿੰਘ, ਗੁਰਪਾਲ ਸਿੰਘ, ਦਲਜੀਤ ਸਿੰਘ ਜੇਈ, ਪ੍ਰਤਾਪ ਸਿੰਘ ਜੇਈ ਤੋਂ ਇਲਾਵਾ ਹੋਰ ਬਹੁਤ ਸਾਰੇ ਪਤਵੰਤੇ ਸੱਜਣਾਂ ਨੇ ਭਰਵੀਂ ਸ਼ਮੂਲੀਅਤ ਕੀਤੀ।

## ਪਾਵਰਕਾਮ ਦੇ ਮੁੱਖ ਦਫਤਰ ਪਟਿਆਲਾ ਵਿਖੇ ਧਰਨਾ ਭਲਕੇ :ਉਦੀਪੁਰ



**ਗੁਰਦਾਸਪੁਰ, (ਜਨਕ ਮਹਾਜਨ)**-ਪਾਵਰਕਾਮ ਅਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਏਟਕ ਮੰਡਲ ਯੂਨਿਟ ਗੁਰਦਾਸਪੁਰ ਦੀ ਮੀਟਿੰਗ ਸਾਥੀ ਨਿਰਮਲ ਸਿੰਘ ਬਸਰਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਪੈਨਸ਼ਨਰਜ਼ ਯੂਨੀਅਨ ਏਟਕ ਸਰਕਲ ਦੇ ਮੁੱਖ ਸਲਾਹਕਾਰ ਬਲਵਿੰਦਰ ਉਦੀਪੁਰ ਨੇ ਮੀਟਿੰਗ ਦੌਰਾਨ ਦੱਸਿਆ ਕਿ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਬੀਤੇ ਦਿਨੀਂ 19 ਮਾਰਚ ਨੂੰ ਪੱਤਰ ਜਾਰੀ ਕਰਕੇ ਲਾਈਵ ਸਾਰਟੀਫਿਕੇਟ ਜੀਵਨ ਪ੍ਰਮਾਣ ਐਪ ਰਾਹੀਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਜਿਸ ਕਾਰਨ ਬੁਜ਼ਰਗ ਪੈਨਸ਼ਨਰਜ਼ ਦਫ਼ਤਰਾਂ ਵਿਚ ਖੱਜਲ ਖੁਆਰ ਹੋ ਰਹੇ ਹਨ। ਕਈ ਤਾਂ ਘੱਟ ਪੜ੍ਹੇ ਲਿਖੇ ਅਤੇ ਸਮਰਾਟ ਫ਼ੋਨ ਤੋਂ ਬਾਂਝੇ ਹਨ ਅਤੇ ਉਨ੍ਹਾਂ ਦੀ ਆਰਥਿਕ ਲੁੱਟ ਕੀਤੀ ਜਾ ਰਹੀ ਹੈ। ਇਸ ਲਈ ਪਹਿਲਾਂ ਵਾਲੀ ਵਿਧੀ ਅਨੁਸਾਰ ਡਿਜੀਟਲ ਕਰਨ ਲਈ ਪੈਨਸ਼ਨਰਜ਼ ਸਾਥੀਆਂ ਨੂੰ ਆਪਸ਼ਨ ਦਾ ਅਧਿਕਾਰ ਦਿੱਤਾ ਜਾਵੇ ਤਾਂ ਜੋ ਵਡੇਰੀ ਉਮਰ ਦੇ ਪੈਨਸ਼ਨਰਜ਼ ਸਾਥੀਆਂ ਨੂੰ ਖੱਜਲ ਖੁਆਰ ਹੋਣ ਤੋਂ ਰਾਹਤ ਮਿਲ ਸਕੇ। ਸਾਥੀ ਪ੍ਰੇਮ ਸਾਗਰ ਮੰਡਲ ਸਕੱਤਰ ਨੇ ਦੱਸਿਆ ਕਿ ਪੈਨਸ਼ਨਰਜ਼ ਦੀਆਂ ਮੁੱਖ ਮੰਗਾਂ ਜਿਵੇਂ ਕਿ 2018 ਤੇ ਪਹਿਲਾਂ ਸੇਵਾ ਮੁਕਤ ਹੋਏ ਪੈਨਸ਼ਨਰਾਂ ਤੇ 23 ਸਾਲਾਂ ਸਕੇਲ ਲਾਗੂ ਕਰਨ, 200 ਰੁਪਏ ਜਜੀਆ ਟੈਕਸ ਦੀ ਕਟੌਤੀ ਬੰਦ ਕਰਨ, ਪੈਨਸ਼ਨ 2,59 ਦੇ ਫੈਕਟਰ ਅਨੁਸਾਰ ਸੋਧ ਕਰਨ ਆਦਿ ਨੂੰ ਲਾਗੂ ਕਰਨ ਤੋਂ ਟਾਲਾ ਵੱਟ ਰਹੀ ਹੈ ਜਿਸ ਕਾਰਨ ਪੈਨਸ਼ਨਰਜ਼ ਵਿੱਚ ਭਾਰੀ ਰੋਸ ਹੈ। ਇਸ ਲਈ ਪੀਐੱਸਈਬੀ ਇੰਪਲਾਈਜ਼ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ, ਅਤੇ ਪੈਨਸ਼ਨਰਾਂ ਦੀਆਂ ਜਥੇਬੰਦੀਆਂ ਵੱਲੋਂ ਸਾਂਝੇ ਤੌਰ 10 ਅਪ੍ਰੈਲ ਨੂੰ ਪਾਵਰਕਾਮ ਦੇ ਮੁੱਖ ਦਫਤਰ ਪਟਿਆਲਾ ਵਿਖੇ ਦਿੱਤੇ ਜਾ ਰਹੇ ਧਰਨੇ ਗੁਰਦਾਸਪੁਰ ਸਰਕਲ ਦੇ ਪੈਨਸ਼ਨਰਜ਼ ਸਾਥੀ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨਗੇ। ਇਸ ਮੌਕੇ ਬਲਕਾਰ ਸਿੰਘ, ਕੇਵਲ ਸਿੰਘ, ਸਤੀਸ਼ ਕੁਮਾਰ ਸੈਣੀ, ਜੋਗਿੰਦਰ ਪਾਲ ਕਸ਼ਮੀਰ ਸਿੰਘ, ਨਰੇਸ਼ ਕੁਮਾਰ, ਰੂਪ ਲਾਲ, ਅਨੂਪ ਸਿੰਘ, ਕੁਲਵਿੰਦਰ ਸਿੰਘ ਕਿਰਪਾਲ ਸਿੰਘ ਟਾਂਡਾ, ਯਸ਼ਪਾਲ ਸਿੰਘ ਆਦਿ ਆਗੂ ਹਾਜ਼ਰ ਸਨ।

## ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਪੇਂਡੂ ਕਮੇਟੀਆਂ ਬਣਾਉਣ ਦਾ ਸਿਲਸਿਲਾ ਜਾਰੀ



ਚੋਹਲਾ ਸਾਹਿਬ (ਰਮਨ ਚੱਢਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ੋਨ ਬਾਬਾ ਅਦਲੀ ਜੀ ਦੇ ਪਿੰਡਾਂ ਵਿੱਚ ਨਵੀਆਂ ਕਮੇਟੀਆਂ ਬਣਾਈਆਂ ਜਾ ਰਹੀ ਹਨ। ਜ਼ਿਲ੍ਹਾ ਆਗੂ ਬਲਵਿੰਦਰ ਸਿੰਘ ਚੋਹਲਾ ਸਾਹਿਬ, ਜ਼ੋਨ ਪ੍ਰਧਾਨ ਮਨਜੀਤ ਸਿੰਘ, ਨਿੰਦਰ ਸਿੰਘ, ਨਿਰਵੈਰ ਸਿੰਘ ਧੁੰਨ ਦੀ ਪ੍ਰਧਾਨਗੀ ਹੇਠ ਪਿੰਡ ਧੁੰਨ ਢਾਏ ਵਾਲਾ ਵਿੱਚ ਕਮੇਟੀਆਂ ਦਾ ਪ੍ਰਧਾਨ ਜਗਰੂਪ ਸਿੰਘ ਧੁੰਨ, ਸੰਤੋਖ ਸਿੰਘ, ਬੀਬੀਆਂ ਦੀ ਪ੍ਰਧਾਨ ਦਰਸ਼ਨ ਕੌਰ ਨੂੰ ਬਣਾ ਕੇ 21 ਮੈਂਬਰੀ ਕਮੇਟੀ ਬਣਾਈ ਗਈ। ਖਜ਼ਾਨਚੀ ਗੁਰਦੇਵ ਸਿੰਘ ਧੁੰਨ ਨੂੰ ਬਣਾਇਆ ਗਿਆ। ਨਿਰਵੈਰ ਸਿੰਘ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਨੂੰ ਅਜੇ ਤੱਕ ਮੰਡ ਵਿੱਚ ਫਸਲ ਖਰਾਬਾ ਨਹੀਂ ਮਿਲਿਆ। ਜੇਕਰ ਇਹ ਜਲਦੀ ਨਾ ਦਿੱਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਸਖਤ ਸੰਘਰਸ਼ ਵਿੱਢਿਆ ਜਾਵੇਗਾ। ਕਿਸਾਨਾਂ ਦੀਆਂ ਜ਼ਮੀਨਾਂ ਵਿੱਚ ਰੇਤ ਹੁਣ ਤੱਕ ਪਈ ਹੈ ਜੋ ਕਿ ਬੀਜਾਈ 'ਚ ਰੁਕਾਵਟ ਬਣੀ ਹੋਈ ਹੈ। ਆਮ ਜਨਤਾ ਨੂੰ ਬਿਜਲੀ ਬੋਰਡ ਵੱਲੋਂ ਨਜਾਇਜ਼ ਜੁਰਮਾਨੇ ਪਾਏ ਜਾ ਰਹੇ ਜੋ ਨਾ ਕੀਤੇ ਜਾਣ। ਇਸ ਸਮੇਂ ਕੁਲਦੀਪ ਸਿੰਘ, ਸਾਹਿਬ ਸਿੰਘ ਹਰਬਾਲ ਸਿੰਘ, ਸਵਿੰਦਰ ਸਿੰਘ, ਰਣਜੀਤ ਸਿੰਘ, ਗੁਰਦੇਵ ਸਿੰਘ ਆਦਿ ਹਾਜ਼ਰ ਸਨ।

# ਸ਼੍ਰੋ. ਅ. ਦਲ ਯੂਰਪ ਯੂਨਿਟ ਦੇ ਮੁਖੀ ਸ. ਭੱਟੀ ਜਲਦ ਕਰਨਗੇ ਯੂਰਪ ਯੂਨਿਟਾਂ ਦਾ ਵਿਸਥਾਰ



ਧਾਰੀਵਾਲ, (ਮਨਦੀਪ ਵਿੱਕੀ)-ਸ਼੍ਰੋਮਣੀ ਅਕਾਲੀ ਦਲ ਯੂਰਪ ਯੂਨਿਟ ਦੇ ਪ੍ਰਧਾਨ ਇਕਬਾਲ ਸਿੰਘ ਭੱਟੀ ਨੇ ਦੱਸਿਆ ਕਿ ਉਹ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਕਈ ਹੋਰ ਨੇਤਾਵਾਂ ਨੂੰ ਮਿਲ ਕੇ ਯੂਰਪ ਯੂਨਿਟ ਦਾ ਪਸਾਰਾ ਕਰਨ ਅਤੇ ਐੱਨ ਆਰ ਆਈਜ਼ ਦੀਆਂ ਮੁਸ਼ਕਿਲਾਂ ਸਬੰਧੀ ਵਿਚਾਰ ਵਟਾਂਦਰਾ ਕਰਨ ਉਪਰੰਤ ਵਾਪਿਸ ਫਰਾਂਸ ਪਹੁੰਚ ਗਏ ਹਨ। ਉਹ (ਭੱਟੀ) ਕੁੱਝ ਦਿਨ ਪਹਿਲਾਂ ਭਾਰਤ ਦੌਰੇ ਦੌਰਾਨ ਪੰਜਾਬ ਆਏ ਹੋਏ ਸਨ। ਉਨ੍ਹਾਂ (ਇਕਬਾਲ ਸਿੰਘ ਭੱਟੀ) ਨੇ ਦੱਸਿਆ ਕਿ ਉਲੀਕੇ ਗਏ ਪ੍ਰੋਗਰਾਮ ਅਨੁਸਾਰ ਉਹ ਸ਼੍ਰੋਮਣੀ ਅਕਾਲੀ ਦੇ ਇਟਲੀ, ਸਪੇਨ, ਨੌਰਵੇ ਅਤੇ ਫਰਾਂਸ ਵਿੱਚ ਸਫਲਤਾ ਸਾਹਿਤ ਕੰਮ ਕਰ ਰਹੇ ਯੂਰਪੀਅਨ ਯੂਨਿਟਾਂ ਦਾ ਵਿਸਥਾਰ ਕਰਨਗੇ ਅਤੇ ਇਨ੍ਹਾਂ ਤੋਂ ਇਲਾਵਾ ਯੂਰਪ ਦੇ ਬਾਕੀ ਦੇਸ਼ਾਂ ਵਿੱਚ ਵੀ ਬਹੁਤ ਜਲਦੀ ਪਾਰਟੀ ਦੇ ਯੂਨਿਟ ਸਥਾਪਿਤ ਕੀਤੇ ਜਾਣਗੇ। ਇਸ ਸਬੰਧ ਵਿੱਚ ਸ਼੍ਰੋਮਣੀ ਅਕਾਲੀ ਦਲ ਦਾ ਇੱਕ ਡੈਲੀਗੇਸ਼ਨ ਵੀ ਅਗਲੇ ਮਹੀਨੇ ਯੂਰਪ ਦੇ ਦੌਰੇ 'ਤੇ ਆ ਰਿਹਾ ਹੈ, ਜਿਸ ਸਬੰਧੀ ਵਿਉਂਤਬੰਦੀ ਕੀਤੀ ਜਾ ਚੁੱਕੀ ਹੈ। ਪ੍ਰਧਾਨ ਭੱਟੀ ਨੇ ਕਿਹਾ ਉਹ ਆਪਣੇ ਯੂਰਪੀਅਨ ਸਾਥੀਆਂ ਜਗਵੰਤ ਸਿੰਘ ਲਹਿਰਾ, ਲਾਭ ਸਿੰਘ ਭੰਗੂ ਸਪੇਨ, ਜਸਵੰਤ ਸਿੰਘ ਭਦਾਸ, ਮਸਤਾਨ ਸਿੰਘ ਨੌਰਾ, ਲਖਵਿੰਦਰ ਸਿੰਘ ਡੋਗਰਾਂਵਾਲ, ਜਥੇਦਾਰ ਗੁਰਚਰਨ ਸਿੰਘ ਭੂੰਗਰਨੀ, ਜਗਜੀਤ ਸਿੰਘ ਫ਼ਤਿਹਗੜ੍ਹ, ਹਰਦੀਪ ਸਿੰਘ ਬੋਦਲ, ਜਸਪ੍ਰੀਤ ਸਿੰਘ ਅਟਵਾਲ ਅਤੇ ਸੁਰਜੀਤ ਸਿੰਘ ਮਾਣਾ ਆਦਿ ਦੇ ਸਹਿਯੋਗ ਨਾਲ ਪੂਰੇ ਯੂਰਪ ਅੰਦਰ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜ਼ਬੂਤ ਕਰਨਗੇ। ਉਨ੍ਹਾਂ ਕਿਹਾ ਪੰਜਾਬ ਦੌਰੇ ਦੌਰਾਨ ਉਨ੍ਹਾਂ ਵਲੋਂ ਬਹੁਤ ਸਾਰੇ ਲੋਕਾਂ ਨਾਲ ਗੱਲਬਾਤ ਕਰਨ ਤੋਂ ਬਾਅਦ ਇਹ ਗੱਲ ਚਿੱਟੇ ਦਿਨ ਵਾਂਗ ਸਾਫ ਹੋ ਗਈ ਹੈ ਕਿ ਆਉਣ ਵਾਲਾ ਸਮਾਂ ਸ਼੍ਰੋਮਣੀ ਅਕਾਲੀ ਦਲ ਦਾ ਹੀ ਹੈ ਅਤੇ ਸੁਖਬੀਰ ਸਿੰਘ ਬਾਦਲ ਹੀ 2027 ਵਿੱਚ ਸਰਕਾਰ ਬਣਾ ਕੇ ਪੰਜਾਬ ਦੇ ਰੁਕੇ ਹੋਏ ਵਿਕਾਸ ਨੂੰ ਦੁਬਾਰਾ ਲੀਹਾਂ 'ਤੇ ਲਿਆਉਣਗੇ।

# ਚੇਅਰਮੈਨ ਰੰਧਾਵਾ ਗੁ. ਗੁਰੂ ਕੀ ਬੇਰ ਸਾਹਿਬ ਸ਼ੁਕਰਾਨਾ ਕਰਨ ਪਹੁੰਚੇ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪੰਜਾਬ ਸਰਕਾਰ ਵੱਲੋਂ ਸੁਖਦੇਵ ਸਿੰਘ ਰੰਧਾਵਾ ਜਿਨ੍ਹਾਂ ਨੂੰ ਪੀਏਡੀਬੀ ਬੈਂਕ ਬਾਬਾ ਬਕਾਲਾ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ, ਗੁਰੂ ਘਰ ਦਾ ਸ਼ੁਕਰਾਨਾ ਕਰਨ ਲਈ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਪਾਤਸ਼ਾਹੀ ਛੇਵੀਂ ਬੋਪਾਰਾਏ ਮੱਤੇਵਾਲ ਵਿਖੇ ਪਹੁੰਚੇ ਜਿੱਥੇ ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਵਾਈ ਅਤੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਹੋਰਾਂ ਨੂੰ ਮਿਲ ਕੇ ਉਨ੍ਹਾਂ ਤੋਂ ਆਸ਼ੀਰਵਾਦ ਲਿਆ। ਇਸ ਮੌਕੇ ਗੱਲਬਾਤ ਕਰਦਿਆਂ ਸੁਖਦੇਵ ਸਿੰਘ ਰੰਧਾਵਾ ਨੇ ਕਿਹਾ ਕਿ ਉਹ ਪਾਰਟੀ ਹਾਈ ਕਮਾਂਡ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੇ ਬਹੁਤ ਰਿਣੀ ਹਨ ਜਿਨ੍ਹਾਂ ਨੇ ਉਨ੍ਹਾਂ ਨੂੰ ਇਹ ਅਹੁਦਾ ਦੇ ਕੇ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਹੈ ਅਤੇ ਉਹ ਇਸ ਸੇਵਾ ਨੂੰ ਬਹੁਤ ਹੀ ਤਨ ਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਦਰਵਾਜ਼ੇ ਲੋਕਾਂ ਦੀ ਸੇਵਾ ਲਈ ਹਰ ਵੇਲੇ ਖੁੱਲ੍ਹੇ ਹਨ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਨੇ ਸੁਖਦੀਪ ਸਿੰਘ ਰੰਧਾਵਾ ਤੇ ਉਨ੍ਹਾਂ ਦੇ ਸਾਥੀਆਂ ਨੂੰ ਵਧਾਈ ਦਿੰਦਿਆਂ ਸਰੋਪੇ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਅਜੀਤ ਸਿੰਘ, ਬਲਦੇਵ ਸਿੰਘ, ਪੰਚ ਪਰਗਟ ਸਿੰਘ, ਪ੍ਰਿੰਸੀਪਲ ਗੁਰਸੇਵਕ ਸਿੰਘ, ਬਲਰਾਜ ਸਿੰਘ ਰਾਜਾ, ਸੁਚਾ ਸਿੰਘ, ਬਾਬਾ ਜੱਸਾ ਸਿੰਘ, ਰਣਜੀਤ ਸਿੰਘ ਰਾਣਾ ਬਾਬੋਵਾਲ, ਜਗਰੂਪ ਸਿੰਘ ਬੋਪਾਰਾਏ, ਅਵਤਾਰ ਸਿੰਘ, ਮੇਜਰ ਸਿੰਘ, ਕੁਲਦੀਪ ਸਿੰਘ ਅਤੇ ਬਲਿਹਾਰ ਸਿੰਘ ਆਦਿ ਆਗੂ ਵੀ ਹਾਜ਼ਰ ਸਨ ।

# ਵਰਲਡ ਹੈਲਥ ਡੇਅ ਮੌਕੇ ਬੱਚਿਆਂ ਨੂੰ ਸਿਹਤ ਸੰਭਾਲ ਸੰਬੰਧੀ ਕੀਤਾ ਜਾਗਰੂਕ




ਮਜੀਠਾ (ਸੋਇਮ ਆਨੰਦ)-ਆਨੰਦ ਕਾਲਜ ਆਫ ਨਰਸਿੰਗ ਵਿੱਚ ਵਰਲਡ ਹੈਲਥ ਡੇ ਦੇ ਮੌਕੇ ਤੇ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਹਾਜ਼ਰੀ ਵਿੱਚ ਇੱਕ ਮਹੱਤਵਪੂਰਨ ਪੈਨਲ ਚਰਚਾ ਕਰਵਾਈ ਗਈ, ਜਿਸ ਵਿੱਚ ਸਿਹਤ ਨਾਲ ਸੰਬੰਧਿਤ ਵੱਖ-ਵੱਖ ਵਿਸ਼ਿਆਂ ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਪੈਨਲ ਚਰਚਾ ਦੌਰਾਨ ਫਿਜ਼ੀਕਲ ਹੈਲਥ, ਮੈਨਟਲ ਹੈਲਥ, ਸੋਸ਼ਲ ਹੈਲਥ ਅਤੇ ਵੈਕਸੀਨੇਸ਼ਨ ਵਰਗੇ ਅਹਿਮ ਮੁੱਦਿਆਂ 'ਤੇ ਵਿਸਤਾਰ ਨਾਲ ਗੱਲਬਾਤ ਹੋਈ।ਪੈਨਲ ਚਰਚਾ ਵਿੱਚ ਵਿਦਿਆਰਥੀਆਂ ਨੂੰ ਸਿਹਤ ਦੀ ਸੰਭਾਲ ਬਾਰੇ ਵੀ ਜਾਣਕਾਰੀ ਦਿੱਤੀ ਗਈ। ਮੈਂਟਲ ਹੈਲਥ ਬਾਰੇ ਗੱਲ ਕਰਦਿਆਂ ਵਿਦਵਾਨਾਂ ਨੇ ਮਨ ਦੀ ਸ਼ਾਂਤੀ, ਤਣਾਅ ਪ੍ਰਬੰਧਨ ਅਤੇ ਸਹੀ ਸੋਚ ਦੇ ਮਹੱਤਵ ਨੂੰ ਉਜਾਗਰ ਕੀਤਾ।ਸੋਸ਼ਲ ਹੈਲਥ ਦੇ ਸਬੰਧ ਵਿੱਚ ਸਮਾਜਿਕ ਸੰਬੰਧਾਂ ਅਤੇ ਸਮਾਜ ਨਾਲ ਜੁੜੇ ਰਹਿਣ ਦੀ ਲੋੜ ਬਾਰੇ ਜਾਣਕਾਰੀ ਦਿੱਤੀ ਗਈ।ਇਸ ਤੋਂ ਇਲਾਵਾ ਵੈਕਸੀਨੇਸ਼ਨ ਦੀ ਮਹੱਤਤਾ ਅਤੇ ਬਿਮਾਰੀਆਂ ਤੋਂ ਬਚਾਅ ਵਿੱਚ ਇਸਦੀ ਭੂਮਿਕਾ ਬਾਰੇ ਵੀ ਜਾਗਰੂਕ ਕੀਤਾ ਗਿਆ।ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਐੱਮ. ਐੱਮ. ਆਨੰਦ, ਵਾਈਸ ਚੇਅਰਮੈਨ ਡਾ. ਜੇ. ਐੱਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਯਾ ਪ੍ਰਕਾਸ਼ ਆਨੰਦ, ਪ੍ਰਿੰਸੀਪਲ ਰਚਨਾ ਕੁਮਾਰੀ, ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ ਅਤੇ ਵਾਈਸ ਪ੍ਰਿੰਸੀਪਲ ਰਮਨਜੀਤ ਕੌਰ ਨੇ ਵਿਦਿਆਰਥੀਆਂ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਭਵਿੱਖ ਵਿੱਚ ਵੀ ਅਜਿਹੇ ਜਾਗਰੂਕਤਾ ਪ੍ਰੋਗਰਾਮ ਕਰਵਾਉਣਾ ਸਾਡਾ ਮੁੱਖ ਟੀਚਾ ਹੈ। ਅੰਤ ਵਿੱਚ ਕਾਲਜ ਪ੍ਰਬੰਧਕਾਂ ਨੇ ਸਾਰੇ ਭਾਗੀਦਾਰਾਂ ਦਾ ਧੰਨਵਾਦ ਕੀਤਾ ਅਤੇ ਇਸ ਤਰ੍ਹਾਂ ਦੇ ਕਾਰਜਕ੍ਰਮਾਂ ਦੀ ਲੋੜ ਤੇ ਜ਼ੋਰ ਦਿੱਤਾ।ਪ੍ਰੋਗਰਾਮ ਓਬੀਜੀ ਡਿਪਾਰਟਮੈਂਟ ਦੇ ਅਧਿਆਪਕਾਂ ਡਾ: ਮਨਵਿੰਦਰ ਕੌਰ, ਸਾਕਸ਼ੀ ਸ਼ਰਮਾ, ਸਰਣ, ਪ੍ਰਿਯੰਕਾ, ਸਮਰੀਨ ਅਤੇ ਸੁਖਸ਼ਰਨ ਵੱਲੋਂ ਆਜੋਜਿਤ ਕਰਵਾਇਆ ਗਿਆ।

# ਖਾਲਸਾ ਕਾਲਜ ਮਹਿਤਾ ਦੇ ਕਾਮਰਸ ਵਿਭਾਗ ਦਾ ਨਤੀਜਾ ਰਿਹਾ ਸ਼ਾਨਦਾਰ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਬੀ.ਕਾਮ. ਸਮੈਸਟਰ ਪਹਿਲੇ ਦਾ ਨਤੀਜਾ ਸੌ ਫੀਸਦੀ ਰਿਹਾ। ਸੁਮਨਪ੍ਰੀਤ ਕੌਰ, ਗੁਰਲੀਨ ਕੌਰ, ਅਰਮਾਨਦੀਪ ਸਿੰਘ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਇਸਦੇ ਨਾਲ ਹੀ ਨਵਨੀਤ ਕੌਰ, ਜਪਜੀਤ ਕੌਰ, ਜੈਸਮੀਨ ਕੌਰ, ਸੰਦੀਪ ਕੌਰ, ਮਨਜਿੰਦਰ ਕੌਰ ਅਤੇ ਅਰਪਨਜੋਤ ਸਿੰਘ ਨੇ ਵਧੀਆ ਅੰਕ ਹਾਸਿਲ ਕੀਤੇ। ਇਸ ਮੌਕੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਖ਼ੁਸ਼ੀ ਜ਼ਾਹਿਰ ਕਰਦਿਆਂ ਵਿਦਿਆਰਥੀਆਂ ਦੇ ਨਾਲ-ਨਾਲ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਦਿਲ ਲਾ ਕੇ ਪੜ੍ਹਨ ਅਤੇ ਆਪਣੀ ਜ਼ਿੰਦਗੀ ਵਿੱਚ ਕਾਮਯਾਬ ਹੋਣ ਲਈ ਪ੍ਰੇਰਿਤ ਕੀਤਾ।ਇਸ ਸੁਭਾਗੇ ਮੌਕੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰ. ਜਤਿੰਦਰ ਸ਼ਰਮਾ, ਕੁਲਦੀਪ ਕੌਰ, ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ, ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ, ਨਵਨੀਤ ਕੌਰ, ਮਨਜੀਤ ਕੌਰ, ਗੁਰਵਿੰਦਰ ਕੌਰ, ਸੁਪ੍ਰੀਤ ਕੌਰ ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

# ਦਿਹਾਤੀ ਇਲਾਕੇ 'ਚ ਮੈਡੀਕਲ ਨਸ਼ਾ ਜ਼ੋਰਾਂ 'ਤੇ; ਪੁਲਸ ਪ੍ਰਸ਼ਾਸਨ ਨੇ ਅੱਖਾਂ ਮੀਟੀਆਂ





ਚਵਿੰਡਾ ਦੇਵੀ (ਖੁਸ਼ਹਾਲ-ਪਟਾਕਾ)-ਦਿਹਾਤੀ ਇਲਾਕਿਆਂ ਵਿੱਚ ਦੇਸੀ ਸ਼ਰਾਬ, ਮੈਡੀਕਲ ਨਸ਼ਾ ਹਰ ਗਲੀ ਅਤੇ ਮੋੜ 'ਤੇ ਵਿਕ ਰਿਹਾ ਹੈ ਪਰ ਇਸ ਵੱਲ ਪੁਲਸ ਵਿਭਾਗ ਜਾਂ ਸਿਹਤ ਵਿਭਾਗ ਧਿਆਨ ਨਹੀਂ ਦੇ ਰਿਹਾ।ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਨਸ਼ਿਆਂ ਦੇ ਖਿਲਾਫ ਮੁਹਿੰਮ ਤਾਂ ਚਲਾਈ ਗਈ ਪਰ ਹੇਠਲੇ ਪੱਧਰ 'ਤੇ ਪੁਲਸ ਕਰਮਚਾਰੀ ਅਤੇ ਸਿਹਤ ਵਿਭਾਗ ਇਸ ਮੁਹਿੰਮ ਨੂੰ ਕਾਮਯਾਬ ਨਹੀਂ ਹੋਣ ਦੇ ਰਹੇ ਜਿਸ ਕਾਰਨ ਇਹ ਨਸ਼ਾ ਦਿਨੋਂ ਦਿਨ ਵੱਧ ਫੁੱਲ ਰਿਹਾ ਹੈ।ਨਸ਼ੇ ਦਾ ਨਜ਼ਾਰਾ ਮਜੀਠਾ ਹਲਕੇ 'ਚ ਪੈਂਦੇ ਪਿੰਡ ਕੱਥੋਨੰਗਲ ਦੀ ਸ਼ਮਸ਼ਾਨ ਘਾਟ 'ਚ ਦੇਖਣ ਨੂੰ ਮਿਲਿਆ ਜਿੱਥੇ ਨਸ਼ੇੜੀ ਸ਼ਰੇਆਮ ਦਰੀਆਂ ਵਿਛਾ ਕੇ ਪੱਕੇ ਰੈਣ ਵਸੇਰੇ ਬਣਾ ਕੇ ਨਸ਼ੀਲੇ ਪਦਾਰਥਾਂ ਦੇ ਟੀਕੇ ਲਗਾ ਰਹੇ ਸਨ।ਪੁੱਛਿਆ ਤਾਂ ਉਨ੍ਹਾਂ ਦੱਸਿਆ ਕਿ ਸਾਨੂੰ ਪਿੰਡ ਦੇ ਸਰਪੰਚ ਨੇ ਰਹਿਣ ਲਈ ਇਹ ਜਗ੍ਹਾ ਦਿੱਤੀ ਹੈ। ਇਸ ਸਬੰਧੀ ਪਿੰਡ ਕੱਥੋਨੰਗਲ ਦੇ ਸਰਪੰਚ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਮੈਂ ਜਾ ਕੇ ਦੇਖਦਾ ਹਾਂ ਕਿ ਉਹ ਕੌਣ ਹਨ। ਜਦੋਂ ਸਰਪੰਚ ਨੂੰ ਪੁੱਛਿਆ ਕਿ ਤੁਸੀਂ ਇਨ੍ਹਾਂ ਨੂੰ ਰਹਿਣ ਲਈ ਆਗਿਆ ਦਿੱਤੀ ਹੈ ਤਾਂ ਉਨ੍ਹਾਂ ਕਿਹਾ ਕਿ ਅਸੀਂ ਪੁਲਸ ਭੇਜੀ ਪਰ ਇਹ ਭੱਜ ਜਾਂਦੇ ਹਨ।ਮਾਮਲਾ ਸ਼ੱਕੀ ਲੱਗਦਾ ਹੈ। ਇਸ ਸਬੰਧੀ ਐੱਸਐੱਚਓ ਕਥੂਨੰਗਲ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਇਸੇ ਵਕਤ ਜਾ ਕੇ ਉਨ੍ਹਾਂ ਨੂੰ ਹਿਰਾਸਤ 'ਚ ਲਿਆ ਹੈ, ਅਗਲੀ ਕਾਰਵਾਈ ਕਰਦਾ ਹਾਂ।ਇਸ ਸਬੰਧੀ ਸੀ. ਪੀ. ਆਈ. ਦੇ ਸਹਾਇਕ ਸਕੱਤਰ ਕਾਮਰੇਡ ਬਲਕਾਰ ਸਿੰਘ ਦੁਧਾਲਾ ਨੇ ਕਿਹਾ ਕਿ ਦਿਹਾਤੀ ਇਲਾਕੇ 'ਚ ਮੈਡੀਕਲ ਨਸ਼ਾ, ਹੈਰੋਇਨ, ਸਮੈਕ, ਜ਼ਹਿਰੀਲੀ ਸ਼ਰਾਬ ਬਹੁਤ ਵੱਡੇ ਪੱਧਰ 'ਤੇ ਵਿਕ ਰਹੀ ਹੈ ਅਤੇ ਨੌਜਵਾਨਾਂ ਦੇ ਜੀਵਨ ਨਾਲ ਖਿਲਵਾੜ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਸਾਰਾ ਕੁੱਛ ਪੁਲਸ ਪ੍ਰਸ਼ਾਸਨ ਦੀ ਮਿਲੀਭੁਗਤ ਨਾਲ ਚੱਲ ਰਿਹਾ।

## ਨੌਜਵਾਨ ਨਸ਼ੇ ਛੱਡ ਕੇ ਪੰਜਾਬ ਦਾ ਨਾਂਅ ਰੌਸ਼ਨ ਕਰਨ: ਯੂਥ ਪ੍ਰਧਾਨ ਗੁਰਪ੍ਰੀਤ ਸਿੰਘ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਐੱਮ. ਐੱਲ. ਏ. ਮਨਜਿੰਦਰ ਸਿੰਘ ਲਾਲਪੁਰਾ (ਯੂਥ ਵਿੰਗ ਪੰਜਾਬ ਦੇ ਪ੍ਰਧਾਨ) ਵੱਲੋਂ ਮਿਟਿੰਗ ਕੀਤੀ ਗਈ ਜਿਸ ਵਿੱਚ ਜੋਇੰਟ ਸੈਕਟਰੀ ਬਲਜਿੰਦਰ ਸਿੰਘ ਹਲਕਾ ਜੰਡੀਆਲਾ-ਮਜੀਠਾ, ਕੁਆਡੀਨੇਟਰ ਅਤੇ ਬਲਾਕ ਪ੍ਰਧਾਨ ਵੀ ਹਾਜ਼ਰ ਸਨ।ਇਸ ਮੌਕੇ ਉਨ੍ਹਾਂ ਹਲਕੇ ਦੇ ਸਮੁੱਚੇ ਯੂਥ ਨੂੰ ਅਪੀਲ ਕੀਤੀ ਕਿ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ ਤੇ ਆਪਣੇ ਦੇਸ਼ ਤੇ ਪੰਜਾਬ ਦਾ ਨਾਂ ਰੌਸ਼ਨ ਕਰਨ। ਉਨ੍ਹਾਂ ਕਿਹਾ ਕਿ ਆਪ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਸਬੰਧੀ ਵਧੀਆ ਸਾਫ-ਸੁਥਰੀ ਗਰਾਊਂਡ ਅਤੇ ਖੇਡ ਕਿੱਟਾਂ ਵੀ ਵੰਡੀਆਂ ਜਾਣਗੀਆ।ਜੋਇੰਟ ਸੈਕਟਰੀ ਬਲਜਿੰਦਰ ਸਿੰਘ ਹਲਕਾ ਜੰਡੀਆਲਾ-ਮਜੀਠਾ ਨੇ ਕਿਹਾ ਕਿ ਆਪ ਸਰਕਾਰ ਵੱਲੋਂ ਨਸ਼ਿਆਂ ਨੂੰ ਰੋਕਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਯੂਥ ਨੂੰ ਮਾਨ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਦਾ ਸਾਥ ਦੇਣਾ ਚਾਹੀਦਾ ਹੈ ਤਾਂ ਜੋ ਨਸ਼ੇ ਦੇ ਤਸਕਰਾਂ ਨੂੰ ਠੱਲ੍ਹ ਪਾਈ ਜਾ ਸਕੇ। ਇਸ ਮੌਕੇ ਹਲਕਾ ਮਜੀਠਾ ਦੇ ਸੀਨੀਅਰ ਆਪ ਆਗੂ ਤੇ ਯੂਥ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਫੌਜੀ ਨੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨਾਲ ਵਿਸ਼ੇਸ਼ ਮੁਲਾਕਾਤ ਕਰਕੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਯੂਥ ਨਾਲ ਜੋ ਆਪਣੇ ਵਿਚਾਰ ਸਾਂਝੇ ਕੀਤੇ ਉਨ੍ਹਾਂ ਦੀ ਸ਼ਲਾਘਾ ਕੀਤੀ।ਮਿਟਿੰਗ ਵਿੱਚ ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ, ਦਲੇਰ ਸਿੰਘ ਵਾਈਸ ਪ੍ਰਧਾਨ ਹਾਜ਼ਰ ਸਨ।

## ਪੰਜਾਬ ਸਰਕਾਰ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਸੁਹਿਰਦ ਰਵੱਈਆ ਅਪਨਾਵੇ: ਸੁਖਦੇਵ ਸਿੰਘ ਪੰਨੂੰ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਮੁਲਾਜ਼ਮ ਤੇ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ (ਰਜਿ) ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਸੁਖਦੇਵ ਸਿੰਘ ਪੰਨੂੰ ਨੇ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ 'ਚ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਮੰਨਣ ਪ੍ਰਤੀ ਅਪਣਾਈ ਨਾਂਹ ਪੱਖੀ ਨੀਤੀ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੌਰਾਨ ਪੰਜਾਬ ਦੇ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਅਤੇ ਖਾਸ ਕਰਕੇ ਪੈਂਡਿੰਗ ਪਏ 16% ਡੀ. ਏ. ਪ੍ਰਾਪਤੀ ਲਈ ਰੋਜ਼ਾਨਾ ਮੁਹਾਲੀ ਵਿਖੇ ਰੈਲੀਆਂ ਕਰਨ ਉਪਰੰਤ ਵਿਧਾਨ ਸਭਾ ਵੱਲ ਮਾਰਚ ਕੀਤਾ ਜਾਂਦਾ ਰਿਹਾ, ਪਰ ਸਰਕਾਰ ਦੇ ਕੰਨਾਂ 'ਤੇ ਜੂੰ ਤੱਕ ਨਹੀਂ ਸਰਕੀ।ਸਰਕਾਰ ਵੱਲੋਂ ਰੋਸ ਮਾਰਚਾਂ ਉਪਰ ਰੋਜ਼ਾਨਾ ਤਸ਼ੱਦਦ ਕੀਤਾ ਜਾਂਦਾ ਰਿਹਾ, ਪਰ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦਾ ਜੋਸ਼ ਪਹਿਲਾਂ ਦੀ ਤਰਾਂ ਬਰਕਰਾਰ ਰਿਹਾ।ਜਨਰਲ ਸਕੱਤਰ ਚਰਨ ਸਿੰਘ ਸੰਧੂ ਨੇ ਸਰਕਾਰ ਤੋਂ ਮੰਗ ਕੀਤੀ ਕਿ ਮਿਤੀ 1-1-16 ਤੋਂ ਪੈਨਸ਼ਨਾਂ 2 59 ਦੇ ਗੁਣਾਂਕ ਨਾਲ ਸੋਧੀਆਂ ਜਾਣ ਅਤੇ ਮਿਤੀ 1-1-16 ਤੋਂ ਸੋਧੀਆਂ ਪੈਨਸ਼ਨਾਂ ਦਾ ਬਕਾਇਆ ਯਕਮੁਸ਼ਤ ਦਿੱਤਾ ਜਾਵੇ, ਕੇਂਦਰ ਅਤੇ ਗੁਆਂਢੀ ਸੂਬਿਆਂ ਦੀ ਤਰਜ਼ ਤੇ ਡੀ.ਏ. ਦੀਆਂ ਹੁਣ ਤਕ ਦੀਆਂ ਰਹਿੰਦੀਆਂ ਕਿਸ਼ਤਾਂ 16 ਪ੍ਰਤੀਸ਼ਤ ਤੁਰੰਤ ਜਾਰੀ ਕੀਤੀਆਂ ਜਾਣ ਅਤੇ ਪਹਿਲਾਂ ਜਾਰੀ ਕੀਤੀਆਂ ਕਿਸ਼ਤਾਂ ਦਾ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ, ਮੈਡੀਕਲ ਭੱਤਾ ਪ੍ਰਤੀ ਮਹੀਨਾ 2000 ਰੁਪਏ ਕੀਤਾ ਜਾਵੇ ਅਤੇ ਅਦਾਲਤਾਂ ਵੱਲੋਂ ਸਮੇਂ ਸਮੇਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਦਿੱਤੇ ਫ਼ੈਸਲਿਆਂ ਨੂੰ ਲਾਗੂ ਕੀਤਾ ਜਾਵੇ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸੁਖਦੇਵ ਸਿੰਘ ਸਮਰਾ, ਤਰਲੋਕ ਸਿੰਘ ਕਾਹਲੋਂ ਪਰਵਿੰਦਰ ਸਿੰਘ, ਜਸਮੇਲ ਸਿੰਘ, ਰਣਜੀਤ ਸਿੰਘ, ਵਰਿੰਦਰ ਕੁਮਾਰ, ਅਵਿਨਾਸ਼ ਕੁਮਾਰ, ਵਿਮਲ ਕੁਮਾਰ, ਸਵਿੰਦਰ ਪਾਲ ਸਿੰਘ, ਹਰਜਿੰਦਰ ਸਿੰਘ ਵੇਰਕਾ, ਬਾਬਾ ਨਰਿੰਦਰ ਸਿੰਘ , ਅਮਰੀਕ ਸਿੰਘ, ਮਨਮੋਹਣ ਸਿੰਘ, ਕੰਵਲਜੀਤ ਸਿੰਘ ਬੱਲ, ਪ੍ਰਿਤਪਾਲ ਸਿੰਘ ਬਿਟਾ, ਮਹਿੰਦਰ ਪਾਲ, ਓਮ ਪ੍ਰਕਾਸ਼, ਅਸ਼ਵਨੀ ਕੁਮਾਰ, ਸਤਨਾਮ ਸਿੰਘ, ਜਗਦੀਸ਼ ਰਾਜ, ਬਿਹਾਰੀ ਲਾਲ, ਕਾਰਜ ਸਿੰਘ, ਨਰਾਇਣ ਦਾਸ, ਰਵਿੰਦਰ ਨਾਥ, ਸਤਪਾਲ, ਸੁਰੇਸ਼ ਕੁਮਾਰ, ਸਤਨਾਮ ਸਿੰਘ, ਸੁਖਵੰਤ ਸਿੰਘ ਔਲਖ, ਜਸਪਾਲ ਸਿੰਘ, ਰਘਬੀਰ ਸਿੰਘ ਬੱਲ, ਸਵਰਨ ਸਿੰਘ, ਮਿਲਖਾ ਸਿੰਘ, ਕੁਲਦੀਪ ਸਿੰਘ, ਦੇਸ ਰਾਜ, ਸ਼ਿਵ ਕੁਮਾਰ, ਬਲਵਿੰਦਰ ਸਿੰਘ, ਰਮੇਸ਼ ਕੁਮਾਰ ਭਲਾ, ਹਰਵਿੰਦਰ ਪਾਲ ਸਿੰਘ, ਨਰਿੰਦਰ ਸਿੰਘ ਗਿੱਲ, ਹਰਭਜਨ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਪੈਨਸ਼ਨਰ ਹਾਜ਼ਰ ਸਨ।

## ਬੇਮੌਸਮੇ ਮੀਂਹ ਨੇ ਕਣਕ ਕੀਤੀ ਤਬਾਹ, ਕਿਸਾਨਾਂ ਦੇ ਚਿਹਰੇ ਮੁਰਝਾਏ

ਭਲਾਣ (ਹਰਭਜਨ ਢਿਲੋਂ)-ਹਾੜੀ ਦੀ ਫਸਲ ਕਣਕ ਬੇਮੌਸਮੇ ਮੀਂਹ ਨੇ ਤਬਾਹ ਕਰ ਦਿੱਤੀ ਹੈ। ਮੀਹ ਦੀ ਭੇਂਟ ਚੜੀਆਂ ਕਿਸਾਨਾਂ ਦੀਆਂ ਫਸਲਾਂ ਧਰਤੀ ਤੇ ਵਿਛੀਆ ਹੋਈਆਂ ਕਣਕ ਤੇ ਝਾੜਦਾ ਅਸਰ ਪਾਉਣਗੀਆਂ। ਜ਼ਿਕਰਯੋਗ ਹੈ, ਕਿ ਬੀਤੀ ਰਾਤ ਅਤੇ ਅੱਜ ਪੂਰਾ ਦਿਨ ਲਗਾਤਾਰ ਮੀਂਹ ਪੈ ਰਿਹਾ ਹੈ। ਕਿਸਾਨਾਂ ਦੀ ਖੇਤਾਂ ਵਿੱਚ ਖੜੀ ਹੋਈ ਕਣਕ ਦੀ ਫਸਲ ਤੇਜ਼ ਹਵਾਵਾਂ ਚੱਲਣ ਨਾਲ ਧਰਤੀ ਤੇ ਵਿਛ ਗਈ ਹੈ। ਕੁਝ ਕਿਸਾਨਾਂ ਵੱਲੋਂ ਵੱਢੀ ਗਈ ਕਣਕ ਦੀ ਫਸਲ ਜੋ ਧਰਤੀ ਤੇ ਵਿਛੀ ਪਈ ਹੈ, ਮੀਂਹ ਦੇ ਪਾਣੀ ਨਾਲ ਡੁੱਬ ਰਹੀ ਹੈ। ਕਿਸਾਨਾਂ ਲਈ ਨਾ ਤੂੜੀ ਨਾ ਕਣਕ ਪੱਲੇ ਪੈਣ ਦੀ ਆਸ ਹੈ। ਇਸ ਕਾਰਨ ਫਸਲ ਦੇ ਝਾੜ ਵਿੱਚ ਵੱਡੀ ਗਿਰਾਵਟ ਆਉਣ ਦਾ ਖਦਸ਼ਾ ਜਤਾਇਆ ਜਾ ਰਿਹਾ। ਇਸ ਬੇਮੌਸਮੇ ਮੀਂਹ ਪੈਂਦੇ ਨੂੰ ਦੇਖ ਕਿਸਾਨਾਂ ਨੇ ਕਿਹਾ ਕਿ ਖੇਤੀ ਹੁਣ ਘਾਟੇ ਦਾ ਸੌਦਾ ਸਾਬਤ ਹੋ ਰਹੀ ਹੈ। ਮਹਿੰਗੀ ਖਾਦ, ਕੀਟਨਾਸ਼ਕਾਂ ਅਤੇ ਡੀਜ਼ਲ ਦੇ ਖਰਚੇ ਕੱਢਣਾ ਵੀ ਮੁਸ਼ਕਲ ਹਨ। ਉਹਨਾਂ ਕਿਹਾ ਕਿ ਬੇਰੁਜ਼ਗਾਰੀ ਹੋਣ ਕਾਰਨ ਅਸੀਂ ਖੇਤੀ ਛੱਡ ਵੀ ਨਹੀਂ ਸਕਦੇ। ਇਹ ਨੁਕਸਾਨ ਸਿਰਫ ਕਣਕ ਦਾ ਨਹੀਂ ਹੋਇਆ ਸਗੋਂ ਪਸ਼ੂਆਂ ਲਈ ਕਣਕ ਤੋਂ ਬਣਨ ਵਾਲੀ ਤੂੜੀ ਤੇ ਵੀ ਇਸ ਮੀਂਹ ਦਾ ਬੁਰਾ ਅਸਰ ਪਿਆ ਹੈ। ਫਸਲ ਖਰਾਬ ਹੋਣ ਨਾਲ ਆਉਣ ਵਾਲੇ ਦਿਨਾਂ ਵਿੱਚ ਪਸ਼ੂਆਂ ਲਈ ਸੁੱਕੇ ਚਾਰੇ ਦਾ ਵੀ ਸੰਕਟ ਪੈਦਾ ਹੋ ਸਕਦਾ ਹੈ। ਪੀੜਤ ਕਿਸਾਨਾਂ ਨੇ ਸਰਕਾਰ ਅੱਗੇ ਗੁਹਾਰ ਲਗਾਈ ਹੈ ਕਿ ਉਹਨਾਂ ਦੀ ਖਰਾਬ ਹੋਈ ਫਸਲਾਂ ਦੀ ਗਿਰਦਾਵਰੀ ਕਰਵਾਈ ਜਾਵੇ।

# ਮਜ਼ਦੂਰਾਂ ਨੂੰ ਲੇਬਰ ਕਾਰਡ ਬਣਾਉਣ ਵਾਸਤੇ ਆਪ ਅੱਗੇ ਆਉਣਾ ਚਾਹੀਦਾ : ਕਾਮਰੇਡ ਦੁਧਾਲਾ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਇਲਾਕਾ ਕਮੇਟੀ ਸੀ. ਪੀ. ਆਈ. ਬਲਾਕ ਮਜੀਠਾ ਦੀ ਮੀਟਿੰਗ ਰਮੇਸ਼ ਕੁਮਾਰ ਲੈਹਰਕਾ ਦੀ ਪ੍ਰਧਾਨਗੀ ਹੇਠ ਕੀਤੀ ਗਈ ਜਿਸਨੂੰ ਜ਼ਿਲ੍ਹਾ ਆਗੂ ਗੁਰਦੀਪ ਸਿੰਘ ਗੁਰੂਵਾਲੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਹੁਣ ਤੱਕ ਦੇ ਰਾਜ ਪ੍ਰਬੰਧ ਵਿੱਚ ਸਰਕਾਰਾਂ ਮਜ਼ਦੂਰਾਂ ਨਾਲ ਸਦਾ ਧੱਕਾ ਕਰਦੀਆਂ ਰਹੀਆਂ ਹਨ। ਮਜ਼ਦੂਰਾਂ ਨੂੰ ਮਕਾਨ ਬਣਾਉਣ ਜੋਗਾ ਥਾਂ ਵੀ ਨਹੀਂ ਦਿੱਤਾ ਜਾ ਰਿਹਾ। ਸਰਕਾਰਾਂ ਨੇ ਮਜ਼ਦੂਰਾਂ ਵਿਰੋਧੀ ਕਾਨੂੰਨ ਬਣਾ ਕੇ ਪੇਂਡੂ ਮਜ਼ਦੂਰਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਕਾਮਰੇਡ ਗੁਰਦੀਪ ਸਿੰਘ ਨੇ ਦੱਸਿਆ ਕਿ ਨਰੇਗਾ ਕਾਨੂੰਨ ਤਹਿਤ ਕੰਮ ਲੈਣ ਵਾਸਤੇ ਅਰਜ਼ੀਆਂ ਦਿੱਤੀਆਂ ਜਾਣ। ਜੇਕਰ ਸਰਕਾਰ ਕੰਮ ਨਹੀਂ ਦਿੰਦੀ ਤਾਂ ਕੰਮ ਨਾ ਦੇਣ ਦਾ ਭੱਤਾ ਦਿੱਤਾ ਜਾਵੇ। ਇਸ ਮੀਟਿੰਗ ਨੂੰ ਸੀਪੀਆਈ ਦੇ ਮਜੀਠਾ ਸੈਕਟਰੀ ਕਾਮਰੇਡ ਬਲਕਾਰ ਸਿੰਘ ਦੁਧਾਲਾ ਨੇ ਕਿਹਾ ਕਿ ਮਜ਼ਦੂਰਾਂ ਨੂੰ ਆਪ ਆਪਣੇ ਲੇਬਰ ਕਾਰਡ ਬਣਾਉਣ ਵਾਸਤੇ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਸਰਕਾਰਾਂ ਵੱਲੋਂ ਮਿਲਦੀਆਂ ਰਿਆਇਤਾਂ ਪ੍ਰਾਪਤ ਕੀਤੀਆਂ ਜਾਣ। ਇਸੇ ਤਰ੍ਹਾਂ ਮਜ਼ਦੂਰਾਂ ਨੂੰ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਈ ਕਰਵਾਈ ਜਾਵੇ ਤਾਂ ਜੋ ਸਾਡੇ ਬੱਚੇ ਤਰੱਕੀਆਂ ਕਰ ਸਕਣ।

ਇਸ ਮੀਟਿੰਗ ਵਿਚ ਕਾਮਰੇਡ ਸੁਖਵਿੰਦਰ ਸਿੰਘ, ਜਤਿੰਦਰ ਸਿੰਘ ਚਵਿੰਡਾ ਦੇਵੀ, ਸੱਤਪਾਲ, ਹੀਰਾ ਸਿੰਘ, ਸ਼ਾਮ ਲਾਲ ਲੈਹਰਕਾ, ਗੁਰਜੀਤ ਸਿੰਘ ਜੇਠੂਵਾਲ, ਮੇਜਰ ਸਿੰਘ ਅਬਦਾਲ, ਪ੍ਰਕਾਸ ਸਿੰਘ ਕੈਰੋਨੰਗਲ, ਹਰਦੀਪ ਸਿੰਘ ਹਦਾਇਤਪੁਰ, ਰਛਪਾਲ ਸਿੰਘ ਤਲਵੰਡੀ ਦਸੌਂਧਾ ਸਿੰਘ, ਜਸਵੰਤ ਸਿੰਘ, ਸ਼ਿੰਗਾਰਾ ਸਿੰਘ ਮੁੱਗੋਸੋਹੀ, ਲਵਪ੍ਰੀਤ ਸਿੰਘ ਸੈਹਣੇਵਾਲੀ ਹਾਜ਼ਰ ਹੋਏ।ਅਖੀਰ ਵਿਚ ਰਮੇਸ਼ ਲੈਹਰਕਾ ਨੇ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਪਹਿਲੀ ਮਈ ਨੂੰ ਮਜ਼ਦੂਰ ਦਿਹਾੜਾ ਮਨਾਉਣ ਬਾਰੇ ਵੀ ਲਾਮਬੰਦੀ ਦਾ ਹੋਕਾ ਦਿੱਤਾ।

## ਮੀਂਹ ਤੇ ਗੜੇਮਾਰੀ ਨਾਲ ਕਿਸਾਨ ਪ੍ਰਭਾਵਿਤ, ਮੰਡੀਆਂ 'ਚ ਪ੍ਰਬੰਧ ਅਧੂਰੇ: ਭਰੋਵਾਲ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਰਮਨਦੀਪ ਸਿੰਘ ਭਰੋਵਾਲ ਨੇ ਸਾਥੀਆਂ ਸਮੇਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਬੇਮੌਸਮੀ ਮੀਂਹ ਅਤੇ ਗੜੇਮਾਰੀ ਨਾਲ ਕਣਕ ਦੀ ਫਸਲ ਦਾ ਭਾਰੀ ਨੁਕਸਾਨ ਹੋਇਆ ਹੈ। ਸੂਬੇ ਦੇ ਕਿਸਾਨ ਇਸ ਸਮੇਂ ਭਾਰੀ ਸੰਕਟ ਦਾ ਸਾਹਮਣਾ ਕਰ ਰਹੇ ਹਨ। ਸੂਬੇ 'ਚ ਲਗਭਗ 1.25 ਲੱਖ ਏਕੜ ਵਿੱਚ ਫ਼ਸਲ ਦਾ ਨੁਕਸਾਨ ਹੋਇਆ ਹੈ ਅਤੇ ਘੱਟੋ-ਘੱਟ 7 ਜ਼ਿਲ੍ਹਿਆਂ ਵਿੱਚ ਹਾਲਾਤ ਬਹੁਤ ਗੰਭੀਰ ਬਣੇ ਹੋਏ ਹਨ।ਮੰਡੀਆਂ ਵਿੱਚ ਫ਼ਸਲ ਦੀ ਆਮਦ ਸ਼ੁਰੂ ਹੋਣ ਦੇ ਬਾਵਜੂਦ ਖੁੱਲ੍ਹੇ ਅਸਮਾਨ ਹੇਠਾਂ ਪਈ ਫ਼ਸਲ ਮੀਂਹ ਨਾਲ ਭਿੱਜ ਕੇ ਖਰਾਬ ਹੋ ਰਹੀ ਹੈ, ਜਿਸ ਨਾਲ ਕਿਸਾਨਾਂ ਦੀ ਸਾਲ ਭਰ ਦੀ ਮਿਹਨਤ ਬਰਬਾਦ ਹੋ ਰਹੀ ਹੈ।ਖਡੂਰ ਸਾਹਿਬ ਵਿਧਾਨ ਸਭਾ ਹਲਕੇ ਦੇ ਕਈ ਪਿੰਡਾਂ 'ਚ ਵੀ ਕਣਕ ਦੀ ਫਸਲ ਬੁਰੀ ਤਰਾਂ ਪ੍ਰਭਾਵਿਤ ਹੋਈ ਹੈ। ਸਰਕਾਰ ਨੇ ਪਿਛਲੇ ਨੁਕਸਾਨਾਂ ਦਾ ਮੁਆਵਜ਼ਾ ਵੀ ਨਹੀਂ ਦਿੱਤਾ ਜਦਕਿ ਸਿਰਫ ਬਿਆਨਬਾਜ਼ੀ ਹੀ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਗਿਰਦਾਵਰੀ ਦੇ ਆਧਾਰ 'ਤੇ ਕਿਸਾਨਾਂ ਨੂੰ ਬਿਨਾਂ ਕਿਸੇ ਦੇਰੀ ਦੇ ਯੋਗ ਅਤੇ ਪੂਰਾ ਮੁਆਵਜ਼ਾ ਦਿੱਤਾ ਜਾਣਾ ਚਾਹੀਦਾ ਹੈ।ਇਸ ਮੌਕੇ ਉਨ੍ਹਾਂ ਨਾਲ ਗੁਰਬਿੰਦਰ ਸਿੰਘ ਸੰਧੂ, ਚੈਂਚਲ ਸਿੰਘ ਮੈਂਬਰ, ਅਮਰਜੀਤ ਸਿੰਘ, ਬਾਬਾ ਸੁਰਜੀਤ ਸਿੰਘ, ਜੁਗਰਾਜ ਸਿੰਘ ਸੋਨਾ, ਮਨਜੀਤ ਸਿੰਘ ਸੰਧੂ, ਦਲਜੀਤ ਸਿੰਘ ਸੰਧੂ, ਪਾਖਰ ਸਿੰਘ ਸੰਧੂ ਆਦਿ ਹਾਜ਼ਰ ਸਨ।



## 11 ਦੀ ਸੰਗਰੂਰ ਰੈਲੀ 'ਚ ਭਰਵੀਂ ਸ਼ਮੂਲੀਅਤ ਕਰਨ ਦਾ ਸੱਦਾ



ਪੱਟੀ, (ਬਲਦੇਵ ਸਿੰਘ ਸੰਧੂ)-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ ਨੂੰ 295 ਜ਼ਿਲਾ ਤਰਨਤਾਰਨ ਦੇ ਬਲਾਕ ਪੱਟੀ ਦੀ ਹੰਗਾਮੀ ਮੀਟਿੰਗ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਪੱਟੀ ਮੋੜ ਵਿਖੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਹੋਈ।ਮੀਟਿੰਗ 'ਚ ਜ਼ਿਲਾ ਸਰਪ੍ਰਸਤ ਸ਼ਮਸ਼ੇਰ ਸਿੰਘ ਬਾਜਵਾ ਨੇ ਏਜੰਡਿਆਂ ਤੋਂ ਜਾਣੂ ਕਰਵਾਇਆ।

ਉਪਰੰਤ ਵਿਛੜੀਆਂ ਰੂਹਾਂ ਨੂੰ ਯਾਦ ਕਰਦਿਆਂ ਦੋ ਮਿੰਟ ਦਾ ਮੌਨ ਰੱਖਿਆ ਗਿਆ।11 ਅਪ੍ਰੈਲ ਦਿਨ ਸ਼ਨੀਵਾਰ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਵਾਸਤੇ ਸੂਬਾ ਪੱਧਰੀ ਜੋ ਰੈਲੀ ਰੱਖੀ ਗਈ ਹੈ, ਉਸ ਵਿੱਚ ਸਾਥੀਆਂ ਨੂੰ ਹਾਜ਼ਰੀਆਂ ਭਰਨ ਦੀ ਅਪੀਲ ਕੀਤੀ। ਇਸ ਮੌਕੇ ਬਲਾਕ ਪ੍ਰਧਾਨ ਜੈਮਲ ਸਿੰਘ ਨੇ ਰੈਲੀ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਬੇਨਤੀ ਕੀਤੀ।ਇਸ ਮੌਕੇ ਮੀਡੀਆ ਇੰਚਾਰਜ ਦਵਿੰਦਰ ਸਿੰਘ ਤੁੰਗ, ਯਾਦਵਿੰਦਰ ਸਿੰਘ ਤੁੰਗ, ਸੁਖਵਿੰਦਰ ਸਿੰਘ ਬੱਬੂ, ਬਲਵਿੰਦਰ ਸਿੰਘ ਦੁਬਲੀ, ਸੰਦੀਪ ਕੁਮਾਰ ਕੋਟ ਬੁੱਢਾ, ਪ੍ਰਤਾਪ ਸਿੰਘ ਸਭਰਾ, ਗੁਰਜੰਟ ਸਿੰਘ ਸਭਰਾ, ਬਲਕਾਰ ਸਿੰਘ, ਰਾਜਪ੍ਰੀਤ ਸਿੰਘ ਭੱਗੂਪੁਰ, ਪ੍ਰਭਜੀਤ ਸਿੰਘ ਬਾਠ, ਬਲਜੀਤ ਸਿੰਘ ਬੱਠੇ ਭੈਣੀ, ਸਰਦਾਰਾ ਸਿੰਘ, ਗੁਰਚੇਤ ਸਿੰਘ ਚੂਸਲੇਵੜ, ਲਖਵਿੰਦਰ ਸਿੰਘ, ਸਤਨਾਮ ਸਿੰਘ, ਸੁਰਜੀਤ ਸਿੰਘ ਬੰਗਲਾ ਰਾਏ, ਜਸਪਾਲ ਸਿੰਘ ਖੈਰ ਦੀ, ਗੁਰਜੀਤ ਸਿੰਘ ਮਾਣਕਪੁਰ ਆਦਿ ਹਾਜ਼ਰ ਸਨ।

# ਰਿਆੜਕੀ ਪਬਲਿਕ ਸਕੂਲ ਵਿਖੇ ਅਰਦਾਸ ਦਿਵਸ ਵਜੋਂ ਨਵੇਂ ਸੈਸ਼ਨ ਦਾ ਆਗਾਜ਼



ਧਾਰੀਵਾਲ, (ਮਨਦੀਪ ਵਿੱਕੀ)-ਜ਼ਿਲ੍ਹਾ ਗੁਰਦਾਸਪੁਰ ਦੀ ਮਾਣਮੱਤੀ ਅਤੇ ਸਿਰਮੌਰ ਸੰਸਥਾ ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ, ਤੁਗਲਵਾਲਾ ਨੇ ਡਾਕਟਰ ਐੱਮ. ਐੱਸ. ਰੰਧਾਵਾ ਆਡੀਟੋਰੀਅਮ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਹਜ਼ੂਰੀ ਵਿੱਚ ਨਵੇਂ ਅਕਾਦਮਿਕ ਸੈਸ਼ਨ 2026-27 ਦੀ ਸ਼ੁਰੂਆਤ ਤੂ ਠਾਕੁਰੁ ਤੁਮ ਪਹਿ ਅਰਦਾਸਿ ਦੇ ਮਹਾਂਵਾਕ ਦੀ ਰੌਸ਼ਨੀ ਵਿੱਚ ਅਰਦਾਸ ਦਿਵਸ ਵਜੋਂ ਮਨਾ ਕੇ ਕੀਤੀ।ਇਹ ਸਮਾਗਮ ਉਸ ਵੇਲੇ ਹੋਰ ਵੀ ਵਿਸ਼ੇਸ਼ ਹੋ ਗਿਆ ਜਦੋਂ ਇਸ ਦੇ ਨਾਲ-ਨਾਲ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਵੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਦੋਵੇਂ ਪਾਵਨ ਦਿਹਾੜੇ ਇੱਕੋ ਦਿਨ ਵਿੱਚ ਸਮਰਪਿਤ ਕਰਕੇ ਰਿਆੜਕੀ ਪਰਿਵਾਰ ਨੇ ਆਪਣੀ ਵਿਰਾਸਤੀ ਭਾਵਨਾ ਦਾ ਸ਼ਾਨਦਾਰ ਪ੍ਰਗਟਾਵਾ ਕੀਤਾ।ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਗੁਰਸਹਿਜ ਸਿੰਘ ਦੀ ਅਗਵਾਈ ਵਿੱਚ ਕੀਰਤਨੀ ਜਥੇ ਅਤੇ ਲੜਕੀਆਂ ਦੇ ਜਥੇ ਦੀ ਮੁਖੀ ਅਵਰੀਤ ਕੌਰ ਨੇ ਮਿਲ ਕੇ ਅਜਿਹਾ ਰਸ ਭਿੰਨਾ ਅਨੰਦਮਈ ਕੀਰਤਨ ਗਾਇਨ ਕੀਤਾ ਕਿ ਸਮੁੱਚਾ ਆਡੀਟੋਰੀਅਮ ਧੁਰ ਕੀ ਬਾਣੀ ਦੀਆਂ ਸੁਰੀਲੀਆਂ ਤਰੰਗਾਂ ਵਿੱਚ ਡੁੱਬ ਗਿਆ।ਇਸ ਮੌਕੇ ਹਰ ਵਿਦਿਆਰਥੀ ਨੇ ਨਵੇਂ ਸੈਸ਼ਨ ਦੀ ਸ਼ੁਰੂਆਤ ਮੌਕੇ ਆਪਣੇ ਮਿੱਥੇ ਨਿਸ਼ਾਨਿਆਂ ਅਤੇ ਸੁਪਨਿਆਂ ਨੂੰ ਲਿਖਤੀ ਰੂਪ ਦਿੱਤਾ ਤਾਂ ਜੋ ਸਾਰਾ ਸਾਲ ਉਨ੍ਹਾਂ ਦੀ ਪ੍ਰਾਪਤੀ ਪ੍ਰਤੀ ਜਾਗਰੂਕ ਰਹਿ ਸਕਣ।ਵਿਦਿਆਰਥੀਆਂ ਨੇ ਵਿਸ਼ੇਸ਼ ਮੈਗਜ਼ੀਨ ਅਤੇ ਬੋਰਡ ਵੀ ਤਿਆਰ ਕੀਤੇ, ਜਿਨ੍ਹਾਂ ਵਿੱਚ ਨਵੇਂ ਅਕਾਦਮਿਕ ਵਰ੍ਹੇ ਦੇ ਟੀਚਿਆਂ ਅਤੇ ਸੰਕਲਪਾਂ ਦਾ ਲਿਖਤੀ ਅਹਿਦ ਵਾਹਿਗੁਰੂ ਜੀ ਦੀ ਹਜ਼ੂਰੀ ਵਿੱਚ ਕੀਤਾ ਗਿਆ।ਸਮਾਗਮ ਦੇ ਅੰਤ ਵਿੱਚ ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਗੁਰਬਾਣੀ ਨਾਲ ਜੁੜਦੇ ਹੋਏ ਆਪਣਾ ਕੰਮ ਪੂਰੀ ਤਨਦੇਹੀ ਅਤੇ ਸਮਰਪਣ ਨਾਲ ਕਰਨ ਦਾ ਪ੍ਰਣ ਲਿਆ ਅਤੇ ਸਰਬੱਤ ਦਾ ਭਲਾ ਦੀ ਅਰਦਾਸ ਕਰਕੇ ਨਵੇਂ ਸੈਸ਼ਨ ਦੀ ਸਫਲਤਾ ਲਈ ਦੁਆ ਮੰਗੀ।ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਵਿਸ਼ੇਸ਼ ਤੌਰ ਤੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੰਦਿਆਂ ਕਿਹਾ ਕਿ ਇਸ ਅਰਦਾਸ ਦਿਵਸ ਨੇ ਇਹ ਸਿੱਧ ਕਰ ਦਿੱਤਾ ਹੈ ਕਿ ਰਿਆੜਕੀ ਦੀ ਮਿੱਟੀ ਵਿੱਚੋਂ ਕੇਵਲ ਡਿਗਰੀਆਂ ਨਹੀਂ, ਸੰਸਕਾਰ ਵੀ ਉਗਦੇ ਹਨ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੱਚ ਦੇ ਰਾਹ ਤੇ ਤੁਰਦੇ ਹੋਏ ਆਪਣਾ ਕਿਰਦਾਰ ਉੱਚਾ-ਸੁੱਚਾ ਬਣਾ ਕੇ ਸਾਫ਼ ਨੀਅਤ ਅਤੇ ਸੱਚੀ ਮਿਹਨਤ ਨਾਲ ਅੱਗੇ ਵਧਣ ਲਈ ਪ੍ਰੇਰਿਆ ਅਤੇ ਸ਼ਲਾਘਾ ਕੀਤੀ ਕਿ ਰਿਆੜਕੀਅਨ ਆਪਣੇ ਸ਼ਾਨਦਾਰ ਕਦਮਾਂ ਨਾਲ ਨਵੇਂ ਯੁੱਗ ਦੇ ਰਾਹ ਰੌਸ਼ਨ ਕਰ ਰਹੇ ਹਨ।

# ਹਲਕਾ ਭੋਆ 'ਚ ਚੱਲ ਰਹੇ ਪੁਲਾਂ ਦੇ ਨਿਰਮਾਣ ਕਾਰਜ ਦਾ ਕਟਾਰੂਚੱਕ ਨੇ ਲਿਆ ਜਾਇਜ਼ਾ



ਪਠਾਨਕੋਟ (ਦਵਿੰਦਰ ਸਿੰਘ)—ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਵੱਲੋਂ ਵਿਧਾਨ ਸਭਾ ਹਲਕਾ ਭੋਆ ਵਿੱਚ ਕੀਤੇ ਜਾ ਰਹੇ ਤਿੰਨ ਪੁਲਾਂ ਦੇ ਨਿਰਮਾਣ ਕਾਰਜਾਂ ਦਾ ਜਾਇਜ਼ਾ ਲੈਣ ਲਈ ਵਿਸ਼ੇਸ਼ ਦੌਰਾ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਧਰਮਪਾਲ ਚੇਅਰਮੈਨ ਬਲਾਕ ਸੰਮਤੀ ਬਮਿਆਲ, ਮੁਨੀਸ਼ ਗੁਪਤਾ ਸਰਪੰਚ ਬਮਿਆਲ, ਸਰਪੰਚ ਰਕਵਾਲ ਹੈਪੀ, ਸਰਪੰਚ ਬਹਾਦਰਪੁਰ ਅਸ਼ਵਨੀ ਕੁਮਾਰ, ਮੁਕੇਸ਼ ਸ਼ਰਮਾ, ਸਰਪੰਚ ਰਾਜੂ ਕੋਹਲੀਆਂ, ਸੋਹਣ ਲਾਲ ਸਾਹਪੁਰਕੰਡੀ ਅਤੇ ਹੋਰ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਵੀ ਹਾਜ਼ਰ ਸਨ।

ਮੰਤਰੀ ਪੰਜਾਬ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਕੁਝ ਸਮਾਂ ਪਹਿਲਾਂ ਹੀ ਹਲਕੇ ਵਿੱਚ ਤਿੰਨ ਵੱਡੇ ਪੁਲਾਂ ਦੇ ਨਿਰਮਾਣ ਲਈ ਮਨਜ਼ੂਰੀ ਲਿਆਉਂਦੀ ਗਈ ਸੀ।ਇਹ ਪੁਲ ਸੰਗਾਰਮਾ ਦਰਿਆ ਉਤੇ ਜਲਾਲੀਆ ਅਤੇ ਘਰੋਟਾ ਦੇ ਨਾਲ ਲੱਗਦੇ ਸਾਵਲਾ ਪਿੰਡ ਦੇ ਨੇੜੇ ਤਿਆਰ ਕੀਤੇ ਜਾਣਗੇ।

ਇਨ੍ਹਾਂ ਪ੍ਰੋਜੈਕਟਾਂ ਲਈ ਕਰੀਬ 62 ਕਰੋੜ ਰੁਪਏ ਦੀ ਰਕਮ ਮਨਜ਼ੂਰ ਕੀਤੀ ਗਈ ਹੈ, ਜਿਸ ਨਾਲ ਇਲਾਕੇ ਦੀ ਆਵਾਜਾਈ ਸੁਵਿਧਾਵਾਂ ਵਿੱਚ ਵੱਡਾ ਸੁਧਾਰ ਆਵੇਗਾ।ਮੰਤਰੀ ਨੇ ਦੱਸਿਆ ਕਿ ਇਸ ਵੇਲੇ ਜਲਾਲੀਆ ਵਿਖੇ ਮਿੱਟੀ ਦੀ ਜਾਂਚ ਅਤੇ ਤਕਨੀਕੀ ਸਰਵੇ ਦਾ ਕੰਮ ਜ਼ੋਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ। ਇੰਜੀਨੀਅਰਿੰਗ ਟੀਮਾਂ ਵੱਲੋਂ ਪਿੱਲਰਾਂ ਦੀ ਮਜ਼ਬੂਤੀ ਅਤੇ ਲੈਵਲ ਤੈਅ ਕਰਨ ਲਈ ਮਿੱਟੀ ਦੀ ਪਰਖ ਕੀਤੀ ਜਾ ਰਹੀ ਹੈ।ਇਹ ਪ੍ਰਕਿਰਿਆ ਮੁਕੰਮਲ ਹੋਣ ਤੋਂ ਬਾਅਦ ਨਿਰਮਾਣ ਕੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਹ ਤਿੰਨ ਪੁਲ ਬਣਨ ਨਾਲ ਇਲਾਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਕਿਸਾਨਾਂ, ਵਿਦਿਆਰਥੀਆਂ ਅਤੇ ਰੋਜ਼ਾਨਾ ਆਵਾਜਾਈ ਕਰਨ ਵਾਲਿਆਂ ਲਈ ਇਹ ਪੁਲ ਜੀਵਨ ਰੇਖਾ ਸਾਬਤ ਹੋਣਗੇ।ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜਾਂ ਨੂੰ ਪਹਿਲ ਦੇ ਅਧਾਰ 'ਤੇ ਅੱਗੇ ਵਧਾਇਆ ਜਾ ਰਿਹਾ ਹੈ ਅਤੇ ਹਰ ਪ੍ਰੋਜੈਕਟ ਦੀ ਨਿਗਰਾਨੀ ਖੁਦ ਮੈਦਾਨ ਵਿੱਚ ਜਾ ਕੇ ਕੀਤੀ ਜਾ ਰਹੀ ਹੈ।

ਅੰਤ ਵਿੱਚ ਮੰਤਰੀ ਨੇ ਭਰੋਸਾ ਦਿਵਾਇਆ ਕਿ ਇਹ ਤਿੰਨੋ ਪੁਲ ਨਿਰਧਾਰਿਤ ਸਮੇਂ ਅੰਦਰ ਤਿਆਰ ਕੀਤੇ ਜਾਣਗੇ ਅਤੇ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਦੀਆਂ ਸਮੱਸਿਆਵਾਂ ਤੋਂ ਮੁਕਤੀ ਮਿਲੇਗੀ।ਉਨ੍ਹਾਂ ਗੋਸਵਾਮੀ ਸ੍ਰੀ ਗੁਰੂ ਨਾਭਾ ਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਦੀ ਪੰਜਾਬ ਵਾਸੀਆਂ ਨੂੰ ਵਧਾਈ ਦਿੱਤੀ।

## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫੈਸਲਿਆਂ 'ਤੇ ਸਵਾਲ ਉਠਾਉਣਾ ਸੁਖਬੀਰ ਦੀ ਨਿਰਾਸ਼ਾ ਦਾ ਪ੍ਰਤੀਕ : ਕੰਗ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ (ਆਪ) ਤੋਂ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਹੈ ਕਿ ਸਿੱਖਾਂ ਦੀ ਸਰਵਉੱਚ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫੈਸਲਿਆਂ 'ਤੇ ਸਵਾਲ ਉਠਾਉਣਾ ਸੁਖਬੀਰ ਬਾਦਲ ਦੀ ਨਿਰਾਸ਼ਾ ਤੇ ਸਿੱਖ ਮਰਿਆਦਾਵਾਂ ਪ੍ਰਤੀ ਉਨ੍ਹਾਂ ਦੇ ਮਨ ਵਿੱਚ ਸਤਿਕਾਰ ਦੀ ਘਾਟ ਨੂੰ ਦਰਸਾਉਂਦਾ ਹੈ।ਕੰਗ ਨੇ ਕਿਹਾ ਕਿ ਜਿਸ ਤਰ੍ਹਾਂ ਸੁਖਬੀਰ ਬਾਦਲ ਹੁਣ ਆਪਣੀ ਸਿਆਸੀ ਜ਼ਮੀਨ ਖਿਸਕਦੀ ਦੇਖ ਕੇ ਪਵਿੱਤਰ ਸੰਸਥਾਵਾਂ ਨੂੰ ਨਿਸ਼ਾਨਾ ਬਣਾ ਰਹੇ ਹਨ, ਉਹ ਬਹੁਤ ਹੀ ਮੰਦਭਾਗਾ ਹੈ।ਸੰਸਦ ਮੈਂਬਰ ਕੰਗ ਨੇ ਯਾਦ ਦਿਵਾਇਆ ਕਿ ਜਦੋਂ ਪਹਿਲਾਂ ਸੁਖਬੀਰ ਸਿੰਘ ਬਾਦਲ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਤਲਬ ਕੀਤਾ ਗਿਆ ਸੀ, ਉਦੋਂ ਉਨ੍ਹਾਂ ਨੇ ਗੁਰੂ ਮਹਾਰਾਜ ਦੀ ਪਾਵਨ ਹਜ਼ੂਰੀ ਵਿੱਚ ਆਪਣੀਆਂ ਸਾਰੀਆਂ ਗਲਤੀਆਂ ਕਬੂਲ ਕੀਤੀਆਂ ਸਨ। ਪੂਰੀ ਦੁਨੀਆ ਨੇ ਲਾਈਵ ਪ੍ਰਸਾਰਣ ਰਾਹੀਂ ਉਨ੍ਹਾਂ ਨੂੰ ਆਪਣੀ ਭੁੱਲ ਮੰਨਦਿਆਂ ਦੇਖਿਆ ਸੀ। ਪਰ ਇਸ ਤੋਂ ਤੁਰੰਤ ਬਾਅਦ ਸ੍ਰੀ ਮੁਕਤਸਰ ਸਾਹਿਬ ਦੀ ਇੱਕ ਰੈਲੀ ਵਿੱਚ ਉਨ੍ਹਾਂ ਨੇ ਆਪਣੇ ਸੁਰ ਬਦਲ ਲਏ ਅਤੇ ਬੇਸ਼ਰਮੀ ਨਾਲ ਕਹਿ ਦਿੱਤਾ ਕਿ ਉਨ੍ਹਾਂ ਨੇ ਕੋਈ ਗੁਨਾਹ ਨਹੀਂ ਕੀਤਾ ਹੈ। ਇਹ ਦੋਹਰਾ ਚਰਿੱਤਰ ਉਨ੍ਹਾਂ ਦੇ ਹੰਕਾਰ ਅਤੇ ਸਿੱਖ ਕੌਮ ਪ੍ਰਤੀ ਉਨ੍ਹਾਂ ਦੀ ਬੇਰੁਖ਼ੀ ਦਾ ਪ੍ਰਮਾਣ ਹੈ।ਸੁਖਬੀਰ ਬਾਦਲ ਦੇ ਉਸ ਹਾਲੀਆ ਬਿਆਨ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ, ਜਿਸ ਵਿੱਚ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਆਪਣੇ ਖਿਲਾਫ 'ਸਾਜ਼ਿਸ਼' ਹੋਣ ਦੀ ਗੱਲ ਕਹੀ ਹੈ, ਕੰਗ ਨੇ ਕਿਹਾ ਕਿ ਅਜਿਹੀ ਵੱਡੀ ਭੁੱਲ ਜਾਂ ਗੁਸਤਾਖੀ ਤਾਂ ਕੋਈ ਗੈਰ-ਸਿੱਖ ਵੀ ਨਹੀਂ ਕਰ ਸਕਦਾ।

## ਮੀਂਹ ਨਾਲ ਕਣਕ ਦੀ ਫ਼ਸਲ ਦਾ ਨੁਕਸਾਨ



**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**

ਇਲਾਕੇ ਵਿੱਚ ਬੀਤੇ ਦਿਨਾਂ ਤੋਂ ਮੌਸਮ ਖਰਾਬ ਹੋਣ ਅਤੇ ਮੀਂਹ ਪੈਣ ਕਾਰਨ ਕਿਸਾਨਾਂ ਦੇ ਸਾਹ ਸੂਤੇ ਗਏ ਹਨ , ਕਿਉਂਕਿ ਪੱਕ ਚੁੱਕੀ ਕਣਕ ਦੀ ਫ਼ਸਲ ਨੁਕਸਾਨੀ ਗਈ ਹੈ। ਮੌਸਮ ਵਿਭਾਗ ਵੱਲੋਂ ਅਗਲੇ ਦਿਨਾਂ ਵਿੱਚ ਮੌਸਮ ਖ਼ਰਾਬ ਹੋਣ ਦੀ ਪੇਸ਼ੀਨਗੋਈ ਕੀਤੇ ਜਾਣ ਕਾਰਨ ਇਲਾਕੇ ਵਿੱਚ ਅਗੇਤੀ ਕਣਕ ਦੀ ਵਾਢੀ ਸ਼ੁਰੂ ਹੋ ਗਈ ਸੀ ਪਰ ਚਾਰ ਦਿਨ ਪਹਿਲਾਂ ਅਤੇ ਬੀਤੀ ਸਾਰੀ ਰਾਤ ਤੇਜ ਮੀਂਹ ਪੈਣ ਕਾਰਨ ਖੇਤਾਂ ਵਿੱਚ ਖੜ੍ਹੀ ਫ਼ਸਲ ਪੂਰੀ ਤਰ੍ਹਾਂ ਨੁਕਸਾਨੀ ਗਈ ਅਤੇ ਧਰਤੀ ਤੇ ਡਿੱਗ ਗਈ, ਜਿਸ ਕਾਰਨ ਕਿਸਾਨ ਚਿੰਤਤ ਹਨ। ਕਿਸਾਨ ਆਗੂ ਅਮਨਦੀਪ ਸਿੰਘ ਮਾਂਗਟ, ਪਰਮਿੰਦਰ ਸਿੰਘ ਸੇਖੋਂ, ਬਲਦੇਵ ਸਿੰਘ ਹਾਫਿਜ਼ਾਬਾਦ ਤੇ ਪੈਨਸ਼ਨਰ ਸੰਘ ਦੇ ਪ੍ਰਧਾਨ ਲੈਕਚਰਾਰ ਧਰਮਪਾਲ ਸੋਖਲ ਨੇ ਦੱਸਿਆ ਕਿ ਇਲਾਕੇ ਵਿੱਚ ਕਣਕ ਦੀ ਅਗੇਤੀ ਫ਼ਸਲ ਪੂਰੀ ਤਰ੍ਹਾਂ ਪੱਕ ਕੇ ਤਿਆਰ ਹੋ ਗਈ ਸੀ ਤੇ ਕਿਸਾਨਾਂ ਨੇ ਫ਼ਸਲ ਨੂੰ ਕੱਟਣਾ ਸ਼ੁਰੂ ਵੀ ਕਰ ਦਿੱਤਾ ਸੀ ਪਰ ਮੌਸਮ ਖ਼ਰਾਬ ਹੋਣ ਕਾਰਨ ਕਿਸਾਨਾਂ ਦੀ ਨੀਂਦ ਉੱਡ ਗਈ ਹੈ। ਇਸ ਵਾਰ ਫ਼ਸਲ ਦੇ ਝਾੜ ਤੇ ਵੀ ਅਸਰ ਪਵੇਗਾ। ਉਨ੍ਹਾ ਕਿਹਾ ਕਿ ਭਾਂਵੇ ਇਲਾਕੇ ਵਿੱਚ ਕਣਕ ਦੀ ਕਟਾਈ ਸ਼ੁਰੂ ਹੋ ਗਈ ਹੈ ਪਰ ਸਬੰਧਤ ਮੰਡੀਆਂ ਵਿੱਚ ਕਣਕ ਦੀ ਫ਼ਸਲ ਨਹੀਂ ਪਹੁੰਚੀ। ਉਨ੍ਹਾਂ ਦੱਸਿਆ ਕਿ ਕਣਕ ਦੀ ਫ਼ਸਲ ਹੁਣ ਪੂਰੀ ਤਰ੍ਹਾਂ ਪੱਕ ਚੁੱਕੀ ਹੈ ਪ੍ਰੰਤੂ ਹੁਣ ਖ਼ਰਾਬ ਮੌਸਮ ਨੇ ਕਿਸਾਨਾਂ ਦੀ ਚਿੰਤਾਂ ਵਧਾ ਦਿੱਤੀ ਹੈ। ਕਿਸਾਨਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਖ਼ਰਾਬ ਮੌਸਮ ਅਤੇ ਮੀਂਹ ਕਾਰਨ ਨੁਕਸਾਨੀਆਂ ਗਈਆਂ ਫ਼ਸਲਾ ਦਾ ਤੁਰੰਤ ਸਰਵੇ ਕਰਵਾ ਕੇ ਪੀੜ੍ਹਤ ਕਿਸਾਨਾਂ ਨੂੰ ਬਨਦਾ ਮੁਆਵਜ਼ਾ ਦਿੱਤਾ ਜਾਵੇ। ਮਾਰਕੀਟ ਕਮੇਟੀ ਦੇ ਚੇਅਰਮੈਨ ਸਕਿੰਦਰ ਸਿੰਘ ਸਹੇੜੀ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਪਹਿਲੀ ਅਪਰੈਲ ਤੋਂ ਕਣਕ ਦੀ ਸਰਕਾਰੀ ਖ੍ਰੀਦ ਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਤਾਂ ਜੋ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕੋਈ ਪ੍ਰੇਸ਼ਾਨੀ ਨਾ ਹੋ ਸਕੇ। ਉਨ੍ਹਾਂ ਦੱਸਿਆ ਕਿ ਹਾਲੇ ਤੱਕ ਮੰਡੀਆਂ ਵਿੱਚ ਕਣਕ ਦੀ ਆਮਦ ਨਹੀਂ ਹੋਈ। ਸ੍ਰੀ ਸਹੇੜੀ ਨੇ ਦੱਸਿਆ ਕਿ ਸਰਕਾਰ ਵੱਲੋਂ ਨੁਕਸਾਨੀ ਗਈ ਕਣਕ ਦੇ ਸਰਵੇ ਕਰਨ ਦੇ ਹੁਕਮ ਦਿੱਤੇ ਗਏ ਹਨ ਤਾਂ ਜੋ ਕਿ ਕਿਸਾਨਾਂ ਨੂੰ ਰਾਹਤ ਮਿਲ ਸਕੇ।

## ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਕਾਕਾ ਰਣਦੀਪ ਸਿੰਘ ਤੇ ਉਮਰਾਨੰਗਲ ਨੇ ਲਾਲ ਸਿੰਘ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ





**ਪਟਿਆਲਾ, (ਰਾਜਿੰਦਰ ਸਿੰਘ ਥਿੰਦ)**

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਸਾਬਕਾ ਖ਼ਜ਼ਾਨਾ ਮੰਤਰੀ ਸਵ. ਲਾਲ ਸਿੰਘ ਦੇ ਅਕਾਲ ਚਲਾਣੇ ਤੋਂ ਬਾਅਦ ਉਨ੍ਹਾਂ ਦੇ ਪਟਿਆਲਾ ਸਥਿਤ ਨਿਵਾਸ ਸਥਾਨ 'ਤੇ ਕਾਂਗਰਸ ਦੇ ਸੀਨੀਅਰ ਸਾਬਕਾ ਮੰਤਰੀ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਸਾਬਕਾ ਮੰਤਰੀ ਕਾਕਾ ਰਣਦੀਪ ਸਿੰਘ ਨਾਭਾ, ਆਈ ਏ ਐਸ ਪਰਮਜੀਤ ਸਿੰਘ ਉਮਰਾਨੰਗਲ, ਸੰਗਰੂਰ ਦੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਵੱਲੋਂ ਆਪਣੇ ਹੋਰ ਦਰਜਨਾਂ ਪਾਰਟੀ ਆਗੂਆਂ ਸਮੇਤ ਸਵ. ਲਾਲ ਸਿੰਘ ਦੀ ਰਿਹਾਇਸ਼ 'ਤੇ ਉਹਨਾਂ ਦੇ ਸਪੁੱਤਰ ਸਾਬਕਾ ਐਮ ਐੱਲ ਏ ਰਾਜਿੰਦਰ ਸਿੰਘ, ਪੰਜਾਬ ਸਰਵਿਸ ਸਿਲੈਕਸ਼ਨ ਬੋਰਡ ਦੀ ਸਾਬਕਾ ਮੈਂਬਰ ਬੀਬਾ ਰਵਿੰਦਰ ਕੌਰ ਅਤੇ ਹੋਰ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਬਰਨਾਲਾ ਦੇ ਵਿਧਾਇਕ ਕਾਲਾ ਢਿੱਲੋਂ ਕਾਂਗਰਸ, ਸੁਖਜੀਤ ਸਿੰਘ ਲੋਹਗੜ੍ਹ ਸਾਬਕਾ ਐਮ ਐਲ ਏ, ਸ਼ੇਰ ਸਿੰਘ ਸਾਬਕਾ ਆਰ ਐਮ ਹਰਪ੍ਰੀਤ ਸਿੰਘ ਸਿੱਧੂ ਫਾਜ਼ਿਲਕਾ, ਹਰੀ ਸਿੰਘ ਖਾਈ ਮੋਗਾ, ਇਕਬਾਲ ਸਿੰਘ ਢਿੱਲੋਂ, ਪੀ ਆਰ ਟੀ ਸੀ ਦੇ ਚੇਅਰਮੈਨ ਹਰਪਾਲ ਜੁਨੇਜਾ, ਸਾਬਕਾ ਵਿਧਾਇਕ ਸ਼੍ਰੋਮਣੀ ਦੇ ਆਗੂ ਐਨ ਕੇ ਨੇ ਸਵ. ਲਾਲ ਸਿੰਘ ਦੇ ਪੁੱਤਰ ਰਾਜਿੰਦਰ ਸਿੰਘ (ਸਾਬਕਾ ਵਿਧਾਇਕ) ਬੀਬਾ ਰਵਿੰਦਰ ਕੌਰ ਅਤੇ ਸਮੁੱਚੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਬਾਜਵਾ ਨੇ ਕਿਹਾ ਕਿ ਸਵ. ਲਾਲ ਸਿੰਘ ਇਕ ਬੁੱਧੀਮਾਨ, ਸਭ ਧਰਮਾਂ ਅਤੇ ਪਾਰਟੀਆਂ ਦੇ ਆਗੂਆਂ ਦਾ ਸਤਿਕਾਰ ਕਰਨ ਵਾਲੇ ਅਤੇ ਇਕ ਗ਼ੈਰ-ਵਿਵਾਦਿਤ ਰਾਜਸੀ ਆਗੂ ਸਨ, ਜਿਨ੍ਹਾਂ ਨੇ ਹਮੇਸ਼ਾ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਲੋਕ ਹਿੱਤਾਂ ਲਈ ਕੰਮ ਕੀਤਾ। ਉਨਾਂ ਕਿਹਾ ਕਿ ਲਾਲ ਸਿੰਘ ਨੇ ਪੰਜਾਬ ਅਤੇ ਸਮਾਜ ਦੀ ਮਜ਼ਬੂਤੀ ਲਈ ਵੱਡਾ ਯੋਗਦਾਨ ਪਾਇਆ ਅਤੇ ਉਨ੍ਹਾਂ ਦੇ ਵਿਰੋਧੀਆਂ ਨਾਲ ਵੀ ਹਮੇਸ਼ਾ ਸੁਖਾਵੇਂ ਸਬੰਧ ਰਹੇ। ਉਹਨਾਂ ਕਿਹਾ ਕਿ ਲਾਲ ਸਿੰਘ ਦੇ ਚਲੇ ਜਾਣ ਨਾਲ ਜਿਥੇ ਪਰਵਾਰ ਨੂੰ ਵੱਡਾ ਘਾਟਾ ਪਿਆ ਹੈ ਉੱਥੇ ਪੰਜਾਬ ਨੂੰ ਇਕ ਚੰਗੇ ਰਾਜ ਨੇਤਾ ਦੀ ਘਾਟ ਪੈ ਗਈ ਹੈ। ਇਸ ਮੌਕੇ ਹਰਮੇਲ ਸਿੰਘ ਮਕੌਰੜ, ਸੰਦੀਪ ਸੋਨੀ ਓ ਐੱਸ ਡੀ ਸੁਰਿੰਦਰ ਮਿੱਤਲ, ਸੀਤਲ ਸਿੰਘ ਭਾਨਰਾ, ਕੁਲਦੀਪ ਸਿੰਘ ਮਕੌਰੜ, ਕੁਲਵਿੰਦਰ ਸਿੰਘ ਮੋਮੀ ਢਿੱਲੋਂ, ਪ੍ਰਗਟ ਸਿੰਘ ਰੱਤਾਖੇੜਾ, ਤਰਸੇਮ ਸਿੰਘ ਝੰਡੀ, ਸਾਬਕਾ ਪ੍ਰਧਾਨ ਬਲਾਕ ਸੰਮਤੀ , ਰਣਜੀਤ ਸਿੰਘ ਕੇ ਐਸ ਫਾਰਮ ਡਕਾਲਾ, ਰਾਜ ਕੁਮਾਰ ਡਕਾਲਾ, ਨਾਇਬ ਸਿੰਘ ਭਾਨਰੀ ਬਲਾਕ ਪ੍ਰਧਾਨ, ਸਰਪੰਚ ਦਵਿੰਦਰ ਸਿੰਘ ਰਾਮਗੜ੍ਹ, ਦਮੋਦਰ ਸਿੰਘ ਆਦਿ ਸ਼ਾਮਲ ਹੋਏ।

## ਸ੍ਰੀ ਗੁਰੂ ਰਵਿਦਾਸ ਚੌਂਕ ਵਿਖੇ ਪਾਵਨ ਚਰਨ ਛੋਹ ਸਥਾਪਤ



**ਫਿਲੌਰ (ਹਰਜਿੰਦਰ ਕੌਰ ਚਾਹਲ)**

ਫਿਲੌਰ ਵਿਖੇ ਇੱਕ ਵਿਸ਼ੇਸ਼ ਧਾਰਮਿਕ ਸਮਾਗਮ ਦੌਰਾਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪਾਵਨ ਚਰਨ ਛੋਹ ਸ਼ਰਧਾ ਅਤੇ ਭਾਵਨਾ ਨਾਲ ਸਥਾਪਿਤ ਕੀਤੇ ਗਏ। ਇਹ ਪਾਵਨ ਚਰਨ ਛੋਹ ਸ੍ਰੀ ਚਿਤੌੜਗੜ੍ਹ ਸਾਹਿਬ ਤੋਂ ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਵੱਲੋਂ ਫਿਲੌਰ ਲਿਆਂਦੇ ਗਏ ਸਨ। ਸ੍ਰੀ ਗੁਰੂ ਰਵਿਦਾਸ ਭਵਨ ਤੋਂ ਅਰਦਾਸ ਦੌਰਾਨ ਬੜੀ ਸ਼ਰਧਾ ਪੂਰਵਕ ਨਾਲ ਨਕੋਦਰ ਰੋਡ ਤੇ ਗੰਨਾ ਪਿੰਡ ਰੋਡ ਵਿਚਕਾਰ ਸ੍ਰੀ ਗੁਰੂ ਰਵਿਦਾਸ ਚੌਂਕ ਤੱਕ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਚਰਨ ਛੋਹ ਲਿਆਂਦੇ ਗਏ ਜਿੱਥੇ ਧਾਰਮਿਕ ਰਸਮਾਂ ਅਨੁਸਾਰ ਚਰਨ ਛੋਹ ਸਥਾਪਨਾ ਕੀਤੇ ਗਏ । ਇਸ ਮੌਕੇ ਇਲਾਕੇ ਦੀਆਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਰਹੀਆਂ ਤੇ ਗੁਰਬਾਣੀ ਕੀਰਤਨ ਨਾਲ ਨਿਹਾਲ ਕੀਤਾ।ਇਸ ਸਮਾਗਮ ਦੀ ਅਗਵਾਈ ਪਿੰਡ ਹਰੀਪੁਰ ਦੇ ਸੰਤ ਮਹਾਂਪੁਰਸ਼ ਰਾਮਸੇਵਕ ਜੀ, ਗੱਦੀ ਨਸ਼ੀਨ ਡੇਰਾ ਸੰਤ ਠਾਕੁਰ ਦਾਸ ਜੀ ਵੱਲੋਂ ਕੀਤੀ ਗਈ। ਉਨ੍ਹਾਂ ਨੇ ਆਪਣੇ ਸੰਬੋਧਨ ਦੌਰਾਨ ਸੰਗਤਾਂ ਨੂੰ ਗੁਰੂ ਜੀ ਦੀਆਂ ਸਿੱਖਿਆਵਾਂ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ।ਸਮਾਗਮ ਦੌਰਾਨ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਤੇ ਇਲਾਕੇ ਦੇ ਪ੍ਰਮੁੱਖ ਵਿਅਕਤੀਆਂ ਵੀ ਹਾਜ਼ਰ ਸਨ।

## ਸੰਗਰੂਰ ਨੂੰ 'ਸਿਉਂਕ' ਕਹਿਣਾ ਬਾਜਵਾ ਦੀ ਘਟੀਆ ਮਾਨਸਿਕਤਾ ਦੀ ਉਪਜ : ਧਾਲੀਵਾਲ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਸੰਗਰੂਰ ਦੀ ਧਰਤੀ ਨੂੰ 'ਸਿਉਂਕ' ਪੈਦਾ ਕਰਨ ਵਾਲੀ ਧਰਤੀ ਦੱਸਣ ਵਾਲੇ ਬਿਆਨ 'ਤੇ ਤਿੱਖਾ ਹਮਲਾ ਕੀਤਾ ਹੈ। ਧਾਲੀਵਾਲ ਨੇ ਇਸ ਨੂੰ ਬਾਜਵਾ ਦੀ ਘਟੀਆ ਮਾਨਸਿਕਤਾ ਅਤੇ ਪੰਜਾਬ ਦੇ ਸ਼ਾਨਾਮੱਤੇ ਇਤਿਹਾਸ ਪ੍ਰਤੀ ਉਨ੍ਹਾਂ ਦੀ ਅਗਿਆਨਤਾ ਦਾ ਪ੍ਰਤੀਕ ਕਰਾਰ ਦਿੱਤਾ।ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਪ੍ਰਤਾਪ ਸਿੰਘ ਬਾਜਵਾ ਨੂੰ ਬੋਲਣ ਤੋਂ ਪਹਿਲਾਂ ਸੰਗਰੂਰ ਦਾ ਇਤਿਹਾਸ ਪੜ੍ਹ ਲੈਣਾ ਚਾਹੀਦਾ ਸੀ। ਜਿਸ ਧਰਤੀ ਨੇ ਸ਼ਹੀਦ-ਏ-ਆਜ਼ਮ ਊਧਮ ਸਿੰਘ, ਸੇਵਾ ਸਿੰਘ ਠੀਕਰੀਵਾਲਾ ਵਰਗੇ ਮਹਾਨ ਦੇਸ਼ ਭਗਤ, ਨਾਮਧਾਰੀ ਕੂਕਾ ਲਹਿਰ ਅਤੇ ਰਿਆਸਤੀ ਅੰਦੋਲਨਾਂ ਨੂੰ ਜਨਮ ਦਿੱਤਾ, ਉਸ ਨੂੰ 'ਸਿਉਂਕ' ਕਹਿਣਾ ਬੇਹੱਦ ਸ਼ਰਮਨਾਕ ਹੈ। ਉਨ੍ਹਾਂ ਕਿਹਾ ਕਿ ਸੰਗਰੂਰ ਉਹ ਜ਼ਿਲ੍ਹਾ ਹੈ ਜਿਸ ਨੇ ਹਮੇਸ਼ਾ ਇਨਕਲਾਬੀ ਲਹਿਰਾਂ ਦੀ ਅਗਵਾਈ ਕੀਤੀ ਹੈ, ਚਾਹੇ ਉਹ ਆਜ਼ਾਦੀ ਦੀ ਜੰਗ ਹੋਵੇ ਜਾਂ ਹਾਲੀਆ ਕਿਸਾਨ ਅੰਦੋਲਨ।



**ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਹਾੜੇ ਦੀਆਂ ਤਿਆਰੀਆਂ ਸ਼ੁਰੂ**

## ਨਿਤਿਨ ਕੋਹਲੀ ਵੱਲੋਂ ਡਾ. ਅੰਬੇਡਕਰ ਚੌਂਕ ਤੇ ਹੋਰ ਥਾਵਾਂ ਦੇ ਕੰਮਾਂ ਦਾ ਜਾਇਜ਼ਾ



**ਜਲੰਧਰ (ਨਵਾਂ ਜ਼ਮਾਨਾ ਸਰਵਿਸ)**

ਜਲੰਧਰ ਵਿੱਚ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਦੇ ਜਨਮ ਦਿਹਾੜੇ (14 ਅਪ੍ਰੈਲ) ਨੂੰ ਲੈ ਕੇ ਤਿਆਰੀਆਂ ਚੱਲ ਰਹੀਆਂ ਹਨ। ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਸਫਾਈ, ਸੜਕਾਂ ਦੀ ਮੁਰੰਮਤ ਅਤੇ ਸਾਫ ਸਫਾਈ ਅਤੇ ਸੁੰਦਰਤਾ ਦੇ ਕੰਮ ਕੀਤੇ ਜਾ ਰਹੇ ਹਨ।ਵਿਸ਼ੇਸ਼ ਤੌਰ 'ਤੇ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਚੌਂਕ ਵਿੱਚ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ । ਹਲਕਾ ਇੰਚਾਰਜ ਨਿਤਿਨ ਕੋਹਲੀ ਨੇ ਉੱਥੇ ਨਤਮਸਤਕ ਹੋ ਕੇ ਚੱਲ ਰਹੇ ਕੰਮਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨਾਲ ਮੇਅਰ ਵਨੀਤ ਧੀਰ ਅਤੇ ਉੱਚ ਅਧਿਕਾਰੀ ਵੀ ਮੌਜੂਦ ਰਹੇ।ਉਨ੍ਹਾਂ ਨੇ ਚੱਲ ਰਹੀਆਂ ਤਿਆਰੀਆਂ ਦਾ ਮੁਲਾਂਕਣ ਕੀਤਾ ਅਤੇ ਕੰਮਾਂ ਦੀ ਪ੍ਰਗਤੀ 'ਤੇ ਸੰਤੁਸ਼ਟੀ ਪ੍ਰਗਟਾਈ।ਨਿਤਿਨ ਕੋਹਲੀ ਨੇ ਕਿਹਾ ਕਿ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਜੀ ਦੇ ਸਿਧਾਂਤ ਸਾਨੂੰ ਸਮਾਜਿਕ ਸਮਾਨਤਾ, ਨਿਆਂ, ਸਦਭਾਵਨਾ ਅਤੇ ਇਨਸਾਫ ਦੇ ਰਾਹ 'ਤੇ ਚਲਣ ਲਈ ਪ੍ਰੇਰਿਤ ਕਰਦੇ ਹਨ।ਉਨ੍ਹਾਂ ਨੇ ਲੋਕਾਂ ਨੂੰ ਇਹ ਸਿਧਾਂਤ ਆਪਣੇ ਜੀਵਨ ਵਿੱਚ ਲਾਗੂ ਕਰਨ ਅਤੇ ਇਸ ਪਵਿੱਤਰ ਦਿਹਾੜੇ ਨੂੰ ਪੂਰੇ ਆਦਰ ਨਾਲ ਮਨਾਉਣ ਦੀ ਅਪੀਲ ਕੀਤੀ।ਹਲਕਾ ਇੰਚਾਰਜ ਨੇ ਸੰਬੰਧਿਤ ਅਧਿਕਾਰੀਆਂ ਨੂੰ ਹਦਾਇਤ ਦਿੱਤੀ ਕਿ ਸਾਰੇ ਕੰਮ ਸਮੇਂ ਸਿਰ ਅਤੇ ਸੁਚੱਜੇ ਢੰਗ ਨਾਲ ਪੂਰੇ ਕੀਤੇ ਜਾਣ।



ਕਣਕ ਦੀ ਕਟਾਈ ਤੇ ਕਢਾਈ ਦੇ ਸੰਬੰਧ 'ਚ ਫਿਲੌਰ ਵਿਖੇ ਵੱਡੀ ਗਿਣਤੀ 'ਚ ਪ੍ਰਵਾਸੀ ਮਜ਼ਦੂਰ ਬਿਹਾਰ, ਯੂ ਪੀ ਤੇ ਹੋਰਨਾਂ ਸੂਬਿਆਂ ਵਿੱਚੋਂ ਪੁੱਜਣੇ ਸ਼ੁਰੂ ਹੋ ਗਏ ਹਨ। ਮੀਂਹ ਕਾਰਨ ਇਸ ਵਾਰ ਕਣਕ ਦੀ ਕਟਾਈ ਵਿੱਚ ਰੁਕਾਵਟ ਆਈ ਹੈ।
(ਫੋਟੋ ਤੇ ਵੇਰਵਾ : ਨਿਰਮਲ ਫਿਲੌਰ)

## ਧੀ ਦੇ ਪਹਿਲੇ ਜਨਮ ਦਿਨ 'ਤੇ ਪਾਠ ਤੇ ਕਵੀ ਦਰਬਾਰ ਕਰਵਾਇਆ



**ਮੋਹਾਲੀ (ਸੁਰਜੀਤ ਸੁਮਨ)**-ਸ਼ਬਦ ਵਰਤਾਰਾ ਸਾਹਿਤ ਸਭਾ, ਪਿੰਡ ਮਨੌਲੀ ਦੇ ਪ੍ਰਧਾਨ ਪੰਜਾਬੀ ਗਾਇਕ, ਲੇਖਕ ਤੇ ਅਦਾਕਾਰ ਹਰਿੰਦਰ ਹਰ ਵੱਲੋਂ ਆਪਣੀ ਧੀ ਹਰਨਿਵਾਜ਼ ਕੌਰ ਦੇ ਪਹਿਲੇ ਜਨਮ ਦਿਨ ਦੀ ਖੁਸ਼ੀ ਵਿੱਚ ਸ੍ਰੀ ਸਹਿਜ ਪਾਠ, ਕੀਰਤਨ ਦਰਬਾਰ ਤੇ ਕਵੀ ਦਰਬਾਰ ਕਰਵਾਇਆ ਗਿਆ। ਕੀਰਤਨ ਦਰਬਾਰ ਵਿੱਚ ਭਾਈ ਅਰਵਿੰਦਰ ਸਿੰਘ, ਹਜ਼ੂਰੀ ਰਾਗੀ, ਗੁਰੂਦਵਾਰਾ ਸ੍ਰੀ ਅੰਬ ਸਾਹਿਬ ਵਾਲਿਆਂ ਨੇ ਸੰਗਤ ਨੂੰ ਹਰਜੱਸ ਸੁਣਾ ਕੇ ਨਿਹਾਲ ਕੀਤਾ। ਕਰਨਲ ਜਸਦੀਪ ਸਿੰਘ ਸੰਧੂ ਤੇ ਜੈ ਪੌਲ ਚੱਠਾ ਗਰੇਵਾਲ ਨੇ ਦੱਸਿਆ ਕਿ ਕਵੀ ਦਰਬਾਰ ਦਾ ਆਰੰਭ ਗੁਰਦਰਸ਼ਨ ਸਿੰਘ ਮਾਵੀ ਦੀ ਰਚਨਾ 'ਧੀ ਰਾਣੀਏ' ਨਾਲ਼ ਹੋਈ। ਉਸ ਤੋਂ ਬਾਅਦ ਹਰਿੰਦਰ ਹਰ ਵੱਲੋਂ ਧੀ ਨਾਲ ਸੰਬੰਧਤ ਰਚਨਾ 'ਸਭ ਨੂੰ ਖੁਸ਼ੀਆ ਨਾਲ ਨਿਵਾਜ਼ ਰਹੀ/ ਮੇਰੀ ਹਰ ਨਿਵਾਜ਼' ਸੁਣਾਈ। ਇਸ ਤੋਂ ਇਲਾਵਾ ਪਰਮਜੀਤ ਪੰਮੀ, ਦਵਿੰਦਰ ਢਿੱਲੋਂ, ਸਿਮਰਜੀਤ ਗਰੇਵਾਲ, ਨਰਿੰਦਰ ਨਸਰੀਨ, ਬਲਵਿੰਦਰ ਸਿੰਘ ਢਿੱਲੋਂ, ਬਲਜੀਤ ਕੌਰ ਢਿੱਲੋਂ, ਨਰਿੰਦਰ ਕੌਰ ਲੌਂਗੀਆ, ਨਰਿੰਦਰ ਸਿੰਘ ਦੋੜਕਾ, ਰਤਨ ਬਾਬਕ ਵਾਲ਼ਾ ਅਤੇ ਸਰਬਜੀਤ ਸਿੰਘ ਪੱਡਾ ਨੇ ਵੀ ਆਪਣੀਆਂ ਰਚਨਾਵਾਂ ਸਾਂਝੀਆ ਕੀਤੀਆਂ। ਇਸ ਮੌਕੇ ਪਰਮਿੰਦਰ ਸਿੰਘ ਸੋਹਾਣਾ, ਸ਼੍ਰੋਮਣੀ ਅਕਾਲੀ ਦਲ, ਕੁਲਜੀਤ ਸਿੰਘ ਬੇਦੀ ਡਿਪਟੀ ਮੇਅਰ-ਮੁਹਾਲੀ, ਸੁਖਦੇਵ ਸਿੰਘ ਪਟਵਾਰੀ, ਗੁਰਮੀਤ ਸਿੰਘ ਸਾਹੀ, ਪ੍ਰਧਾਨ ਮੁਹਾਲੀ ਪ੍ਰੈੱਸ ਕਲੱਬ, ਕੁਲਬੀਰ ਸਿੰਘ ਸਰਪੰਚ, ਪਰਮਿੰਦਰ ਸਿੰਘ ਮੈਨੇਜਰ, ਮਨਜਿੰਦਰ ਸਿੰਘ ਰੋਮੀ, ਪ੍ਰਿੰਸੀਪਲ ਹਰਸੇਵਕ ਸਿੰਘ, ਮਾਸਟਰ ਅਵਰਿੰਦਰ ਸਿੰਘ ਤੇ ਸਭਾ ਦੇ ਮੈਂਬਰ ਹਾਜ਼ਰ ਸਨ। ਵਾਤਾਵਰਨ ਨੂੰ ਸ਼ੁੱਧ ਤੇ ਸਾਫ਼ ਰੱਖਣ ਦੇ ਉਦੇਸ਼ ਨਾਲ ਆਏ ਮਹਿਮਾਨਾਂ ਨੂੰ ਫ਼ਲਦਾਰ ਤੇ ਛਾਂਦਾਰ ਬੂਟੇ ਵੀ ਵੰਡੇ ਗਏ।

## ਇਨੋਸੈਂਟ ਹਾਰਟਸ ਵਿਖੇ ਵਿਸ਼ਵ ਸਿਹਤ ਦਿਵਸ ਮਨਾਇਆ



**ਜਲੰਧਰ (ਸ਼ੈਲੀ ਐਲਬਰਟ)**

ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੁਆਰਾ ਚਲਾਏ ਜਾ ਰਹੇ 'ਦਿਸ਼ਾ-ਇੱਕ ਪਹਿਲ' ਦੀ ਛਤਰ-ਛਾਇਆ ਹੇਠ, ਇਨੋਸੈਂਟ ਹਾਰਟਸ ਸਕੂਲ ਦੀਆਂ ਪੰਜਾਂ ਸ਼ਾਖਾਵਾਂ ਗ੍ਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ, ਕੈਂਟ-ਜੰਡਿਆਲਾ ਰੋਡ ਤੇ ਕਪੂਰਥਲਾ ਰੋਡ ਵਿੱਚ ਸਪੋਰਟਸ ਐਂਡ ਵੈਲਨੈੱਸ ਕਲੱਬ ਨੇ ਵਿਸ਼ਵ ਸਿਹਤ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ। ਵਿਦਿਆਰਥੀਆਂ ਵਿੱਚ ਸਿਹਤ, ਸਫਾਈ ਅਤੇ ਤੰਦਰੁਸਤੀ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਕਈ ਤਰ੍ਹਾਂ ਦੀਆਂ ਦਿਲਚਸਪ ਅਤੇ ਵਿਦਿਅਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਪਹਿਲੀ ਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਲਈ 'ਹੈਲਦੀ ਮੀ ਹੈਪੀ ਮੀ' ਗਤੀਵਿਧੀ ਨੇ ਸਫਾਈ ਅਤੇ ਪਾਣੀ ਦੀ ਸੰਭਾਲ ਦੀ ਮਹੱਤਤਾ ਨੂੰ ਉਜਾਗਰ ਕੀਤਾ। ਤੀਜੀ ਅਤੇ ਚੌਥੀ ਜਮਾਤ ਦੇ ਵਿਦਿਆਰਥੀਆਂ ਨੂੰ ਹੈਲਥ ਐਂਡ ਵੈਲਨੈੱਸ ਕਲੱਬ ਦੀ ਅਗਵਾਈ ਹੇਠ ਪੋਸ਼ਣ 'ਤੇ ਜਾਗਰੂਕਤਾ ਭਾਸ਼ਣ ਦਿੱਤਾ ਗਿਆ। ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਿਹਤਮੰਦ ਖਾਣ-ਪੀਣ ਅਤੇ ਸੰਤੁਲਿਤ ਖੁਰਾਕ ਬਣਾਈ ਰੱਖਣ ਦੀ ਮਹੱਤਤਾ ਨੂੰ ਉਜਾਗਰ ਕਰਨ ਵਾਲੀ ਇੱਕ ਪਾਵਰਪੁਆਇੰਟ ਪੇਸ਼ਕਾਰੀ ਪੇਸ਼ ਕੀਤੀ ਗਈ। ਛੇਵੀਂ ਅਤੇ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਲਈ 'ਫਿਟ ਇੰਡੀਆ' ਮੁਹਿੰਮ ਦੇ ਤਹਿਤ ਇੱਕ ਯੋਗਾਲੇਟਸ ਸੈਸ਼ਨ ਆਯੋਜਿਤ ਕੀਤਾ ਗਿਆ, ਜਿਸ ਵਿੱਚ ਯੋਗਾ ਅਤੇ ਪ੍ਰਾਣਾਯਾਮ ਦੇ ਸੁਮੇਲ ਰਾਹੀਂ ਸਿਹਤਮੰਦ, ਮਜ਼ਬੂਤ ਅਤੇ ਤਣਾਅ ਮੁਕਤ ਰਹਿਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਗਿਆ। ਕ੍ਰਿਏਟਿਵ ਸਟ੍ਰੋਕ ਕਲੱਬ ਅਤੇ ਲਿੰਗਵਿਸਟਕ ਕਲੱਬ ਨੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਪੋਸਟਰ-ਮੇਕਿੰਗ ਅਤੇ ਸਲੋਗਨ-ਰਾਈਟਿੰਗ ਮੁਕਾਬਲਾ ਆਯੋਜਿਤ ਕੀਤਾ। ਵਿਦਿਆਰਥੀਆਂ ਨੇ ਕਲਾ ਅਤੇ ਪ੍ਰਭਾਵਸ਼ਾਲੀ ਨਾਅਰਿਆਂ ਰਾਹੀਂ ਸਿਹਤ ਅਤੇ ਤੰਦਰੁਸਤੀ ਬਾਰੇ ਆਪਣੇ ਵਿਚਾਰ ਰਚਨਾਤਮਕ ਤੌਰ 'ਤੇ ਪ੍ਰਗਟ ਕੀਤੇ।

## ਸੀ ਟੀ ਗਰੁੱਪ 'ਚ ਖੇਡ ਮੁਕਾਬਲਿਆਂ ਦਾ ਸ਼ਾਨਦਾਰ ਪ੍ਰਦਰਸ਼ਨ

**ਜਲੰਧਰ (ਸ਼ੈਲੀ ਐਲਬਰਟ)**-ਸ਼ਾਹਪੁਰ ਵਿਖੇ ਸਥਿਤ ਸੀਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਦਾ ਵਿਸ਼ਾਲ ਕੈਂਪਸ ਹਾਲ ਹੀ 'ਚ ਖੇਡ ਪ੍ਰਤਿਭਾ ਦਾ ਕੇਂਦਰ ਬਣਿਆ, ਜਿੱਥੇ ਪੰਜਾਬ ਇੰਟਰ-ਪਾਲੀਟੈਕਨਿਕ ਐਥਲੈਟਿਕ ਮੀਟ 2026 ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਪੰਜਾਬ ਟੈਕਨੀਕਲ ਇੰਸਟੀਚਿਊਸ਼ਨਜ਼ ਸਪੋਰਟਸ ਦੇ ਤਹਿਤ ਕਰਵਾਏ ਗਏ ਇਸ ਰਾਜ-ਪੱਧਰੀ ਮੁਕਾਬਲੇ 'ਚ ਸੂਬੇ ਭਰ ਦੇ ਤਕਨੀਕੀ ਕਾਲਜਾਂ ਦੇ ਹੋਣਹਾਰ ਖਿਡਾਰੀਆਂ ਨੇ ਹਿੱਸਾ ਲਿਆ।ਦੋ ਦਿਨਾਂ ਤੱਕ ਚੱਲੇ ਇਸ ਖੇਡ ਮੇਲੇ ਦਾ ਸਮਾਪਨ ਖੇਡ ਭਾਵਨਾ ਨਾਲ ਹੋਇਆ, ਜਿਸ 'ਚ ਸਰਕਾਰੀ ਪਾਲੀਟੈਕਨਿਕ ਕਾਲਜ, ਅੰਮ੍ਰਿਤਸਰ ਨੇ ਓਵਰਆਲ ਜੇਤੂ ਦਾ ਖਿਤਾਬ ਆਪਣੇ ਨਾਂਅ ਕੀਤਾ, ਜਦਕਿ ਸਰਕਾਰੀ ਪਾਲੀਟੈਕਨਿਕ ਕਾਲਜ, ਬਠਿੰਡਾ ਦੂਜੇ ਸਥਾਨ 'ਤੇ ਰਿਹਾ।ਇਸ ਮੌਕੇ ਕਈ ਮਾਣਯੋਗ ਮਹਿਮਾਨਾਂ ਨੇ ਹਾਜ਼ਰੀ ਲਗਾ ਕੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਇਸ ਮੁਕਾਬਲੇ ਦੇ ਉਦਘਾਟਨ ਵਾਲੇ ਦਿਨ 'ਤੇ ਮੁੱਖ ਮਹਿਮਾਨ ਵਜੋਂ ਪਹੁੰਚੇ ਸੰਦੀਪ ਰਿਸ਼ੀ (ਆਈ ਏ ਐਸ), ਕਮਿਸ਼ਨਰ, ਨਗਰ ਨਿਗਮ ਜਲੰਧਰ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਲਈ ਬੇਹੱਦ ਜ਼ਰੂਰੀ ਹਨ। ਦੂਜੇ ਦਿਨ ਨਵਦੀਪ ਸਿੰਘ, ਡਿਪਟੀ ਡਾਇਰੈਕਟਰ, ਟੈਕਨੀਕਲ ਐਜੂਕੇਸ਼ਨ ਤੇ ਇੰਡਸਟ੍ਰੀਅਲ ਟ੍ਰੇਨਿੰਗ, ਪੰਜਾਬ ਨੇ ਭਾਗੀਦਾਰਾਂ ਨੂੰ ਅਪੀਲ ਕੀਤੀ ਕਿ ਉਹ ਮੈਦਾਨ ਵਾਲੀ ਮਿਹਨਤ ਤੇ ਉਤਕ੍ਰਿਸ਼ਟਤਾ ਨੂੰ ਆਪਣੇ ਕਰੀਅਰ 'ਚ ਵੀ ਕਾਇਮ ਰੱਖਣ।ਇਸ ਮੁਕਾਬਲੇ 'ਚ 30 ਤੋਂ ਵੱਧ ਪਾਲੀਟੈਕਨਿਕ ਕਾਲਜਾਂ ਦੇ 250 ਤੋਂ ਜ਼ਿਆਦਾ ਵਿਦਿਆਰਥੀਆਂ ਨੇ ਭਾਗ ਲਿਆ। ਮੁਕਾਬਲਿਆਂ ਵਿੱਚ 100ਮੀ., 200ਮੀ., 400ਮੀ., 800ਮੀ., 1500ਮੀ. ਅਤੇ 3000ਮੀ. ਦੌੜਾਂ ਦੇ ਨਾਲ ਲੰਮੀ ਛਾਲ, ਟ੍ਰਿਪਲ ਜੰਪ, ਸ਼ਾਟ ਪੁੱਟ, ਜੈਵਲਿਨ ਥ੍ਰੋ ਅਤੇ ਹਾਈ ਜੰਪ ਵਰਗੀਆਂ ਫੀਲਡ ਇਵੈਂਟਸ ਵੀ ਸ਼ਾਮਲ ਸਨ।

## ਪ੍ਰਵਾਸੀ ਮਜ਼ਦੂਰਾਂ ਨੂੰ 5 ਕਿਲੋਗ੍ਰਾਮ ਦੇ ਐੱਲ ਪੀ ਜੀ ਸਿਲੰਡਰ ਮੁਹੱਈਆ ਕਰਵਾਏ

**ਜਲੰਧਰ (ਸੁਰਿੰਦਰ ਕੁਮਾਰ)**-ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼ ਕੰਟਰੋਲਰ ਨਰਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਭਰ ਵਿੱਚ ਪ੍ਰਵਾਸੀ ਮਜ਼ਦੂਰਾਂ ਨੂੰ ਐੱਫ ਟੀ ਐੱਲ 5 ਕਿਲੋਗ੍ਰਾਮ ਐੱਲ ਪੀ ਜੀ ਸਿਲੰਡਰ ਪ੍ਰਦਾਨ ਕੀਤੇ ਜਾ ਰਹੇ ਹਨ ਤਾਂ ਜੋ ਉਨ੍ਹਾਂ ਨੂੰ ਆਪਣੀਆਂ ਰੋਜ਼ਾਨਾ ਖਾਣਾ ਪਕਾਉਣ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਕੋਈ ਮੁਸ਼ਕਲ ਪੇਸ਼ ਨਾ ਆਵੇ।ਉਨ੍ਹਾਂ ਕਿਹਾ ਕਿ ਮਜ਼ਦੂਰਾਂ ਤੇ ਉਨ੍ਹਾਂ ਦੇ ਪਰਿਵਾਰਾਂ ਤੱਕ ਗੈਸ ਸਪਲਾਈ ਦੀ ਆਸਾਨ ਪਹੁੰਚ ਯਕੀਨੀ ਬਣਾਉਣ ਲਈ ਵੱਖ-ਵੱਖ ਉਦਯੋਗਿਕ ਇਕਾਈਆਂ ਵਿਖੇ ਵਿਸ਼ੇਸ਼ ਕੈਂਪ ਵੀ ਲਗਾਏ ਜਾ ਰਹੇ ਹਨ। ਇਸ ਪਹਿਲਕਦਮੀ ਤਹਿਤ ਹੇਮਕੋ ਗਰੁੱਪ ਲਿਮਟਿਡ ਵਿਖੇ ਇੱਕ ਕੈਂਪ ਲਗਾਇਆ ਗਿਆ, ਜਿੱਥੇ ਲੋੜਵੰਦ ਮਜ਼ਦੂਰ ਪਰਵਾਰਾਂ ਵਿੱਚ ਲਗਭਗ 20 ਐੱਫ ਟੀ ਐੱਲ. ਸਿਲੰਡਰ ਵੰਡੇ ਗਏ।ਕੈਂਪ ਵਿੱਚ ਡੀ ਐੱਫ ਐੱਸ ਸੀ ਨਰਿੰਦਰ ਸਿੰਘ ਤੇ ਹੇਮਕੋ ਗਰੁੱਪ ਲਿਮਟਿਡ ਦੇ ਚੇਅਰਮੈਨ ਸ਼ਾਮ ਗੁਪਤਾ ਵੀ ਮੌਜੂਦ ਸਨ।

## ਭਲਕੇ ਡਿਪਟੀ ਕਮਿਸ਼ਨਰਾਂ ਨੂੰ ਦਿੱਤੇ ਜਾਣਗੇ ਮੰਗ ਪੱਤਰ : ਰਾਹੁਲ ਖੰਨਾ



**ਟਾਂਡਾ ਉੜਮੁੜ (ਜਸਵਿੰਦਰ ਸੰਧੂ)**- 10 ਅਪ੍ਰੈਲ ਨੂੰ ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਦੇਣ ਸੰਬੰਧੀ ਵਿਚਾਰ ਵਟਾਂਦਰਾ ਕਰਨ ਲਈ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ 'ਚ ਸ਼ਾਮਲ ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜਨ, ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਯੁਵਾ ਨੇਤਾ ਰਾਜੂ ਖੋਸਲਾ, ਜ਼ਿਲ੍ਹਾ ਸਚਿਵ ਮਿਥਲੇਸ਼ ਗਰਗ, ਜ਼ਿਲ੍ਹਾ ਪ੍ਰਧਾਨ ਪੁਨੀਤ ਢੀਂਗਰਾ, ਬਲਾਕ ਚੇਅਰਮੈਨ ਗੌਰਵ ਬੇਦੀ, ਹਿੰਦੂ ਨੇਤਾ ਜਿੰਮੀ ਖੰਨਾ, ਕਮਲ ਧੀਰ, ਹਿੰਦੂ ਨੇਤਾ ਮੋਨੂੰ ਖੁਰਾਣਾ, ਉੱਘੇ ਸਮਾਜ ਸੇਵੀ ਅਰਵ ਖੋਸਲਾ, ਉੱਘੇ ਸਮਾਜ ਸੇਵੀ ਗਗਨਦੀਪ, ਸਿਟੀ ਚੇਅਰਮੈਨ ਅਰੁਣ ਸੇਠੀ, ਜ਼ਿਲ੍ਹਾ ਉਪ ਚੇਅਰਮੈਨ ਸੰਜੀਵ ਖੰਨਾ, ਰਜੀਵ ਖੰਨਾ, ਹਰਦੀਪ ਸਿੰਘ, ਪਰਮਜੀਤ ਸਿੰਘ, ਬਬਲੂ ਕੁਮਾਰ ਅਤੇ ਬੰਟੀ ਰਾਜਪੂਤ ਤੋਂ ਇਲਾਵਾ ਹੋਰ ਸ਼ਿਵ ਸੈਨਾ ਵਰਕਰਾਂ ਨੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ। ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਰਾਹੁਲ ਖੰਨਾ ਨੇ ਕਿਹਾ ਕਿ ਸ਼ਿਵ ਸੈਨਾ ਹਿੰਦੁਸਤਾਨ ਆਪਣੇ ਮੰਗ ਪੱਤਰ ਰਾਹੀਂ ਇਹ ਮੰਗ ਕਰ ਰਹੀ ਹੈ ਕਿ ਅੱਤਕਵਾਦ ਦੌਰਾਨ ਪੰਜਾਬ ਦੇ ਪੀੜਿਤ 35 ਹਜ਼ਾਰ ਹਿੰਦੂਆਂ ਨੂੰ ਉਨ੍ਹਾਂ ਦੇ ਬਣਦੇ ਹੱਕ ਤੇ ਪਿਛਲੀ ਪੰਜਾਬ ਸਰਕਾਰ ਵੱਲੋਂ ਮਨਜ਼ੂਰ ਕੀਤੇ ਗਏ 781 ਕਰੋੜ ਰੁਪਏ ਜਲਦ ਜਾਰੀ ਕੀਤੇ ਜਾਣ। ਰਾਹੁਲ ਖੰਨਾ ਨੇ ਕਿਹਾ ਕਿ ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ 10 ਅਪ੍ਰੈਲ ਨੂੰ ਪੰਜਾਬ ਸਰਕਾਰ ਦੇ ਨਾਂਅ ਤੇ ਮੰਗ ਪੱਤਰ ਦਿੱਤੇ ਜਾਣਗੇ।

## ਕਿਸਾਨ ਸਿਖਲਾਈ ਤੇ ਜਾਗਰੂਕਤਾ ਕੈਂਪ ਭਲਕੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ 10 ਅਪ੍ਰੈਲ ਨੂੰ ਸਿਟੀ ਸੈਂਟਰ ਹੁਸ਼ਿਆਰਪੁਰ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਤੇ ਜਾਗਰੂਕਤਾ ਕੈਂਪ ਲਾਇਆ ਜਾਵੇਗਾ। ਮੁੱਖ ਖੇਤੀਬਾੜੀ ਅਫਸਰ ਦਪਿੰਦਰ ਸਿੰਘ ਨੇ ਦੱਸਿਆ ਕਿ ਕਿਸਾਨ ਸਿਖਲਾਈ ਅਤੇ ਜਾਗਰੂਕਤਾ ਕੈਂਪ ਵਿਖੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਤੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਮੁੱਖ ਮਹਿਮਾਨ ਹੋਣਗੇ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਕੈਂਪ ਦਾ ਉਦਘਾਟਨ ਕਰਨਗੇ ਜਦਕਿ ਸੰਯੁਕਤ ਡਾਇਰੈਕਟਰ (ਇਨਪੁਟਸ) ਗੁਰਨਾਮ ਸਿੰਘ ਵਿਸ਼ੇਸ਼ ਮਹਿਮਾਨ ਹੋਣਗੇ।ਡਾ. ਦਪਿੰਦਰ ਸਿੰਘ ਨੇ ਦੱਸਿਆ ਕਿ ਕੈਂਪ ਦੌਰਾਨ ਵਿਭਾਗ ਤੇ ਕ੍ਰਿਸ਼ੀ ਵਿਗਿਆਨ ਕੇਂਦਰ ਦੀ ਟੀਮ ਦੇ ਮਾਹਿਰ ਕਿਸਾਨਾਂ ਨੂੰ ਆਧੁਨਿਕ ਖੇਤੀ ਤਕਨੀਕਾਂ, ਸੁਧਰੇ ਹੋਏ ਬੀਜਾਂ, ਫਸਲ ਪ੍ਰਬੰਧਨ ਅਤੇ ਨਵੀਂ ਖੇਤੀਬਾੜੀ ਜਾਣਕਾਰੀ ਬਾਰੇ ਜਾਗਰੂਕ ਕਰਨਗੇ। ਉਨ੍ਹਾਂ ਅੱਗੇ ਕਿਹਾ ਕਿ ਸਵੈ-ਸਹਾਇਤਾ ਸਮੂਹਾਂ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਪ੍ਰਦਰਸ਼ਨੀ ਸਟਾਲ ਵੀ ਲਗਾਏ ਜਾਣਗੇ।

## ਕਾਂਗਰਸੀ ਆਗੂ ਰਣਜੋਧ ਸਿੰਘ ਖਟੜਾ ਨੂੰ ਸਦਮਾ, ਭਰਾ ਦਾ ਦੇਹਾਂਤ



**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਸੀਨੀਅਰ ਕਾਂਗਰਸੀ ਆਗੂ ਰਣਜੋਧ ਸਿੰਘ ਖੱਟੜਾ ਨੂੰ ਉਸ ਸਮੇਂ ਭਾਰੀ ਸਦਮਾ ਲੱਗਿਆ ਜਦੋਂ ਉਹਨਾਂ ਦੇ ਭਰਾ ਰਣਧੀਰ ਸਿੰਘ ਖੱਟੜਾ ਦਾ ਅਚਨਚੇਤ ਦੇਹਾਂਤ ਹੋ ਗਿਆ ।ਇਸ ਸਬੰਧੀ ਦੁੱਖ ਪ੍ਰਗਟ ਕਰਦਿਆਂ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਸਾਬਕਾ ਕੈਬਨਿਟ ਮੰਤਰੀ ਜਗਮੋਹਨ ਸਿੰਘ ਕੰਗ, ਅਮਨਦੀਪ ਸਿੰਘ ਮਾਂਗਟ ਸਾਬਕਾ ਪ੍ਰਧਾਨ ਨਗਰ ਪੰਚਾਇਤ ਸ੍ਰੀ ਚਮਕੌਰ ਸਾਹਿਬ, ਪਨਗਰੇਨ ਪੰਜਾਬ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾ, ਕਰਨੈਲ ਸਿੰਘ ਜੀਤ ਵਾਇਸ ਚੇਅਰਮੈਨ ਪੀ ਏ ਡੀ ਬੈਂਕ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਪ੍ਰਧਾਨ ਦਲਜੀਤ ਸਿੰਘ ਚਲਾਕੀ, ਦਰਸ਼ਨ ਸਿੰਘ ਸੰਧੂ ਪ੍ਰਧਾਨ ਬਲਾਕ ਕਾਂਗਰਸ ਮੋਰਿੰਡਾ,, ਅਮਰਜੀਤ ਸਿੰਘ ਢੀਡਸਾ, ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਧਾਨ ਮਨਦੀਪ ਸਿੰਘ ਰੌਣੀ, ਭੁਪਿੰਦਰ ਸਿੰਘ ਮੁੰਡੀਆਂ ਸਾਬਕਾ ਸਰਪੰਚ, ਪੰਚਾਇਤ ਸੈਕਟਰੀ ਯੂਨੀਅਨ ਦੇ ਪ੍ਰਧਾਨ ਬਹਾਦਰ ਸਿੰਘ ਸਮਾਣਾ, ਦਲਵੀਰ ਸਿੰਘ ਸਰਪੰਚ ਮੁੰਡੀਆਂ, ਇਕਬਾਲ ਸਿੰਘ ਸਾਲਾਪੁਰ ਆਦਿ ਨੇ ਕਿਹਾ ਕਿ ਰਣਧੀਰ ਸਿੰਘ ਖਟੜਾ ਦੀ ਮੌਤ ਨਾਲ ਸਮਾਜ ਨੂੰ ਵੱਡਾ ਘਾਟਾ ਪਿਆ ਹੈ। ਉਪਰੋਕਤ ਆਗੂਆਂ ਨੇ ਰਣਯੋਧ ਸਿੰਘ ਖਟੜਾ ਨਾਲ ਦੁਖ ਸਾਂਝਾ ਕਰਦਿਆਂ ਆਖਿਆ ਕਿ ਉਹ ਹਮੇਸ਼ਾ ਉਹਨਾਂ ਦੇ ਨਾਲ ਖੜੇ ਹਨ। ਉਹਨਾਂ ਰਣਧੀਰ ਸਿੰਘ ਖਟੜਾ ਨੂੰ ਸ਼ਰਧਾਂਜਲੀ ਭੇਟ ਕੀਤੀ।

## ਖ਼ਾਲਸਾ ਕਾਲਜ ਵਿਖੇ ਇੰਟਰਨੈਸ਼ਨਲ ਕਾਨਫਰੰਸ ਕਰਵਾਈ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਦੀ ਅਗਵਾਈ ਹੇਠ ਅੰਗਰੇਜ਼ੀ ਵਿਭਾਗ ਵੱਲੋਂ '21ਵੀਂ ਸਦੀ ਵਿਚ ਡਿਜੀਟਲ ਸਾਖਰਤਾ ਅਤੇ ਭਾਸ਼ਾ ਯੋਗਤਾ' ਵਿਸ਼ੇ 'ਤੇ ਇਕ ਰੋਜ਼ਾ ਇੰਟਰਨੈਸ਼ਨਲ ਕਾਨਫਰੰਸ ਕਰਵਾਈ ਗਈ। ਕਾਨਫਰੰਸ ਵਿਚ 40 ਤੋਂ ਵੱਧ ਕਾਲਜਾਂ ਅਤੇ 7 ਯੂਨੀਵਰਸਿਟੀਆਂ ਦੇ ਅਧਿਆਪਕਾਂ ਤੇ ਸਕੋਲਰਾਂ ਵਲੋਂ ਆਪਣੇ ਪੇਪਰ ਪੇਸ਼ ਕੀਤੇ ਗਏ। ਕਾਲਜ ਮੈਨੇਜਮੈਂਟ ਵਲੋਂ ਭਾਈ ਗੁਰਬਖਸ਼ ਸਿੰਘ ਖਾਲਸਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਸ਼ੇਸ਼ ਤੌਰ 'ਤੇ ਕਾਨਫਰੰਸ ਵਿਚ ਸ਼ਾਮਿਲ ਹੋਏ ਤੇ ਉਨ੍ਹਾਂ ਕਾਨਫਰੰਸ ਦੇ ਸੇਧਦਾਇਕ ਉਪਰਾਲੇ ਲਈ ਪ੍ਰਬੰਧਕਾਂ ਨੂੰ ਵਧਾਈ ਦਿੱਤੀ। ਡਾ. ਜ਼ੁਰੈਨਾ ਅਲੀ ਐਸੋਸੀਏਟ ਪ੍ਰੋਫੈਸਰ ਯੂਨੀਵਰਸਿਟੀ ਮਲੇਸ਼ੀਆ ਮਾਹਾਂਗ ਅਲ ਸੁਲਤਾਨ ਅਬਦੁੱਲਾਹ ਨੇ ਕਾਨਫਰੰਸ ਵਿਚ ਆਨ ਲਾਈਨ ਮੋਡ ਵਿਚ ਕੀ-ਨੋਟ ਸਪੀਕਰ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਆਪਣੇ ਕੁੰਜੀਵਤ ਭਾਸ਼ਣ ਵਿਚ ਬੋਲਦਿਆ ਦੱਸਿਆ ਕਿ ਕਿਵੇਂ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਜਨਰੇਟਿਵ ਏ.ਆਈ. ਟੂਲਜ਼ ਸਿੱਖਿਆ ਦੇ ਖੇਤਰ ਵਿਚ ਕ੍ਰਾਂਤੀਕਾਰੀ ਬਦਲਾਅ ਲੈ ਕੇ ਆ ਰਹੇ ਹਨ। ਡਾ. ਜਸਪਾਲ ਸਿੰਘ ਪ੍ਰਿੰਸੀਪਲ ਖ਼ਾਲਸਾ ਕਾਲਜ ਗੜ੍ਹਦੀਵਾਲਾ ਨੇ ਕਾਨਫਰੰਸ ਵਿਚ ਚੇਅਰਪਰਸਨ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਕਾਨਫਰੰਸ ਦਾ ਵਿਸ਼ਾ ਬਹੁਤ ਹੀ ਢੁੱਕਵਾਂ ਹੈ ਅਤੇ ਇਸ ਉੱਤੇ ਹੋਣ ਵਾਲੀ ਚਰਚਾ ਬਹੁਤ ਲਾਭਦਾਇਕ ਸਿੱਧ ਹੋਵੇਗੀ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਆਪਣੇ ਸਵਾਗਤੀ ਭਾਸ਼ਣ ਵਿਚ ਭਾਈ ਗੁਰਬਖਸ਼ ਸਿੰਘ ਖਾਲਸਾ ਮੈਂਬਰ ਸ਼੍ਰੋਮਣੀ ਕਮੇਟੀ, ਮਹਿਮਾਨਾਂ, ਡੈਲੀਗੇਟ ਤੇ ਪੇਪਰ ਪ੍ਰਸਤੁਤਕਰਤਾ ਦਾ ਨਿੱਘਾ ਸਵਾਗਤ ਕਰਦਿਆਂ ਸਿੱਖਿਆ ਦੇ ਖੇਤਰ ਵਿਚ ਅਤੇ ਅਦਾਰੇ ਦੀ ਤਰੱਕੀ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਸਕੱਤਰ ਵਿਦਿਆ ਇੰਜ. ਸੁਖਮਿੰਦਰ ਸਿੰਘ ਵਲੋਂ ਪਾਏ ਜਾ ਰਹੇ ਯੋਗਦਾਨ ਲਈ ਧੰਨਵਾਦ ਕੀਤਾ। ਅੰਗਰੇਜ਼ੀ ਵਿਭਾਗ ਮੁਖੀ ਪ੍ਰੋ. ਰੀਤੂ ਸਿੰਘ ਨੇ ਕਾਨਫਰੰਸ ਦੇ ਉਦੇਸ਼ ਸਬੰਧੀ ਵਿਚਾਰ ਸਾਂਝੇ ਕੀਤੇ। ਸਟੇਜ ਦੀ ਕਾਰਵਾਈ ਪ੍ਰੋ. ਨਵਦੀਪ ਸਿੰਘ ਵਲੋਂ ਚਲਾਈ ਗਈ। ਇਸ ਮੌਕੇ ਪ੍ਰੋ. ਲਖਵਿੰਦਰਜੀਤ ਕੌਰ, ਪ੍ਰੋ. ਕੰਵਰ ਕੁਲਵੰਤ ਸਿੰਘ, ਡਾ. ਜਾਨਕੀ ਅਗਰਵਾਲ ਤੇ ਸਟਾਫ਼ ਹਾਜ਼ਰ ਹੋਇਆ।



## ਕਿਸਾਨ ਸਿਖਲਾਈ ਕੈਂਪ ਭਲਕੇ

**ਜਲੰਧਰ (ਸੁਰਿੰਦਰ ਕੁਮਾਰ)**-ਮੁੱਖ ਖੇਤੀਬਾੜੀ ਅਫ਼ਸਰ ਡਾ. ਜਸਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਧਰਤੀ ਮਾਤਾ ਬਚਾਓ ਅਭਿਆਨ ਤਹਿਤ ਜਮੀਨ ਦੀ ਉਪਜਾਊ ਸ਼ਕਤੀ ਬਰਕਰਾਰ ਰੱਖਣ ਅਤੇ ਸਾਉਣੀ ਦੀਆਂ ਫਸਲਾਂ ਸਬੰਧੀ ਤਕਨੀਕੀ ਜਾਣਕਾਰੀ ਦੇਣ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ 10 ਅਪ੍ਰੈਲ ਨੂੰ ਜਿਲ੍ਹਾ ਜਲੰਧਰ ਦੇ ਪਿੰਡ ਤਾਜਪੁਰ ਵਿਖੇ ਜਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਤੇ ਖੇਤੀ ਪ੍ਰਦਰਸ਼ਨੀ ਲਗਾਈ ਜਾ ਰਹੀ ਹੈ। ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਚਲਾਏ ਜਾ ਰਹੇ ਧਰਤੀ ਮਾਤਾ ਬਚਾਓ ਅਭਿਆਨ ਨੂੰ ਸਮਰਪਿਤ ਖੇਤੀ ਕੈਂਪ ਦੌਰਾਨ ਹਲਕਾ ਵਿਧਾਇਕ ਕਰਤਾਰਪੁਰ ਬਲਕਾਰ ਸਿੰਘ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਣਗੇ। ਉਨ੍ਹਾਂ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਵਲੋਂ ਕੈਂਪ ਦਾ ਉਦਘਾਟਨ ਕੀਤਾ ਜਾਵੇਗਾ ਅਤੇ ਸੰਯੁਕਤ ਡਾਇਰੈਕਟਰ ਖੇਤੀਬਾੜੀ(ਇਨਪੁੱਟਸ) ਡਾ. ਗੁਰਨਾਮ ਸਿੰਘ ਵਲੋਂ ਕੈਂਪ ਦੀ ਪ੍ਰਧਾਨਗੀ ਕੀਤੀ ਜਾਵੇਗੀ। ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ 10 ਅਪ੍ਰੈਲ ਨੂੰ ਪਿੰਡ ਤਾਜਪੁਰ ਵਿਖੇ ਲਗਾਏ ਜਾ ਰਹੇ ਜ਼ਿਲ੍ਹਾ ਪੱਧਰੀ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਸ਼ਿਰਕਤ ਕਰਕੇ ਖੇਤੀਬਾੜੀ ਮਾਹਿਰਾਂ ਦੇ ਸੁਝਾਵਾਂ ਅਨੁਸਾਰ ਖੇਤੀ ਨੂੰ ਲਾਹੇਵੰਦ ਧੰਦਾ ਬਣਾ ਕੇ ਸੂਬੇ ਦੀ ਆਰਥਿਕ ਪ੍ਰਗਤੀ ਵਿੱਚ ਵੱਡਮੁੱਲਾ ਯੋਗਦਾਨ ਪਾਉਣ।


ਕੇਲ ਕਰੇਦੇ ਹੰਝ ਨੋ ਅਚਿੰਤੇ ਬਾਜ ਪਏ ॥

**ਭੋਗ ਅਤੇ ਅੰਤਿਮ ਅਰਦਾਸ**



ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸਾਡੇ

**ਸਰਦਾਰ ਲਾਲ ਸਿੰਘ ਜੀ**

(ਸਾਬਕਾ ਕੈਬਨਿਟ ਮੰਤਰੀ, ਪੰਜਾਬ ਸਰਕਾਰ)

ਮਿਤੀ 28 ਮਾਰਚ, 2026 ਨੂੰ ਆਪਣੀ ਸੰਸਾਰਕ ਯਾਤਰਾ ਨੂੰ ਪੂਰੀ ਕਰ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ,
ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸਧਾਰਨ ਪਾਠ ਦੇ ਭੋਗ ਉਪਰੰਤ ਅੰਤਿਮ ਅਰਦਾਸ

**10 ਅਪ੍ਰੈਲ 2026 ਦਿਨ ਸ਼ੁੱਕਰਵਾਰ ਨੂੰ ਦੁਪਹਿਰ 12:00 ਤੋਂ ਦੁਪਹਿਰ 1:00 ਵਜੇ**
**ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ, ਪਟਿਆਲਾ ਵਿਖੇ ਹੋਵੇਗੀ।**

ਆਪ ਜੀ ਨੂੰ ਅੰਤਿਮ ਅਰਦਾਸ ਵਿਚ ਸ਼ਾਮਿਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

ਭਾਣੇ ਵਿਚ:-

ਰਾਜਿੰਦਰ ਸਿੰਘ (ਸਾਬਕਾ ਐਮ.ਐਲ.ਏ., ਸਮਾਣਾ): ਮੋ.: 97793-50003
ਰਵਿੰਦਰ ਕੌਰ (ਸਾਬਕਾ ਮੈਂਬਰ, PPSC): ਮੋ.: 94651-07548
ਰੁਪਿੰਦਰ ਕੌਰ ਅਤੇ ਡਾ. ਅਸਦੀਪ ਸਿੰਘ

ਤਮਨ ਰਾਜ ਸਿੰਘ ਅਤੇ ਜੈਸਮੀਨ
ਗੋਪਾਲ ਸਿੰਘ, ਦਮੋਦਰ ਸਿੰਘ
ਅਤੇ ਸੋਮਪਾਲ ਸਿੰਘ

ਰੁਕਮਣ ਬਾਜਵਾ ਅਤੇ ਡਾ. ਸੂਰਜ ਬਾਜਵਾ
ਨਵਕਰਨ ਸਿੰਘ ਅਤੇ ਅੰਕੁਸ਼
ਰੇਆਨਵੀਰ ਸਿੰਘ ਅਤੇ ਰਾਹਿਬਵੀਰ ਸਿੰਘ

ਦੁਖਿਤ ਹਿਰਦੇ:-

**ਨੰਬਰਦਾਰ ਸੀਤਲ ਸਿੰਘ ਭਾਨਰਾ, ਸੀਨੀਅਰ ਕਾਂਗਰਸੀ ਆਗੂ**
**ਮੋਬ: 98726-63555**